ਸੋਮਵਾਰ, 20 ਅਪ੍ਰੈਲ, 2026
7 ਵਿਸਾਖ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 74
ਅੰਕ/NO. : 319

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • MONDAY, 20 APRIL, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160
YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਬੇਅਦਬੀ ਰੋਕੂ ਬਿੱਲ ਨੂੰ ਰਾਜਪਾਲ ਵੱਲੋਂ ਪ੍ਰਵਾਨਗੀ

**ਚੰਡੀਗੜ੍ਹ** : ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਪੰਜਾਬ ਵਿਧਾਨ ਸਭਾ ਵਿੱਚ ਪਾਸ ਕੀਤੇ ਗਏ 'ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਬਿੱਲ 2026' ਨੂੰ ਪ੍ਰਵਾਨਗੀ ਦੇ ਦਿੱਤੀ ਹੈ। ਇਹ ਜਾਣਕਾਰੀ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਖੁਦ ਆਪਣੇ ਸੋਸ਼ਲ ਮੀਡੀਆ ਅਕਾਊਂਟ ਰਾਹੀਂ ਦਿੱਤੀ ਹੈ। ਮੁੱਖ ਮੰਤਰੀ ਨੇ ਕਿਹਾ ਕਿ ਹੁਣ ਇਹ ਬਿੱਲ ਕਾਨੂੰਨ ਬਣ ਗਿਆ ਹੈ। ਇਸ ਦੇ ਨਾਲ ਹੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅਜਿਹੀ ਸੇਵਾ ਉਸ ਦੇ ਹਿੱਸੇ ਲਾਉਣ ਲਈ ਵਾਹਿਗੁਰੂ ਦਾ ਸ਼ੁਕਰਾਨਾ ਕੀਤਾ। ਇਸ ਕਾਨੂੰਨ ਤਹਿਤ ਬੇਅਦਬੀ ਮਾਮਲਿਆਂ ਵਿਚ ਦੋਸ਼ੀਆਂ ਨੂੰ ਸਖਤ ਸਜ਼ਾਵਾਂ ਦੀ ਵਿਵਸਥਾ ਕੀਤੀ ਗਈ ਹੈ।

ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਇਸ ਉਪਲੱਬਧੀ ਨੂੰ ਸਾਰਿਆਂ ਲਈ ਬੇਹੱਦ ਸ਼ੁਭ ਤੇ ਇਤਿਹਾਸਕ ਪਲ ਕਰਾਰ ਦਿੱਤਾ।

ਕੈਬਨਿਟ ਮੰਤਰੀ ਬਲਜੀਤ ਕੌਰ ਨੇ ਕਿਹਾ—ਇਹ ਇੱਕ ਭਾਗਾਂ ਵਾਲਾ ਅਤੇ ਇਤਿਹਾਸਕ ਦਿਨ ਹੈ। ਇਹ ਕਾਨੂੰਨ ਉਨ੍ਹਾਂ ਲੋਕਾਂ ਵਿਰੁੱਧ ਇੱਕ ਸਖ਼ਤ ਰੋਕ ਵਜੋਂ ਕੰਮ ਕਰੇਗਾ, ਜੋ ਸਮਾਜ ਵਿੱਚ ਵੰਡ ਪਾਉਣ ਦੇ ਇਰਾਦੇ ਨਾਲ ਬੇਅਦਬੀ ਦੀਆਂ ਘਟਨਾਵਾਂ ਨੂੰ ਅੰਜਾਮ ਦਿੰਦੇ ਸਨ।

ਵਿਧਾਇਕ ਡਾ. ਇੰਦਰਬੀਰ ਸਿੰਘ ਨਿੱਝਰ ਨੇ ਕਿਹਾ, 'ਮੈਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਦਲੇਰੀ ਅਤੇ ਇਮਾਨਦਾਰੀ ਨਾਲ ਇਹ ਬਿੱਲ ਪੇਸ਼ ਕਰਨ ਦਾ ਸਿਹਰਾ ਦਿੰਦਾ ਹਾਂ ਅਤੇ ਮੈਨੂੰ ਉਮੀਦ ਹੈ ਕਿ ਕਾਨੂੰਨ ਦੀਆਂ ਸਖ਼ਤ ਵਿਵਸਥਾਵਾਂ ਬੇਅਦਬੀ ਦੀਆਂ ਘਟਨਾਵਾਂ ਨੂੰ ਪੂਰੀ ਤਰ੍ਹਾਂ ਰੋਕ ਦੇਣਗੀਆਂ, ਕਿਉਂਕਿ ਦੋਸ਼ੀ ਹੁਣ ਅਜਿਹੀ ਹਰਕਤ ਕਰਨ ਤੋਂ ਪਹਿਲਾਂ ਕਈ ਵਾਰ ਸੋਚਣਗੇ।'

ਐੱਮ ਪੀ ਮਾਲਵਿੰਦਰ ਸਿੰਘ ਕੰਗ ਨੇ ਕਿਹਾ, 'ਇਹ ਕਾਨੂੰਨ ਬੇਅਦਬੀ ਵਿਰੁੱਧ ਸਖ਼ਤ ਸਜ਼ਾ ਦੁਨੀਆ ਭਰ ਦੇ ਸਿੱਖਾਂ ਦੀ ਲੰਮੇ ਸਮੇਂ ਤੋਂ ਚੱਲੀ ਆ ਰਹੀ ਮੰਗ ਨੂੰ ਪੂਰਾ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਹੈ।'

'ਆਪ' ਪੰਜਾਬ ਦੇ ਮੁੱਖ ਬੁਲਾਰੇ ਅਤੇ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਨੇ ਇਸ ਨੂੰ ਦੁਨੀਆ ਭਰ ਦੇ ਸਿੱਖਾਂ ਲਈ ਮਾਣ ਵਾਲੀ ਗੱਲ ਦੱਸਦਿਆਂ ਭਾਰੀ ਖੁਸ਼ੀ ਦਾ ਪ੍ਰਗਟਾਵਾ ਕੀਤਾ।

ਆਮ ਆਦਮੀ ਪਾਰਟੀ ਦੇ ਜਨਰਲ ਸਕੱਤਰ ਤੇ ਟੂਰਿਜ਼ਮ ਅਤੇ ਸੱਭਿਆਚਾਰਕ ਮਾਮਲੇ ਵਿਭਾਗ ਦੇ ਸਲਾਹਕਾਰ ਦੀਪਕ ਬਾਲੀ ਨੇ ਕਿਹਾ ਕਿ ਇਹ ਕਾਨੂੰਨ ਸਾਡੀਆਂ ਧਾਰਮਿਕ ਭਾਵਨਾਵਾਂ ਅਤੇ ਗੁਰੂ ਸਾਹਿਬਾਨ ਦੀ ਸ਼ਾਨ ਨੂੰ ਬਰਕਰਾਰ ਰੱਖਣ ਦੀ ਦਿਸ਼ਾ ਵਿੱਚ ਇੱਕ ਵੱਡਾ ਬਦਲਾਅ ਹੈ। ਗੁਰੂ ਗ੍ਰੰਥ ਸਾਹਿਬ ਦੀ ਕਿਸੇ ਵੀ ਤਰੀਕੇ ਨਾਲ ਬੇਅਦਬੀ ਹੁਣ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

## ਪੁਲਸ ਬਿਲਕੁੱਲ ਨਵੇਂ ਤਰੀਕੇ ਨਾਲ ਕਰੇਗੀ ਜਾਂਚ

**ਚੰਡੀਗੜ੍ਹ** : ਗਵਰਨਰ ਵੱਲੋਂ ਬੇਅਦਬੀ ਰੋਕੂ ਬਿੱਲ ਨੂੰ ਮਨਜ਼ੂਰੀ ਦੇਣ ਤੋਂ ਬਾਅਦ ਪੰਜਾਬ ਪੁਲਸ ਬੇਅਦਬੀ ਦੇ ਮਾਮਲਿਆਂ ਦੀ ਜਾਂਚ ਬਿਲਕੁਲ ਨਵੇਂ ਤਰੀਕੇ ਨਾਲ ਕਰਨ ਲਈ ਤਿਆਰ ਹੋ ਗਈ ਹੈ। ਹੁਣ ਅਧਿਕਾਰੀਆਂ ਲਈ ਘਟਨਾ ਵਾਲੀ ਥਾਂ 'ਤੇ ਪੂਰੀ ਧਾਰਮਕ ਮਰਿਆਦਾ ਦੀ ਪਾਲਣਾ ਕਰਨਾ ਲਾਜ਼ਮੀ ਹੋਵੇਗਾ। ਇਸ ਜਾਂਚ ਦਾ ਦਾਇਰਾ ਹੁਣ ਕ੍ਰਿਪਟੋ ਕਰੰਸੀ ਰਾਹੀਂ ਫੰਡਿੰਗ, ਸਰਹੱਦ ਪਾਰ ਦੀ ਸਾਜ਼ਿਸ਼ ਅਤੇ ਮਾਨਸਕ ਤੌਰ 'ਤੇ ਅਸਥਿਰ ਮੁਲਜ਼ਮਾਂ ਲਈ ਮਨੋਵਿਗਿਆਨਕ ਬੋਰਡ ਗਠਿਤ ਕਰਨ ਤੱਕ ਵਧਾ ਦਿੱਤਾ ਗਿਆ ਹੈ।

ਪੰਜਾਬ ਬਿਊਰੋ ਆਫ ਇਨਵੈਸਟੀਗੇਸ਼ਨ (ਪੀ ਬੀ ਆਈ) ਨੇ ਇੱਕ ਵਿਆਪਕ 'ਸਟੈਂਡਰਡ ਆਪਰੇਟਿੰਗ ਪ੍ਰੋਸੀਜ਼ਰ' (ਐੱਸ ਪੀ ਓ) ਜਾਰੀ ਕੀਤਾ ਹੈ, ਜੋ ਕਿ ਰਵਾਇਤੀ ਅਪਰਾਧਾਂ ਦੀ ਜਾਂਚ ਨਾਲੋਂ ਕਾਫੀ ਵੱਖਰਾ ਅਤੇ ਉੱਨਤ ਹੈ। ਇਹ ਪੁਲਸ ਲਈ ਜ਼ਰੂਰੀ ਬਣਾਉਂਦਾ ਹੈ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ 'ਅੰਗਾਂ' (ਪਾਵਨ ਸਰੂਪਾਂ) ਦੀ ਪੂਰੀ ਸ਼ਰਧਾ ਅਤੇ ਮਰਿਆਦਾ ਨਾਲ ਸੰਭਾਲ ਕੀਤੀ ਜਾਵੇ। ਇਹ ਮਰਿਆਦਾ ਪੁਲਸ ਦੇ ਮੌਕੇ 'ਤੇ ਪਹੁੰਚਣ ਦੇ ਪਹਿਲੇ ਪਲ ਤੋਂ ਹੀ ਸ਼ੁਰੂ ਹੋਣੀ ਚਾਹੀਦੀ ਹੈ। ਇਸ ਦੇ ਨਾਲ ਹੀ ਹੁਣ ਪੁਲਸ ਲਈ ਇੰਟਰਨੈੱਟ ਵਾਲੇ ਡਿਜੀਟਲ ਪੈਸੇ (ਕ੍ਰਿਪਟੋ ਕਰੰਸੀ) ਦੀ ਪੜਤਾਲ, ਮੁਲਜ਼ਮਾਂ ਦੀ ਮਾਨਸਕ ਹਾਲਤ ਦੀ ਜਾਂਚ ਅਤੇ ਆਰਟੀਫੀਸ਼ੀਅਲ ਇੰਟੈਲੀਜੈਂਸ (ਏ ਆਈ) ਰਾਹੀਂ ਬਣਾਏ ਗਏ ਨਕਲੀ

• ਬਾਕੀ ਸਫਾ 2 'ਤੇ

# ਈਰਾਨ ਨਾਲ ਗੱਲਬਾਤ ਲਈ ਅਮਰੀਕੀ ਵਫ਼ਦ ਅੱਜ ਇਸਲਾਮਾਬਾਦ 'ਚ



**ਵਾਸ਼ਿੰਗਟਨ** : ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਐਤਵਾਰ ਸੋਸ਼ਲ ਮੀਡੀਆ ਪਲੇਟਫਾਰਮ 'ਟਰੂਥ ਸੋਸ਼ਲ' 'ਤੇ ਇੱਕ ਪੋਸਟ ਰਾਹੀਂ ਖੁਲਾਸਾ ਕੀਤਾ ਹੈ ਕਿ ਅਮਰੀਕੀ ਨੁਮਾਇੰਦੇ ਈਰਾਨ ਨਾਲ ਗੱਲਬਾਤ ਲਈ ਸੋਮਵਾਰ ਪਾਕਿਸਤਾਨ ਦੀ ਰਾਜਧਾਨੀ ਇਸਲਾਮਾਬਾਦ ਜਾ ਰਹੇ ਹਨ। ਟਰੰਪ ਦੇ ਇਸ ਬਿਆਨ ਨੇ ਅੰਤਰਰਾਸ਼ਟਰੀ ਪੱਧਰ 'ਤੇ ਧਿਆਨ ਖਿੱਚਿਆ ਹੈ, ਕਿਉਂਕਿ ਈਰਾਨ ਅਤੇ ਅਮਰੀਕਾ ਦੇ ਸੰਬੰਧ ਇਸ ਸਮੇਂ ਬਹੁਤ ਹੀ ਨਾਜ਼ੁਕ ਮੋੜ 'ਤੇ ਹਨ ਅਤੇ ਪਾਕਿਸਤਾਨ ਇਸ ਗੱਲਬਾਤ ਵਿੱਚ ਇੱਕ ਅਹਿਮ ਵਿਚੋਲੇ ਦੀ ਭੂਮਿਕਾ ਨਿਭਾ ਰਿਹਾ ਹੈ। ਈਰਾਨ ਦੀ ਫੌਜ ਨੇ ਐਤਵਾਰ ਹਾਰਮੁਜ਼ ਜਲ ਮਾਰਗ ਰਾਹੀਂ ਲੰਘਣ ਦੀ ਕੋਸ਼ਿਸ਼ ਕਰ ਰਹੇ ਦੋ ਵਪਾਰਕ ਤੇਲ ਟੈਂਕਰਾਂ ਨੂੰ ਚਿਤਾਵਨੀ ਜਾਰੀ ਕਰਕੇ ਵਾਪਸ ਮੋੜ ਦਿੱਤਾ।

ਈਰਾਨ ਦੀ ਅਰਧ-ਸਰਕਾਰੀ ਸਮਾਚਾਰ ਏਜੰਸੀ 'ਤਸਨੀਮ' ਦੀ ਰਿਪੋਰਟ ਅਨੁਸਾਰ ਇਹ ਕਦਮ ਅਮਰੀਕਾ ਵੱਲੋਂ ਈਰਾਨ ਦੀ ਕੀਤੀ ਗਈ ਸਮੁੰਦਰੀ ਨਾਕਾਬੰਦੀ ਦੇ ਜਵਾਬ ਵਿੱਚ ਚੁੱਕਿਆ ਗਿਆ ਹੈ। ਆਪਣੀ ਪੋਸਟ ਵਿੱਚ ਰਾਸ਼ਟਰਪਤੀ ਟਰੰਪ ਨੇ ਈਰਾਨ ਨੂੰ ਸਖ਼ਤ ਲਹਿਜੇ ਵਿੱਚ ਚਿਤਾਵਨੀ ਦਿੰਦਿਆਂ ਲਿਖਿਆ, 'ਅਸੀਂ ਈਰਾਨ ਨੂੰ ਇੱਕ ਬਹੁਤ ਹੀ ਵਾਜਬ ਅਤੇ ਸਹੀ ਸਮਝੌਤੇ ਦੀ ਪੇਸ਼ਕਸ਼ ਕਰ ਰਹੇ ਹਾਂ। ਮੈਨੂੰ ਉਮੀਦ ਹੈ ਕਿ ਉਹ ਇਸ ਪੇਸ਼ਕਸ਼ ਨੂੰ ਸਵੀਕਾਰ ਕਰ ਲੈਣਗੇ, ਕਿਉਂਕਿ ਜੇਕਰ ਉਨ੍ਹਾਂ ਨੇ ਅਜਿਹਾ ਨਾ ਕੀਤਾ ਤਾਂ ਸੰਯੁਕਤ ਰਾਜ ਅਮਰੀਕਾ ਈਰਾਨ ਦੇ ਹਰ ਇੱਕ ਪਾਵਰ ਪਲਾਂਟ ਅਤੇ ਹਰ ਇੱਕ ਪੁਲ ਨੂੰ ਤਬਾਹ ਕਰ ਦੇਵੇਗਾ।'

ਈਰਾਨ ਦੇ ਵਿਦੇਸ਼ ਮੰਤਰਾਲੇ ਨੇ ਰਣਨੀਤਕ ਤੌਰ 'ਤੇ ਮਹੱਤਵਪੂਰਨ ਹੋਰਮੁਜ਼ ਜਲਡਮਰੂ ਵਿੱਚ ਆਵਾਜਾਈ ਦੇ ਨਿਯਮਾਂ ਨੂੰ ਲੈ ਕੇ ਯੂਰਪੀ ਸੰਘ ਦੇ ਸਟੈਂਡ ਦੀ ਸਖ਼ਤ ਨਿਖੇਧੀ ਕੀਤੀ ਹੈ। ਈਰਾਨੀ ਵਿਦੇਸ਼ ਮੰਤਰਾਲੇ ਦੇ ਬੁਲਾਰੇ ਇਸਮਾਈਲ ਬਘਾਈ ਨੇ ਯੂਰਪੀ ਸੰਘ 'ਤੇ 'ਦੋਹਰੇ ਮਾਪਦੰਡ' ਅਤੇ 'ਪਾਖੰਡ' ਦਾ ਦੋਸ਼ ਲਾਉਂਦਿਆਂ ਕਿਹਾ ਕਿ 'ਬਿਨਾਂ ਸ਼ਰਤ ਲਾਂਘੇ' ਦੀ ਗੱਲ ਹੁਣ ਸਿਰਫ਼ ਇੱਕ ਕਹਾਣੀ ਬਣ ਕੇ ਰਹਿ ਗਈ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਅਮਰੀਕਾ ਅਤੇ ਇਜ਼ਰਾਈਲ ਦੀਆਂ ਹਮਲਾਵਰ ਕਾਰਵਾਈਆਂ ਨੇ ਖੇਤਰ ਦੇ ਸੁਰੱਖਿਆ ਸਮੀਕਰਨ ਬਦਲ ਦਿੱਤੇ ਹਨ। ਯੂਰਪੀ ਸੰਘ ਦੀ ਵਿਦੇਸ਼ ਨੀਤੀ ਦੀ ਮੁਖੀ ਕਾਜਾ ਕਾਲਾਸ ਦੇ ਬਿਆਨਾਂ 'ਤੇ ਤਿੱਖੀ ਪ੍ਰਤੀਕਿਰਿਆ ਦਿੰਦਿਆਂ ਬਘਾਈ ਨੇ ਕਿਹਾ ਕਿ ਯੂਰਪ ਸਿਰਫ਼ ਦੂਜਿਆਂ ਨੂੰ ਉਪਦੇਸ਼ ਦੇਣ ਲਈ ਕੌਮਾਂਤਰੀ ਕਾਨੂੰਨਾਂ ਦੀ ਵਰਤੋਂ ਕਰਦਾ ਹੈ। ਉਨ੍ਹਾਂ ਸਵਾਲ ਉਠਾਇਆ ਕਿ ਜਦੋਂ ਅਮਰੀਕਾ ਅਤੇ ਇਜ਼ਰਾਈਲ ਈਰਾਨ ਵਿਰੁੱਧ ਹਮਲਾਵਰ ਰੁਖ਼ ਅਖ਼ਤਿਆਰ ਕਰਦੇ ਹਨ ਅਤੇ ਇਰਾਨੀਆਂ ਵਿਰੁੱਧ ਅੱਤਿਆਚਾਰ ਹੁੰਦੇ ਹਨ, ਤਾਂ ਯੂਰਪ ਚੁੱਪ ਰਹਿ ਕੇ ਇਨ੍ਹਾਂ ਕਾਰਵਾਈਆਂ ਨੂੰ ਹਰੀ ਝੰਡੀ ਕਿਉਂ ਦਿੰਦਾ ਹੈ। ਬਘਾਈ ਨੇ ਕਿਹਾ ਕਿ ਯੂਰਪੀ ਸੰਘ ਦੀ ਆਪਣੇ ਕਹੇ 'ਤੇ ਅਮਲ ਕਰਨ ਵਿੱਚ ਨਾਕਾਮਯਾਬੀ ਨੇ ਕੌਮਾਂਤਰੀ ਕਾਨੂੰਨਾਂ ਦੀ ਗੱਲ ਨੂੰ ਮਜ਼ਾਕ ਬਣਾ ਕੇ ਰੱਖ ਦਿੱਤਾ ਹੈ। ਬਘਾਈ ਨੇ ਜ਼ੋਰ ਦੇ ਕੇ ਕਿਹਾ ਕਿ ਇੱਕ ਤੱਟੀ ਦੇਸ਼ ਹੋਣ ਦੇ ਨਾਤੇ ਈਰਾਨ ਕੋਲ ਹੋਰਮੁਜ਼ ਜਲਡਮਰੂ ਮੱਧ ਵਿੱਚ ਜ਼ਰੂਰੀ ਕਦਮ ਚੁੱਕਣ ਦਾ ਪੂਰਾ ਅਧਿਕਾਰ ਹੈ। ਉਨ੍ਹਾਂ ਕਿਹਾ ਕਿ ਕੌਮਾਂਤਰੀ ਕਾਨੂੰਨ ਦਾ ਕੋਈ ਵੀ ਨਿਯਮ ਈਰਾਨ ਨੂੰ ਆਪਣੀ ਸੁਰੱਖਿਆ ਲਈ ਉਨ੍ਹਾਂ ਕਾਰਵਾਈਆਂ ਤੋਂ ਨਹੀਂ ਰੋਕਦਾ, ਜੋ ਇਸ ਜਲ ਮਾਰਗ ਦੀ ਵਰਤੋਂ ਈਰਾਨ ਵਿਰੁੱਧ ਫੌਜੀ ਹਮਲੇ ਲਈ ਕਰਨ ਤੋਂ ਰੋਕਦੀਆਂ ਹੋਣ। ਉਨ੍ਹਾਂ 'ਬਿਨਾਂ ਸ਼ਰਤ ਲਾਂਘੇ' ਦੀ ਧਾਰਨਾ ਨੂੰ ਰੱਦ ਕਰਦਿਆਂ ਕਿਹਾ ਕਿ ਜਿਸ ਪਲ ਅਮਰੀਕੀ ਫੌਜੀ ਸੰਪਤੀਆਂ ਇਸ ਖੇਤਰ ਵਿੱਚ ਪਹੁੰਚੀਆਂ, ਉਸੇ ਪਲ ਇਹ ਖੁੱਲ੍ਹੇ ਲਾਂਘੇ ਵਾਲੀ ਗੱਲ ਖ਼ਤਮ ਹੋ ਗਈ ਸੀ। ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਯੂਰਪੀ ਸੰਘ ਦੀ ਮੁਖੀ ਕਾਜਾ ਕਾਲਾਸ ਨੇ ਹੋਰਮੁਜ਼ ਜਲਡਮਰੂ ਮੱਧ ਨੂੰ ਮੁਫ਼ਤ ਅਤੇ ਖੁੱਲ੍ਹਾ ਰੱਖਣ ਦੀ ਵਕਾਲਤ ਕੀਤੀ ਸੀ। ਉਨ੍ਹਾਂ ਚਿਤਾਵਨੀ ਦਿੱਤੀ ਸੀ ਕਿ ਕਿਸੇ ਵੀ ਤਰ੍ਹਾਂ ਦਾ 'ਟਰਾਂਜ਼ਿਟ ਫੀਸ' ਜਾਂ ਟੈਕਸ ਲਗਾਉਣ ਦੀ ਯੋਜਨਾ ਵਿਸ਼ਵ ਸਮੁੰਦਰੀ ਮਾਰਗਾਂ ਲਈ ਖ਼ਤਰਨਾਕ ਮਿਸਾਲ ਕਾਇਮ ਕਰੇਗੀ।

ਇਸ ਦਰਮਿਆਨ ਹਿਜ਼ਬੁਲਾ ਦੇ ਮੁਖੀ ਨਈਮ ਕਾਸਿਮ ਨੇ ਇਜ਼ਰਾਈਲ ਅਤੇ ਅਮਰੀਕਾ ਨੂੰ ਸਖ਼ਤ ਲਹਿਜੇ ਵਿੱਚ ਚਿਤਾਵਨੀ ਦਿੱਤੀ ਹੈ। ਕਾਸਿਮ ਨੇ ਸਪੱਸ਼ਟ ਕੀਤਾ ਹੈ ਕਿ ਇਜ਼ਰਾਈਲ ਨਾਲ ਚੱਲ ਰਹੀ 10 ਦਿਨਾਂ ਦੀ ਜੰਗਬੰਦੀ ਕੋਈ ਇੱਕਪਾਸੜ ਸਮਝੌਤਾ ਨਹੀਂ ਹੈ। ਉਨ੍ਹਾਂ ਕਿਹਾ ਕਿ ਜੇਕਰ ਇਜ਼ਰਾਈਲ ਲੈਬਨਾਨੀ ਖੇਤਰ 'ਤੇ ਕੋਈ ਵੀ ਹਮਲਾ ਕਰਦਾ ਹੈ, ਤਾਂ ਹਿਜ਼ਬੁਲਾ ਦੇ ਲੜਾਕੇ ਉਸ ਦਾ ਮੂੰਹ-ਤੋੜ ਜਵਾਬ ਦੇਣ ਲਈ ਪੂਰੀ ਤਰ੍ਹਾਂ ਤਿਆਰ ਹਨ ਅਤੇ ਉਨ੍ਹਾਂ ਦੀਆਂ 'ਉਂਗਲਾਂ ਟ੍ਰਿਗਰ' 'ਤੇ ਹਨ।

## ਰੋਡਵੇਜ਼ ਦੇ ਸਾਬਕਾ ਮੁਲਾਜ਼ਮ ਦੀ ਹੱਤਿਆ

**ਚੋਹਲਾ ਸਾਹਿਬ (ਤਰਨ ਤਾਰਨ)**-ਪਿੰਡ ਗੰਡੀਵਿੰਡ ਧੱਤਲ ਵਿਖੇ ਆਤਮਾ ਸਿੰਘ ਪੁੱਤਰ ਮਹਿੰਦਰ ਸਿੰਘ ਨੂੰ ਘਰੋਂ ਬਾਹਰ ਸੱਦ ਕੇ ਦੋ ਵਿਅਕਤੀ ਗੋਲੀਆਂ ਮਾਰ ਕੇ ਫਰਾਰ ਹੋ ਗਏ। ਉਸ ਦੀ ਮੌਕੇ 'ਤੇ ਹੀ ਮੌਤ ਹੋ ਗਈ। ਆਤਮਾ ਸਿੰਘ ਪੰਜਾਬ ਰੋਡਵੇਜ਼ ਤੋਂ ਸੇਵਾ-ਮੁਕਤ ਹੋਇਆ ਸੀ ਅਤੇ ਟਰੈਵਲ ਏਜੰਟ ਵਜੋਂ ਕੰਮ ਕਰ ਰਿਹਾ ਸੀ। ਮ੍ਰਿਤਕ ਆਪਣੇ ਪਿੱਛੇ ਪਤਨੀ, ਇੱਕ ਧੀ ਅਤੇ ਦੋ ਪੁੱਤਰ ਛੱਡ ਗਿਆ ਹੈ। ਦੱਸਿਆ ਜਾਂਦਾ ਹੈ ਕਿ ਕਾਂਗਰਸ ਦਾ ਹਮਾਇਤੀ ਸੀ।

## ਰਾਜ਼ੀਨਾਮਾ ਕਰਵਾਉਣ ਗਏ ਨੌਜਵਾਨ ਦਾ ਕਤਲ

**ਅੰਮ੍ਰਿਤਸਰ** : ਸਥਾਨਕ ਡਰੰਮਾਂ ਵਾਲੇ ਬਜ਼ਾਰ ਗੁਰਨਾਮ ਨਗਰ ਵਿੱਚ ਝਗੜੇ ਦਾ ਰਾਜ਼ੀਨਾਮਾ ਕਰਵਾਉਣ ਗਏ ਸਾਬੂ ਨਾਂਅ ਦੇ ਨੌਜਵਾਨ ਅਤੇ ਉਸ ਦੇ ਸਾਥੀਆਂ ਉਪਰ ਤਾਬੜਤੋੜ ਗੋਲੀਆਂ ਚਲਾ ਦਿੱਤੀਆਂ ਗਈਆਂ। ਸਾਬੂ ਦੀ ਮੌਤ ਹੋ ਗਈ, ਜਦ ਕਿ ਉਸ ਦੇ ਚਾਰ ਸਾਥੀ ਬੁਰੀ ਤਰ੍ਹਾਂ ਜ਼ਖਮੀ ਹੋ ਗਏ। ਮ੍ਰਿਤਕ ਦੇ ਭਰਾ ਲਖਬੀਰ ਨੇ ਦੱਸਿਆ ਕਿ ਸਾਬੂ ਨੂੰ ਕੁਝ ਸਾਥੀ ਘਰੋਂ ਝਗੜੇ ਦਾ ਰਾਜ਼ੀਨਾਮਾ ਕਰਵਾਉਣ ਲਈ ਲੈ ਕੇ ਗਏ, ਪਰ ਅੱਗੇ ਕੁਝ ਨੌਜਵਾਨਾਂ ਨੇ ਗੋਲੀਆਂ ਚਲਾ ਦਿੱਤੀਆਂ। ਜਦੋਂ ਤੱਕ ਸਾਬੂ ਦੇ ਕਾਤਲਾਂ ਨੂੰ ਗ੍ਰਿਫਤਾਰ ਨਹੀਂ ਕੀਤਾ ਜਾਂਦਾ, ਉਦੋਂ ਤੱਕ ਉਹ ਉਸ ਦਾ ਸਸਕਾਰ ਨਹੀਂ ਕਰਨਗੇ।

## ਬ੍ਰਾਜ਼ੀਲ, ਮੈਕਸੀਕੋ, ਸਪੇਨ ਵੱਲੋਂ ਕਿਊਬਾ ਦਾ ਸਮਰਥਨ

**ਬਾਰਸੀਲੋਨਾ** : ਇਕ ਤਾਲਮੇਲ ਵਾਲੇ ਕੂਟਨੀਤਕ ਕਦਮ ਵਿਚ, ਮੈਕਸੀਕੋ, ਸਪੇਨ ਅਤੇ ਬ੍ਰਾਜ਼ੀਲ ਨੇ ਇਕ ਸਾਂਝਾ ਬਿਆਨ ਜਾਰੀ ਕਰਕੇ ਕਿਊਬਾ ਵਿਚ 'ਨਾਟਕੀ ਸਥਿਤੀ' 'ਤੇ ਆਪਣੀ ਚਿੰਤਾ ਪ੍ਰਗਟ ਕੀਤੀ। ਇਹ ਬਿਆਨ ਉਦੋਂ ਆਇਆ ਹੈ ਜਦੋਂ ਟਾਪੂ ਰਾਸ਼ਟਰ ਨੂੰ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਵੱਲੋਂ ਵਧਦੇ ਦਬਾਅ ਅਤੇ ਵਾਰ-ਵਾਰ ਧਮਕੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਤਿੰਨਾਂ ਦੇਸ਼ਾਂ, ਜੋ ਵਰਤਮਾਨ ਵਿਚ ਖੱਬੇ-ਪੱਖੀ ਝੁਕਾਅ ਵਾਲੀਆਂ ਸਰਕਾਰਾਂ ਦੀ ਅਗਵਾਈ ਵਿਚ ਹਨ, ਨੇ ਕਿਊਬਾ ਦੇ ਲੋਕਾਂ ਦੁਆਰਾ ਸਹਿਣ ਕੀਤੇ ਜਾ ਰਹੇ ਗੰਭੀਰ ਮਨੁੱਖੀ ਸੰਕਟ ਬਾਰੇ ਆਪਣੀ ਡੂੰਘੀ ਚਿੰਤਾ ਪ੍ਰਗਟ ਕੀਤੀ ਹੈ। ਇਨ੍ਹਾਂ ਵਧਦੀਆਂ ਮੁਸ਼ਕਲਾਂ ਨੂੰ ਹੱਲ ਕਰਨ ਲਈ ਸਾਂਝੇ ਐਲਾਨਨਾਮੇ ਵਿਚ ਅੰਤਰਰਾਸ਼ਟਰੀ ਭਾਈਚਾਰੇ ਅਤੇ ਸ਼ਾਮਲ ਧਿਰਾਂ ਨੂੰ ਇਸ ਸਥਿਤੀ ਨੂੰ ਘਟਾਉਣ ਲਈ ਜ਼ਰੂਰੀ ਉਪਾਅ ਅਪਣਾਉਣ ਦਾ ਸਮਰਥਨ ਕਰਨ ਦੀ ਅਪੀਲ ਕੀਤੀ ਗਈ ਹੈ।

## ਦੀਪਿਕਾ ਤੇ ਰਣਵੀਰ ਦੇ ਘਰ ਫਿਰ ਗੂੰਜਣਗੀਆਂ ਕਿਲਕਾਰੀਆਂ

**ਚੰਡੀਗੜ੍ਹ** : ਬੌਲੀਵੁੱਡ ਦੇ ਦਿੱਗਜ਼ ਕਲਾਕਾਰ ਦੀਪਿਕਾ ਪਾਦੂਕੋਣ ਅਤੇ ਰਣਵੀਰ ਸਿੰਘ ਨੇ ਆਪਣੇ ਪ੍ਰਸ਼ੰਸਕਾਂ ਨਾਲ ਖੁਸ਼ਖਬਰੀ ਸਾਂਝੀ ਕੀਤੀ ਹੈ। ਜੋੜੇ ਨੇ ਐਤਵਾਰ ਨੂੰ ਇੱਕ ਇੰਸਟਾਗ੍ਰਾਮ ਪੋਸਟ ਰਾਹੀਂ ਐਲਾਨ ਕੀਤਾ ਹੈ ਕਿ ਉਹ ਦੂਜੀ ਵਾਰ ਮਾਪੇ ਬਣਨ ਜਾ ਰਹੇ ਹਨ। ਇਸ ਪੋਸਟ ਵਿੱਚ ਦੋਵਾਂ ਦੀ ਪਹਿਲੀ ਬੇਟੀ 'ਦੁਆ' ਦੀ ਇੱਕ ਤਸਵੀਰ ਦਿਖਾਈ ਗਈ ਹੈ, ਜਿਸ ਨੇ ਹੱਥ ਵਿੱਚ ਇੱਕ ਪਾਜ਼ੀਟਿਵ ਪ੍ਰੈਗਨੈਂਸੀ ਟੈਸਟ ਕਿੱਟ ਫੜੀ ਹੋਈ ਹੈ। ਪਾਦੂਕੋਣ ਨੇ ਇਸ ਪੋਸਟ ਦੇ ਨਾਲ ਇੱਕ ਛੋਟਾ ਜਿਹਾ ਕੈਪਸ਼ਨ ਲਿਖਿਆ ਹੈ, ਜਿਸ ਵਿੱਚ ਦੋ 'ਨਜ਼ਰਬੱਟੂ' ਇਮੋਜੀ ਲਗਾਏ ਹਨ। ਦੀਪਿਕਾ ਅਤੇ ਰਣਵੀਰ ਦੇ ਘਰ 8 ਸਤੰਬਰ 2024 ਨੂੰ ਪਹਿਲੀ ਬੇਟੀ 'ਦੁਆ' ਨੇ ਜਨਮ ਲਿਆ ਸੀ।

## ਇਟਲੀ 'ਚ ਗੁਰਦੁਆਰੇ ਦੇ ਬਾਹਰ ਦੋ ਪੰਜਾਬੀਆਂ ਦੀ ਹੱਤਿਆ



**ਰੋਮ** : ਇਟਲੀ ਦੇ ਬੇਰਗਾਮੋ ਸੂਬੇ ਦੇ ਕੋਵੋ ਵਿੱਚ ਦੋ ਪੰਜਾਬੀਆਂ ਦੀ ਗੋਲੀਆਂ ਮਾਰ ਕੇ ਹੱਤਿਆ ਕਰ ਦਿੱਤੀ ਗਈ, ਜਦੋਂ ਉਹ ਵਿਸਾਖੀ ਦੇ ਸਮਾਗਮ ਲਈ ਵਰਤੇ ਜਾ ਰਹੇ ਇੱਕ ਗੋਦਾਮ (ਵੇਅਰ ਹਾਊਸ) ਵਿੱਚੋਂ ਬਾਹਰ ਆ ਰਹੇ ਸਨ। ਇਹ ਹਮਲਾ ਅੱਧੀ ਰਾਤ ਨੂੰ ਕਸਬੇ ਦੇ ਉਦਯੋਗਿਕ ਖੇਤਰ ਵਿੱਚ ਸਥਿਤ 'ਗੁਰਦੁਆਰਾ ਮਾਤਾ ਸਾਹਿਬ ਕੌਰ ਜੀ' ਦੇ ਸਾਹਮਣੇ ਵਾਲੇ ਚੌਕ ਵਿੱਚ ਹੋਇਆ। ਮ੍ਰਿਤਕਾਂ ਦੀ ਪਛਾਣ 48 ਸਾਲਾ ਰਘੁਵਿੰਦਰ ਸਿੰਘ (ਨਿਵਾਸੀ ਕੋਵੋ) ਅਤੇ 48 ਸਾਲਾ ਗੁਰਮੀਤ ਸਿੰਘ (ਨਿਵਾਸੀ ਅਗਨਾਡੇਲੋ) ਵਜੋਂ ਹੋਈ ਹੈ। ਹਮਲਾਵਰ ਵਿਅਕਤੀਆਂ ਦੇ ਕੋਲ ਆਇਆ, ਗੋਲੀਆਂ ਚਲਾਈਆਂ ਅਤੇ ਫਿਰ ਕਾਰ ਵਿੱਚ ਸਵਾਰ ਹੋ ਕੇ ਫ਼ਰਾਰ ਹੋ ਗਿਆ। ਸ਼ੁਰੂਆਤੀ ਪੜਤਾਲ ਤੋਂ ਇਹ ਸਾਫ਼ ਹੋ ਗਿਆ ਹੈ ਕਿ ਇਹ ਕੋਈ ਅਚਾਨਕ ਹੋਈ ਲੜਾਈ ਜਾਂ ਝਗੜੇ ਦਾ ਮਾਮਲਾ ਨਹੀਂ ਸੀ। ਪੁਲਸ ਅਧਿਕਾਰੀ ਇਸ ਘਟਨਾ ਨੂੰ ਯੋਜਨਾਬੱਧ ਤਰੀਕੇ ਨਾਲ ਤਿਆਰ ਕੀਤੀ ਗਈ ਕਤਲ ਦੀ ਵਾਰਦਾਤ ਮੰਨ ਕੇ ਜਾਂਚ ਕਰ ਰਹੇ ਹਨ। ਪੁਲਸ ਨੂੰ ਘਟਨਾ ਵਾਲੀ ਥਾਂ ਤੋਂ ਗੋਲੀਆਂ ਦੇ ਲੱਗਭੱਗ 10 ਖ਼ੋਲ ਵੀ ਮਿਲੇ ਹਨ।

ਇੱਕ ਚਸ਼ਮਦੀਦ ਮੁਤਾਬਕ ਗੋਲੀ ਚਲਾਉਣ ਵਾਲਾ ਭਾਰਤੀ ਸੀ, ਜੋ ਅਕਸਰ ਗੁਰਦੁਆਰਾ ਸਾਹਿਬ ਆਉਂਦਾ ਰਹਿੰਦਾ ਸੀ।

## ਭਾਜਪਾ ਦਾ ਪਤਨ ਸ਼ੁਰੂ : ਮਮਤਾ

**ਹਾਵੜਾ** : ਪੱਛਮੀ ਬੰਗਾਲ ਦੀ ਮੁੱਖ ਮੰਤਰੀ ਮਮਤਾ ਬੈਨਰਜੀ ਨੇ ਹਾਵੜਾ ਅਤੇ ਦੱਖਣੀ 24 ਪਰਗਣ ਦੀਆਂ ਰੈਲੀਆਂ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ 'ਤੇ ਤਿੱਖੇ ਹਮਲੇ ਕਰਦਿਆਂ ਕਿਹਾ ਕਿ ਸੰਸਦ ਵਿੱਚ ਮਹਿਲਾ ਰਾਖਵਾਂਕਰਨ ਬਿੱਲ ਡਿੱਗਣ ਮਗਰੋਂ ਕੇਂਦਰ ਦੀ ਭਾਜਪਾ ਸਰਕਾਰ ਦਾ ਪਤਨ ਸ਼ੁਰੂ ਹੋ ਗਿਆ ਹੈ। ਭਾਜਪਾ ਹੁਣ ਬਹੁਮਤ ਵਾਲੀ ਸਰਕਾਰ ਨਹੀਂ ਰਹੀ, ਸਗੋਂ ਦੋ ਸਹਿਯੋਗੀਆਂ ਸਹਾਰੇ ਚੱਲ ਰਹੀ ਘੱਟਗਿਣਤੀ ਸਰਕਾਰ ਹੈ। ਮੁੱਖ ਮੰਤਰੀ ਨੇ ਸਵਾਲ ਕੀਤਾ ਕਿ ਰਾਖਵੇਂਕਰਨ ਨੂੰ ਹਲਕਾਬੰਦੀ ਨਾਲ ਜੋੜ ਕੇ ਕੇਂਦਰ ਆਪਣੀਆਂ ਅਸਲੀ ਨੀਤੀਆਂ ਕਿਉਂ ਲੁਕਾ ਰਿਹਾ ਹੈ? ਉਨ੍ਹਾਂ ਦੋਸ਼ ਲਾਇਆ ਕਿ ਹਲਕਾਬੰਦੀ ਰਾਹੀਂ ਦੇਸ਼ ਅਤੇ ਬੰਗਾਲ ਨੂੰ ਵੰਡਣ ਦੀ ਖੇਡ ਖੇਡੀ ਜਾ ਰਹੀ ਸੀ।

ਮਮਤਾ ਨੇ ਕਿਹਾ ਕਿ ਉਨ੍ਹਾਂ ਦੀ ਪਾਰਟੀ ਨੇ ਪਹਿਲਾਂ ਹੀ ਔਰਤਾਂ ਨੂੰ ਪੰਚਾਇਤਾਂ ਵਿੱਚ 50 ਫ਼ੀਸਦੀ ਅਤੇ ਸੰਸਦ ਵਿੱਚ ਵੱਡੀ ਹਿੱਸੇਦਾਰੀ ਦਿੱਤੀ ਹੋਈ ਹੈ। ਉਨ੍ਹਾਂ ਲੋਕਾਂ ਨੂੰ ਭਾਜਪਾ ਦੀ 3,000 ਰੁਪਏ ਵਾਲੀ ਸਹਾਇਤਾ ਸਕੀਮ ਦੇ ਫਾਰਮ ਨਾ ਭਰਨ ਦੀ ਅਪੀਲ ਕਰਦਿਆਂ ਕਿਹਾ ਕਿ ਇਹ ਧੋਖਾਧੜੀ ਹੈ।

# ਫਾਸ਼ੀਵਾਦੀ ਹਕੂਮਤ ਖਿਲਾਫ ਖੱਬੀਆਂ ਧਿਰਾਂ ਦੀ ਏਕਤਾ 'ਤੇ ਜ਼ੋਰ

**ਬੰਗਾ (ਅਵਤਾਰ ਕਲੇਰ, ਗਿਆਨ ਸੈਦਪੁਰੀ)**



ਖੱਬੀਆਂ ਪਾਰਟੀਆਂ ਵੱਲੋਂ ਬੰਗਾ ਰੋਡ ਨਵਾਂ ਸ਼ਹਿਰ ਵਿਖੇ ਐਤਵਾਰ ਕਾਮਰੇਡ ਨਰੰਜਣ ਸਿੰਘ ਸੁੱਜੋਂ ਦੀ ਅੱਠਵੀਂ ਬਰਸੀ ਮਨਾਈ ਗਈ। ਸਮਾਗਮ ਦੀ ਪ੍ਰਧਾਨਗੀ ਜੁਝਾਰ ਸਿੰਘ ਕੁੱਕੜ ਮਜਾਰਾ, ਪਰਮਿੰਦਰ ਮੇਨਕਾ, ਗੁਰਬਖਸ਼ ਕੌਰ ਰਾਹੋਂ, ਚਰਨਜੀਤ ਸਿੰਘ ਦੌਲਤਪੁਰ, ਅਵਤਾਰ ਸਿੰਘ ਤਾਰੀ, ਹਰਪਾਲ ਸਿੰਘ ਜਗਤਪੁਰ ਨੇ ਸਾਂਝੇ ਤੌਰ ਤੇ ਕੀਤੀ। ਇਸ ਬਰਸੀ ਸਮਾਗਮ ਨੂੰ ਭਾਰਤੀ ਕਮਿਊਨਿਸਟ ਪਾਰਟੀ ਦੇ ਸੂਬਾ ਸਕੱਤਰ ਨਿਰਮਲ ਸਿੰਘ ਧਾਲੀਵਾਲ, ਆਰ ਐੱਮ ਪੀ ਆਈ ਦੇ ਕੌਮੀ ਜਨਰਲ ਸਕੱਤਰ ਮੰਗਤ ਰਾਮ ਪਾਸਲਾ, ਸੀ ਪੀ ਆਈ ਦੇ ਕੌਮੀ ਕੌਂਸਲ ਮੈਂਬਰ ਬੰਤ ਸਿੰਘ ਬਰਾੜ, ਦੇਵੀ ਕੁਮਾਰੀ ਸਰਹਾਲੀ ਕਲਾਂ ਸੂਬਾ ਜਨਰਲ ਸਕੱਤਰ ਪੰਜਾਬ ਖੇਤ ਮਜ਼ਦੂਰ ਸਭਾ, ਜਸਪਾਲ ਸਿੰਘ ਗਿੱਦਾ, ਸੀ ਪੀ ਆਈ (ਐੱਮ ਐੱਲ) ਨਿਊ ਡੈਮੋਕਰੇਸੀ ਦੇ ਆਗੂ ਦਲਜੀਤ ਸਿੰਘ ਐਡਵੋਕੇਟ ਅਤੇ ਸੀ ਪੀ ਆਈ (ਐੱਮ) ਦੇ ਆਗੂ ਮਹਾਂ ਸਿੰਘ ਰੋੜੀ ਨੇ ਸ਼ਰਧਾਂਜਲੀਆਂ ਭੇਟ ਕਰਦਿਆਂ ਕਿਹਾ ਕਿ ਕਾਮਰੇਡ ਨਰੰਜਣ ਸਿੰਘ ਸੁੱਜੋਂ ਨੇ ਆਪਣਾ ਸਾਰਾ ਜੀਵਨ ਮਜ਼ਦੂਰਾਂ, ਕਿਸਾਨਾਂ ਅਤੇ ਦੱਬੇ-ਕੁਚਲੇ ਲੋਕਾਂ ਖਾਤਰ ਲਾਇਆ। ਉਹ ਇਰਾਦੇ ਦੇ ਪੱਕੇ ਅਡੋਲ ਕਮਿਊਨਿਸਟ ਆਗੂ ਸਨ।ਵਿਰੋਧੀ ਤਾਕਤਾਂ ਵੱਲੋਂ ਅਨੇਕਾਂ ਜਬਰ ਦੀਆਂ ਹਨੇਰੀਆਂ ਝੁਲਾਉਣ ਦੇ ਬਾਵਜੂਦ ਉਹ ਨਾ ਹੀ ਡਰੇ ਅਤੇ ਨਾ ਹੀ ਥਿੜਕੇ। ਉਹਨਾ ਦੇ ਪਾਏ ਪੂਰਨਿਆਂ ਉਤੇ ਚੱਲ ਕੇ ਲੁਟੇਰੀਆਂ ਜਾਬਰ ਅਤੇ ਫਿਰਕੂ ਹਕੂਮਤਾਂ ਵਿਰੁੱਧ ਲੜਿਆ ਜਾ ਸਕਦਾ ਹੈ, ਜੋ ਅੱਜ ਸਮੇਂ ਦੀ ਲੋੜ ਵੀ ਹੈ। ਆਗੂਆਂ ਨੇ ਖੱਬੀਆਂ ਧਿਰਾਂ ਦੀ ਏਕਤਾ ਦੀ ਲੋੜ ਉਤੇ ਜ਼ੋਰ ਦਿੰਦਿਆਂ ਕਿਹਾ ਕਿ ਜਿਸ ਤਰ੍ਹਾਂ ਹਿੰਦੂਤਵੀ ਫਾਸ਼ੀਵਾਦੀ ਹਕੂਮਤ ਵੱਲੋਂ ਆਪਣੇ ਫਾਸ਼ੀਵਾਦੀ ਏਜੰਡੇ ਨੂੰ ਲਾਗੂ ਕਰਦਿਆਂ ਜਮਹੂਰੀ ਅਤੇ ਸੰਵਿਧਾਨਕ ਕਦਰਾਂ-ਕੀਮਤਾਂ ਨੂੰ ਪੈਰਾਂ ਹੇਠ ਰੋਲਣ ਦੇ ਯਤਨ ਕੀਤੇ ਜਾ ਰਹੇ ਹਨ, ਉਸ ਦਾ ਮੁਕਾਬਲਾ ਕਰਨ ਲਈ ਵਿਸ਼ਾਲ ਸਾਂਝੇ ਏਕੇ ਦੀ ਅਣਸਰਦੀ ਲੋੜ ਹੈ। ਜਾਬਰ, ਬੇਰਹਿਮ ਅਤੇ ਲਾਲਚੀ ਹਾਕਮਾਂ ਵੱਲੋਂ ਨੋਇਡਾ, ਦਿੱਲੀ, ਹਰਿਆਣਾ ਅਤੇ ਹੋਰ ਰਾਜਾਂ ਵਿੱਚ ਕਾਰਪੋਰੇਟਾਂ ਦਾ ਪੱਖ ਪੂਰਦਿਆਂ ਸੰਘਰਸ਼ਸ਼ੀਲ ਮਜ਼ਦੂਰਾਂ ਉੱਤੇ ਜਬਰ ਢਾਹਿਆ ਜਾ ਰਿਹਾ ਹੈ, ਜਿਸ ਵਿਰੁੱਧ ਆਵਾਜ਼ ਬੁਲੰਦ ਕਰਨ ਦੀ ਲੋੜ ਹੈ। ਉਹਨਾਂ ਕਿਹਾ ਕਿ ਸੰਸਦ ਦੀਆਂ ਸੀਟਾਂ ਵਧਾਉਣ ਲਈ ਲਿਆਂਦੇ ਬਿੱਲ ਨੂੰ ਜਿਸ ਤਰ੍ਹਾਂ ਸੰਸਦ ਵਿੱਚ ਹਾਰ ਦਾ ਮੂੰਹ ਦੇਖਣਾ ਪਿਆ ਹੈ, ਉਸ ਤੋਂ ਮੋਦੀ ਸਰਕਾਰ ਤਿਲਮਿਲਾ ਉਠੀ ਹੈ ਅਤੇ ਕੂੜ ਪ੍ਰਚਾਰ ਕਰ ਰਹੀ ਹੈ। ਉਹਨਾਂ ਕਿਹਾ ਕਿ ਈਰਾਨ ਉਤੇ ਅਮਰੀਕਾ ਅਤੇ ਇਜ਼ਰਾਈਲ ਦੇ ਹਮਲਿਆਂ ਨੇ ਸਾਮਰਾਜੀਆਂ ਦਾ ਅਸਲੀ ਚਿਹਰਾ ਇੱਕ ਵਾਰ ਫਿਰ ਸਾਹਮਣੇ ਲਿਆਂਦਾ ਹੈ।ਈਰਾਨ ਵੱਲੋਂ ਦਿੱਤੇ ਗਏ ਠੋਕਵੇਂ ਜਵਾਬ ਨੇ ਅਮਰੀਕਾ ਦੇ ਸੁਪਰ ਪਾਵਰ ਹੋਣ ਦੇ ਸਾਰੇ ਭਰਮ ਤੋੜ ਦਿੱਤੇ ਹਨ।ਇਸ ਵਿੱਚ ਮੋਦੀ ਸਰਕਾਰ ਵੱਲੋਂ ਨਿਭਾਈ ਗਈ ਭੂਮਿਕਾ ਨੇ ਦੁਨੀਆ ਭਰ ਵਿੱਚ ਭਾਰਤ ਦੀ ਬਦਨਾਮੀ ਕੀਤੀ ਹੈ। ਆਗੂਆਂ ਕਿਹਾ ਕਿ ਕੇਂਦਰ ਸਰਕਾਰ ਮਜ਼ਦੂਰ ਵਿਰੋਧੀ ਚਾਰ ਲੇਬਰ ਕੋਡ ਲਾਗੂ ਕਰਨ ਜਾ ਰਹੀ ਹੈ, ਜੋ ਮਜ਼ਦੂਰ ਜਮਾਤ ਲਈ ਬਹੁਤ ਘਾਤਕ ਹਨ। ਇਹ ਟਰੇਡ ਯੂਨੀਅਨ ਅਧਿਕਾਰਾਂ ਉਤੇ ਵੱਡਾ ਹਮਲਾ ਹੈ। ਇਹਨਾਂ ਨਾਲ ਮਜ਼ਦੂਰ ਜਮਾਤ ਕੋਲੋਂ ਯੂਨੀਅਨ ਬਣਾਉਣ ਅਤੇ ਹੜਤਾਲ ਕਰਨ ਦੇ ਅਧਿਕਾਰ ਖੁਸ ਜਾਣਗੇ।ਕੇਂਦਰ ਸਰਕਾਰ ਬਿਜਲੀ ਸੋਧ ਬਿੱਲ 2025 ਲਾਗੂ ਕਰਨ ਦੀਆਂ ਗੋਂਦਾਂ ਗੁੰਦ ਰਹੀ ਹੈ। ਸਰਕਾਰ ਜਨਤਕ ਅਦਾਰੇ ਅਤੇ ਜਾਇਦਾਦਾਂ ਕਾਰਪੋਰੇਟਰਾਂ ਨੂੰ ਵੇਚ ਰਹੀ।ਆਗੂਆਂ ਕਿਹਾ ਕਿ ਸਾਰੀਆਂ ਹੀ ਖੱਬੀਆਂ ਪਾਰਟੀਆਂ ਨੂੰ ਇਕੱਠੇ ਹੋ ਕੇ ਅਤੇ ਹੋਰ ਵੀ ਲੋਕਾਂ ਨੂੰ ਨਾਲ ਲੈ ਕੇ ਸੰਘਰਸ਼ ਕਰਨਾ ਪਵੇਗਾ। ਮੋਦੀ ਸਰਕਾਰ ਵੱਲੋਂ ਸੰਵਿਧਾਨ ਬਦਲਣ ਦੀਆਂ ਕੋਸ਼ਿਸ਼ਾਂ ਹੋ ਰਹੀਆਂ ਹਨ, ਜਿਸ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਮੋਦੀ ਸਰਕਾਰ ਯੂਰਪ ਨਾਲ ਸਮਝੌਤਾ ਕਰਨ ਜਾ ਰਹੀ ਹੈ। ਕੇਂਦਰ ਸਰਕਾਰ ਉਨ੍ਹਾਂ ਦੇ ਸਮਾਨ 'ਤੇ ਜ਼ੀਰੋ ਫੀਸਦੀ ਟੈਕਸ ਲਗਾਏਗੀ। ਇਸ ਸਮਝੌਤੇ ਨਾਲ ਭਾਰਤ ਦੀ ਕਿਸਾਨੀ ਬਰਬਾਦ ਹੋ ਜਾਵੇਗੀ। ਛੋਟੀ ਦੁਕਾਨਦਾਰੀ ਖਤਮ ਹੋ ਜਾਵੇਗੀ, ਜਿਸ ਨਾਲ ਹੋਰ ਬੇਰੁਜ਼ਗਾਰੀ ਵਧੇਗੀ।

ਆਗੂਆਂ ਕਿਹਾ ਕਿ ਇਹ ਸਾਡੇ ਦੇਸ਼ ਦੀ ਤ੍ਰਾਸਦੀ ਹੈ ਕਿ ਉਹ ਫਿਰਕੂ ਧਿਰਾਂ ਦੇਸ਼ 'ਤੇ ਰਾਜ ਕਰ ਰਹੀਆਂ ਹਨ, ਜਿਨ੍ਹਾਂ ਦਾ ਅਜ਼ਾਦੀ ਅੰਦੋਲਨ 'ਚ ਕੋਈ ਯੋਗਦਾਨ ਨਹੀਂ। ਮੋਦੀ ਸਰਕਾਰ ਨੇ ਅੰਬਾਨੀਆਂ ਅਤੇ ਅਡਾਨੀਆ ਦਾ ਕਰੋੜਾਂ ਦਾ ਕਰਜ਼ਾ ਮੁਆਫ਼ ਕਰ ਦਿੱਤਾ। ਸਰਕਾਰ ਮਨਰੇਗਾ ਸਕੀਮ ਨੂੰ ਖਤਮ ਕਰਨ 'ਤੇ ਤੁਲੀ ਹੋਈ ਹੈ। ਮਨਰੇਗਾ ਸਕੀਮ ਨੂੰ ਬਚਾਉਣ ਲਈ ਲਾਲ ਝੰਡੇ ਵਾਲਿਆਂ ਨੂੰ ਲੜਾਈ ਲੜ੍ਹਨੀ ਪੈਣੀ ਹੈ। ਆਗੂਆਂ ਕਿਹਾ ਕਿ ਪੰਜਾਬ 'ਚ ਜੰਗਲ ਰਾਜ ਚੱਲ ਰਿਹਾ ਹੈ। ਦਿਨ-ਦਿਹਾੜੇ ਕਤਲ ਹੋ ਰਹੇ ਹਨ। ਬਦਲਾਅ ਦੇ ਨਾਂਅ 'ਤੇ ਬਣੀ ਪੰਜਾਬ ਸਰਕਾਰ ਲੋਕਾਂ ਦੀਆਂ ਆਸਾਂ 'ਤੇ ਖਰਾ ਨਹੀਂ ਉਤਰੀ। ਪੰਜਾਬ ਦੇ ਲੋਕ ਆਪਣੇ-ਆਪ ਨੂੰ ਠੱਗਿਆ ਮਹਿਸੂਸ ਕਰ ਰਹੇ ਹਨ। ਆਗੂਆਂ ਕਿਹਾ ਕਿ ਕਾਮਰੇਡ ਨਰੰਜਣ ਸਿੰਘ ਸੁੱਜੋਂ ਨੂੰ ਇਹੋ ਹੀ ਸੱਚੀ ਸ਼ਰਧਾਂਜਲੀ ਹੋਵੇਗੀ ਕਿ ਸਾਰੀਆਂ ਹੀ ਖੱਬੀਆਂ ਧਿਰਾਂ ਇਕੱਠੀਆਂ ਹੋ ਕੇ ਲੋਕਾਂ ਨੂੰ ਨਾਲ ਲੈ ਕੇ ਸੰਘਰਸ਼ ਕਰਨ, ਤਾਂ ਹੀ ਲੋਕਾਂ ਦਾ ਭਲਾ ਹੋ ਸਕੇ। ਕਾਮਰੇਡ ਸੁੱਜੋਂ ਦੇ ਬੇਟੇ ਕੁਲਦੀਪ ਸਿੰਘ ਸੁੱਜੋਂ ਨੇ ਆਗੂਆਂ, ਪਾਰਟੀ ਵਰਕਰਾਂ ਅਤੇ ਸਮਰਥਕਾਂ ਦਾ ਧੰਨਵਾਦ ਕੀਤਾ। ਮੰਚ ਦਾ ਸੰਚਾਲਨ ਆਰ ਐੱਮ ਪੀ ਆਈ ਦੇ ਆਗੂ ਕੁਲਦੀਪ ਸਿੰਘ ਦੌੜਕਾ ਨੇ ਕੀਤਾ। ਇਸ ਮੌਕੇ ਇਨਕਲਾਬੀ ਕਵੀਸ਼ਰੀ ਜਥਾ ਰਸੂਲਪੁਰ ਨੇ ਇਨਕਲਾਬੀ ਕਵੀਸ਼ਰੀਆਂ ਪੇਸ਼ ਕੀਤੀਆਂ।

ਇਸ ਮੌਕੇ ਜਸਵਿੰਦਰ ਸਿੰਘ ਭੰਗਲ, ਨਰੰਜਣ ਦਾਸ ਮੇਹਲੀ, ਗੁਰਮੁੱਖ ਸਿੰਘ ਫਰਾਲਾ, ਜਸਵੀਰ ਦੀਪ, ਜਸਵਿੰਦਰ ਰਾਹੋਂ, ਸਤਨਾਮ ਸਿੰਘ ਸੁੱਜੋਂ, ਸਤਨਾਮ ਸਿੰਘ ਗੁਲਾਟੀ, ਬਿਮਲ ਬਖਲੌਰ, ਸੁਰਿੰਦਰ ਭੱਟੀ, ਹਰਨੇਕ ਬੀਕਾ, ਡਾ. ਬਲਦੇਵ ਸਿੰਘ ਬੀਕਾ, ਸੋਮ ਲਾਲ ਆਦਿ ਹਾਜ਼ਰ ਸਨ।

## ਰੋਬੋਟ ਨੇ ਹਾਫ ਮੈਰਾਥਨ ਦਾ ਇਨਸਾਨੀ ਵਰਲਡ ਰਿਕਾਰਡ ਤੋੜ'ਤਾ

**ਬੀਜਿੰਗ** : ਐਤਵਾਰ ਬੀਜਿੰਗ ਦੀਆਂ ਸੜਕਾਂ 'ਤੇ ਹਾਫ ਮੈਰਾਥਨ ਵਿੱਚ ਦਰਜਨਾਂ ਹਿਊਮਨਾਈਡ ਰੋਬੋਟਾਂ ਨੇ ਪੇਸ਼ਾਵਰ ਐਥਲੀਟਾਂ ਨੂੰ ਪਛਾੜਦਿਆਂ ਨਾ ਸਿਰਫ ਰੇਸ ਪੂਰੀ ਕੀਤੀ, ਸਗੋਂ ਹਾਫ ਮੈਰਾਥਨ ਦਾ ਵਰਲਡ ਰਿਕਾਰਡ ਤੱਕ ਤੋੜ ਦਿੱਤਾ। ਪਿਛਲੇ ਸਾਲ ਜਿੱਥੇ ਰੋਬੋਟ ਲੜਖੜਾਉਂਦੇ ਨਜ਼ਰ ਆਏ ਸਨ, ਐਤਕੀਂ ਪੂਰੀ ਤਿਆਰੀ ਨਾਲ ਦੌੜੇ। ਇਸ ਪ੍ਰਦਰਸ਼ਨ ਨੇ ਐਲਨ ਮਸਕ ਦੀ ਉਸ ਭਵਿੱਖਬਾਣੀ 'ਤੇ ਵੀ ਮੋਹਰ ਲਾ ਦਿੱਤੀ ਕਿ ਆਰਟੀਫਿਸ਼ੀਅਲ ਇੰਟੈਲੀਜੈਂਸ (ਏ ਆਈ) ਤੇ ਰੋਬੋਟਿਕਸ ਦੇ ਖੇਤਰ ਵਿੱਚ ਚੀਨ ਹੀ ਟੈਸਲਾ ਨੂੰ ਟੱਕਰ ਦੇ ਸਕਦਾ ਹੈ। ਪਿਛਲੇ ਸਾਲ ਰੋਬੋਟ ਨੇ 2 ਘੰਟੇ 40 ਮਿੰਟ ਦਾ ਸਮਾਂ ਲਿਆ ਸੀ, ਜਦਕਿ ਐਤਕੀਂ 'ਹੋਨੋਰ' ਦੇ ਰੋ ਬੋ ਟ



• ਬਾਕੀ ਸਫਾ 2 'ਤੇ

## ਸੀ ਪੀ ਆਈ ਨੇ ਡਿਲਿਮਿਟੇਸ਼ਨ ਬਿੱਲ ਦੀਆਂ ਕਾਪੀਆਂ ਸਾੜੀਆਂ



**ਲੁਧਿਆਣਾ (ਐੱਮ ਐੱਸ ਭਾਟੀਆ)**

ਕਮਿਊਨਿਸਟ ਪਾਰਟੀ ਆਫ ਇੰਡੀਆ ਦੀ ਲੁਧਿਆਣਾ ਜ਼ਿਲ੍ਹਾ ਕੌਂਸਲ ਦੀ ਮੀਟਿੰਗ ਵਿੱਚ ਸੰਸਦ ਵਿੱਚ ਮਹਿਲਾ ਰਿਜ਼ਰਵੇਸ਼ਨ ਬਿੱਲ ਪਾਸ ਕਰਵਾਉਣ ਵਿੱਚ ਸਰਕਾਰ ਦੀ ਅਸਫਲਤਾ 'ਤੇ ਸੰਤੁਸ਼ਟੀ ਪ੍ਰਗਟ ਕੀਤੀ ਗਈ। ਇਹ ਬਿੱਲ ਬਹੁਤ ਹੀ ਸੂਖਮ ਅਤੇ ਸਾਜ਼ਿਸ਼ੀ ਢੰਗ ਨਾਲ ਪੇਸ਼ ਕੀਤਾ ਗਿਆ ਸੀ ਤਾਂ ਜੋ ਹਲਕਾਬੰਦੀ (ਡਿਲਿਮਿਟੇਸ਼ਨ) ਬਿੱਲ ਨੂੰ ਪਾਸ ਕਰਵਾਇਆ ਜਾ ਸਕੇ। ਕੌਂਸਲ ਨੇ ਇਕਸੁਰ ਵਿੱਚ ਦੇਸ਼ ਦੀ ਏਕਤਾ ਅਤੇ ਅਖੰਡਤਾ ਦੀ ਰੱਖਿਆ ਕਰਨ ਅਤੇ ਸਮਾਜ ਵਿੱਚ ਸਾਂਝ ਅਤੇ ਭਾਈਚਾਰੇ ਨੂੰ ਮਜ਼ਬੂਤ ਕਰਨ ਦਾ ਸੰਕਲਪ ਲਿਆ।ਕੌਂਸਲ ਨੇ ਇਹ ਵੀ ਕਿਹਾ ਕਿ ਮੋਦੀ ਸਰਕਾਰ ਦੀਆਂ ਕਾਰਵਾਈਆਂ ਨੇ ਦੇਸ਼ ਨੂੰ ਸ਼ਰਮਸਾਰ ਕੀਤਾ ਹੈ, ਕਿਉਂਕਿ ਇਸ ਨੇ ਡੋਨਾਲਡ ਟਰੰਪ ਦੇ ਦਬਾਅ ਹੇਠ ਆ ਕੇ ਗਾਜ਼ਾ ਵਿੱਚ ਨਸਲਕੁਸ਼ੀ ਲਈ ਇਜ਼ਰਾਈਲ ਦਾ ਸਮਰਥਨ ਕੀਤਾ ਅਤੇ ਈਰਾਨ ਅਤੇ ਲੈਬਨਾਨ 'ਤੇ ਗੈਰਕਾਨੂੰਨੀ ਹਮਲਿਆਂ ਦੀ ਹਮਾਇਤ ਕੀਤੀ।

ਮੀਟਿੰਗ ਨੇ ਧਿਆਨ ਦਿਵਾਇਆ ਕਿ ਮਹਿੰਗਾਈ, ਬੇਰੁਜ਼ਗਾਰੀ ਅਤੇ ਕਾਨੂੰਨ-ਵਿਵਸਥਾ ਦੀ ਖ਼ਰਾਬੀ ਕਾਰਨ ਲੋਕਾਂ ਦੀ ਜ਼ਿੰਦਗੀ ਦੁੱਖਦਾਈ ਬਣ ਰਹੀ ਹੈ। ਮਜ਼ਦੂਰਾਂ, ਕਿਸਾਨਾਂ ਅਤੇ ਹੋਰ ਆਮ ਲੋਕਾਂ ਦੇ ਹੱਕਾਂ ਨੂੰ ਕੁਚਲਿਆ ਜਾ ਰਿਹਾ ਹੈ। ਸਿੱਖਿਆ ਅਤੇ ਸਿਹਤ ਆਮ ਆਦਮੀ ਦੀ ਪਹੁੰਚ ਤੋਂ ਬਾਹਰ ਹੋ ਰਹੀਆਂ ਹਨ। ਪੰਜਾਬ ਸਰਕਾਰ ਦੀਆਂ ਮਜ਼ਦੂਰਾਂ, ਕਰਮਚਾਰੀਆਂ, ਕਿਸਾਨਾਂ ਅਤੇ ਆਪਣੇ ਹੱਕਾਂ ਲਈ ਸੰਘਰਸ਼ ਕਰ ਰਹੇ ਹੋਰ ਵਰਗਾਂ ਪ੍ਰਤੀ ਦਮਨਕਾਰੀ ਨੀਤੀਆਂ ਗੰਭੀਰ ਚਿੰਤਾ ਦਾ ਵਿਸ਼ਾ ਹਨ। ਪੰਜਾਬ ਸਰਕਾਰ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਨੂੰ ਗੁਣਵੱਤਾ ਵਾਲੀ ਸਿੱਖਿਆ ਦੇਣ ਵਿੱਚ ਅਸਫਲ ਰਹੀ ਹੈ ਅਤੇ ਖੁੱਲ੍ਹੇ ਤੌਰ 'ਤੇ ਸਿੱਖਿਆ ਵਿੱਚ ਕਾਰਪੋਰੇਟ ਦਾਖਲੇ ਨੂੰ ਉਤਸ਼ਾਹਤ ਕਰ ਰਹੀ ਹੈ। ਪ੍ਰੋਫੈਸ਼ਨਲ ਸੰਸਥਾਵਾਂ ਵਿੱਚ ਫੀਸਾਂ ਏਨੀਆਂ ਵਧ ਗਈਆਂ ਹਨ ਕਿ ਮੱਧ ਵਰਗ ਲਈ ਵੀ ਪਹੁੰਚ ਤੋਂ ਬਾਹਰ ਹੋ ਗਈਆਂ ਹਨ। ਇਸੇ ਤਰ੍ਹਾਂ ਸਿਹਤ ਸੇਵਾਵਾਂ ਨੂੰ ਵੀ ਬੀਮਾ ਆਧਾਰਿਤ ਪ੍ਰਣਾਲੀ ਰਾਹੀਂ ਵਧਾਇਆ ਜਾ ਰਿਹਾ ਹੈ ਅਤੇ ਸਰਕਾਰੀ ਖ਼ਜ਼ਾਨਾ ਕਾਰਪੋਰੇਟ ਖੇਤਰ ਨੂੰ

• ਬਾਕੀ ਸਫਾ 2 'ਤੇ

## ਅੱਜ-ਨਾਮਾ

ਜੰਗ ਰੁਕਣ ਦੀ ਇੱਕ ਦਿਨ ਖਬਰ ਆਈ,
ਲੱਗੀ ਬੱਝਣ ਫਿਰ ਥੋੜ੍ਹੀ ਸੀ ਆਸ ਬੇਲੀ।
ਦੂਸਰੇ ਦਿਨ ਫਿਰ ਇਹ ਜਦ ਆਸ ਟੁੱਟੀ,
ਲੱਗ ਪਏ ਹੋਣ ਕਈ ਲੋਕ ਨਿਰਾਸ਼ ਬੇਲੀ।
ਤੀਸਰੇ ਦਿਨ ਤੱਕ ਲੱਗੀ ਸੀ ਹੋਣ ਚਰਚਾ,
ਹੋਊ ਕੁਝ ਜਾਪਦਾ ਛੇਤੀ ਹੀ ਖਾਸ ਬੇਲੀ।
ਸੁਣਿਆ ਲੋਕਾਂ ਤੇ ਦਿੰਦੇ ਸਨ ਝਟਕ ਮੋਢੇ,
ਬੱਝਦਾ ਕਿਸੇ ਦਾ ਨਾਹੀਂ ਵਿਸ਼ਵਾਸ ਬੇਲੀ।
ਕੱਚੀ ਤੰਦ ਨਾਲ ਅਮਨ ਦੀ ਆਸ ਬੰਨ੍ਹੀ,
ਪਹਿਲਾਂ ਟੁੱਟੀ ਤਾਂ ਟੁੱਟੀ ਹੈ ਜੁੜ ਸਕਦੀ।
ਕਿਸੇ ਵੀ ਪਲ ਤੇ ਕਿਸੇ ਵੀ ਘੜੀ ਸਮਝੋ,
ਗੱਡੀ ਖਤਾਨਾਂ ਦੇ ਵੱਲ ਵੀ ਮੁੜ ਸਕਦੀ।

-ਤੀਸ ਮਾਰ ਖਾਂ

# ਸੰਸਾਰ ਤੇ ਖੇਤਰੀ ਜੰਗਾਂ ਸਰਮਾਏਦਾਰੀ ਪ੍ਰਬੰਧ ਦੀ ਹੀ ਦੇਣ : ਜਗਰੂਪ

## ਜ਼ਿਲ੍ਹਾ ਪਾਰਟੀ 22 ਤੋਂ 5 ਮਈ ਤੱਕ ਸਿਧਾਂਤਕ ਪੰਦਰਵਾੜਾ ਮਨਾਏਗੀ : ਕੁਲਦੀਪ ਭੋਲਾ

**ਮੋਗਾ (ਇਕਬਾਲ ਸਿੰਘ ਖਹਿਰਾ)**



ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਮੋਗਾ ਦੀ ਜ਼ਿਲ੍ਹਾ ਕੌਂਸਲ ਮੀਟਿੰਗ ਕਾਮਰੇਡ ਨਛੱਤਰ ਸਿੰਘ ਧਾਲੀਵਾਲ ਭਵਨ ਵਿੱਚ ਸਤੀਸ਼ ਲੂੰਬਾ ਹਾਲ ਵਿੱਚ ਕੀਤੀ ਗਈ। ਮੀਟਿੰਗ ਦੀ ਪ੍ਰਧਾਨਗੀ ਜਗਜੀਤ ਸਿੰਘ ਨਿਹਾਲ ਸਿੰਘ ਵਾਲਾ ਤੇ ਸਵਰਾਜ ਸਿੰਘ ਢੁੱਡੀਕੇ ਨੇ ਕੀਤੀ। ਮੀਟਿੰਗ ਦੀ ਸ਼ੁਰੂਆਤ ਤੋਂ ਪਹਿਲਾਂ ਜਿਲ੍ਹਾ ਸਕੱਤਰ ਕੁਲਦੀਪ ਸਿੰਘ ਭੋਲਾ ਨੇ ਪਿਛਲੇ ਦਿਨੀਂ ਵਿਛੋੜਾ ਦੇ ਗਏ ਸਾਥੀਆਂ, ਉੱਘੇ ਨਾਟਕ ਕਰਮੀ ਨਾਹਰ ਸਿੰਘ ਨੱਥੂਵਾਲਾ, ਮਹਿੰਦਰ ਸਿੰਘ ਰਣਸੀਂਹ ਖੁਰਦ, ਗੁਰਸੇਵਕ ਸਿੰਘ ਮਾਹਲਾ, ਜਰਨੈਲ ਸਿੰਘ ਘੋਲੀਆ ਨੂੰ ਸ਼ਰਧਾਂਜਲੀ ਦੇ ਕੇ ਯਾਦ ਕੀਤਾ। ਮੀਟਿੰਗ ਨੂੰ ਸੰਬੋਧਨ ਕਰਨ ਲਈ ਕਾਮਰੇਡ ਜਗਰੂਪ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਮੀਟਿੰਗ ਵਿੱਚ ਸੂਬਾਈ, ਰਾਸ਼ਟਰੀ ਤੇ ਸੰਸਾਰ ਪੱਧਰ 'ਤੇ ਉਠ ਰਹੇ ਮੁੱਦਿਆਂ ਉਪਰ ਗੰਭੀਰ ਚਰਚਾ ਕੀਤੀ ਗਈ। ਕਾਮਰੇਡ ਜਗਰੂਪ ਨੇ ਕਿਹਾ ਕਿ ਜੇਕਰ ਅਸੀਂ ਮਾਰਕਸਵਾਦੀ ਦ੍ਰਿਸ਼ਟੀਕੋਣ ਤੋਂ ਦੇਖੀਏ ਤਾਂ ਸੰਸਾਰ ਪੱਧਰ ਦੀਆਂ ਇਹ ਜੰਗਾਂ ਨਾ ਕੋਈ ਹਾਦਸਾ ਹੈ ਤੇ ਨਾ ਹੀ ਅਚਾਨਕ ਵਾਪਰੀ ਕੋਈ ਘਟਨਾ, ਬਲਕਿ ਇਹ ਪੂੰਜੀਵਾਦ ਦੇ ਵਿਸਥਾਰ ਦਾ ਇੱਕ ਅਹਿਮ ਪੜਾਅ ਹੈ। ਅੱਜ ਪੂੰਜੀਵਾਦ ਪ੍ਰਬੰਧ ਇਸ ਪੜਾਅ 'ਤੇ ਪਹੁੰਚ ਚੁੱਕਾ ਹੈ ਕਿ ਉਹ ਕੋਈ ਵੀ ਖਤਰਨਾਕ ਗੁਨਾਹ ਕਰਨ ਤੋਂ ਝਿਜਕ ਮਹਿਸੂਸ ਨਹੀਂ ਕਰ ਰਿਹਾ। ਪੂੰਜੀਵਾਦ ਪ੍ਰਬੰਧ ਲਈ ਇਹ ਜੰਗਾਂ ਭਾਵੇਂ ਉਹ ਸੰਸਾਰ ਪੱਧਰ ਦੀਆਂ ਜੰਗਾਂ ਹੋਣ ਜਾਂ ਖੇਤਰੀ ਜੰਗਾਂ ਹੋਣ, ਉਹ ਸਿਰਫ ਇੱਕ ਮੁਨਾਫੇ ਦਾ ਸਰੋਤ ਬਣ ਗਈਆਂ ਹਨ। ਉਹਨਾ ਕਿਹਾ ਕਿ ਅੱਜ ਸਾਨੂੰ ਇਸ ਪ੍ਰਬੰਧ ਦਾ ਖਾਤਮਾ ਕਰਕੇ ਨਵਾਂ ਸਮਾਜਵਾਦੀ ਪ੍ਰਬੰਧ ਉਸਾਰਨ ਲਈ ਲੋਕਾਂ ਵਿੱਚ ਜਾ ਕੇ ਵੱਧ ਤੋਂ ਵੱਧ ਕੰਮ ਕਰਨ ਦੀ ਜ਼ਰੂਰਤ ਹੈ। ਅੱਜ ਜਰੂਰਤ ਹੈ ਕਿ ਅਸੀਂ ਮਾਰਕਸਵਾਦੀ ਸਿਧਾਂਤਕ ਵਿਦਿਆ ਤੋ ਅਗਵਾਈ ਲੈ ਕੇ ਮਨੁੱਖਤਾ ਦੇ ਲਈ ਕਾਰਜ ਕਰੀਏ।

ਕੁਲਦੀਪ ਭੋਲਾ ਨੇ ਕੌਂਸਲ ਦੇ ਸਾਹਮਣੇ ਵੱਖ-ਵੱਖ ਏਜੰਡੇ ਪੇਸ਼ ਕੀਤੇ, ਜਿਨ੍ਹਾਂ ਵਿੱਚ ਲੈਵੀ ਨਵੀਨੀਕਰਨ, 22 ਅਪ੍ਰੈਲ ਲੈਨਿਨ ਜਨਮ ਦਿਨ, ਇਕ ਮਈ ਕਿਰਤ ਦਿਹਾੜਾ ਤੇ 5 ਮਈ ਕਾਰਲ ਮਾਰਕਸ ਦੇ ਜਨਮ ਦਿਨ ਨੂੰ ਮਨਾਉਣ ਸੰਬੰਧੀ ਵਿਚਾਰ-ਚਰਚਾ ਕੀਤੀ ਗਈ। ਸਾਰਿਆਂ ਦੀ ਸਹਿਮਤੀ ਤੋਂ ਬਾਅਦ ਇਹ ਫੈਸਲਾ ਹੋਇਆ ਕਿ ਕਿਰਤ ਦਿਹਾੜਾ ਜ਼ਿਲ੍ਹੇ ਦੇ ਵੱਖ-ਵੱਖ ਬਲਾਕਾਂ ਵਿੱਚ ਮਨਾਇਆ ਜਾਵੇਗਾ। 22 ਅਪ੍ਰੈਲ ਤੋਂ 5 ਮਈ ਤੱਕ ਪੰਦਰਵਾੜੇ ਦੇ ਰੂਪ ਵਿੱਚ ਜ਼ਿਲ੍ਹੇ ਵਿੱਚ ਵੱਖ-ਵੱਖ ਥਾਵਾਂ 'ਤੇ ਸਿਧਾਂਤਕ ਸਕੂਲ ਲਗਾ ਕੇ ਲੋਕਾਂ ਨੂੰ ਲੈਨਿਨ ਤੇ

• ਬਾਕੀ ਸਫਾ 2 'ਤੇ

## ਨਗਰ ਨਿਗਮ ਚੋਣਾਂ ਨੂੰ ਲੈ ਕੇ ਭਾਜਪਾ ਦੀ ਵਿਸ਼ੇਸ਼ ਮੀਟਿੰਗ



**ਮੋਗਾ (ਇਕਬਾਲ ਸਿੰਘ ਖਹਿਰਾ)**-ਨਗਰ ਨਿਗਮ ਚੋਣਾਂ ਨੂੰ ਲੈ ਕੇ ਭਾਜਪਾ ਨੇ ਆਪਣੀਆਂ ਤਿਆਰੀਆਂ ਤੇਜ਼ ਕਰ ਦਿੱਤੀਆਂ ਹਨ।ਪਾਰਟੀ ਨੇ ਸਾਬਕਾ ਜ਼ਿਲ੍ਹਾ ਪ੍ਰਧਾਨ ਤੇ ਪ੍ਰਵਕਤਾ ਰਾਕੇਸ਼ ਸ਼ਰਮਾ ਨੂੰ ਨਿਗਮ ਚੋਣਾਂ ਦਾ ਕੋਆਰਡੀਨੇਟਰ ਨਿਯੁਕਤ ਕੀਤਾ ਹੈ, ਜਿਸ ਨਾਲ ਚੋਣੀ ਗਤੀਵਿਧੀਆਂ ਵਿੱਚ ਤੇਜ਼ੀ ਆਉਣ ਦੀ ਉਮੀਦ ਹੈ।ਚੋਣ ਪ੍ਰਬੰਧਨ ਨੂੰ ਲੈ ਕੇ ਜ਼ਿਲ੍ਹਾ ਪ੍ਰਧਾਨ ਡਾ. ਹਰਜੋਤ ਕਮਲ ਦੀ ਅਗਵਾਈ ਹੇਠ ਇੱਕ ਮਹੱਤਵਪੂਰਨ ਮੀਟਿੰਗ ਕੀਤੀ ਗਈ।ਮੀਟਿੰਗ ਵਿੱਚ ਫੈਸਲਾ ਲਿਆ ਗਿਆ ਕਿ ਨਗਰ ਨਿਗਮ ਚੋਣ ਲੜਨ ਦੇ ਇੱਛੁਕ ਉਮੀਦਵਾਰਾਂ ਤੋਂ 20 ਅਪ੍ਰੈਲ ਸ਼ਾਮ ਤੱਕ ਅਰਜ਼ੀਆਂ ਮੰਗੀਆਂ ਗਈਆਂ ਹਨ।ਡਾ. ਹਰਜੋਤ ਕਮਲ ਨੇ ਦੱਸਿਆ ਕਿ ਪਹਿਲਾਂ ਵੀ ਕਈ ਸੰਭਾਵਿਤ ਉਮੀਦਵਾਰਾਂ ਨੇ ਅਰਜ਼ੀਆਂ ਦਿੱਤੀਆਂ ਸਨ, ਪਰ ਹੁਣ ਵਾਰਡਾਂ ਵਿੱਚ ਨਵੇਂ ਸਿਰੇ ਨਾਲ ਰਿਜ਼ਰਵੇਸ਼ਨ ਲਾਗੂ ਹੋਣ ਕਾਰਨ ਪਾਰਟੀ ਨੇ ਦੁਬਾਰਾ ਅਰਜ਼ੀ ਪ੍ਰਕਿਰਿਆ ਸ਼ੁਰੂ ਕੀਤੀ ਹੈ।ਇਸ ਨਾਲ ਰਿਜ਼ਰਵੇਸ਼ਨ ਦੇ ਅਨੁਸਾਰ ਉਚਿਤ ਉਮੀਦਵਾਰਾਂ ਦੀ ਚੋਣ ਕੀਤੀ ਜਾ ਸਕੇਗੀ।ਉਨ੍ਹਾਂ ਕਿਹਾ ਕਿ ਭਾਜਪਾ ਨਗਰ ਨਿਗਮ ਚੋਣਾਂ ਨੂੰ ਪੂਰੀ ਮਜ਼ਬੂਤੀ ਤੇ ਸਰਗਰਮੀ ਨਾਲ ਲੜੇਗੀ।ਪਾਰਟੀ ਦਾ ਲਕਸ਼ ਸਿਰਫ਼ ਚੋਣ ਲੜਨਾ ਹੀ ਨਹੀਂ, ਬਲਕਿ ਜਿੱਤ ਹਾਸਲ ਕਰਨਾ ਵੀ ਹੈ।ਨਗਰ ਨਿਗਮ ਚੋਣਾਂ ਲਈ ਪੰਜਾਬ ਸਰਕਾਰ ਦੇ ਸਾਬਕਾ ਸੰਸਦੀ ਸਕੱਤਰ ਤੇ ਜਲੰਧਰ ਦੇ ਭਾਜਪਾ ਨੇਤਾ ਕੇ. ਡੀ. ਭੰਡਾਰੀ ਨੂੰ ਪ੍ਰਭਾਰੀ ਤੇ ਜਤਿੰਦਰ ਮਿੱਤਲ ਨੂੰ ਸਹਿ-ਪ੍ਰਭਾਰੀ ਬਣਾਇਆ ਗਿਆ ਹੈ।ਮੀਟਿੰਗ ਵਿੱਚ ਪੰਜਾਬ ਭਾਜਪਾ ਦੇ ਸੂਬਾ ਜਨਰਲ ਸਕੱਤਰ ਅਨੀਲ ਸਰੀਨ, ਸਾਬਕਾ ਜ਼ਿਲ੍ਹਾ ਪ੍ਰਧਾਨ ਰਾਕੇਸ਼ ਸ਼ਰਮਾ, ਡਾ. ਸੀਮਾਂਤ ਗਰਗ, ਵਿਨਯ ਸ਼ਰਮਾ, ਸਾਬਕਾ ਸੀਨੀਅਰ ਡਿਪਟੀ ਮੇਅਰ ਅਨੀਲ ਬੰਸਲ ਆਦਿ ਆਗੂ ਮੌਜੂਦ ਰਹੇ।

## ਸਰਕਾਰ ਡਾ. ਅੰਬੇਡਕਰ ਦੇ ਦਰਸਾਏ ਮਾਰਗ ’ਤੇ ਚੱਲ ਰਹੀ : ਚੀਮਾ



**ਨੰਗਲ/ਭਲਾਣ (ਸੁਰਜੀਤ ਸਿੰਘ/ਹਰਜਨ ਸਿੰਘ ਢਿੱਲੋਂ)**-ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਡਾ. ਭੀਮ ਰਾਓ ਅੰਬੇਡਕਰ ਦੇ ਦਰਸਾਏ ਮਾਰਗ ’ਤੇ ਚੱਲ ਰਹੀ ਹੈ।

ਨੰਗਲ ਦੇ ਸਕੂਲ ਆਫ ਐਮੀਨੈਂਸ ਵਿੱਚ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੀ 135ਵੀਂ ਜੈਯੰਤੀ ਮੌਕੇ ਆਯੋਜਿਤ ਸਿੱਖਿਆ ਸੰਕਲਪ ਪ੍ਰੋਗਰਾਮ ਵਿੱਚ ਵਿੱਤ ਮੰਤਰੀ ਨੇ ਕਿਹਾ ਕਿ ‘ਜਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਬਿੱਲ-2026’ ’ਤੇ ਰਾਜਪਾਲ ਵੱਲੋਂ ਦਸਤਖਤ ਕਰਨ ਨਾਲ ਸ੍ਰੀ ਗੁਰੂ ਸਾਹਿਬ ਦੀ ਬੇਅਦਬੀ ਕਰਨ ਵਾਲਿਆਂ ਨੂੰ ਸਖ਼ਤ ਸਜ਼ਾ ਦੇਣ ਦਾ ਰਾਹ ਪੱਧਰਾ ਹੋ ਗਿਆ ਹੈ। ਉਨ੍ਹਾ ਕਿਹਾ ਕਿ ਗੁਰੂ ਰਵਿਦਾਸ ਬਾਣੀ ਸੈਂਟਰ ਸਥਾਪਤ ਕੀਤਾ ਜਾ ਰਿਹਾ ਹੈ, ਜਿੱਥੇ 700 ਵਿਦਿਆਰਥੀ ਸਿਖਲਾਈ ਪ੍ਰਾਪਤ ਕਰ ਸਕਣਗੇ। ਉਨ੍ਹਾ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਦਾ 650ਵਾਂ ਪਵਿੱਤਰ ਦਿਹਾੜਾ ਸੂਬੇ ਭਰ ਵਿੱਚ ਬਹੁਤ ਹੀ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਜਾਵੇਗਾ। ਸ੍ਰੀ ਅਨੰਦਪੁਰ ਸਾਹਿਬ ਪੰਜਾਬ ਦਾ ਉਹ ਹਲਕਾ ਹੈ, ਜਿੱਥੇ ਸੂਬੇ ਵਿੱਚ ਸਭ ਤੋਂ ਵੱਧ ਵਿਕਾਸ ਲਈ ਫੰਡ ਉਪਲੱਬਧ ਕਰਵਾਇਆ ਗਿਆ ਹੈ। ਚੀਮਾ ਨੇ ਕਿਹਾ ਕਿ ਸ੍ਰੀ ਅਨੰਦਪੁਰ ਸਾਹਿਬ ਹਲਕਾ ਪੰਜਾਬ ਦਾ ਤੀਜਾ ਸਭ ਤੋਂ ਵੱਧ ਗ੍ਰਾਂਟਾਂ ਲੈਣ ਵਾਲਾ ਹਲਕਾ ਹੈ, ਜਿੱਥੇ ਪੁਲ, ਸੜਕਾਂ, ਸਕੂਲ ਤੇ ਹਰ ਤਰ੍ਹਾਂ ਦੇ ਵਿਕਾਸ ਦੇ ਕੰਮ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਬਾਬਾ ਸਾਹਿਬ ਦੇ ਸਿਧਾਂਤਾਂ ’ਤੇ ਚੱਲਦਿਆਂ ਸਿੱਖਿਆ, ਸਿਹਤ ਅਤੇ ਸਮਾਜਿਕ ਨਿਆਂ ਦੇ ਖੇਤਰ ਵਿੱਚ ਵੱਡੇ ਕਦਮ ਚੁੱਕ ਰਹੀ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਦੇਸ਼ ਦਾ ਪਹਿਲਾ ਸੂਬਾ ਹੈ ਅਤੇ ਜਿੱਥੇ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਐਡਵੋਕੇਟ ਜਨਰਲ ਦਫਤਰ ਵਿੱਚ ਅਨੁਸੂਚਿਤ ਵਰਗ ਲਈ ਰਾਖਵਾਂਕਰਨ ਲਾਗੂ ਕੀਤਾ ਹੈ ਤੇ ਅੱਜ 60 ਦੇ ਕਰੀਬ ਕਾਨੂੰਨੀ ਅਧਿਕਾਰੀ ਸੇਵਾਵਾਂ ਦੇ ਰਹੇ ਹਨ।

## ਮੋਹਾਲੀ ’ਚ 9 ਮਈ ਨੂੰ ਲੱਗੇਗੀ ਕੌਮੀ ਲੋਕ ਅਦਾਲਤ

**ਮੋਹਾਲੀ** : ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਸਾਲ 2026 ਦੀ ਦੂਜੀ ਕੌਮੀ ਲੋਕ ਅਦਾਲਤ 9 ਮਈ ਨੂੰ ਮੁਹਾਲੀ ਵਿਖੇ ਲਗਾਈ ਜਾ ਰਹੀ ਹੈ। ਇਸ ਸੰਬੰਧੀ ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਪਰਸਨ ਅਤੁਲ ਕਸਾਨਾ ਨੇ ਕੇਂਦਰ ਅਤੇ ਪੰਜਾਬ ਸਰਕਾਰ ਦੇ ਵੱਖ-ਵੱਖ ਵਿਭਾਗਾਂ, ਬੈਂਕਾਂ, ਬੀਮਾ ਕੰਪਨੀਆਂ ਅਤੇ ਬੀ ਐੱਸ ਐੱਨ ਐੱਲ ਦੇ ਅਧਿਕਾਰੀਆਂ ਨਾਲ ਅਹਿਮ ਮੀਟਿੰਗਾਂ ਦਾ ਸਿਲਸਿਲਾ ਸ਼ੁਰੂ ਕਰ ਦਿੱਤਾ ਹੈ ਤਾਂ ਜੋ ਵੱਧ ਤੋਂ ਵੱਧ ਕੇਸਾਂ ਦਾ ਨਿਬੇੜਾ ਕੀਤਾ ਜਾ ਸਕੇ।

ਇਸ ਲੋਕ ਅਦਾਲਤ ਵਿੱਚ ਕਈ ਤਰ੍ਹਾਂ ਦੇ ਮਾਮਲੇ ਵਿਚਾਰੇ ਜਾਣਗੇ, ਜਿਨ੍ਹਾਂ ਵਿੱਚ ਚੈੱਕ ਬਾਊਂਸ (ਧਾਰਾ 138), ਬੈਂਕ ਰਿਕਵਰੀ, ਐੱਮ ਏ ਸੀ ਟੀ (ਸੜਕ ਹਾਦਸੇ ਦੇ ਮੁਆਵਜ਼ੇ), ਵਿਆਹੁਤਾ ਝਗੜੇ, ਲੇਬਰ ਵਿਵਾਦ, ਜ਼ਮੀਨ ਪ੍ਰਾਪਤੀ ਦੇ ਮਾਮਲੇ ਅਤੇ ਬਿਜਲੀ ਤੇ ਪਾਣੀ ਦੇ ਬਿੱਲਾਂ ਨਾਲ ਸੰਬੰਧਤ ਵਿਵਾਦ ਸ਼ਾਮਲ ਹਨ। ਇਸ ਤੋਂ ਇਲਾਵਾ ਸੇਵਾ ਮਾਮਲੇ, ਤਨਖਾਹ-ਭੱਤਿਆਂ ਅਤੇ ਪੈਨਸ਼ਨ ਸੰਬੰਧੀ ਕੇਸਾਂ ਦੀ ਵੀ ਸੁਣਵਾਈ ਹੋਵੇਗੀ।

## ਗੁਰਪ੍ਰੀਤ ਸੇਖੋਂ ਨੇ ਮੰਡੀ ਦਾ ਦੌਰਾ ਕਰ ਕਿਸਾਨਾਂ ਦੀਆਂ ਸੁਣੀਆਂ ਸਮੱਸਿਆਵਾਂ

### ਮਜ਼ਦੂਰਾਂ ਨੂੰ ਓਡੋਮਾਸ, ਮੱਛਰਦਾਨੀਆਂ ਤੇ ਬੈਟਰੀਆਂ ਵੰਡੀਆਂ



**ਮੱਖੂ (ਫਰਪਾਲ ਸਿੰਘ ਸੰਧੂ)**-ਉੱਘੇ ਸਮਾਜ ਸੇਵੀ ਤੇ ਵਿਧਾਨ ਸਭਾ ਹਲਕਾ ਜ਼ੀਰਾ ਤੋਂ ਵਿਧਾਨ ਸਭਾ ਦੀਆਂ ਚੋਣਾਂ ਲੜਨ ਦੀ ਦਾਅਵੇਦਾਰੀ ਕਰਨ ਵਾਲੇ ਗੁਰਪ੍ਰੀਤ ਸਿੰਘ ਸੇਖੋਂ ਵੱਲੋਂ ਦਾਣਾ ਮੰਡੀ ਮੱਖੂ ਦਾ ਦੌਰਾ ਕਰਕੇ ਕਿਸਾਨਾਂ ਦੀਆਂ ਸਮੱਸਿਆਵਾਂ ਦਾ ਜਾਇਜ਼ਾ ਲਿਆ।ਇਸ ਮੌਕੇ ਗੁਰਪ੍ਰੀਤ ਸਿੰਘ ਸੇਖੋਂ ਵੱਲੋਂ ਦਾਣਾ ਮੰਡੀ ਵਿੱਚ ਆਪਣੀ ਕਣਕ ਦੀ ਫ਼ਸਲ ਲੈ ਕੇ ਦਾਣਾ ਮੰਡੀ ਮੱਖੂ ਵਿਖੇ ਪਹੁੰਚੇ ਹੋਏ ਕਿਸਾਨਾਂ ਤੇ ਖਾਸ ਕਰਕੇ ਦਾਣਾ ਮੰਡੀ ਵਿੱਚ ਕੰਮ ਕਰਦੇ ਮਜ਼ਦੂਰਾਂ ਨੂੰ ਓਡੋਮਾਸ, ਮੱਛਰਦਾਨੀਆਂ ਤੇ ਬੈਟਰੀਆਂ ਵੰਡੀਆਂ ਗਈਆਂ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਗੁਰਪ੍ਰੀਤ ਸਿੰਘ ਸੇਖੋਂ ਨੇ ਕਿਹਾ ਕਿ ਮੰਡੀਆਂ ਵਿੱਚ ਕਣਕ ਦੀ ਫ਼ਸਲ ਦੀ ਖਰੀਦ ਵਿੱਚ ਹੋਈ ਦੇਰੀ ਕਾਰਨ ਕਿਸਾਨਾਂ, ਮਜ਼ਦੂਰਾਂ ਤੇ ਆੜ੍ਹਤੀਆਂ ਨੂੰ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਗਰਮੀ ਦੇ ਮੌਸਮ ਕਾਰਨ ਮੰਡੀਆਂ ਵਿੱਚ ਮੱਛਰਾਂ ਦੀ ਭਰਮਾਰ ਹੋਣ ਕਾਰਨ ਮੰਡੀਆਂ ਵਿੱਚ ਕੰਮ ਕਰਦੇ ਮਜ਼ਦੂਰਾਂ ਤੇ ਕਣਕ ਦੀ ਫ਼ਸਲ ਲੈ ਕੇ ਮੰਡੀਆਂ ਵਿੱਚ ਪਹੁੰਚੇ ਹੋਏ ਕਿਸਾਨਾਂ ਨੂੰ ਮੱਛਰਾਂ ਦੀ ਭਰਮਾਰ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਇਨ੍ਹਾਂ ਮੱਛਰਾਂ ਦੀ ਭਰਮਾਰ ਕਾਰਨ ਕਈ ਤਰ੍ਹਾਂ ਦੀਆਂ ਬਿਮਾਰੀਆਂ ਫੈਲ ਸਕਦੀਆਂ ਹਨ।

## ਡੀ ਏ ਵੀ ਸੈਂਟੇਨਰੀ ਪਬਲਿਕ ਸਕੂਲ ਨੇ ਦਸਵੀਂ ਦੀ ਪ੍ਰੀਖਿਆ ’ਚ ਮਾਰੀਆਂ ਮੱਲਾਂ

### ਕੁਨਾਲ ਸਿੰਗਲਾ ਨੇ ਸਕੂਲ ’ਚੋਂ ਪਹਿਲਾ ਸਥਾਨ ਪ੍ਰਾਪਤ ਕੀਤਾ




**ਮਾਲੇਰਕੋਟਲਾ (ਅਸਗਰ ਪਰਿਹਾਰ)**-ਡੀ ਏ ਵੀ ਸੈਂਟੇਨਰੀ ਪਬਲਿਕ ਸਕੂਲ ਮਾਲੇਰਕੋਟਲਾ ਨੇ ਇੱਕ ਵਾਰ ਫਿਰ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸੀਬੀਐੱਸਈ ਦਸਵੀਂ ਜਮਾਤ ਦੇ ਬੋਰਡ ਪ੍ਰੀਖਿਆ ਨਤੀਜਿਆਂ ਵਿੱਚ ਮਾਣ ਪ੍ਰਾਪਤ ਕੀਤਾ ਹੈ।ਸਕੂਲ ਵਿੱਚੋਂ ਪਹਿਲਾ ਸਥਾਨ ਕੁਨਾਲ ਸਿੰਗਲਾ ਨੇ 98.4 ਫੀਸਦੀ ਅੰਕ ਪ੍ਰਾਪਤ ਕਰਕੇ ਹਾਸਲ ਕੀਤਾ।ਮਹਿਕ ਤੇ ਗੁਰਸੀਸ ਕੌਰ ਨੇ 94.8 ਫੀਸਦੀ ਅੰਕਾਂ ਨਾਲ ਸਾਂਝੇ ਤੌਰ ’ਤੇ ਦੂਜਾ ਸਥਾਨ, ਸਾਰਾ ਫਾਰੂਕੀ ਨੇ 93.8 ਫੀਸਦੀ, ਤਨੁਸ਼ ਪਰਾਸ਼ਰ ਨੇ 93.2 ਫੀਸਦੀ, ਡੇਲੀਸ਼ਾ ਨੇ 91.4 ਫੀਸਦੀ, ਕੇਸ਼ਵ ਰਿਖੀ ਨੇ 91.2 ਫੀਸਦੀ, ਅੰਮਾਰ ਚੌਹਾਨ ਨੇ 89 ਫੀਸਦੀ, ਮੰਨਤ ਰਤੋਲ ਨੇ 88.8 ਫੀਸਦੀ ਤੇ ਆਯੁਸ਼ ਗੋਇਲ ਨੇ 88 ਫੀਸਦੀ ਅੰਕ ਪ੍ਰਾਪਤ ਕੀਤੇ।ਸਕੂਲ ਦੇ ਪ੍ਰਿੰਸੀਪਲ, ਸਟਾਫ ਮੈਂਬਰਾਂ ਤੇ ਪ੍ਰਬੰਧਕ ਕਮੇਟੀ ਨੇ ਇਸ ਸ਼ਾਨਦਾਰ ਸਫਲਤਾ ਲਈ ਵਿਦਿਆਰਥੀਆਂ, ਮਾਪਿਆਂ ਤੇ ਅਧਿਆਪਕਾਂ ਨੂੰ ਵਧਾਈ ਦਿੱਤੀ।ਉਨ੍ਹਾਂ ਕਿਹਾ ਕਿ ਇਹ ਨਤੀਜੇ ਵਿਦਿਆਰਥੀਆਂ ਦੀ ਮਿਹਨਤ, ਅਧਿਆਪਕਾਂ ਦੀ ਲਗਨ ਤੇ ਮਾਪਿਆਂ ਦੇ ਸਹਿਯੋਗ ਦਾ ਨਤੀਜਾ ਹਨ। ਉਨ੍ਹਾਂ ਭਵਿੱਖ ਵਿੱਚ ਵੀ ਸਕੂਲ ਵੱਲੋਂ ਹੋਰ ਉਚਾਈਆਂ ਛੂਹਣ ਦਾ ਵਿਸ਼ਵਾਸ ਜਤਾਇਆ।

## ਅਧਿਆਪਕਾ ਨਾਲ ਅਸ਼ਲੀਲ ਹਰਕਤਾਂ ਕਰਨ ਵਾਲੇ ਅਧਿਆਪਕ ਖਿਲਾਫ ਕੇਸ ਦਰਜ

**ਬਠਿੰਡਾ (ਪਰਵਿੰਦਰਜੀਤ ਸਿੰਘ)**-ਮੌੜ ਮੰਡੀ ਦੇ ਇੱਕ ਸਕੂਲ ਵਿੱਚ ਤਾਇਨਾਤ ਮਹਿਲਾ ਅਧਿਆਪਕ ਨਾਲ ਉਸ ਦੇ ਹੀ ਸਾਥੀ ਅਧਿਆਪਕ ਵੱਲੋਂ ਅਸ਼ਲੀਲ ਹਰਕਤਾਂ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ।ਪੀੜਤਾ ਵੱਲੋਂ ਦਿੱਤੀ ਸ਼ਿਕਾਇਤ ਦੇ ਆਧਾਰ ’ਤੇ ਥਾਣਾ ਮੌੜ ਦੀ ਪੁਲਸ ਨੇ ਅਧਿਆਪਕ ਪ੍ਰਵੀਨ ਕੁਮਾਰ ਵਿਰੁੱਧ ਸੰਗੀਨ ਧਾਰਾਵਾਂ ਤਹਿਤ ਕੇਸ ਦਰਜ ਕਰ ਲਿਆ ਹੈ।ਇਹ ਘਟਨਾ ਉਸ ਵੇਲੇ ਵਾਪਰੀ ਜਦੋਂ ਸਕੂਲ ਵਿੱਚ ਡਿਊਟੀ ਦੌਰਾਨ ਹੀ ਮੁਲਜ਼ਮ ਨੇ ਆਪਣੀ ਹੱਦ ਪਾਰ ਕਰਦਿਆਂ ਪੀੜਤਾ ਨੂੰ ਨਿਸ਼ਾਨਾ ਬਣਾਇਆ।ਸਥਾਨਕ ਸ਼ਹਿਰ ਦੀ ਰਹਿਣ ਵਾਲੀ ਪੀੜਤ ਅਧਿਆਪਕਾ ਨੇ ਪੁਲਸ ਨੂੰ ਦੱਸਿਆ ਕਿ ਉਹ ਮੌੜ ਮੰਡੀ ਦੇ ਇੱਕ ਸਕੂਲ ਵਿੱਚ ਪੜ੍ਹਾਉਂਦੀ ਹੈ।ਸਕੂਲ ਵਿੱਚ ਚੱਲ ਰਹੇ ਲੱਕੜ ਦੇ ਕੰਮ ਦੀ ਨਿਗਰਾਨੀ ਲਈ ਬਣੀ ਕਮੇਟੀ ਵਿੱਚ ਉਹ ਤੇ ਮੁਲਜ਼ਮ ਅਧਿਆਪਕ ਪ੍ਰਵੀਨ ਕੁਮਾਰ ਮੈਂਬਰ ਸਨ।ਲੱਕੜ ਦੀ ਕੁਆਲਿਟੀ ਦਿਖਾਉਣ ਦੇ ਬਹਾਨੇ ਪ੍ਰਵੀਨ ਕੁਮਾਰ ਉਸ ਨੂੰ ਸਕੂਲ ਦੇ ਹੀ ਇੱਕ ਕਮਰੇ ਵਿੱਚ ਲੈ ਗਿਆ, ਜਿੱਥੇ ਉਸ ਨੇ ਮਹਿਲਾ ਅਧਿਆਪਕ ਨਾਲ ਜ਼ਬਰਦਸਤੀ ਕਰਦਿਆਂ ਅਸ਼ਲੀਲ ਹਰਕਤਾਂ ਕੀਤੀਆਂ। ?ਪੀੜਤਾ ਮੁਤਾਬਕ ਉਸ ਨੇ ਬੜੀ ਮੁਸ਼ਕਲ ਨਾਲ ਉੱਥੋਂ ਨਿਕਲ ਕੇ ਆਪਣੀ ਜਾਨ ਬਚਾਈ ਤੇ ਦੂਜੀਆਂ ਸਾਥੀ ਅਧਿਆਪਕਾਵਾਂ ਨੂੰ ਜਾਣਕਾਰੀ ਦਿੱਤੀ।ਘਰ ਪਹੁੰਚ ਕੇ ਆਪਣੇ ਪਤੀ ਨੂੰ ਹੱਡਬੀਤੀ ਸੁਣਾਉਣ ਤੋਂ ਬਾਅਦ ਪੁਲਸ ਕੋਲ ਸ਼ਿਕਾਇਤ ਦਰਜ ਕਰਵਾਈ ਗਈ।ਪੁਲਸ ਨੇ ਮੁਲਜ਼ਮ ਪ੍ਰਵੀਨ ਕੁਮਾਰ ’ਤੇ ਧਾਰਾ 74, 75 ਤੇ 351(1) ਬੀ ਐੱਨ ਐੱਸ ਤਹਿਤ ਪਰਚਾ ਦਰਜ ਕਰਕੇ ਅਗਲੇਰੀ ਤਫ਼ਤੀਸ਼ ਸ਼ੁਰੂ ਕਰ ਦਿੱਤੀ ਹੈ।

## ਖਾਲਸਾ ਸਾਜਨਾ ਦਿਵਸ ਨੂੰ ਸਮਰਪਤ ਗੁਰੂਸਰ ਵਿਖੇ ਗੱਤਕਾ ਮੁਕਾਬਲੇ

### ਨੌਜਵਾਨ ਪੀੜ੍ਹੀ ਨੂੰ ਬਾਣੀ ਤੇ ਬਾਣੇ ਨਾਲ ਜੋੜਨਾ ਹੀ ਮੁੱਖ ਮਕਸਦ : ਗਰੇਵਾਲ



**ਜਗਰਾਉਂ (ਸੰਜੀਵ ਅਰੋੜਾ)**-ਖਾਲਸੇ ਦੇ ਸਾਜਨਾ ਦਿਵਸ ਨੂੰ ਸਮਰਪਿਤ ਵਿਸ਼ਵ ਭਰ ’ਚ ਵੱਡੇ ਪ੍ਰੋਗਰਾਮ ਉਲੀਕੇ ਜਾਂਦੇ ਹਨ, ਧਾਰਮਿਕ ਸਮਾਗਮਾਂ ਤੋਂ ਇਲਾਵਾ ਨਗਰ ਕੀਰਤਨਾਂ ’ਚ ਲੱਖਾਂ ਸੰਗਤਾਂ ਖਾਲਸਾਈ ਜਾਹੋ ਜਲਾਅ ਦੇ ਦਰਸ਼ਨ ਕਰਦੀਆਂ ਹਨ। ਇਸ ਸਮੇਂ ਗੁਰੂ ਸਾਹਿਬ ਵੱਲੋਂ ਬਖਸ਼ੀ ਜੰਗਜੂ ਵਿਰਾਸਤ ਦੀ ਖੇਡ ਗੱਤਕਾ ਮੁਕਾਬਲੇ ਵੀ ਕਰਵਾਏ ਜਾਂਦੇ ਹਨ। ਇਸੇ ਲੜੀ ਤਹਿਤ ਗੁਰਦੁਆਰਾ ਗੁਰੂਸਰ ਕਾਉਕੇ ਵਿਖੇ ਗੱਤਕਾ ਮੁਕਾਬਲੇ ਕਰਵਾਏ ਗਏ, ਜਿਸ ਵਿੱਚ ਇਲਾਕੇ ਭਰ ਤੋਂ ਗੱਤਕਾ ਅਖਾੜਿਆਂ ਨੇ ਭਾਗ ਲਿਆ, ਜਿਸ ’ਚ ਪਹਿਲੇ, ਦੂਜੇ, ਤੀਜੇ ਨੰਬਰ ’ਤੇ ਆਉਣ ਵਾਲੇ ਨੌਜਵਾਨਾਂ ਨੂੰ ਵਿਸ਼ੇਸ਼ ਇਨਾਮ ਦੇ ਕੇ ਸਨਮਾਨਤ ਕੀਤਾ ਗਿਆ। ਹਲਕਾ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ ਨੇ ਇਸ ਮੌਕੇ ਸੰਗਤਾਂ ਨੂੰ ਸੰਬੋਧਨ ਹੁੰਦਿਆਂ ਜਿੱਥੇ ਐੱਸਜੀਪੀਸੀ ਵੱਲੋਂ ਗੱਤਕਾ ਵਿੰਗ ਦੀਆਂ ਕੀਤੀਆਂ ਜਾ ਰਹੀਆਂ ਪ੍ਰਾਪਤੀਆਂ ਦਾ ਜ਼ਿਕਰ ਕੀਤਾ, ਉੱਥੇ ਨੌਜਵਾਨ ਪੀੜ੍ਹੀ ਨੂੰ ਬਾਣੀ ਤੇ ਬਾਣੇ ਨਾਲ ਜੋੜਨ ਦੇ ਵੱਡੇ ਉਪਰਾਲਿਆਂ ਦੀ ਸ਼ਲਾਘਾ ਕੀਤੀ। ਭਾਈ ਗਰੇਵਾਲ ਨੇ ਐੱਸਜੀਪੀਸੀ ਵੱਲੋਂ ਬੱਚਿਆਂ ਲਈ ਕੀਤੇ ਜਾ ਰਹੇ ਵੱਡੇ ਉਪਰਾਲਿਆਂ ਦੀ ਜਾਣਕਾਰੀ ਸੰਗਤ ਨੂੰ ਮੁਹੱਈਆ ਕਰਵਾਈ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਬੱਚਿਆਂ ਨੂੰ ਉੱਚ ਵਿੱਦਿਆ ਦੇ ਮਿਆਰ ਲਈ ਕੀਤੇ ਜਾਂਦੇ ਉਪਰਾਲਿਆਂ ਦਾ ਵੀ ਜ਼ਿਕਰ ਕੀਤਾ। ਇਸ ਮੌਕੇ ਜਿੱਥੇ ਸਥਾਨਕ ਐੱਸਜੀਪੀਸੀ ਦੇ ਪ੍ਰਬੰਧਕ ਮੈਨੇਜਰ ਗੁਰਪ੍ਰੀਤ ਸਿੰਘ ਦੀ ਕਾਰਜ ਦੀ ਸ਼ਲਾਘਾ ਕੀਤੀ, ਉੱਥੇ ਗੱਤਕਾ ਇੰਚਾਰਜ ਭਾਈ ਗੁਰਪ੍ਰੀਤ ਸਿੰਘ, ਭਾਈ ਸਰਪ੍ਰੀਤ ਸਿੰਘ, ਕੋਚ ਭਾਈ ਤਲਵਿੰਦਰ ਸਿੰਘ, ਭਾਈ ਹਰਜਿੰਦਰ ਸਿੰਘ, ਭਾਈ ਮੰਗਲ ਸਿੰਘ ਤੇ ਭਾਈ ਮਨਦੀਪ ਸਿੰਘ ਦਾ ਵੀ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਸਮੇਂ ਸ਼ਾਮਲ ਗੱਤਕਾ ਅਖਾੜਿਆਂ ਨੂੰ ਵੀ ਭਾਈ ਗਰੇਵਾਲ ਵੱਲੋਂ ਸਨਮਾਨਤ ਕੀਤਾ ਗਿਆ।

## ਮੱਖਣ ਬਰਾੜ ਦੀ ਅਗਵਾਈ ਹੇਠ ਹਲਕੇ ’ਚ ਪਾਰਟੀ ਮਜ਼ਬੂਤ ਹੋਵੇਗੀ : ਸਿੱਧੂ, ਔਜਲਾ



**ਕੋਟ ਈਸੇ ਖਾਂ (ਅਰੋੜਾ)**-ਸਾਬਕਾ ਕੈਬਨਿਟ ਮੰਤਰੀ ਤੇ ਸਾਬਕਾ ਵਿਧਾਇਕ ਸਵ: ਜਥੇਦਾਰ ਤੋਤਾ ਸਿੰਘ ਦੇ ਸਪੁੱਤਰ ਬਰਜਿੰਦਰ ਸਿੰਘ ਮੱਖਣ ਬਰਾੜ ਸਾਬਕਾ ਚੇਅਰਮੈਨ ਹੈਲਥ ਕਾਰਪੋਰੇਸ਼ਨ ਦੇ ਸ਼੍ਰੋਮਣੀ ਅਕਾਲੀ ਦਲ ਵਿੱਚ ਘਰ ਵਾਪਸੀ ਕਰਨ ਤੋਂ ਬਾਅਦ ਸਮੂਹ ਅਕਾਲੀ ਆਗੂਆਂ ਤੇ ਵਰਕਰਾਂ ਵਿੱਚ ਬਹੁਤ ਜੋਸ਼ ਭਰ ਗਿਆ ਹੈ ਤੇ ਇਸ ਨਾਲ ਹਲਕੇ ਅੰਦਰ ਅਕਾਲੀ ਦਲ ਨੂੰ ਹੋਰ ਵੀ ਮਜ਼ਬੂਤੀ ਮਿਲੇਗੀ, ਕਿਉਕਿ ਸਵ: ਜਥੇਦਾਰ ਤੋਤਾ ਸਿੰਘ ਵੱਲੋਂ ਹਲਕਾ ਧਰਮਕੋਟ ਨੂੰ ਬਹੁਤ ਵੱਡੀ ਦੇਣ ਹੈ।ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਹਲਕਾ ਧਰਮਕੋਟ ਤੋਂ ਸੀਨੀਅਰ ਅਕਾਲੀ ਆਗੂ ਗੁਰਮੇਲ ਸਿੰਘ ਸਿੱਧੂ ਤੇ ਧਰਮਕੋਟ ਤੋਂ ਸ਼ਹਿਰੀ ਪ੍ਰਧਾਨ ਰਣਜੀਤ ਸਿੰਘ ਔਜਲਾ ਨੇ ਪ੍ਰੈੱਸ ਨਾਲ ਸਾਂਝਾ ਕੀਤਾ।ਆਗੂਆਂ ਨੇ ਕਿਹਾ ਕਿ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਬਰਜਿੰਦਰ ਸਿੰਘ ਮੱਖਣ ਬਰਾੜ ਨਾਲ ਲੋਕ ਚਟਾਂਨ ਵਾਂਗ ਖੜੇ ਹਨ ਤੇ ਹਲਕੇ ਅੰਦਰ ਅਕਾਲੀ ਦਲ ਨੂੰ ਬਹੁਤ ਬਲ ਮਿਲੇਗਾ ਤੇ ਅਕਾਲੀ ਦਲ ਹੋਰ ਵੀ ਮਜ਼ਬੂਤ ਹੋਵੇਗਾ।ਉਨ੍ਹਾ ਕਿਹਾ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਅਕਾਲੀ ਦਲ ਦੀ ਸਰਕਾਰ ਬਣੇਗੀ, ਕਿਉਂਕਿ ਲੋਕ ਹੁਣ ਸੱਤਾਧਾਰੀ ਪਾਰਟੀਆਂ ਤੋਂ ਤੰਗ ਆ ਚੁੱਕੇ ਹਨ ਤੇ ਅਕਾਲੀ ਦਲ ਸਰਕਾਰ ਵੱਲੋਂ ਕੀਤੇ ਵਿਕਾਸ ਕੰਮਾਂ ਤੇ ਲੋਕ ਭਲਾਈ ਕੰਮਾਂ ਨੂੰ ਲੋਕ ਯਾਦ ਕਰ ਰਹੇ ਹਨ।ਉਨ੍ਹਾ ਕਿਹਾ ਕਿ ਹਲਕਾ ਧਰਮਕੋਟ ਤੋਂ ਵੀ ਅਕਾਲੀ ਦਲ ਦੀ ਸਮੁੱਚੀ ਲੀਡਰਸ਼ਿਪ ਮੱਖਣ ਬਰਾੜ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੀ ਹੈ ਤੇ ਪਾਰਟੀ ਦੀ ਮਜ਼ਬੂਤੀ ਲਈ ਦਿਨ-ਰਾਤ ਮਿਹਨਤ ਕਰਨਗੇ।

## ਹੋਲੀ ਹਾਰਟ ’ਚ ਨੰਨ੍ਹੇ ਬੱਚਿਆਂ ਦੀਆਂ ਗਤੀਵਿਧੀਆਂ ਕਰਵਾਈਆਂ



**ਅਜੀਤਵਾਲ (ਨਛੱਤਰ ਸੰਧੂ)**-ਇਲਾਕੇ ਦੀ ਪ੍ਰਸਿੱਧ ਵਿੱਦਿਅਕ ਸੰਸਥਾ ਹੋਲੀ ਹਾਰਟ ਸਕੂਲ ਅਜੀਤਵਾਲ ਵਿਖੇ ਨੰਨ੍ਹੇ ਮੁੰਨੇ ਬੱਚਿਆਂ ਦੇ ਚਿਹਰਿਆਂ ’ਤੇ ਖਿੜੀਆਂ ਮੁਸਕਾਨਾਂ ਨੇ ਪੂਰੇ ਸਕੂਲ ਕੈਂਪਸ ਨੂੰ ਖੁਸ਼ੀ ਤੇ ਉਤਸ਼ਾਹ ਨਾਲ ਭਰ ਦਿੱਤਾ।ਸੁਹਾਵਣੇ ਮਾਹੌਲ ਵਿੱਚ ਬੱਚਿਆਂ ਨੇ ਆਪਣੇ ਦੋਸਤਾਂ ਨਾਲ ਮਿਲ ਕੇ ਬਹੁਤ ਹੀ ਪਿਆਰੇ ਤੇ ਯਾਦਗਾਰ ਪਲ ਬਿਤਾਏ।ਇਸ ਦੌਰਾਨ ਬੱਚਿਆਂ ਨੇ ਇਕੱਠੇ ਹੋ ਕੇ ਮਿੱਤਰਤਾ ਤੇ ਏਕਤਾ ਦਾ ਸੁਨੇਹਾ ਦਿੱਤਾ।ਉਨ੍ਹਾਂ ਨੇ ਖੁਸ਼ੀ-ਖੁਸ਼ੀ ਤਸਵੀਰਾਂ ਲਈ ਪੋਜ਼ ਦਿੱਤੇ ਤੇ ਆਪਣੇ ਨੰਨ੍ਹੇ-ਨੰਨ੍ਹੇ ਹੱਥਾਂ ਨਾਲ ‘ਵੀ’ ਸਾਈਨ ਬਣਾ ਕੇ ਆਪਣੀ ਖੁਸ਼ੀ ਦਾ ਪ੍ਰਗਟਾਵਾ ਕੀਤਾ।ਸਕੂਲ ਚੇਅਰਮੈਨ ਸੁਭਾਸ਼ ਪਲਤਾ, ਡਾਇਰੈਕਟਰ ਅਮਿਤ ਪਲਤਾ, ਸ੍ਰੀਆ ਪਲਤਾ ਨੇ ਆਪਣੇ ਸੰਦੇਸ਼ ਵਿੱਚ ਕਿਹਾ ਕਿ ਬੱਚਿਆਂ ਦੀ ਖੁਸ਼ੀ ਹੀ ਸਕੂਲ ਦੀ ਅਸਲ ਪਛਾਣ ਹੈ।ਉਨ੍ਹਾਂ ਕਿਹਾ ਕਿ ਨੰਨ੍ਹੇ ਬੱਚਿਆਂ ਦੇ ਚਿਹਰਿਆਂ ’ਤੇ ਖਿੜੀ ਮੁਸਕਾਨ ਦੇਖਣਾ ਸਭ ਤੋਂ ਵੱਡੀ ਕਾਮਯਾਬੀ ਹੈ ਤੇ ਇਸ ਤਰ੍ਹਾਂ ਦੇ ਮੌਕੇ ਅੱਗੇ ਵੀ ਬਣਾਏ ਜਾਂਦੇ ਰਹਿਣਗੇ, ਤਾਂ ਜੋ ਬੱਚਿਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੁਸ਼ਗਵਾਰ ਮਾਹੌਲ ਵੀ ਮਿਲਦਾ ਰਹੇ।ਸਕੂਲ ਪ੍ਰਿੰਸੀਪਲ ਸ਼ਾਕਸ਼ੀ ਗੁਲੇਰੀਆ ਨੇ ਕਿਹਾ ਕਿ ਇਸ ਮੌਕੇ ਸਕੂਲ ਵਿੱਚ ਖੁਸ਼ੀ, ਪਿਆਰ ਤੇ ਏਕਤਾ ਦਾ ਸੁੰਦਰ ਮਾਹੌਲ ਦੇਖਣ ਨੂੰ ਮਿਲਿਆ, ਜਿਸ ਨੇ ਸਾਬਿਤ ਕਰ ਦਿੱਤਾ ਕਿ ਸਿੱਖਿਆ ਦੇ ਨਾਲ-ਨਾਲ ਬੱਚਿਆਂ ਦੀ ਖੁਸ਼ੀ ਤੇ ਮਨੋਰੰਜਨ ਵੀ ਉਨ੍ਹਾਂ ਦੇ ਸਰਵਾਂਗੀਣ ਵਿਕਾਸ ਲਈ ਬਹੁਤ ਜ਼ਰੂਰੀ ਹੈ।

## ਬੇਅਦਬੀ ਵਾਲਾ ਕਾਨੂੰਨ ਬਣਾਉਣ ਲਈ ‘ਆਪ’ ਦੀ ਭਗਵੰਤ ਮਾਨ ਸਰਕਾਰ ਵਧਾਈ ਦੀ ਪਾਤਰ : ਇੰਦਰਜੀਤ ਸੰਧੂ



**ਸਨੌਰ/ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਵਿੱਚ ਪਵਿੱਤਰ ਗ੍ਰੰਥਾਂ ਦੀ ਬੇਅਦਬੀ ਵਿਰੁੱਧ ਲਿਆਂਦਾ ਗਿਆ ਬਿੱਲ ਹੁਣ ਕਾਨੂੰਨ ਦਾ ਰੂਪ ਧਾਰ ਚੁੱਕਾ ਹੈ।ਮਾਨਯੋਗ ਰਾਜਪਾਲ ਵੱਲੋਂ ਮਨਜ਼ੂਰੀ ਮਿਲਣ ਤੋਂ ਬਾਅਦ ਇਹ ਕਾਨੂੰਨ ਲਾਗੂ ਹੋ ਗਿਆ ਹੈ, ਜਿਸ ਨੂੰ ਧਾਰਮਿਕ ਆਸਥਾ ਤੇ ਮਰਿਆਦਾ ਦੀ ਰੱਖਿਆ ਵੱਲ ਇਕ ਅਹਿਮ ਤੇ ਇਤਿਹਾਸਕ ਕਦਮ ਵਜੋਂ ਦੇਖਿਆ ਜਾ ਰਿਹਾ ਹੈ।ਇਸ ਸਬੰਧੀ ਗੱਲਬਾਤ ਕਰਦਿਆਂ ਹਲਕਾ ਸਨੌਰ ਤੋਂ ਸੀਨੀਅਰ ‘ਆਪ’ ਆਗੂ ਇੰਦਰਜੀਤ ਸਿੰਘ ਸੰਧੂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਵਿਧਾਨ ਸਭਾ ਵਿੱਚ ਪੇਸ਼ ਕੀਤਾ ਗਿਆ ਇਹ ਬਿੱਲ ਹੁਣ ਕਾਨੂੰਨੀ ਰੂਪ ਵਿੱਚ ਲਾਗੂ ਹੋ ਗਿਆ ਹੈ, ਜੋ ਸੂਬੇ ਵਿੱਚ ਕਾਨੂੰਨ-ਵਿਵਸਥਾ ਤੇ ਧਾਰਮਿਕ ਸਨਮਾਨ ਨੂੰ ਹੋਰ ਮਜ਼ਬੂਤ ਕਰੇਗਾ। ਉਨ੍ਹਾਂ ਕਿਹਾ ਕਿ ਇਸ ਕਾਨੂੰਨ ਦੇ ਤਹਿਤ ਬੇਅਦਬੀ ਦੇ ਮਾਮਲਿਆਂ ’ਤੇ ਸਖ਼ਤ ਨਿਗਰਾਨੀ ਕੀਤੀ ਜਾਵੇਗੀ ਤੇ ਦੋਸ਼ੀਆਂ ਨੂੰ ਸਖਤ ਸਜ਼ਾਵਾਂ ਦਿੱਤੀਆਂ ਜਾਣਗੀਆਂ।ਸੰਧੂ ਨੇ ਕਿਹਾ ਕਿ ਉਹ ਅੱਜ ਇਸ ਫ਼ੈਸਲੇ ਨਾਲ ਬਹੁਤ ਖੁਸ਼ ਹਨ ਤੇ ਇਹ ਕਾਨੂੰਨ ਉਨ੍ਹਾਂ ਤਾਕਤਾਂ ਲਈ ਸਖ਼ਤ ਜਵਾਬ ਹੈ, ਜੋ ਧਰਮ ਦੇ ਨਾਂ ’ਤੇ ਸਮਾਜ ਵਿੱਚ ਫੁੱਟ ਪਾਉਣ ਦੀ ਕੋਸ਼ਿਸ਼ ਕਰਦੀਆਂ ਰਹੀਆਂ ਹਨ।ਉਨ੍ਹਾਂ ਨੇ ਦੱਸਿਆ ਕਿ ਅੱਜ ਤੋਂ 11 ਸਾਲ ਪਹਿਲਾਂ 2015 ਚ ਜਦੋਂ ਉਨ੍ਹਾਂ ਸ਼੍ਰੋਮਣੀ ਅਕਾਲੀ ਦਲ ਨੂੰ ਛੱਡਿਆ ਸੀ ਤਾਂ ਇਹ ਫੈਸਲਾ ਪੂਰੇ ਸੰਧੂ ਪਰਵਾਰ ਲਈ ਬੜਾ ਔਖਾ ਤੇ ਕਠਿਨ ਫੈਸਲਾ ਸੀ, ਇਹ ਉਨ੍ਹਾਂ ਲਈ ਪ੍ਰੀਖਿਆ ਦੀ ਘੜੀ ਸੀ ਕਿਉਂ ਸੰਧੂ ਪਰਵਾਰ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਕਰਕੇ ਬਹੁਤ ਦੁਖੀ ਸੀ, ਕਿਉਂਕਿ ਅਕਾਲੀ ਰਾਜ ’ਚ ਇਸ ਦਾ ਕੋਈ ਠੋਸ ਹੱਲ ਨਾ ਹੋ ਪਾਇਆ, ਉਲਟਾ ਕੋਟਕਪੂਰਾ ਗੋਲੀ ਕਾਂਡ ਨੇ ਸਾਰਾ ਮਨ ਹੀ ਉਖੇੜ ਕੇ ਰੱਖ ਦਿੱਤਾ ਤੇ ਤਿੰਨ ਪੀੜ੍ਹੀਆਂ ਤੋਂ ਸ਼੍ਰੋਮਣੀ ਅਕਾਲੀ ਦਲ ਨਾਲ ਜੁੜੇ ਹੋਏ ਪਰਵਾਰ ਨੇ ਆਪਣੇ ਆਪ ਨੂੰ ਅਲੱਗ ਕਰ ਲਿਆ। ਸੰਧੂ ਨੇ ਆਖਿਆ ਕਿ ਅੱਜ ਉਹਨਾਂ ਦੇ ਕਲੇਜੇ ਨੂੰ ਠੰਢ ਪਈ ਹੈ ਅਤੇ ਇਸ ਫੈਂਸਲੇ ਨਾਲ ਮਨ ਨੂੰ ਖੁਸ਼ੀ ਅਤੇ ਤਸੱਲੀ ਵੀ ਹੋਈ ਹੈ ਕਿ ਉਹਨਾਂ ਨੇ ਜੋ ਫੈਸਲਾ 11 ਸਾਲ ਪਹਿਲਾਂ ਆਮ ਆਦਮੀ ਪਾਰਟੀ ਚ ਸ਼ਾਮਿਲ ਹੋਣ ਦਾ ਲਿਆ ਸੀ ਉਹ ਬਿਲਕੁਲ ਸਹੀ ਸੀ।ਸੰਧੂ ਨੇ ਕਿਹਾ ਹੁਣ ਕਿਸੇ ਦੀ ਵੀ ਪਵਿੱਤਰ ਗ੍ਰੰਥਾਂ ਦੀ ਬੇਅਦਬੀ ਕਰਨ ਦੀ ਹਿੰਮਤ ਨਹੀਂ ਹੋਵੇਗੀ ਤੇ ਇਹ ਕਾਨੂੰਨ ਸਮਾਜ ਵਿੱਚ ਆਪਸੀ ਸਾਂਝ, ਭਰੋਸੇ ਤੇ ਸਦਭਾਵਨਾ ਨੂੰ ਹੋਰ ਮਜ਼ਬੂਤ ਕਰੇਗਾ।ਅੰਤ ਵਿੱਚ ਉਨ੍ਹਾਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਵਿਧਾਨ ਸਭਾ ਦੇ ਸਾਰੇ ਮੈਂਬਰਾਂ ਤੇ ਰਾਜਪਾਲ ਪੰਜਾਬ ਦਾ ਧੰਨਵਾਦ ਕੀਤਾ, ਜਿਨ੍ਹਾਂ ਦੀ ਯੋਗ ਅਗਵਾਈ ’ਚ ਇਹ ਕਾਨੂੰਨ ਹੋਂਦ ਵਿੱਚ ਆ ਸਕਿਆ।

## ਕ੍ਰਿਸ਼ਨਾ ਮਾਰਕੀਟ ’ਚ ਦੋ ਦੁਕਾਨਾਂ ਸੜ ਕੇ ਸਵਾਹ



**ਰਾਜਪੁਰਾ (ਰਮੇਸ਼ ਕਟਾਰੀਆ)**-ਟਾਊਨ ਦੇ ਟਾਹਲੀ ਵਾਲਾ ਚੌਕ ਦੇ ਨਜ਼ਦੀਕ ਕ੍ਰਿਸ਼ਨਾ ਮਾਰਕੀਟ ਵਿਖੇ ਇੱਕ ਮੋਬਲਾਇਲ ਤੇਲ ਦੀ ਦੁਕਾਨ ਨੂੰ ਭਿਆਨਕ ਅੱਗ ਲੱਗਣ ਕਾਰਨ ਸੜ ਕੇ ਸਵਾਹ ਹੋ ਗਈ। ਮਿਲੀ ਜਾਣਕਾਰੀ ਅਨੁਸਾਰ ਐਤਵਾਰ ਦੁਪਹਿਰ 3 ਵਜੇ ਅਚਾਨਕ ਅੱਗ ਲੱਗਣ ਨਾਲ ਮੁਬਲਾਇਲ ਤੇਲ ਵਾਲੀ ਦੁਕਾਨ ਤੇ ਇਸ ਦੇ ਨਾਲ ਲਗਦੀ ਡੈਕਾਂ ਵਾਲੀ ਦੁਕਾਨ ਵੀ ਸੜ ਕੇ ਸੁਆਹ ਹੋ ਗਈ। ਇਸ ਮੌਕੇ ਫਾਇਰ ਬ੍ਰਿਗੇਡ ਦੀਆਂ ਸੱਤ ਗੱਡੀਆਂ ਨੇ, ਜੋ ਕਿ ਪਟਿਆਲਾ, ਸਰਹੰਦ ਤੇ ਰਾਜਪੁਰਾ ਤੋਂ ਆਈਆਂ ਸਨ, ਨੇ ਪਹੁੰਚ ਕੇ ਅੱਗ ’ਤੇ ਕਾਬੂ ਪਾਇਆ। ਇਹ ਗੱਡੀਆਂ ਥੋੜ੍ਹਾ ਜਿਹਾ ਹੋਰ ਲੇਟ ਹੋ ਜਾਂਦੀਆਂ ਤਾਂ ਅੱਗ ਨੇ ਸਾਰੀ ਮਾਰਕੀਟ ਨੂੰ ਆਪਣੀ ਲਪੇਟ ਵਿੱਚ ਲੈ ਲੈਣਾ ਸੀ। ਇਸ ਮੌਕੇ ਵਿਧਾਇਕ ਰਾਜਪੁਰਾ ਦੇ ਪਤੀ ਅਜੇ ਮਿੱਤਲ ਬਾਂਸਲ, ਸਾਬਕਾ ਵਿਧਾਇਕ ਹਰਦਿਆਲ ਸਿੰਘ ਕੰਬੋਜ ਤੇ ਪੁਲਸ ਪ੍ਰਸ਼ਾਸਨ ਨੇ ਮੌਕੇ ’ਤੇ ਪਹੁੰਚ ਕੇ ਘਟਨਾ ਦਾ ਜਾਇਜ਼ਾ ਲਿਆ।

## ਜੈਨ ਪਰਵਾਰ ਵੱਲੋਂ ਬੱਚਿਆਂ ਦੇ ਜਨਮ ਦਿਨ ਤੇ ਵਿਆਹ ਦੀ ਵਰ੍ਹੇਗੰਢ ਮੌਕੇ ਦੁੱਧ ਦਾ ਲੰਗਰ



**ਸਮਾਣਾ (ਇਕਬਾਲ ਸਿੰਘ ਬੱਲ)**-ਸਥਾਨਕ ਚਿਲਡਰਨ ਮੈਮੋਰੀਅਲ ਪਾਰਕ (ਨੇੜੇ ਤਹਿਸੀਲ) ਵਿਖੇ ‘ਕਲੀਨ ਐਂਡ ਗਰੀਨ ਪਾਰਕ ਕਲੱਬ ਸਮਾਣਾ’ ਦੀ ਰਹਿਨੁਮਾਈ ਹੇਠ ਚੱਲ ਰਹੇ ਯੋਗਾ ਕੈਂਪ ਦੌਰਾਨ ਇੱਕ ਵਿਸ਼ੇਸ਼ ਪ੍ਰੋਗਰਾਮ ਕਰਵਾਇਆ ਗਿਆ।ਇਸ ਮੌਕੇ ਸਮਾਜ ਸੇਵੀ ਦਿਨੇਸ਼ ਜੈਨ ਤੇ ਕੈਲਾਸ਼ ਜੈਨ ਵੱਲੋਂ ਆਪਣੇ ਪੁੱਤਰ ਪ੍ਰਿੰਸ ਜੈਨ ਤੇ ਨੂੰਹ ਗੁੰਜਨ ਜੈਨ ਦੀ 11ਵੀਂ ਮੈਰਿਜ ਐਨੀਵਰਸਰੀ ਤੇ ਪੋਤਰੀ ਦਕਸ਼ਤਾ ਜੈਨ (ਦਕਸਤਾ) ਤੇ ਪੋਤਰੇ ਸਤਵੇ ਜੈਨ ਦੇ ਜਨਮ ਦਿਨ ਦੀ ਖੁਸ਼ੀ ਵਿੱਚ ਸੈਰ ਕਰਨ ਵਾਲੇ ਸ਼ਰਧਾਲੂਆਂ ਲਈ ਕੇਸਰ ਵਾਲੇ ਦੁੱਧ ਤੇ ਬਿਸਕੁਟਾਂ ਦਾ ਲੰਗਰ ਲਗਾਇਆ ਗਿਆ। ?ਇਸ ਸਮਾਗਮ ਦੌਰਾਨ ਪਾਰਕ ਵਿੱਚ ਸਵੇਰ ਦੀ ਸੈਰ ਤੇ ਯੋਗਾ ਕਰਨ ਆਏ ਕਰੀਬ 200 ਵਿਅਕਤੀਆਂ, ਬੱਚਿਆਂ ਤੇ ਬਜ਼ੁਰਗਾਂ ਨੇ ਗਰਮਾ-ਗਰਮ ਦੁੱਧ ਦਾ ਆਨੰਦ ਮਾਣਿਆ।ਯੋਗਾ ਗਰੁੱਪ ਦੇ ਸਾਥੀਆਂ ਵੱਲੋਂ ਪਰਿਵਾਰ ਨੂੰ ਵਧਾਈਆਂ ਦਿੱਤੀਆਂ ਗਈਆਂ ਤੇ ਖੁਸ਼ੀ ਦੇ ਮੌਕਿਆਂ ਨੂੰ ਸਮਾਜ ਸੇਵਾ ਨਾਲ ਜੋੜਨ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ ਗਈ।ਇਸ ਮੌਕੇ ਯੋਗਾ ਆਚਾਰੀਆ, ਇੰਸਟੈਕਟਰ ਅਮਰੀਕ ਸਿੰਘ, ਅਸ਼ੋਕ ਵਰਮਾ, ਅਰਜਨ ਜੀ, ਨੰਦ ਲਾਲ, ਸੁੱਖਾ ਸਿੰਘ, ਗੁਰਮੀਤ ਸਿੰਘ, ਰਾਜ ਕੁਮਾਰ, ਖੇਮ ਚੰਦ, ਪਾਲੀ ਕੋਚਰ, ਵਿਨੋਦ ਬਾਂਸਲ ਆਦਿ ਹਾਜ਼ਰ ਸਨ।

## ਸੰਧਵਾਂ ਵੱਲੋਂ ਕੋਟਸੁਖੀਆ ਤੋਂ ਬੱਸ ਰਵਾਨਾ



**ਫ਼ਰੀਦਕੋਟ/ਕੋਟਕਪੂਰਾ (ਐਲਿਗਜੈਂਡਰ ਡਿਸੂਜਾ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਚੱਲ ਰਹੀ ‘ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ’ ਤਹਿਤ ਪੰਜਾਬ ਵਿਧਾਨ ਸਭਾ ਦੇ ਸਪੀਕਰ ਸ੍. ਕੁਲਤਾਰ ਸਿੰਘ ਸੰਧਵਾਂ ਵੱਲੋਂ ਕੋਟਕਪੂਰਾ ਹਲਕੇ ਦੇ ਪਿੰਡ ਕੋਟਸੁਖੀਆ ਤੋਂ ਸ਼ਰਧਾਲੂਆਂ ਦੀ ਇੱਕ ਬੱਸ ਨੂੰ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਲਈ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ ਗਿਆ।ਇਸ ਮੌਕੇ ਸ਼ਰਧਾਲੂਆਂ ਦੇ ਜਥੇ ਨੂੰ ਸ਼ੁੱਭ-ਕਾਮਨਾਵਾਂ ਦਿੰਦਿਆਂ ਸਪੀਕਰ ਸੰਧਵਾਂ ਨੇ ਉਨ੍ਹਾਂ ਦੀ ਸੁਖਮਈ ਤੇ ਮੰਗਲਮਈ ਯਾਤਰਾ ਲਈ ਅਰਦਾਸ ਕੀਤੀ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਇਹ ਯੋਜਨਾ ਸੂਬੇ ਦੇ ਲੋਕਾਂ ਲਈ ਬਹੁਤ ਹੀ ਲਾਭਕਾਰੀ ਸਾਬਿਤ ਹੋ ਰਹੀ ਹੈ।ਉਨ੍ਹਾਂ ਸ਼ਰਧਾਲੂਆਂ ਨੂੰ ਅਪੀਲ ਕੀਤੀ ਕਿ ਉਹ ਪਵਿੱਤਰ ਅਸਥਾਨਾਂ ’ਤੇ ਜਾ ਕੇ ਪੰਜਾਬ ਦੀ ਸ਼ਾਂਤੀ, ਖੁਸ਼ਹਾਲੀ ਤੇ ‘ਚੜ੍ਹਦੀ ਕਲਾ’ ਲਈ ਅਰਦਾਸ ਕਰਨ।ਬੱਸ ਰਵਾਨਾ ਕਰਨ ਸਮੇਂ ਬਲਦੇਵ ਸਿੰਘ, ਭਿੰਦਰ ਸਿੰਘ, ਸ਼ਿੰਦਾ ਸਿੰਘ ਧਾਲੀਵਾਲ, ਬਲਰਾਜ ਸਿੰਘ (ਸਰਪੰਚ ਕੋਟਸੁਖੀਆ), ਗੁਰਮੀਤ ਸਿੰਘ ਨੰਬਰਦਾਰ, ਜਾਲੌਰ ਸਿੰਘ, ਜਗਜੀਤ ਸਿੰਘ, ਕਾਕਾ ਸਿੰਘ ਖਾਲਸਾ, ਸਰਬਜੀਤ ਸਿੰਘ ਸਰਪੰਚ, ਰੇਸ਼ਮ ਸਿੰਘ ਕਲੇਰ, ਬਾਲਾ ਡੇਅਰੀ ਕਲੇਰ, ਸ਼ਮਿੰਦਰ ਸਿੰਘ, ਸਨੀ ਕੁਮਾਰ, ਗੁਰਬਿੰਦਰ ਸਿੰਘ, ਸਾਹਿਲ, ਬਰਿੰਦਰ ਪਾਲ ਸਿੰਘ, ਦਵਿੰਦਰ ਸਿੰਘ ਤੇ ਵੱਡੀ ਗਿਣਤੀ ’ਚ ਪਿੰਡ ਵਾਸੀ ਹਾਜ਼ਰ ਸਨ।

## ਪੀੜਤ ਕਿਸਾਨ ਦੀ ਬਾਂਹ ਫੜਨ ਪਹੁੰਚੇ ਆਸ਼ੂ ਬੰਗੜ

### ਸ਼ਹਿਜਾਦੀ ਵਿਖੇ ਅੱਗ ਨਾਲ ਸੜੀ 6 ਏਕੜ ਕਣਕ, ਮੌਕੇ ’ਤੇ ਦਿੱਤੀ ਆਰਥਿਕ ਸਹਾਇਤਾ



**ਫਿਰੋਜ਼ਪੁਰ (ਗੁਰਬਚਨ ਸਿੰਘ)**-ਫਿਰੋਜ਼ਪੁਰ ਦਿਹਾਤੀ ਦੇ ਅਧੀਨ ਆਉਂਦੇ ਪਿੰਡ ਸ਼ਹਿਜਾਦੀ ਤੋਂ ਇਕ ਮੰਦਭਾਗੀ ਤੇ ਦੁਖਦਾਈ ਖ਼ਬਰ ਸਾਹਮਣੇ ਆਈ ਹੈ, ਜਿੱਥੇ ਇੱਕ ਮਿਹਨਤੀ ਕਿਸਾਨ ਦੀ ਸਾਲ ਭਰ ਦੀ ਕਮਾਈ ਅੱਖ ਦੇ ਫੋਰ ਵਿੱਚ ਸੜ ਕੇ ਸੁਆਹ ਹੋ ਗਈ।ਜਾਣਕਾਰੀ ਅਨੁਸਾਰ, ਕਿਸਾਨ ਜਗਸੀਰ ਸਿੰਘ ਦੀ ਪੱਕ ਕੇ ਤਿਆਰ ਹੋਈ 6 ਏਕੜ ਕਣਕ ਦੀ ਫ਼ਸਲ ਨੂੰ ਭਿਆਨਕ ਅੱਗ ਲੱਗ ਗਈ। ਇਸ ਹਾਦਸੇ ਵਿੱਚ ਕਿਸਾਨ ਦੀ ਦਿਨ-ਰਾਤ ਦੀ ਮਿਹਨਤ ਨਾਲ ਪਾਲੀ ਫ਼ਸਲ ਪੂਰੀ ਤਰ੍ਹਾਂ ਨਸ਼ਟ ਹੋ ਗਈ ਹੈ, ਜਿਸ ਕਾਰਨ ਪਰਵਾਰ ਨੂੰ ਲੱਖਾਂ ਰੁਪਏ ਦਾ ਮਾਲੀ ਨੁਕਸਾਨ ਝੱਲਣਾ ਪਿਆ ਹੈ।ਹਲਕਾ ਇੰਚਾਰਜ ਫਿਰੋਜ਼ਪੁਰ ਦਿਹਾਤੀ ਆਸ਼ੂ ਬੰਗੜ ਨੇ ਆਪਣੀ ਟੀਮ ਸਮੇਤ ਮੌਕੇ ’ਤੇ ਪਹੁੰਚ ਕੇ ਸਥਿਤੀ ਦਾ ਜਾਇਜ਼ਾ ਲਿਆ।ਪੀੜਤ ਕਿਸਾਨ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਕਿਸਾਨ ਸਾਡੇ ਦੇਸ਼ ਦਾ ਅੰਨਦਾਤਾ ਹੈ ਤੇ ਉਸ ਉੱਪਰ ਆਈ ਮੁਸੀਬਤ ਪੂਰੇ ਸਮਾਜ ਦੀ ਮੁਸੀਬਤ ਹੈ।ਆਸ਼ੂ ਬੰਗੜ ਵੱਲੋਂ ਪੀੜਤ ਕਿਸਾਨ ਪਰਵਾਰ ਦੀ ਤੁਰੰਤ ਮਦਦ ਕਰਦਿਆਂ 5000 ਰੁਪਏ ਪ੍ਰਤੀ ਏਕੜ ਦੇ ਹਿਸਾਬ ਨਾਲ 30,000 ਰੁਪਏ ਦੀ ਨਕਦ ਰਾਸ਼ੀ ਸ੍. ਜਗਸੀਰ ਸਿੰਘ ਨੂੰ ਭੇਟ ਕੀਤੀ ਗਈ।ਇਸ ਮੌਕੇ ਉਨ੍ਹਾਂ ਨੇ ਪੰਜਾਬ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਤੋਂ ਪੁਰਜ਼ੋਰ ਮੰਗ ਕੀਤੀ ਕਿ ਪ੍ਰਸ਼ਾਸਨ ਤੁਰੰਤ ਖ਼ਰਾਬੇ ਦੀ ਗਿਰਦਾਵਰੀ ਕਰਵਾਏ, ਪੀੜਤ ਕਿਸਾਨ ਨੂੰ ਹੋਏ ਨੁਕਸਾਨ ਦਾ ਬਣਦਾ ਪੂਰਾ ਮੁਆਵਜ਼ਾ ਜਲਦ ਤੋਂ ਜਲਦ ਜਾਰੀ ਕੀਤਾ ਜਾਵੇ।ਇਸ ਦੁੱਖ ਦੀ ਘੜੀ ਵਿੱਚ ਕਿਸਾਨ ਦੇ ਨਾਲ ਖੜ੍ਹਦਿਆਂ ਬੰਗੜ ਨੇ ਦੁਹਰਾਇਆ ਕਿ ਸੇਵਾ ਹੀ ਸਾਡਾ ਸੰਕਲਪ ਹੈ।ਇਸ ਮੌਕੇ ਉਨ੍ਹਾਂ ਦੇ ਨਾਲ ਲਖਬੀਰ ਸਿੰਘ ਲੱਖਾ, ਜੁਗਿੰਦਰ ਸਿੰਘ ਸਰਪੰਚ, ਬਲਵੰਤ ਸਿੰਘ ਪ੍ਰਧਾਨ, ਬਲਦੇਵ ਸਿੰਘ, ਬਲਵਿੰਦਰ ਸਿੰਘ, ਹਰਜਿੰਦਰ ਸਿੰਘ, ਚਮਕੌਰ ਸਿੰਘ, ਬੂਟਾ ਸਿੰਘ, ਪ੍ਰਗਟ ਸਿੰਘ, ਵਿਰਸਾ ਸਿੰਘ, ਕਮਲਪ੍ਰੀਤ ਸਿੰਘ ਬਲਾਕ ਪ੍ਰਧਾਨ, ਮੁਨੀਸ਼ ਸਲਹਾਣੀ, ਗੋਪੀ ਔਲਖ, ਮਨਪ੍ਰੀਤ ਭੁੱਲਰ, ਮਨਦੀਪ ਅਨਾਰਕਲੀ ਤੇ ਜੋਬਨ ਧਾਲੀਵਾਲ ਸਮੇਤ ਵੱਡੀ ਗਿਣਤੀ ’ਚ ਕਾਂਗਰਸੀ ਵਰਕਰ ਮੌਜੂਦ ਸਨ।

## ਯੂਥ ਵੈੱਲਫੇਅਰ ਕਲੱਬ ਵੱਲੋਂ ਅੱਖਾਂ ਦਾ ਮੁਫ਼ਤ ਕੈਂਪ ਭਲਕੇ



**ਦਿੜ੍ਹਬਾ (ਜਸਵੀਰ ਲਾਡੀ)**-ਪਿੰਡ ਛਾਜਲੀ ਵਿਖੇ ਸੋਸ਼ਲ ਯੂਥ ਸਪੋਰਟਸ ਕਲਚਰਲ ਐਂਡ ਵੈੱਲਫੇਅਰ ਕਲੱਬ ਛਾਜਲੀ ਵੱਲੋਂ ਅੱਖਾਂ ਦਾ ਤੀਸਰਾ ਮੁਫ਼ਤ ਕੈਂਪ ਲਾਇਆ ਜਾ ਰਿਹਾ ਹੈ।ਕਲੱਬ ਦੇ ਪ੍ਰਧਾਨ ਹਰਬੰਸ ਸਿੰਘ ਛਾਜਲੀ ਤੇ ਕਲੱਬ ਦੇ ਪ੍ਰੈੱਸ ਸਕੱਤਰ ਜਸਵੀਰ ਲਾਡੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ 21 ਅਪ੍ਰੈਲ ਨੂੰ ਸਵੇਰੇ 8 ਵਜੇ ਤੋਂ 1 ਵਜੇ ਤੱਕ ਗੁਰਦੁਆਰਾ ਸੰਗਤਸਰ ਨੇੜੇ ਦਾਣਾ ਮੰਡੀ ਛਾਜਲੀ ਵਿਖੇ ਅੱਖਾਂ ਦਾ ਚੈੱਕਅੱਪ ਤੇ ਅਪ੍ਰੇਸ਼ਨ ਕੈਂਪ ਲਾਇਆ ਜਾਵੇਗਾ।ਇਸ ਕੈਂਪ ਵਿੱਚ ਅੱਖਾਂ ਦੇ ਮਾਹਰ ਡਾਕਟਰ ਨਿਧੀ ਗੁਪਤਾ ਆਈ ਸਰਜਨ ਸੰਗਰੂਰ ਵਿਸ਼ੇਸ਼ ਤੌਰ ’ਤੇ ਆਪਣੀ ਟੀਮ ਨਾਲ ਪਹੁੰਚ ਰਹੇ ਹਨ, ਜਿਨ੍ਹਾਂ ਮਰੀਜ਼ਾਂ ਦੇ ਲੈਂਜ਼ ਪੈਣਗੇ, ਉਨ੍ਹਾਂ ਸਮਾਂ ਦਿੱਤਾ ਜਾਵੇ।ਕੈਂਪ ਵਿੱਚ ਦਵਾਈਆਂ ਤੇ ਲੈਂਜ਼ ਮੁਫ਼ਤ ਪਾਏ ਜਾਣਗੇ। ਮਰੀਜ਼ ਨੇ ਆਪਣਾ ਜਾਂ ਪਰਵਾਰ ਦਾ ਮੋਬਾਇਲ ਨੰਬਰ ਨੋਟ ਕਰਾਕੇ ਜਾਣਾ ਹੋਵੇਗਾ, ਅਨਪੜ੍ਹ ਮਰੀਜ਼ ਆਪਣੇ ਪਰਿਵਾਰ ਦੇ ਕਿਸੇ ਵੀ ਮੈਂਬਰ ਦਾ ਨੰਬਰ ਨੋਟ ਕਰਾ ਕੇ ਲਿਆਉਣ ਤਾਂ ਜੋ ਅਪ੍ਰੇਸ਼ਨ ਲਈ ਸੰਪਰਕ ਕੀਤਾ ਜਾ ਸਕੇ।ਇਸ ਕੈਂਪ ਦਾ ਉਦਘਾਟਨ ਮਹੰਤ ਸ਼੍ਰੀ ਅੰਮ੍ਰਿਤ ਬਣ ਜੀ ਵੱਡਾ ਡੇਰਾ ਛਾਜਲੀ ਕਰਨਗੇ। ਗੁਰੂ ਕਾ ਲੰਗਰ ਅਤੁੱਟ ਵਰਤੇਗਾ।ਇਸ ਮੌਕੇ ਉਨ੍ਹਾਂ ਦੇ ਨਾਲ ਡਾ. ਗੁਰਸੇਵ ਛਾਜਲੀ ਖਜ਼ਾਨਚੀ, ਐਡਵੋਕੇਟ ਕੁੱਕੀ ਸੂਚ, ਬੀਨੂੰ ਸ਼ਰਮਾ, ਤਾਰਾ ਸਿੰਘ ਛਾਜਲੀ, ਅਜੈਬ ਸਿੰਘ ਵਾਲੀਆ, ਨਵਕੀਰਤ ਸਿੰਘ, ਸੁਖਮਨਦੀਪ ਸਿੰਘ, ਪ੍ਰਿੰਸ ਢੋਟ, ਅਰਸ਼ਦੀਪ ਸਿੰਘ, ਨਵਜੋਤ ਢੋਟ ਆਦਿ ਹਾਜ਼ਰ ਸਨ।

## ਸਫਾ 1 ਦੇ ਬਾਕੀ...

### ਪੁਲਸ ਬਿਲਕੁੱਲ ਨਵੇਂ ...

ਵੀਡੀਓ ਜਾਂ ਤਸਵੀਰਾਂ (ਡੀਪਫੇਕ) ਦੀ ਪਛਾਣ ਕਰਨਾ ਵੀ ਲਾਜ਼ਮੀ ਕਰ ਦਿੱਤਾ ਗਿਆ ਹੈ। ਘਟਨਾ ਵਾਲੀ ਥਾਂ ’ਤੇ ਪੁਲਸ ਨੂੰ ਦੋ ਸੁਰੱਖਿਆ ਘੇਰੇ ਬਣਾਉਣੇ ਪੈਣਗੇ, ਜਿਸ ਵਿੱਚ ਇੱਕ ਅੰਦਰਲਾ ਘੇਰਾ ਸਬੂਤਾਂ ਨੂੰ ਸੁਰੱਖਿਅਤ ਰੱਖਣ ਲਈ ਅਤੇ ਦੂਜਾ ਬਾਹਰਲਾ ਘੇਰਾ ਭੀੜ ਨੂੰ ਕਾਬੂ ਹੇਠ ਰੱਖਣ ਲਈ ਹੋਵੇਗਾ। ਜਾਂਚ ਦੇ ਸ਼ੁਰੂ ਤੋਂ ਹੀ ਧਾਰਮਕ ਆਗੂਆਂ ਅਤੇ ਸਥਾਨਕ ਗੁਰਦੁਆਰਾ ਕਮੇਟੀਆਂ ਦੀ ਮਦਦ ਲਈ ਜਾਵੇਗੀ, ਤਾਂ ਜੋ ਪਾਵਨ ਸਰੂਪਾਂ ਦੀ ਸੰਭਾਲ ਪੂਰੀ ਮਰਿਆਦਾ ਨਾਲ ਕੀਤੀ ਜਾ ਸਕੇ। ਕੋਈ ਵੀ ਅਣਅਧਿਕਾਰਤ ਵਿਅਕਤੀ ‘ਅੰਗਾਂ’ ਨੂੰ ਹੱਥ ਨਹੀਂ ਲਾ ਸਕੇਗਾ। ਸਬੂਤ ਇਕੱਠੇ ਕਰਨ ਤੋਂ ਪਹਿਲਾਂ ਉੱਚ-ਗੁਣਵੱਤਾ ਵਾਲੀ ਫੋਟੋਗ੍ਰਾਫੀ ਅਤੇ ਵੀਡੀਓਗ੍ਰਾਫੀ ਕਰਨੀ ਵੀ ਲਾਜ਼ਮੀ ਹੋਵੇਗੀ।

ਇੰਟਰਨੈੱਟ ਰਾਹੀਂ ਹੋਣ ਵਾਲੀ ਬੇਅਦਬੀ (ਡਿਜੀਟਲ ਬੇਅਦਬੀ) ਲਈ ਜਾਂਚ ਵਿੱਚ ਇੱਕ ਵੱਖਰਾ ਹਿੱਸਾ ਜੋੜਿਆ ਗਿਆ ਹੈ। ਤਸਵੀਰਾਂ ਨਾਲ ਛੇੜਛਾੜ (ਮੌਰਫਡ ਇਮੇਜਿਸ), ਨਕਲੀ ਪਰ ਅਸਲੀ ਵਰਗੀਆਂ ਲੱਗਣ ਵਾਲੀਆਂ ਵੀਡੀਓਜ਼ (ਡੀਪਫੇਕ), ਮੀਮਜ਼ ਰਾਹੀਂ ਕੀਤੀ ਬੇਅਦਬੀ ਅਤੇ ਵਟਸਐਪ, ਟੈਲੀਗ੍ਰਾਮ ਜਾਂ ਇੰਸਟਾਗ੍ਰਾਮ ’ਤੇ ਪਾਈ ਗਈ ਅਜਿਹੀ ਸਮੱਗਰੀ ਨੂੰ ਹੁਣ ਬਹੁਤ ਗੰਭੀਰ ਅਪਰਾਧ ਮੰਨਿਆ ਜਾਵੇਗਾ। ਪੁਲਸ ਅਧਿਕਾਰੀਆਂ ਨੂੰ ਹੁਕਮ ਦਿੱਤੇ ਗਏ ਹਨ ਕਿ ਉਹ ਮੈਟਾ, ਐਕਸ ਅਤੇ ਯੂਟਿਊਬ ਵਰਗੀਆਂ ਕੰਪਨੀਆਂ ਨੂੰ ਇਹ ਸਮੱਗਰੀ ਹਟਾਉਣ ਲਈ ਕਹਿਣ ਤੋਂ ਪਹਿਲਾਂ ਉਸ ਦੇ ਯੂ ਆਰ ਐੱਲ ਦਾ ਪਤਾ, ਪੋਸਟ ਦਾ ਸਮਾਂ, ਪੋਸਟ ਆਈ ਡੀ ਅਤੇ ਵਰਤੇ ਗਏ ਮੋਬਾਇਲ ਜਾਂ ਕੰਪਿਊਟਰ ਦੀ ਪਛਾਣ ਜ਼ਰੂਰ ਕਰ ਲੈਣ।

ਜੇ ਕੋਈ ਮੁਲਜ਼ਮ ਮਾਨਸਕ ਤੌਰ ’ਤੇ ਬਿਮਾਰ ਜਾਂ ਅਸਥਿਰ ਹੋਣ ਦੇ ਲੱਛਣ ਦਿਖਾਉਂਦਾ ਹੈ ਤਾਂ ਉਸ ਦੀ ਜਾਂਚ ਲਈ ਮਾਹਰ ਮਨੋਵਿਗਿਆਨਕ ਡਾਕਟਰਾਂ ਦਾ ਇੱਕ ਵਿਸ਼ੇਸ਼ ਬੋਰਡ ਬਣਾਇਆ ਜਾਵੇਗਾ। ਇਹ ਬੋਰਡ ਤੈਅ ਕਰੇਗਾ ਕਿ ਕੀ ਉਹ ਵਿਅਕਤੀ ਆਪਣੇ ਕੀਤੇ ਦੇ ਨਤੀਜੇ ਬਾਰੇ ਜਾਣਦਾ ਸੀ ਅਤੇ ਸਭ ਤੋਂ ਜ਼ਰੂਰੀ ਇਹ ਕਿ ਕੀ ਕਿਸੇ ਹੋਰ ਨੇ ਉਸ ਨੂੰ ਅਜਿਹਾ ਕਰਨ ਲਈ ਉਕਸਾਇਆ ਸੀ।

ਇਸ ਦੇ ਨਾਲ ਹੀ ਜਾਂਚ ਅਧਿਕਾਰੀਆਂ ਲਈ ਹੁਣ ਬਿਟਕਾਇਨ ਅਤੇ ਹੋਰ ਡਿਜੀਟਲ ਕਰੰਸੀ (ਕ੍ਰਿਪਟੋ ਕਰੰਸੀ) ਦੇ ਲੈਣ-ਦੇਣ ਦੀ ਪੜਤਾਲ ਕਰਨੀ ਵੀ ਲਾਜ਼ਮੀ ਹੋਵੇਗੀ, ਤਾਂ ਜੋ ਇਹ ਪਤਾ ਲੱਗ ਸਕੇ ਕਿ ਬੇਅਦਬੀ ਲਈ ਵਿਦੇਸ਼ਾਂ ਤੋਂ ਪੈਸਾ ਤਾਂ ਨਹੀਂ ਭੇਜਿਆ ਗਿਆ। ਇਸ ਗੁੰਝਲਦਾਰ ਜਾਂਚ ਵਿੱਚ ਮਦਦ ਲਈ ਚੇਨਾਲਿਸਿਸ ਅਤੇ ਬੱਬਲਮੈਪਸ ਵਰਗੇ ਆਧੁਨਿਕ ਤਕਨੀਕੀ ਟੂਲਜ਼ ਦੀ ਵਰਤੋਂ ਕਰਨ ਲਈ ਖਾਸ ਤੌਰ ’ਤੇ ਕਿਹਾ ਗਿਆ ਹੈ।

ਅਦਾਲਤੀ ਕਾਰਵਾਈ ਨੂੰ ਲੈ ਕੇ ਵੀ ਨਵੇਂ ਨਿਯਮਾਂ ਵਿੱਚ ਸਖਤੀ ਕੀਤੀ ਗਈ ਹੈ। ਚਾਰਜਸ਼ੀਟ ਦਾਇਰ ਹੁੰਦੇ ਹੀ ਜਾਂਚ ਅਧਿਕਾਰੀ ਨੂੰ ਤੁਰੰਤ ਮੁਕੱਦਮਾ ਚਲਾਉਣ ਦੀ ਮਨਜ਼ੂਰੀ ਲਈ ਤਜਵੀਜ਼ ਭੇਜਣੀ ਪਵੇਗੀ। ਜਾਂਚ ਨੂੰ ਜਲਦੀ ਮੁਕੰਮਲ ਕਰਨ ਲਈ ਸਮਾਂ ਤੈਅ ਕਰ ਦਿੱਤਾ ਗਿਆ ਹੈ, ਜੇ ਅਪਰਾਧ ਦੀ ਸਜ਼ਾ 7 ਸਾਲ ਤੋਂ ਵੱਧ ਹੈ ਤਾਂ 90 ਦਿਨਾਂ ਵਿੱਚ ਅਤੇ ਬਾਕੀ ਮਾਮਲਿਆਂ ’ਚ 60 ਦਿਨਾਂ ਦੇ ਅੰਦਰ ਜਾਂਚ ਪੂਰੀ ਕਰਨੀ ਪਵੇਗੀ। ਖਾਸ ਗੱਲ ਇਹ ਹੈ ਕਿ ਇਹ ਨਿਯਮ ਉਨ੍ਹਾਂ ਮੁਲਜ਼ਮਾਂ ’ਤੇ ਵੀ ਲਾਗੂ ਹੋਣਗੇ, ਜੋ ਜ਼ਮਾਨਤ ’ਤੇ ਬਾਹਰ ਹਨ।

ਸੀ ਸੀ ਟੀ ਵੀ ਫੁਟੇਜ਼ ਜਾਂ ਸੋਸ਼ਲ ਮੀਡੀਆ ਤੋਂ ਮਿਲੇ ਡਿਜੀਟਲ ਸਬੂਤਾਂ ਨੂੰ ਅਦਾਲਤ ਵਿੱਚ ਮਨਜ਼ੂਰ ਕਰਵਾਉਣ ਲਈ ਹੁਣ ‘ਭਾਰਤੀ ਸਾਕਸ਼ਯ ਕਾਨੂੰਨ, 2023’ ਦੀ ਧਾਰਾ 63 ਮੁਤਾਬਕ ਇੱਕ ਸਰਟੀਫਿਕੇਟ ਦੇਣਾ ਜ਼ਰੂਰੀ ਹੋਵੇਗਾ। ਇਸ ਤੋਂ ਇਲਾਵਾ, ਅਦਾਲਤ ਵਿੱਚ ਚਾਰਜਸ਼ੀਟਾਂ ਹੁਣ ਇਲੈਕਟ੍ਰਾਨਿਕ ਤਰੀਕੇ ਨਾਲ (ਸਕੈਨ ਕੀਤੀਆਂ, ਇੰਡੈਕਸਡ ਅਤੇ ਪੀ ਡੀ ਐੱਫ ਫਾਰਮੈਟ ਵਿੱਚ) ਦਾਇਰ ਕੀਤੀਆਂ ਜਾਣਗੀਆਂ।

ਪੀ ਬੀ ਆਈ ਦੇ ਡਾਇਰੈਕਟਰ ਐੱਲ ਕੇ ਯਾਦਵ ਨੇ ਕਿਹਾ ਕਿ ਅਜਿਹੇ ਮਾਮਲਿਆਂ ਦੀ ਜਾਂਚ ਵਿੱਚ ਵਿਗਿਆਨਕ ਸਪੱਸ਼ਟਤਾ (ਫੋਰੈਂਸਿਕ ਸ਼ੁੱਧਤਾ) ਅਤੇ ਧਾਰਮਕ ਭਾਵਨਾਵਾਂ (ਮਰਿਆਦਾ) ਵਿਚਕਾਰ ਤਾਲਮੇਲ ਬਣਾਉਣਾ ਅੱਜ ਦੇ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ। ਉਨ੍ਹਾ ਕਿਹਾ ਕਿ ਜਾਂਚ ਬਿਨਾਂ ਕਿਸੇ ਕਾਹਲੀ ਜਾਂ ਸਿਰਫ ਅੰਦਾਜ਼ਿਆਂ ਦੇ ਆਧਾਰ ’ਤੇ ਨਹੀਂ, ਸਗੋਂ ਪੂਰੀ ਤਰ੍ਹਾਂ ਨਿਰਪੱਖ ਅਤੇ ਪਾਰਦਰਸ਼ੀ ਤਰੀਕੇ ਨਾਲ ਕੀਤੀ ਜਾਣੀ ਚਾਹੀਦੀ ਹੈ।

### ਰੋਬੋਟ ਨੇ ਹਾਫ ਮੈਰਾਥਨ...

ਨੇ ਸਿਰਫ 50 ਮਿੰਟ 26 ਸਕਿੰਟ ਵਿੱਚ ਫਿਨਿਸ਼ ਲਾਈਨ ਪਾਰ ਕਰ ਲਈ। ਇਹ ਯੁਗਾਂਡਾ ਦੇ ਜੈਕਬ ਕਿਪਲਿਮੋ ਦੇ 57 ਮਿੰਟ 31 ਸਕਿੰਟ ਦੇ ਵਰਲਡ ਰਿਕਾਰਡ ਨਾਲ 7 ਮਿੰਟ ਘੱਟ ਹੈ। ਇਸ ਨੂੰ ਰੋਬੋਟਿਕਸ ਦੇ ਖੇਤਰ ਵਿੱਚ ਚੀਨ ਦੇ ਸ਼ਕਤੀ ਪ੍ਰਦਰਸ਼ਨ ਵਜੋਂ ਵੀ ਦੇਖਿਆ ਜਾ ਰਿਹਾ ਹੈ, ਜੋ ਦਿਖਾਉਂਦਾ ਹੈ ਕ ਹੁਣ ਰੋਬੋਟ ਹੌਲੀ-ਹੌਲੀ ਚੱਲਣ ਵਾਲੇ ਖਿਡੌਣੇ ਨਹੀਂ ਰਹੇ, ਸਗੋਂ ਸੁਪਰ ਹਿਊਮਨ ਰਫਤਾਰ ਵਾਲੇ ਐਥਲੀਟ ਬਣ ਚੁੱਕੇ ਹਨ। ਇਸ ਵਾਰ ਰੋਬੋਟਾਂ ਵਿੱਚ ਜਿਹੜੀ ਸਭ ਤੋਂ ਵੱਡੀ ਖੂਬੀ ਦੇਖਣ ਨੂੰ ਮਿਲੀ ਉਹ ਸੀ ਸੈਲਫ ਨੈਵੀਗੇਸ਼ਨ। ਉਨ੍ਹਾਂ ਰਿਮੋਟ ਨਾਲ ਨਹੀਂ, ਸਗੋਂ ਏ ਆਈ ਨਾਲ ਲੈਸ ਦਿਮਾਗ ਨਾਲ 21 ਕਿੱਲੋਮੀਟਰ ਦਾ ਰਾਹ ਤੈਅ ਕੀਤਾ। ਇਸਦੇ ਇਲਾਵਾ ਉਨ੍ਹਾਂ ਨੂੰ ਠੰਢੇ ਰੱਖਣ ਲਈ ਲਿਕੁਵਿਡ ਕੂਲਿੰਗ ਟੈਕਨਾਲੋਜੀ ਦੀ ਵਰਤੋਂ ਕੀਤੀ ਗਈ। ਰੇਸ ਦਾ ਮਕਸਦ ਸਾਫ ਤੌਰ ’ਤੇ ਰੋਬੋਟਾਂ ਦੀ ਮਜ਼ਬੂਤੀ ਤੇ ਸੁਧਾਰ ਨੂੰ ਪਰਖਣਾ ਸੀ।

### ਸੀ ਪੀ ਆਈ ਨੇ ...

ਦਿੱਤਾ ਜਾ ਰਿਹਾ ਹੈ। ਮੀਟਿੰਗ ਨੇ ਗੰਭੀਰ ਨੋਟਿਸ ਲਿਆ ਕਿ ਬੇਰੁਜ਼ਗਾਰੀ ਦੇ ਵਧਣ ਨਾਲ ਅਪਰਾਧ, ਗੈਂਗਸਟਰਵਾਦ ਅਤੇ ਨਸ਼ਾ ਮਾਫੀਆ ਵਿੱਚ ਵਾਧਾ ਹੋ ਰਿਹਾ ਹੈ। ਇਨ੍ਹਾਂ ਹਾਲਾਤ ਵਿੱਚ ਰਾਜ ਦਾ ਨੌਜਵਾਨ ਵਰਗ ਵਿਦੇਸ਼ਾਂ ਵੱਲ ਪ੍ਰਵਾਸ ਕਰਨ ਲਈ ਮਜਬੂਰ ਹੋ ਰਿਹਾ ਹੈ।

ਕੇਂਦਰ ਤੇ ਰਾਜ ਸਰਕਾਰਾਂ ਦੀਆਂ ਲੋਕ ਵਿਰੋਧੀ ਨੀਤੀਆਂ ਖ਼ਿਲਾਫ਼ ਜ਼ਿਲ੍ਹੇ ਵਿੱਚ 22 ਅਪ੍ਰੈਲ ਤੋਂ 5 ਮਈ ਤੱਕ ਜਨ-ਸੰਪਰਕ ਮੁਹਿੰਮ ਚਲਾਉਣ ਦਾ ਫੈਸਲਾ ਕੀਤਾ ਗਿਆ। ਹਾਜ਼ਰ ਮੈਂਬਰਾਂ ਨੇ 17 ਅਪ੍ਰੈਲ ਨੂੰ ਸੰਸਦ ਵਿੱਚ ਪੇਸ਼ ਕੀਤੇ ਗਏ ਬਿੱਲ ਦੀ ਕਾਪੀ ਸਾੜੀ। ਉਨ੍ਹਾਂ ਮੰਗ ਕੀਤੀ ਕਿ 2023 ਵਿੱਚ ਸੰਸਦ ਦੁਆਰਾ ਪਾਸ ਕੀਤਾ ਗਿਆ ਮਹਿਲਾ ਰਿਜ਼ਰਵੇਸ਼ਨ ਬਿੱਲ ਹੁਣ ਲਾਗੂ ਕੀਤਾ ਜਾਵੇ। ਦਰਅਸਲ, ਇਸ ਸਰਕਾਰ ਦਾ ਮਹਿਲਾਵਾਂ ਪ੍ਰਤੀ ਰਵੱਈਆ ਨਕਾਰਾਤਮਕ ਹੈ, ਜੋ ਮਹਿਲਾ ਪਹਿਲਵਾਨਾਂ ਦੇ ਮਾਮਲੇ, ਉਨਾਓ ਅਤੇ ਹਾਥਰਸ ਵਿੱਚ ਹੋਈਆਂ ਬਲਾਤਕਾਰ ਦੀਆਂ ਘਟਨਾਵਾਂ ਅਤੇ ਮਨੀਪੁਰ ਵਿੱਚ ਮਹਿਲਾਵਾਂ ਨੂੰ ਨੰਗਾ ਘੁਮਾਉਣ ਦੀ ਸ਼ਰਮਨਾਕ ਘਟਨਾ ਵਿੱਚ ਸਪੱਸ਼ਟ ਹੁੰਦਾ ਹੈ। ਪ੍ਰਧਾਨ ਮੰਤਰੀ ਨੇ ਇਨ੍ਹਾਂ ਮਸਲਿਆਂ ’ਤੇ ਇਕ ਵਾਰ ਵੀ ਕੁਝ ਨਹੀਂ ਕਿਹਾ।

ਮੀਟਿੰਗ ਦੀ ਪ੍ਰਧਾਨਗੀ ਸੀਨੀਅਰ ਪਾਰਟੀ ਆਗੂ ਭਰਪੂਰ ਸਿੰਘ ਸਵੱਦੀ ਨੇ ਕੀਤੀ। ਡੀ.ਪੀ. ਮੌੜ ਜ਼ਿਲ੍ਹਾ ਸਕੱਤਰ ਨੇ ਵਿਚਾਰ-ਵਟਾਂਦਰੇ ਲਈ ਏਜੰਡਾ ਪੇਸ਼ ਕੀਤਾ ਅਤੇ ਭਵਿੱਖੀ ਕਾਰਜਾਂ ਦੀ ਰੂਪਰੇਖਾ ਵੀ ਰੱਖੀ। ਐੱਮ ਐੱਸ ਭਾਟੀਆ ਨੇ ਕਾਰਵਾਈ ਚਲਾਈ। ਵਿਚਾਰ-ਵਟਾਂਦਰੇ ਵਿੱਚ ਸ਼ਾਮਲ ਹੋਣ ਵਾਲਿਆਂ ਵਿੱਚ ਡਾ. ਅਰੁਣ ਮਿਤਰਾ, ਰਮੇਸ਼ ਰਤਨ, ਚਮਕੌਰ ਸਿੰਘ, ਵਿਜੇ ਕੁਮਾਰ, ਡਾ. ਰਾਜਿੰਦਰ ਪਾਲ ਸਿੰਘ ਔਲਖ, ਜੰਗ ਸਿੰਘ ਸਿਰਥਲਾ, ਕਰਤਾਰ ਰਾਮ, ਚਰਨ ਸਰਾਭਾ, ਗੁਰਮੇਲ ਮੈਲਡੇ, ਜਸਵੀਰ ਝੱਜ, ਹੁਕਮ ਰਾਜ, ਅਜੀਤ ਜਵੱਦੀ, ਚਮਕੌਰ ਸਿੰਘ ਦੌਧਰ, ਸੁਖਵਿੰਦਰ ਕੌਰ, ਗੁਰਵੰਤ ਸਿੰਘ, ਐਡਵੋਕੇਟ ਨਵਲ ਛਿੱਬੜ ਸ਼ਾਮਲ ਸਨ। ਨੋਏਡਾ ਦੇ ਸੰਘਰਸ਼ ਮਜ਼ਦੂਰਾਂ ਦੇ ਹੱਕ ਵਿੱਚ ਅਤੇ ਡਿਲਿਮਿਟੇਸ਼ਨ ਬਿੱਲ ਦੇ ਖ਼ਿਲਾਫ਼ ਪ੍ਰਸਤਾਵ ਪਾਸ ਕੀਤੇ ਗਏ।

### ਸੰਸਾਰ ਤੇ ਖੇਤਰੀ ਜੰਗਾਂ ...

ਕਾਰਲ ਮਾਰਕਸ ਦੇ ਜੀਵਨ ਬਾਰੇ ਪੜ੍ਹਾਇਆ ਜਾਵੇਗਾ। ਮੀਟਿੰਗ ਵਿੱਚ ਫੈਸਲਾ ਹੋਇਆ ਕਿ 5 ਮਈ ਕਾਰਲ ਮਾਰਕਸ ਦੇ ਜਨਮ ਦਿਨ ’ਤੇ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਭਵਨ ਵਿਖੇ ਇੱਕ ਵੱਡਾ ਸੈਮੀਨਾਰ ਕੀਤਾ ਜਾਵੇਗਾ। ਮੀਟਿੰਗ ਨੂੰ ਹੋਰਨਾਂ ਤੋਂ ਇਲਾਵਾ ਜ਼ਿਲ੍ਹਾ ਮੀਤ ਸਕੱਤਰ ਡਾਕਟਰ ਇੰਦਰਵੀਰ ਗਿੱਲ, ਗੁਰਦਿੱਤ ਦੀਨਾ, ਜਗਦੀਸ਼ ਸਿੰਘ ਚਾਹਲ, ਸ਼ੇਰ ਸਿੰਘ ਦੌਲਤਪੁਰਾ, ਜਗਸੀਰ ਸਿੰਘ ਖੋਸਾ, ਸਵਰਾਜ ਸਿੰਘ ਢੁੱਡੀਕੇ, ਗੁਰਮੀਤ ਵਾਂਦਰ, ਸੁਖਜਿੰਦਰ ਮਹੇਸ਼ਰੀ, ਸਵਰਨ ਸਿੰਘ ਖੋਸਾ, ਕਰਮਵੀਰ ਬਧਨੀ, ਇਕਬਾਲ ਤਖਾਣਵੱਧ, ਹਰਪ੍ਰੀਤ ਬਾਵਾ, ਸੁਖਦੇਵ ਭੋਲਾ ਮਹਿੰਦਰ ਧੂਰਕੋਟ ਆਦਿ ਸਾਥੀਆਂ ਨੇ ਵੀ ਸੰਬੋਧਨ ਕੀਤਾ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।
**ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in**

# ਵਿਰੋਧੀ ਪਾਰਟੀਆਂ ਦੀ ਸੋਚ ਦਹਾਕਿਆਂ ਬਾਅਦ ਵੀ ਔਰਤ ਵਿਰੋਧੀ : ਭਰੋਵਾਲ

**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**- ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਰਮਨਦੀਪ ਸਿੰਘ ਭਰੋਵਾਲ ਨੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਲੋਕ ਸਭਾ ਵਿੱਚ ਜੋ ਕੁਝ ਵਾਪਰਿਆ, ਉਹ ਲੋਕਤੰਤਰ ਅਤੇ ਨਾਰੀ ਸਸ਼ਕਤੀਕਰਨ ਦੋਵਾਂ ਲਈ ਗੰਭੀਰ ਚਿੰਤਾ ਦਾ ਵਿਸ਼ਾ ਹੈ।ਭਰੋਵਾਲ ਨੇ ਕਿਹਾ ਕਿ ਔਰਤ ਸ਼ਕਤੀ ਵੰਦਨ ਬਿੱਲ, ਜਿਸਦਾ ਮੰਤਵ ਮਹਿਲਾਵਾਂ ਨੂੰ 33% ਰਿਜ਼ਰਵੇਸ਼ਨ ਦੇ ਕੇ ਉਨ੍ਹਾਂ ਨੂੰ ਫੈਸਲਾ ਲੈਣ ਵਾਲੀ ਪ੍ਰਕਿਰਿਆ ਵਿੱਚ ਸਮਾਨ ਹਿੱਸੇਦਾਰੀ ਦੇਣਾ ਸੀ, ਉਸਨੂੰ ਕਾਂਗਰਸ, ਤ੍ਰਿਣਮੂਲ ਕਾਂਗਰਸ, ਸਮਾਜਵਾਦੀ ਪਾਰਟੀ, ਡੀਐੱਮਕੇ ਅਤੇ ਲਾਲੂ ਪ੍ਰਸਾਦ ਦੀ ਪਾਰਟੀ ਵੱਲੋਂ ਰੋਕਣਾ ਹੈਰਾਨੀਜਨਕ ਹੈ।ਇਸ ਤਰ੍ਹਾਂ ਦੇ ਅਹਿਮ ਮਾਮਲੇ 'ਤੇ ਰਾਜਨੀਤੀ ਕਰਨਾ ਅਤੇ ਉਸਦੀ ਨਾਕਾਮੀ 'ਤੇ ਖੁਸ਼ੀ ਮਨਾਉਣਾ ਬਹੁਤ ਹੀ ਨਿੰਦਣਯੋਗ ਹੈ।ਉਨ੍ਹਾਂ ਕਿਹਾ ਕਿ ਇਹ ਸਿਰਫ਼ ਇਕ ਬਿੱਲ ਦਾ ਵਿਰੋਧ ਨਹੀਂ, ਸਗੋਂ ਦੇਸ਼ ਦੀਆਂ ਕਰੋੜਾਂ ਮਹਿਲਾਵਾਂ ਦੇ ਹੱਕਾਂ ਅਤੇ ਉਮੀਦਾਂ ਨਾਲ ਖਿਲਵਾੜ ਹੈ।ਸਾਲਾਂ ਤੋਂ ਲਟਕਦੇ ਇਸ ਅਧਿਕਾਰ ਨੂੰ ਮੁੜ ਟਾਲਣਾ ਇਹ ਦਰਸਾਉਂਦਾ ਹੈ ਕਿ ਕੁਝ ਪਾਰਟੀਆਂ ਦੀ ਸੋਚ ਅਜੇ ਵੀ ਔਰਤ ਸਸ਼ਕਤੀਕਰਨ ਦੇ ਖਿਲਾਫ਼ ਖੜ੍ਹੀ ਹੈ।ਅੱਜ ਦੀਆਂ ਮਹਿਲਾਵਾਂ ਇਸ ਖਿਲਵਾੜ ਨੂੰ ਬਰਦਾਸ਼ਤ ਨਹੀਂ ਕਰਨਗੀਆਂ।ਨਾਰੀ ਸਨਮਾਨ ਨੂੰ ਰੋਕਣ ਵਾਲੀਆਂ ਤਾਕਤਾਂ ਨੂੰ ਜਨਤਾ ਵੱਲੋਂ ਕਰਾਰਾ ਜਵਾਬ ਜ਼ਰੂਰ ਮਿਲੇਗਾ।ਇਸ ਮੌਕੇ ਭੁਪਿੰਦਰ ਸਿੰਘ ਟੀਟੂ, ਜਤਿੰਦਰ ਸਿੰਘ, ਵਰਿੰਦਰਪਾਲ ਸਿੰਘ, ਜਗਮੋਹਨ ਸਿੰਘ, ਹਰਪਾਲ ਸਿੰਘ, ਗੱਜਣ ਸਿੰਘ, ਗੁਰਿੰਦਰ ਸਿੰਘ ਆਦਿ ਆਗੂ ਹਾਜ਼ਰ ਸਨ।



# ਰਮਨ ਬਹਿਲ ਨੇ ਸਕੂਲਾਂ 'ਚ ਸਾਇੰਸ ਲੈਬਾਰਟਰੀਆਂ ਤੇ ਨਵੇਂ ਬਣੇ ਕਲਾਸ ਰੂਮਾਂ ਦਾ ਕੀਤਾ ਉਦਘਾਟਨ




**ਗੁਰਦਾਸਪੁਰ, (ਜਨਕ ਮਹਾਜਨ, ਦਿਨੇਸ਼ ਕੁਮਾਰ)**- ਗੁਰਦਾਸਪੁਰ ਹਲਕੇ ਦੇ ਇੰਚਾਰਜ ਰਮਨ ਬਹਿਲ ਵੱਲੋਂ ਹਲਕੇ ਦੇ ਵੱਖ-ਵੱਖ ਸਕੂਲਾਂ ਵਿੱਚ ਲੱਖਾਂ ਰੁਪਏ ਦੀ ਲਾਗਤ ਨਾਲ ਬਣੀਆਂ ਸਾਇੰਸ ਲੈਬਾਰਟਰੀਆਂ ਅਤੇ ਐਡੀਸ਼ਨਲ ਕਲਾਸ ਰੂਮਾਂ ਦਾ ਉਦਘਾਟਨ ਕੀਤਾ ਗਿਆ।ਇਸ ਮੌਕੇ ਚੇਅਰਮੈਨ ਭਾਰਤ ਭੂਸ਼ਣ ਸ਼ਰਮਾ, ਚੇਅਰਮੈਨ ਰਾਜੀਵ ਸ਼ਰਮਾ, ਐਡਵੋਕੇਟ ਸੁੱਚਾ ਸਿੰਘ ਮੁਲਤਾਨੀ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਅਤੇ ਸਕੂਲ ਸਟਾਫ ਮੌਜੂਦ ਸੀ। ਇਸ ਮੌਕੇ ਗੱਲ ਕਰਦਿਆਂ ਰਮਨ ਬਹਿਲ ਨੇ ਦੱਸਿਆ ਕਿ ਸਰਕਾਰੀ ਹਾਈ ਸਕੂਲ ਬੱਬਰੀ ਵਿਖੇ 11 ਲੱਖ ਰੁਪਏ ਦੀ ਲਾਗਤ ਨਾਲ ਸਾਇੰਸ ਲੈਬਾਰਟਰੀ ਦਾ ਉਦਘਾਟਨ ਕੀਤਾ ਗਿਆ।ਸਰਕਾਰੀ ਪ੍ਰਾਇਮਰੀ ਸਕੂਲ ਹਰਦੋਬਥਵਾਲਾ ਭੱਠਾ ਕਾਲੋਨੀ ਵਿਖੇ 9 ਲੱਖ 55 ਹਜ਼ਾਰ ਰੁਪਏ ਦੀ ਲਾਗਤ ਨਾਲ ਐਡੀਸ਼ਨਲ ਕਲਾਸ ਰੂਮਾਂ ਦਾ ਉਦਘਾਟਨ ਕੀਤਾ ਗਿਆ।ਇਸ ਤੋਂ ਇਲਾਵਾ 2 ਇੰਟਰਐਕਟਿਵ ਪੈਨਲ, 8 ਕੰਪਿਊਟਰ ਅਤੇ 8 ਯੂ.ਪੀ.ਐੱਸ ਮੁਹੱਈਆ ਕਰਵਾਏ ਗਏ ਹਨ।ਉਨ੍ਹਾਂ ਅੱਗੇ ਦੱਸਿਆ ਕਿ ਇਸੇ ਤਰ੍ਹਾਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਗੋਤ ਪੋਖਰ ਵਿਖੇ 22 ਲੱਖ ਰੁਪਏ ਦੀ ਲਾਗਤ ਨਾਲ ਐੱਨ.ਐੱਸ.ਕਿਊ.ਐੱਫ ਲੈਬਾਰਟਰੀ ਅਤੇ ਸਾਇੰਸ ਲੈਬਾਰਟਰੀ ਦਾ ਉਦਘਾਟਨ ਕੀਤਾ ਗਿਆ।ਇਸ ਦੇ ਨਾਲ 2 ਇੰਟਰਐਕਟਿਵ ਪੈਨਲ, 10 ਕੰਪਿਊਟਰ ਅਤੇ 10 ਯੂ.ਪੀ.ਐੱਸ. ਮੁਹੱਈਆ ਕਰਵਾਏ ਗਏ ਹਨ।ਸਰਕਾਰੀ ਹਾਈ ਸਕੂਲ ਸਾਧੂਚੱਕ ਵਿਖੇ 15 ਲੱਖ ਰੁਪਏ ਦੀ ਲਾਗਤ ਨਾਲ 2 ਐਡੀਸ਼ਨਲ ਕਲਾਸ ਰੂਮਾਂ ਦਾ ਉਦਘਾਟਨ ਕੀਤਾ ਗਿਆ ਅਤੇ 2 ਇੰਟਰਐਕਟਿਵ ਪੈਨਲ, 8 ਕੰਪਿਊਟਰ ਅਤੇ 8 ਯੂ.ਪੀ.ਐੱਸ. ਮੁਹੱਈਆ ਕਰਵਾਏ ਗਏ ਹਨ।ਰਮਨ ਬਹਿਲ ਨੇ ਅੱਗੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਸਕੂਲਾਂ ਅੰਦਰ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕੀਤਾ ਗਿਆ ਹੈ ਅਤੇ ਵਿਦਿਆਰਥੀਆਂ ਨੂੰ ਪੜ੍ਹਨ ਲਈ ਸ਼ਾਨਦਾਰ ਵਾਤਾਵਰਣ ਮੁਹੱਈਆ ਕਰਵਾਇਆ ਗਿਆ ਹੈ।ਉਨ੍ਹਾਂ ਕਿਹਾ ਕਿ ਗੁਰਦਾਸਪੁਰ ਸ਼ਹਿਰ ਸਮੇਤ ਹਲਕੇ ਦੇ ਪਿੰਡਾਂ ਵਿੱਚ ਲੋਕਾਂ ਦੀ ਸਹੂਲਤਾਂ ਨੂੰ ਮੁੱਖ ਰੱਖਦਿਆਂ ਪਾਰਦਰਸ਼ੀ ਢੰਗ ਵਿਕਾਸ ਕਾਰਜ ਕੀਤੇ ਹਨ ਅਤੇ ਉਹ 24 ਘੰਟੇ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਹਨ।ਉਨ੍ਹਾਂ ਕਿਹਾ ਕਿ ਉਹ ਵਿਕਾਸ ਦੀ ਰਾਜਨੀਤੀ ਵਿੱਚ ਵਿਸ਼ਵਾਸ ਰੱਖਦੇ ਹਨ ਅਤੇ ਲੋਕਾਂ ਸੇਵਾ ਹੀ ਉਨ੍ਹਾਂ ਦੀ ਪਹਿਲ ਹੈ।

# ਬੱਜੂਮਾਨ ਦਾ 17ਵਾਂ ਸਾਲਾਨਾ ਹਾਕੀ ਟੂਰਨਾਮੈਂਟ ਸ਼ਾਨੋ-ਸ਼ੌਕਤ ਨਾਲ ਸਮਾਪਤ

**ਜੈਂਤੀਪੁਰ (ਸੁਖਬੀਰ ਸਿੰਘ ਸਿੱਧੂ)**- ਸ਼ੇਰੇ-ਏ-ਪੰਜਾਬ ਸਪੋਰਟਸ ਕਲੱਬ ਵੱਲੋਂ 17ਵਾਂ ਸਲਾਨਾ ਹਾਕੀ ਟੂਰਨਾਮੈਂਟ ਕਰਵਾਇਆ ਗਿਆ।ਇਹ ਟੂਰਨਾਮੈਂਟ ਪਿੰਡ ਬੱਜੂਮਾਨ ਦੀ ਖੇਡ ਗਰਾਊਂਡ ਵਿੱਚ ਕਰਵਾਇਆ ਗਿਆ। ਬੱਜੂਮਾਨ ਦੀ ਟੀਮ ਪਹਿਲੇ ਤੇ ਤਲਵੰਡੀ ਖੁੰਮਣ ਦੀ ਟੀਮ ਦੂਜੇ ਸਥਾਨ 'ਤੇ ਰਹੀ।



ਪਹਿਲਾ ਇਨਾਮ 16000 ਤੇ ਦੂਜਾ ਇਨਾਮ 14000 ਰੁਪਏ ਨਗਦ ਰਾਸ਼ੀ ਸ਼ੀਲਡਾਂ ਸਣੇ ਦਿੱਤਾ। ਪ੍ਰਧਾਨ ਜੋਬਨ ਕਾਹਲੋਂ (ਅਮਰੀਕ ਸਪੋਰਟਸ ਜੈਂਤੀਪੁਰ) ਵੱਲੋਂ ਬੱਚਿਆਂ ਨੂੰ ਟੀ-ਸ਼ਰਟਾਂ ਦਿੱਤੀਆਂ ਗਈਆਂ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੁੱਖ ਮਹਿਮਾਨਾਂ ਨੇ ਬੱਚਿਆਂ ਨੂੰ ਖੇਡਣ ਤੇ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ।ਟੂਰਨਾਮੈਂਟ ਨੂੰ ਕਰਵਾਉਣ ਲਈ ਐੱਨ ਆਰ ਆਈ, ਫੌਜੀ ਵੀਰ ਤੇ ਪਿੰਡ ਤੇ ਟੂਰਨਾਮੈਂਟ ਪ੍ਰਬੰਧਕ ਕਮੇਟੀ ਦੇ ਕੁਲਵੰਤ ਸਿੰਘ, ਰਾਜਵਿੰਦਰ ਸਿੰਘ, ਡਾ. ਰਤਨਦੀਪ ਸਿੰਘ ਮੱਲੀ, ਜਗੀਰ ਸਿੰਘ ਫੌਜੀ, ਹਰਪਾਲ ਸਿੰਘ ਮਾਨ, ਸੁਖਪਾਲ ਸਿੰਘ ਸੁਖ, ਮਲਕੀਤ ਸਿੰਘ ਫੌਜੀ ਦਾ ਵੱਡਾ ਸਹਿਯੋਗ ਰਿਹਾ। ਇਸ ਮੌਕੇ ਮੁੱਖ ਸ਼ਖਸੀਅਤਾਂ ਪ੍ਰੇਮ ਸਿੰਘ ਸਰਪੰਚ ਬੱਜੂਮਾਨ, ਜਨਰਲ ਸਕੱਤਰ ਬਲਜਿੰਦਰ ਸਿੰਘ ਬਿੱਟਾ, ਹਰਪ੍ਰੀਤ ਸਿੰਘ ਲੰਬੜਦਾਰ, ਹੈਲਥ ਵਰਕਰ ਪਤਵਿੰਦਰ ਸਿੰਘ ਬੱਜੂਮਾਨ ਤੋਂ ਇਲਾਵਾ ਬਿਕਰਮਜੀਤ ਸਿੰਘ, ਜਸਪਾਲ ਸਿੰਘ ਪ੍ਰਧਾਨ ਕਿਸਾਨ ਯੂਨੀਅਨ, ਝਿਰਮਲ ਸਿੰਘ ਪ੍ਰਧਾਨ ਕਿਸਾਨ ਯੂਨੀਅਨ, ਸਿਮਰਨ ਸਿੰਘ ਮਾਨ, ਦਿਲਮਨ ਸਿੰਘ ਮਾਨ, ਨਵਜੋਤ ਸਿੰਘ ਮਾਨ, ਪ੍ਰਿਤਪਾਲ ਸਿੰਘ ਮਾਨ, ਬਿੱਟੂ ਸਿੰਘ ਫੌਜੀ, ਮਨੂੰ ਸ਼ਾਹ, ਕੇਵਲ ਸਿੰਘ ਇਟਲੀ, ਸਹਿਜ ਇਟਲੀ, ਰੋਮੀ ਫਰਾਂਸ, ਗੁਰਦੇਵਪਾਲ ਯੂਐੱਸਏ, ਸੋਨੀ ਯੂਕੇ, ਗਗਨ ਯੂਏਈ, ਮਹਾਵੀਰ ਸਿੰਘ ਡੁਬਈ, ਰਮਨ ਕੈਨੇਡਾ, ਯੋਧਾ ਪੁਰਤਗਾਲ, ਵਿੱਕੀ ਲੰਬੜਦਾਰ ਕੈਨੇਡਾ, ਲਵਪ੍ਰੀਤ ਸਿੰਘ ਯੂਏਈ, ਹਰਪ੍ਰੀਤ ਸਿੰਘ ਮੱਲ੍ਹੀ, ਲਾਡੀ ਮੱਲ੍ਹੀ, ਬਿੱਕਾ ਸ਼ਾਹ, ਮੇਜਰ ਸਿੰਘ ਟੈਂਟ ਹਾਊਸ, ਮਾਸਟਰ ਸਤਨਾਮ ਸਿੰਘ ਪਾਖਰਪੁਰ, ਮਾਸਟਰ ਨਿਰਮਲ ਸਿੰਘ ਸ਼ੇਖੂਪੁਰ, ਡਾ. ਸੁਖਵਿੰਦਰ ਸਿੰਘ ਤੇ ਸਮੂਹ ਇਲਾਕਾ ਨਿਵਾਸੀ ਆਦਿ ਹਾਜ਼ਰ ਸਨ।

# ਦਾਣਾ ਮੰਡੀ ਭੱਟੀਆਂ 'ਚ ਖੁੱਲ੍ਹੇ ਅਸਮਾਨ ਥੱਲੇ ਰੁਲ ਰਹੀ ਹੈ ਕਣਕ; ਆੜ੍ਹਤੀ ਤੇ ਕਿਸਾਨ ਪ੍ਰਸ਼ਾਸਨ ਤੋਂ ਖਫਾ

**ਗੁਰਦਾਸਪੁਰ, (ਜਨਕ ਮਹਾਜਨ)**- ਦਿਹਾਤੀ ਮੰਡੀ ਭੱਟੀਆਂ ਵਿਚ ਨੀਲੇ ਅਸਮਾਨ ਹੇਠ 40 ਹਜ਼ਾਰ ਦੇ ਕਰੀਬ ਖੁੱਲ੍ਹੀ ਕਣਕ ਪਈ ਹੋਈ ਹੈ ਜਿਸ ਕਰਕੇ ਆੜ੍ਹਤੀਆਂ ਦੇ ਸਾਹ ਸੂਤੇ ਪਏ ਹਨ ਪਰ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਨੇ ਮੰਡੀ ਵਿਚ ਅਜੇ ਤੀਕ ਕੋਈ ਵੀ ਚੱਕਰ ਨਹੀਂ ਮਾਰਿਆ ਜਿਸ ਨਾਲ ਆੜ੍ਹਤੀ ਜ਼ਿਲ੍ਹਾ ਪ੍ਰਸ਼ਾਸਨ ਤੋਂ ਖਫਾ ਹੋਏ ਪਏ ਹਨ। ਐੱਸ. ਕੇ. ਟਰੇਡਿੰਗ ਕੰਪਨੀ, ਕੇ. ਡੀ. ਐੱਸ. ਕਮਿਸ਼ਨ ਏਜੰਟ ਅਤੇ ਐੱਨ. ਕੇ. ਕਮਿਸ਼ਨ ਏਜੰਟ ਨੇ ਸਾਂਝੇ ਤੌਰ 'ਤੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪੰਜਾਬ ਸਰਕਾਰ ਨੇ 1 ਅਪ੍ਰੈਲ ਤੋਂ ਸਰਕਾਰੀ ਕਣਕ ਦੀ ਖਰੀਦ ਸ਼ੁਰੂ ਕਰਵਾਈ ਹੈ ਅਤੇ ਭੱਟੀਆਂ ਮੰਡੀ ਵਿੱਚ ਖਰੀਦ ਏਜੰਸੀ ਨੇ ਬਾਰਦਾਨਾ ਨਹੀਂ ਭੇਜਿਆ ਤੇ ਕਣਕ ਖੁੱਲ੍ਹੇ ਸਾਮਾਨ ਹੇਠ ਪਈ ਹੋਈ ਹੈ। ਉਨ੍ਹਾਂ ਨੇ ਦੱਸਿਆ ਕਿ ਇਹ ਮਾਮਲਾ ਜ਼ਿਲ੍ਹਾ ਫੂਡ ਸਪਲਾਈ ਕੰਟਰੋਲਰ ਗੁਰਦਾਸਪੁਰ ਦੇ ਧਿਆਨ ਹਿੱਤ ਵੀ ਲਿਆਂਦਾ ਗਿਆ ਪਰ ਫਿਰ ਵੀ ਆੜ੍ਹਤੀਆਂ ਦਾ ਕੋਈ ਹੱਲ ਨਹੀਂ ਹੋਇਆ। ਉਨ੍ਹਾਂ ਦੱਸਿਆ ਕਿ ਪਹਿਲਾਂ ਖਰੀਦ ਕੇਂਦਰ ਦੀ ਚੈਕਿੰਗ ਡਿਪਟੀ ਕਮਿਸ਼ਨਰ ਤੇ ਹੋਰ ਸੰਬੰਧਿਤ ਅਧਿਕਾਰੀ ਕਰਦੇ ਸਨ ਪਰ ਹੁਣ ਪ੍ਰਸ਼ਾਸਨ ਵੀ ਚੁੱਪੀ ਧਾਰੀ ਬੈਠਾ ਹੈ। ਇੱਥੋਂ ਤੱਕ ਕਿ ਪੰਜਾਬ ਦੇ ਮੁੱਖ ਮੰਤਰੀ ਦੇ ਹੁਕਮਾਂ ਨੂੰ ਜ਼ਿਲ੍ਹਾ ਪ੍ਰਸ਼ਾਸਨ ਟਿਚ ਸਮਝ ਰਿਹਾ ਹੈ। ਉਨ੍ਹਾਂ ਨੇ ਪੰਜਾਬ ਸਰਕਾਰ ਦੇ ਮੰਤਰੀ ਲਾਲ ਚੰਦ ਕਟਾਰੂ ਚੱਕ ਪਾਸੋਂ ਮੰਗ ਕੀਤੀ ਕਿ ਡਿਪਟੀ ਕਮਿਸ਼ਨਰ ਗੁਰਦਾਸਪੁਰ ਨੂੰ ਸਖਤ ਤੋਂ ਸਖਤ ਹਦਾਇਤਾਂ ਕਰਕੇ ਭਟੀਆਂ ਮੰਡੀ ਵਿਚ ਬਾਰਦਾਨੇ ਨੂੰ ਭੇਜਿਆ ਜਾਵੇ ਜਿਸ ਨਾਲ ਆੜ੍ਹਤੀਆਂ ਦੀ ਮੁਸ਼ਕਿਲ ਦਾ ਹੱਲ ਹੋ ਸਕੇ।



# ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਧਾਰੀਵਾਲ ਦਾ ਨਤੀਜਾ ਰਿਹਾ ਸੌ ਫੀਸਦੀ

**ਧਾਰੀਵਾਲ, (ਮਨਦੀਪ ਵਿੱਕੀ)**- ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਧਾਰੀਵਾਲ ਦਾ ਸੀਬੀਐਸਈ ਵੱਲੋਂ ਐਲਾਨਿਆਂ ਦਸਵੀਂ ਜਮਾਤ ਦਾ ਨਤੀਜਾ 100 ਫੀਸਦੀ ਰਿਹਾ ਹੈ।ਇਸ ਸਬੰਧੀ ਸਕੂਲ ਦੇ ਡਾਇਰੈਕਟਰ ਅਮਰਜੀਤ ਸਿੰਘ ਚਾਹਲ, ਸਕੱਤਰ ਪਰਮਿੰਦਰ ਕੌਰ ਚਾਹਲ, ਪ੍ਰਿੰ. ਕਿਰਨ ਕੇਸਰ ਨੇ ਸਾਂਝੇ ਤੌਰ ਤੇ ਦੱਸਿਆ ਕਿ ਸੁਨਾਲੀ ਕੁਮਾਰੀ ਸਪੁੱਤਰੀ ਕੁਮਾਰ ਰੰਜਨ ਨੇ 91% ਅੰਕ ਪ੍ਰਾਪਤ ਕਰਕੇ ਸਕੂਲ ਚੋਂ ਪਹਿਲਾ ਸਥਾਨ ਪਹਿਲਾ, ਪਵਨਪ੍ਰੀਤ ਕੌਰ ਸਪੁੱਤਰੀ ਹੀਰਾ ਸਿੰਘ ਨੇ 90% ਅੰਕ ਪ੍ਰਾਪਤ ਕਰਕੇ ਦੂਜਾ ਸਥਾਨ, ਗੁਰਜਤਨ ਸਿੰਘ ਸਪੁੱਤਰ ਸਰਬਜੀਤ ਸਿੰਘ ਨੇ 86% ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਹਾਸਲ ਕੀਤਾ ਹੈ।ਪ੍ਰਿੰ. ਕਿਰਨ ਕੇਸਰ ਨੇ ਕਿਹਾ ਇਹ ਨਤੀਜਾ ਸਾਰੇ ਸਟਾਫ ਅਤੇ ਵਿਦਿਆਰਥੀਆਂ ਦੀ ਸਾਂਝੀ ਮਿਹਨਤ ਦਾ ਨਤੀਜਾ ਹੈ।ਇਸ ਮੌਕੇ ਡਾਇਰੈਕਟਰ ਅਮਰਜੀਤ ਸਿੰਘ ਚਾਹਲ ਨੇ ਕਿਹਾ ਕਿ ਸਾਡੇ ਸਕੂਲ ਦੇ ਵਿਦਿਆਰਥੀਆਂ ਦੀ ਵਧੀਆ ਕਾਰਗੁਜ਼ਾਰੀ ਨਾਲ 10ਵੀਂ ਕਲਾਸ ਦੇ ਸ਼ਾਨਦਾਰ ਨਤੀਜੇ ਨੇ ਸਕੂਲ ਦਾ ਹੋਰ ਮਾਣ ਵਧਾਇਆ ਹੈ।ਉਨ੍ਹਾਂ ਕਿਹਾ ਕਿ ਇਹ ਸਿਰਫ ਵਿਦਿਆਰਥੀਆਂ ਦੀ ਹੀ ਨਹੀਂ, ਸਗੋਂ ਉਨ੍ਹਾਂ ਦੇ ਮਾਪਿਆਂ ਅਤੇ ਅਧਿਆਪਕਾਂ ਦੀ ਸਾਂਝੀ ਕਾਮਯਾਬੀ ਹੈ।ਅਧਿਆਪਕਾਂ ਨੇ ਦਿਨ-ਰਾਤ ਮਿਹਨਤ ਕਰਕੇ ਵਿਦਿਆਰਥੀਆਂ ਨੂੰ ਸਹੀ ਦਿਸ਼ਾ ਦਿੱਤੀ ਹੈ।ਮਾਪਿਆਂ ਨੇ ਵੀ ਹਰ ਕਦਮ 'ਤੇ ਆਪਣੇ ਬੱਚਿਆਂ ਦਾ ਸਾਥ ਦਿੱਤਾ ਹੈ, ਜਿਸ ਨਾਲ ਇਹ ਨਤੀਜੇ ਸੰਭਵ ਹੋਏ ਹਨ।ਉਨ੍ਹਾਂ ਨੇ ਕਿਹਾ ਕਿ ਵੱਡੀਆਂ ਮੰਜ਼ਿਲਾਂ ਤੁਹਾਡਾ ਇੰਤਜ਼ਾਰ ਕਰ ਰਹੀਆਂ ਹਨ।ਹਮੇਸ਼ਾ ਸਿੱਖਣ ਦੀ ਲਾਲਸਾ ਰੱਖੋ ਅਤੇ ਆਪਣੇ ਲਕਸ਼ ਨੂੰ ਹਾਸਲ ਕਰਨ ਲਈ ਜੁਟੇ ਰਹੋ। ਇਸ ਮੌਕੇ ਸਕੂਲ ਦੇ ਸਮੂਹ ਸਟਾਫ ਮੈਂਬਰ ਹਾਜ਼ਰ ਸਨ।



# ਪਿੰਡ ਬੱਲ ਬਾਵਾ ਦੇ ਪੁਰਾਤਨ ਮੰਦਰ ਵਿਖੇ ਪੂਰੇ ਜੋਸ਼ੋ-ਖਰੋਸ਼ ਨਾਲ ਭਰਿਆ ਵਿਸਾਖੀ ਦਾ ਮੇਲਾ

**ਫਤਿਹਗੜ੍ਹ ਚੂੜੀਆਂ, (ਜਸਦੇਵ ਸਿੰਘ ਮਾਨ)**- ਫਤਿਹਗੜ੍ਹ ਚੂੜੀਆਂ ਦੇ ਨਜ਼ਦੀਕ ਪੈਂਦੇ ਪਿੰਡ ਬੱਲ ਬਾਵਾ ਦੇ ਪੁਰਾਤਨ ਮੰਦਰ ਬਾਬਾ ਮਹਾਂ ਦਾਸ ਵਿਖੇ ਵਿਸਾਖੀ ਦਾ ਤਿਓਹਾਰ ਐਗਜ਼ੈਕਟਿਵ ਕਮੇਟੀ ਠਾਕੁਰ ਦੁਆਰਾ ਬੱਲ ਬਾਵਾ ਦੇ ਸਰਪਰਸਤ ਰਜੇਸ਼ ਸਲਵਾਨ, ਪ੍ਰਧਾਨ ਰਜਿੰਦਰ ਕੁਮਾਰ ਸਲਵਾਨ, ਕੈਸ਼ੀਅਰ ਪਵਨ ਨਈਅਰ ਅਤੇ ਸਮੂਹ ਮੈਂਬਰਾਂ ਤੇ ਸੇਵਕਾਂ ਦੁਆਰਾ ਬਹੁਤ ਹੀ ਧੂਮ ਧਾਮ ਨਾਲ ਮਨਾਇਆ ਗਿਆ।

ਇਸ ਮੌਕੇ ਬਹੁਤ ਸਾਰੀਆਂ ਸੰਸਥਾਵਾਂ ਤੇ ਇਲਾਕੇ ਦੀਆਂ ਉੱਘੀਆਂ ਸ਼ਖ਼ਸੀਅਤਾਂ ਨੇ ਆਪਣੀ ਹਾਜ਼ਰੀ ਲਵਾਈ। ਮੇਲੇ ਦੌਰਾਨ ਰਜਿੰਦਰ ਕੁਮਾਰ ਸਲਵਾਨ ਪ੍ਰਧਾਨ ਮੰਦਰ ਕਮੇਟੀ ਨੇ ਹਾਜ਼ਰ ਪਤਵੰਤੇ ਸੱਜਣਾਂ, ਪਿੰਡ ਦੀ ਵਾਸੀਆਂ ਅਤੇ ਸਮੂਹ ਸੇਵਕਾਂ ਦਾ ਧੰਨਵਾਦ ਕੀਤਾ ਅਤੇ ਮੌਜੂਦਾ ਪੰਚ, ਸਰਪੰਚ ਅਤੇ ਪਿੰਡ ਦੀ ਸਮੂਹ ਸੰਗਤ ਨੂੰ ਵਿਸਾਖੀ ਅਤੇ ਖਾਲਸਾ ਸਾਜਨਾ ਦਿਵਸ ਦੀ ਵਧਾਈ ਦਿੱਤੀ ਗਈ।ਇਸ ਮੌਕੇ ਗਾਇਕ ਅਭੀ ਨੇ ਮਾਤਾ ਦੀਆਂ ਭੇਟਾਂ ਗਾ ਕੇ ਸਰੋਤਿਆਂ ਨੂੰ ਨਿਹਾਲ ਕੀਤਾ।ਮੇਲੇ ਵਿੱਚ ਵਿਸ਼ੇਸ਼ ਤੌਰ 'ਤੇ ਪੰਹੁਚੇ ਮਹਿਮਾਨ ਹਰਪ੍ਰਤਾਪ ਸਿੰਘ ਅਜਨਾਲਾ ਸਾਬਕਾ ਵਿਧਾਇਕ, ਸੰਸਦੀ ਸਕੱਤਰ ਅੰਮ੍ਰਿਤਪਾਲ ਸਿੰਘ ਬੋਨੀ ਅਜਨਾਲਾ, ਰਜੀਵ ਸ਼ਰਮਾ ਚੇਅਰਮੈਨ ਇੰਪਰੂਵਮੈਂਟ ਟਰੱਸਟ ਗੁਰਦਾਸਪੁਰ, ਆਪ ਆਗੂ ਨਵੀਸ਼ ਨੰਦਾ ਛੱਬੀ, ਮਲਕੀਤ ਸਿੰਘ ਸਰਪੰਚ, ਸਰਪੰਚ ਸਚਿਨਦੀਪ ਸਿੰਘ ਬਾਠ ਛਿਛਰੇਵਾਲ ਨੂੰ ਕਮੇਟੀ ਵੱਲੋਂ ਸਨਮਾਨਿਤ ਕੀਤਾ ਗਿਆ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸ਼ਸ਼ੀ ਡੋਗਰਾ, ਵਿਨੋਦ ਕੁਮਾਰ ਕੇਸ਼ਾ, ਭੂਸ਼ਣ ਜੋਸ਼ੀ, ਸੁਖਦੇਵ ਜੋਸ਼ੀ, ਅਨਿਲ, ਰਘੂ ਲਖਨਪਾਲ ਅਤੇ ਅਯੋਧਿਆ ਜੋਸ਼ੀ ਆਦਿ ਹਾਜ਼ਰ ਸਨ।



# ਫੈਂਸੀ ਡਰੈੱਸ ਮੁਕਾਬਲਾ ਕਰਵਾਇਆ



**ਸੁਲਤਾਨਪੁਰ ਲੋਧੀ (ਹਨੀ)**- ਫਾਲਕਨ ਫਾਊਂਡੇਸ਼ਨ ਸਕੂਲ ' ਫੈਂਸੀ ਡਰੈਸ ਮੁਕਾਬਲਾ ਕਰਵਾਇਆ ਗਿਆ, ਜਿਸ ਦਾ ਥੀਮ ਪੰਜਾਬੀ ਅਟਾਇਰ ਸੀ। ਇਸ ਮੁਕਾਬਲੇ ਵਿੱਚ ਬੱਚਿਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ ਅਤੇ ਰਵਾਇਤੀ ਪੰਜਾਬੀ ਵੇਸ਼ਭੂਸ਼ਾ ਵਿੱਚ ਬਹੁਤ ਹੀ ਸੋਹਣੇ ਤਰੀਕੇ ਨਾਲ ਤਿਆਰ ਹੋ ਕੇ ਆਏ। ਬੱਚਿਆਂ ਦੀ ਰਚਨਾਤਮਕਤਾ ਅਤੇ ਆਤਮ ਵਿਸ਼ਵਾਸ ਦੇਖਣਯੋਗ ਸੀ।ਇਸ ਪ੍ਰੋਗਰਾਮ ਦੀ ਸਫਲਤਾ ਵਿੱਚ ਸਕੂਲ ਦੇ ਅਧਿਆਪਕਾਂ ਦਾ ਵਿਸ਼ੇਸ਼ ਯੋਗਦਾਨ ਰਿਹਾ। ਐੱਮ ਡੀ ਨਵਦੀਪ ਕੌਰ ਢਿੱਲੋਂ ਦੀ ਰਹਿਨੁਮਾਈ ਹੇਠ ਇਹ ਪ੍ਰੋਗਰਾਮ ਸੁਚੱਜੇ ਢੰਗ ਨਾਲ ਆਯੋਜਿਤ ਕੀਤਾ ਗਿਆ। ਮਮਤਾ, ਹਰਸ਼ਦੀਪ ਕੌਰ, ਪਰਮਜੀਤ ਕੌਰ, ਮੰਜੀਤ ਕੌਰ ਅਤੇ ਚੰਚਲ ਕੌਰ ਨੇ ਵੀ ਬਹੁਤ ਹੀ ਮਹੱਤਵਪੂਰਨ ਭੂਮਿਕਾ ਨਿਭਾਈ। ਨਵਦੀਪ ਢਿੱਲੋਂ ਨੇ ਵਿਦਿਆਰਥੀਆਂ ਵੱਲੋਂ ਦਿਖਾਈ ਪ੍ਰਤਿਭਾ ਦੀ ਭਰਪੂਰ ਪ੍ਰਸ਼ੰਸ਼ਾ ਕੀਤੀ। ਅਧਿਆਪਕਾਂ ਦੇ ਸਹਿਯੋਗ ਅਤੇ ਬੱਚਿਆਂ ਦੇ ਜੋਸ਼ ਨਾਲ ਇਹ ਫੈਂਸੀ ਡਰੈਸ ਮੁਕਾਬਲਾ ਬਹੁਤ ਹੀ ਸ਼ਾਨਦਾਰ ਰਿਹਾ।

# ਨਰੇਸ਼ ਮਹਾਜਨ 'ਨਿਰਗੁਣ' ਦਾ ਅੱਜ ਜੇ ਡੀ ਐੱਸ ਕਾਲਜ 'ਚ ਲੈਕਚਰ : ਰਾਕੇਸ਼ ਸ਼ਰਮਾ

**ਪਠਾਨਕੋਟ (ਦਵਿੰਦਰ ਸਿੰਘ)**- ਰਾਸ਼ਟਰੀ ਕਲਿਆਣਕਾਰੀ ਪ੍ਰੀਸ਼ਦ ਦੇ ਪ੍ਰਧਾਨ ਰਾਕੇਸ਼ ਸ਼ਰਮਾ ਨੇ ਦੱਸਿਆ ਕਿ ਪਰਿਆਵਰਨ ਪ੍ਰੇਮੀਆਂ ਵੱਲੋਂ ਜਲ ਸਰੋਤਾਂ ਦੇ ਸੁਰੱਖਿਅਣ ਲਈ ਕੀਤੇ ਜਾ ਰਹੇ ਯਤਨਾਂ ਦੇ ਤਹਿਤ ਨਰੇਸ਼ ਮਹਾਜਨ ਨਿਰਗੁਣ (ਸੇਵਾਮੁਕਤ ਨਿਗਰਾਨ ਇੰਜੀਨੀਅਰ ਅਤੇ ਪ੍ਰਸਿੱਧ ਸ਼ਾਇਰ) ਵੱਲੋਂ ਜਲ ਸੁਰੱਖਿਆ ਸੰਬੰਧੀ ਲੈਕਚਰ ਵੱਖ-ਵੱਖ ਕਾਲਜਾਂ ਅਤੇ ਯੂਨੀਵਰਸਿਟੀਆਂ ਵਿੱਚ ਆਯੋਜਿਤ ਕੀਤਾ ਜਾ ਰਿਹਾ ਹੈ।ਨਿਰਗੁਣ ਦਾ ਅਗਲਾ ਲੈਕਚਰ ਜੇ. ਡੀ. ਐੱਸ. ਕਾਲਜ ਆਫ ਐਜੂਕੇਸ਼ਨ ਵਿੱਚ ਸੋਮਵਾਰ, 20 ਅਪ੍ਰੈਲ ਨੂੰ ਆਯੋਜਿਤ ਕੀਤਾ ਜਾਵੇਗਾ।ਜਾਣਕਾਰੀ ਦਿੰਦਿਆਂ ਰਾਕੇਸ਼ ਸ਼ਰਮਾ ਨੇ ਦੱਸਿਆ ਕਿ ਪਿਛਲੇ ਦਿਨੀਂ ਚੰਡੀਗੜ੍ਹ ਯੂਨੀਵਰਸਿਟੀ ਵਿੱਚ ਵੀ ਨਰੇਸ਼ ਮਹਾਜਨ ਨਿਰਗੁਣ ਦੇ ਜਲ ਸੁਰੱਖਿਆ ਸੰਬੰਧੀ ਲੈਕਚਰ ਨੂੰ ਭਰਪੂਰ ਸਰਾਹਨਾ ਮਿਲੀ ਸੀ ਜਿਸ ਵਿੱਚ ਉਨ੍ਹਾਂ ਨੇ ਸਰਕਾਰ ਤੋਂ ਇੱਕ ਕਨਾਲ ਤੋਂ ਵੱਡੇ ਘਰਾਂ ਦਾ ਨਕਸ਼ਾ ਪਾਸ ਕਰਨ ਲਈ ਰੇਨ ਵਾਟਰ ਹਾਰਵੈਸਟਿੰਗ ਪ੍ਰੋਜੈਕਟ ਨੂੰ ਲਾਗੂ ਕਰਨ ਲਈ ਨਵੇਂ ਕਾਨੂੰਨ ਬਣਾਉਣ ਦੀ ਮੰਗ ਕੀਤੀ ਸੀ।ਰਾਕੇਸ਼ ਸ਼ਰਮਾ ਨੇ ਦੱਸਿਆ ਕਿ ਜ਼ਿਲ੍ਹਾ ਪਠਾਨਕੋਟ ਵਿੱਚ ਇਲੈਕਸ਼ਨ ਕਮਿਸ਼ਨ ਦੇ ਅਧਿਕਾਰੀ ਅਤੇ ਸੀਨੀਅਰ ਜ਼ਿਲ੍ਹਾ ਟੂਰਿਜ਼ਮ ਨੋਡਲ ਅਧਿਕਾਰੀ ਦੇ ਤੌਰ 'ਤੇ ਵੀ ਨਰੇਸ਼ ਮਹਾਜਨ ਨਿਰਗੁਣ ਨੇ ਸਰਾਹਣਯੋਗ ਭੂਮਿਕਾ ਨਿਭਾਈ ਹੈ ਅਤੇ ਜਲ ਪਰਿਆਵਰਨ ਅਤੇ ਜਲ ਸੁਰੱਖਿਆ ਵਿੱਚ ਆਪਣਾ ਕੀਮਤੀ ਯੋਗਦਾਨ ਦੇ ਰਹੇ ਹਨ।

# ਪਾਵਰ ਕੱਟਾਂ ਤੋਂ ਲੋਕ ਡਾਢੇ ਤੰਗ-ਪ੍ਰੇਸ਼ਾਨ



**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**- ਮਨਰੇਗਾ ਵਰਕਰਜ਼ ਯੂਨੀਅਨ ਦੇ ਸੂਬਾਈ ਆਗੂ ਬਲਦੇਵ ਸਿੰਘ ਪੰਡੋਰੀ, ਜਮਹੂਰੀ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਮਨਜੀਤ ਸਿੰਘ ਬੱਗੂ ਨੇ ਇੱਕ ਪ੍ਰੈੱਸ ਬਿਆਨ ਰਾਹੀਂ ਕਿਹਾ ਕਿ ਬਿਜਲੀ ਬੋਰਡ ਪਾਵਰ ਕੱਟਾਂ ਦੇ ਨਾਂ ਤੇ ਲੋਕਾਂ ਨੂੰ ਭਾਰੀ ਤੰਗ ਪਰੇਸ਼ਾਨ ਕਰ ਰਿਹਾ ਹੈ।ਉਨ੍ਹਾਂ ਕਿਹਾ ਕਿ ਕਣਕ ਦੇ ਸੀਜਨ ਨੂੰ ਮੁੱਖ ਰੱਖਦਿਆਂ ਬਿਜਲੀ ਬੋਰਡ 8 ਵਜੇ ਤੋਂ 7 ਵਜੇ ਤੱਕ ਕਣਕ ਦੀ ਫਸਲ ਨੂੰ ਅੱਗ ਲੱਗਣ ਤੋਂ ਬਚਾਉਣ ਲਈ ਬੰਦ ਰੱਖਣ ਨਾਲ ਲੋਕ ਸਹਿਮਤ ਹਨ ਪਰ ਪਾਵਰ ਕੱਟਾਂ ਦੇ ਨਾਂ ਤੇ ਕਰੀਬ 10 ਵਜੇ ਰਾਤ ਤੱਕ ਕਦੇ ਕਦੇ 12 ਵਜੇ ਰਾਤ ਤੱਕ ਬਿਜਲੀ ਦੇ ਸਪਲਾਈ ਬੰਦ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਇਹ ਫੈਸਲਾ ਤੁਰੰਤ ਵਾਪਸ ਲਿਆ ਜਾਵੇ ਅਤੇ ਲੋਕਾਂ ਨੂੰ ਨਿਰਵਿਘਨ ਬਿਜਲੀ ਦੀ ਸਪਲਾਈ ਸਮੇਂ ਸਿਰ ਦਿੱਤੀ ਜਾਵੇ ਤਾਂ ਜੋ ਪਿੰਡਾਂ ਵਿੱਚ ਰਹਿਣ ਵਾਲੇ ਲੋਕ ਮੱਛਰ ਨਾਲ ਫੈਲ ਰਹੀਆਂ ਮਲੇਰੀਆ ਵਰਗੀਆਂ ਬਿਮਾਰੀਆਂ ਤੋਂ ਬਚ ਸਕਣ ਅਤੇ ਆਪਣੇ ਮਾਲ ਡੰਗਰਾਂ ਨੂੰ ਸਮੇਂ ਸਿਰ ਪਾਣੀ ਪਿਲਾ ਸਕਣ।ਉਨ੍ਹਾਂ ਕਿਹਾ ਕਿ ਜੇਕਰ ਪਾਵਰਕਾਮ ਦੇ ਅਧਿਕਾਰੀਆਂ ਨੇ ਬਿਜਲੀ ਦੀ ਸਪਲਾਈ ਨੂੰ ਠੀਕ ਢੰਗ ਨਾਲ ਨਾ ਦਿੱਤੀ ਤਾਂ ਲੋਕਾਂ ਨੂੰ ਬਿਜਲੀ ਦਫਤਰਾਂ ਮੂਹਰੇ ਸੰਘਰਸ਼ ਕਰਨ ਲਈ ਮਜਬੂਰ ਹੋਣਾ ਪਵੇਗਾ। ਇਸ ਮੌਕੇ ਨਰਿੰਦਰ ਸਿੰਘ ਰਟੌਲ, ਗੁਰਪ੍ਰਤਾਪ ਸਿੰਘ ਬਾਠ, ਸੁਖਦੇਵ ਸਿੰਘ ਜਵੰਦਾ, ਮੰਗਲ ਸਿੰਘ ਜਵੰਦਾ, ਕੁਲਦੀਪ ਸਿੰਘ ਮਾਣੋਚਾਹਲ, ਰੇਸ਼ਮ ਸਿੰਘ ਫੈਲੋਕੇ ਆਦਿ ਹਾਜ਼ਰ ਸਨ।

# ਆਰ. ਡੀ. ਖੋਸਲਾ ਡੀ ਏ ਵੀ ਸਕੂਲ 'ਚ ਬੜੇ ਉਤਸ਼ਾਹ ਤੇ ਖੁਸ਼ੀ ਨਾਲ ਮਨਾਇਆ ਵਿਸ਼ਵ ਵਿਰਾਸਤ ਦਿਹਾੜਾ

**ਬਟਾਲਾ (ਤਰਲੋਕ ਬੱਗਾ, ਮਲਵਿੰਦਰ ਸਿੰਘ)**- ਆਰ. ਡੀ. ਖੋਸਲਾ ਡੀ. ਏ. ਵੀ. ਮਾਡਲ ਸੀਨੀਅਰ ਸੈਕੰਡਰੀ ਸਕੂਲ, ਬਟਾਲਾ ਵਿਖੇ ਵਿਸ਼ਵ ਵਿਰਾਸਤ ਦਿਵਸ ਬੜੇ ਉਤਸ਼ਾਹ ਅਤੇ ਖੁਸ਼ੀ ਨਾਲ ਮਨਾਇਆ ਗਿਆ।ਇਸ ਮੌਕੇ ਵਿਦਿਆਰਥੀਆਂ ਨੇ ਵੱਖ-ਵੱਖ ਗਤੀਵਿਧੀਆਂ ਰਾਹੀਂ ਭਾਰਤੀ ਸੱਭਿਆਚਾਰਕ ਅਤੇ ਇਤਿਹਾਸਕ ਵਿਰਾਸਤ ਦੀ ਮਹੱਤਤਾ ਨੂੰ ਉਜਾਗਰ ਕੀਤਾ।ਪ੍ਰੋਗਰਾਮ ਦੀ ਸ਼ੁਰੂਆਤ ਇੱਕ ਭਾਸ਼ਣ ਮੁਕਾਬਲੇ ਨਾਲ ਹੋਈ, ਜਿਸ ਵਿੱਚ ਵਿਦਿਆਰਥੀਆਂ ਨੇ ਵਿਸ਼ਵ ਵਿਰਾਸਤ ਸਥਾਨਾਂ ਦੀ ਸੰਭਾਲ ਅਤੇ ਮਹੱਤਤਾ ਬਾਰੇ ਪ੍ਰਭਾਵਸ਼ਾਲੀ ਢੰਗ ਨਾਲ ਆਪਣੇ ਵਿਚਾਰ ਪੇਸ਼ ਕੀਤੇ। ਉਨ੍ਹਾਂ ਨੇ ਕਵਿਤਾਵਾਂ ਰਾਹੀਂ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਵੀ ਕੀਤਾ ਅਤੇ ਦਰਸ਼ਕਾਂ ਨੂੰ ਪ੍ਰਭਾਵਿਤ ਕੀਤਾ।ਪ੍ਰੋਗਰਾਮ ਦੀ ਇੱਕ ਵਿਸ਼ੇਸ਼ ਵਿਸ਼ੇਸ਼ਤਾ ਛੋਟੇ ਬੱਚਿਆਂ ਦੁਆਰਾ ਪੇਸ਼ ਕੀਤੀ ਗਈ ਝਾਕੀ ਸੀ, ਜਿਸ ਵਿੱਚ ਉਨ੍ਹਾਂ ਨੇ ਭਾਰਤ ਦੇ ਵੱਖ-ਵੱਖ ਰਾਜਾਂ ਦੇ ਰਵਾਇਤੀ ਪਹਿਰਾਵੇ ਪਹਿਨ ਕੇ ਦੇਸ਼ ਦੀ ਸੱਭਿਆਚਾਰਕ ਵਿਭਿੰਨਤਾ ਨੂੰ ਪ੍ਰਦਰਸ਼ਿਤ ਕੀਤਾ।ਰੰਗੀਨ ਪਹਿਰਾਵੇ ਪਹਿਨੇ ਬੱਚਿਆਂ ਨੇ ਸਾਰਿਆਂ ਨੂੰ ਮੋਹਿਤ ਕੀਤਾ ਅਤੇ ਅਨੇਕਤਾ ਵਿੱਚ ਏਕਤਾ ਦਾ ਸੰਦੇਸ਼ ਦਿੱਤਾ।ਇਸ ਮੌਕੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਸਕੂਲ ਦੀ ਪ੍ਰਿੰਸੀਪਲ ਡਾ. ਬਿੰਦੂ ਭੱਲਾ ਨੇ ਕਿਹਾ ਕਿ ਸਾਡੀ ਵਿਰਾਸਤ ਸਿਰਫ ਸਮਾਰਕਾਂ ਤੱਕ ਸੀਮਤ ਨਹੀਂ ਹੈ; ਸਾਡੀ ਸੰਸਕ੍ਰਿਤੀ, ਪਰੰਪਰਾਵਾਂ ਅਤੇ ਕਦਰਾਂ-ਕੀਮਤਾਂ ਵੀ ਸਾਡੀ ਵਿਰਾਸਤ ਹਨ।ਇਨ੍ਹਾਂ ਨੂੰ ਸੰਭਾਲਣਾ ਹਰ ਨਾਗਰਿਕ ਦਾ ਫਰਜ਼ ਹੈ।ਉਨ੍ਹਾਂ ਨੇ ਸਾਰੇ ਵਿਦਿਆਰਥੀਆਂ ਅਤੇ ਅਧਿਆਪਕਾਂ, ਖਾਸ ਕਰਕੇ ਹੈਰੀਟੇਜ ਕਲੱਬ ਦੇ ਮੈਂਬਰਾਂ ਨੂੰ ਇਸ ਸਫਲ ਸਮਾਗਮ ਲਈ ਵਧਾਈ ਦਿੱਤੀ। ਚੇਅਰਮੈਨ ਅਰਵਿੰਦ ਖੋਸਲਾ ਅਤੇ ਪ੍ਰਧਾਨ ਅਜੇ ਖੋਸਲਾ ਨੇ ਵੀ ਵਿਸ਼ਵ ਵਿਰਾਸਤ ਦਿਵਸ ਤੇ ਆਪਣੀਆਂਸ਼ੁਭਕਾਮਨਾਵਾਂ ਦਿੱਤੀਆਂ।



# ਪ੍ਰਤਾਪ ਵਰਲਡ ਸਕੂਲ ਪਠਾਨਕੋਟ ਵਿਖੇ ਕਰਵਾਈ ਅਚੀਵਰਜ਼ ਸੈਰੇਮਨੀ



**ਪਠਾਨਕੋਟ (ਦਵਿੰਦਰ ਸਿੰਘ)**- ਪ੍ਰਤਾਪ ਵਰਲਡ ਸਕੂਲ ਪਠਾਨਕੋਟ ਨੇ ਅਚੀਵਰਜ਼ ਸੈਰੇਮਨੀ ਦਾ ਆਯੋਜਨ ਕਰਦਿਆਂ ਖੇਡ ਅਤੇ ਸਕਾਲਰਸ਼ਿਪ ਖੇਤਰਾਂ ਵਿੱਚ ਵਧੀਆ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ। 350 ਤੋਂ ਵੱਧ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ। ਸਮਾਰੋਹ ਦੌਰਾਨ ਸਕਾਲਰਸ਼ਿਪ ਪ੍ਰਾਪਤ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਯੋਗਤਾ ਦੇ ਸਨਮਾਨ ਵਜੋਂ ਚੈੱਕ ਪ੍ਰਦਾਨ ਕੀਤੇ ਗਏ।ਇਸ ਮੌਕੇ ਨਿਰਦੇਸ਼ਕ ਸੰਨੀ ਮਹਾਜਨ ਨੇ ਕਿਹਾ ਕਿ ਪ੍ਰਤਾਪ ਵਰਲਡ ਸਕੂਲ ਵਿੱਚ ਅਸੀਂ ਹਰ ਖੇਤਰ ਵਿੱਚ ਪ੍ਰਤਿਭਾ ਦੀ ਪਹਿਚਾਣ ਕਰਨ ਅਤੇ ਉਸ ਨੂੰ ਨਿਖਾਰਨ ਵਿੱਚ ਵਿਸ਼ਵਾਸ ਕਰਦੇ ਹਾਂ।ਖੇਡ ਅਤੇ ਸਕਾਲਰਸ਼ਿਪ ਉਪਲਬਧੀਆਂ ਦਾ ਸਨਮਾਨ ਵਿਦਿਆਰਥੀਆਂ ਨੂੰ ਆਪਣੀਆਂ ਹੱਦਾਂ ਤੋਂ ਅੱਗੇ ਵਧਣ ਲਈ ਪ੍ਰੇਰਿਤ ਕਰਦਾ ਹੈ ਅਤੇ ਉਨ੍ਹਾਂ ਦੇ ਰੌਸ਼ਨ ਭਵਿੱਖ ਦੀ ਮਜ਼ਬੂਤ ਨੀਂਹ ਰੱਖਦਾ ਹੈ।ਪ੍ਰਿੰਸੀਪਲ ਸ਼ੁਭਰਾ ਰਾਣੀ ਨੇ ਕਿਹਾ ਕਿ ਇਹੋ ਜਿਹੇ ਸਮਾਰੋਹ ਸਾਡੇ ਵਿਦਿਆਰਥੀਆਂ ਨੂੰ ਉੱਚੇ ਲਕਸ਼ ਤੈਅ ਕਰਨ ਲਈ ਪ੍ਰੇਰਿਤ ਕਰਦੇ ਹਨ ਅਤੇ ਉਨ੍ਹਾਂ ਵਿੱਚ ਆਤਮਵਿਸ਼ਵਾਸ ਪੈਦਾ ਕਰਦੇ ਹਨ।ਸਾਨੂੰ ਹਰ ਉਸ ਵਿਦਿਆਰਥੀ 'ਤੇ ਮਾਣ ਹੈ ਜਿਸ ਨੇ ਸਮਰਪਣ, ਦ੍ਰਿੜ੍ਹਤਾ ਅਤੇ ਉੱਚ ਪਾਏ ਦਾ ਪ੍ਰਦਰਸ਼ਨ ਕੀਤਾ ਹੈ।

# ਮਜੀਠ ਮੰਡੀ ਰਾਮਨੌਮੀ ਕਮੇਟੀ ਨੇ ਲਗਾਇਆ ਭੰਡਾਰਾ

**ਛੇਹਰਟਾ, (ਮਨੋਜ ਕੁਮਾਰ)** : ਮਜੀਠ ਮੰਡੀ ਰਾਮਨੌਮੀ ਕਮੇਟੀ ਵੱਲੋਂ ਮਜੀਠ ਮੰਡੀ 'ਚ ਵਿਸ਼ਾਲ ਭੰਡਾਰਾ ਕਰਵਾਇਆ ਗਿਆ। ਇਸ ਮੌਕੇ ਰਾਸ਼ਟਰੀ ਹਿੰਦੂ ਚੇਤਨਾ ਮੰਚ ਦੇ ਪੰਜਾਬ ਪ੍ਰਧਾਨ ਅਨੁਜ ਖੇਮਕਾ ਵੀ ਵਿਸ਼ੇਸ਼ ਤੌਰ 'ਤੇ ਪਹੁੰਚੇ ਅਤੇ ਆਪਣੀ ਹਾਜ਼ਰੀ ਲਗਵਾਈ। ਇਸ ਮੌਕੇ ਮਜੀਠ ਮੰਡੀ ਰਾਮਨੌਮੀ ਕਮੇਟੀ ਦੇ ਪ੍ਰਧਾਨ ਰਵਿੰਦਰ ਅਰੋੜਾ, ਹਰਬੰਸ ਸਿੰਘ, ਸ਼ਸ਼ੀ ਅਗਰਵਾਲ, ਸਚਿਨ ਅਰੋੜਾ, ਸਲਿਲ ਅਰੋੜਾ, ਸੁਨੀਲ ਸ਼ਰਮਾ, ਅਸ਼ੋਕ ਕੁਮਾਰ, ਰਾਕੇਸ਼ ਜੈਨ, ਸੁਨੀਲ ਵਿਰਮਾਨੀ, ਲਲਿਤ ਸ਼੍ਰੀਵਾਸਤਵ, ਰਾਜੀਵ ਵਿਰਮਾਨੀ, ਸ਼ੰਕਰ ਅਰੋੜਾ, ਅਮਨ ਜੋਸ਼ੀ ਤੇ ਸਮੂਹ ਕਮੇਟੀ ਮੈਂਬਰ ਹਾਜ਼ਰ ਸਨ।



# ਭਗਵਾਨ ਪਰਸ਼ੂਰਾਮ ਦੇ ਆਦਰਸ਼ ਸੱਚਾਈ ਦੇ ਰਸਤੇ 'ਤੇ ਤੁਰਨ ਲਈ ਪ੍ਰੇਰਿਤ ਕਰਦੇ : ਅਕਸ਼ੈ ਸ਼ਰਮਾ



**ਅੰਮ੍ਰਿਤਸਰ, (ਮਨੋਜ ਕੁਮਾਰ)** : ਅੰਮ੍ਰਿਤਸਰ ਵਿਚ ਭਗਵਾਨ ਪਰਸ਼ੂਰਾਮ ਜੀ ਦਾ ਜਨਮ ਦਿਹਾੜਾ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਹਲਕਾ ਉੱਤਰੀ ਤੋਂ ਭਾਜਪਾ ਆਗੂ ਅਕਸ਼ੈ ਸ਼ਰਮਾ ਨੇ ਖ਼ਾਸ ਤੌਰ 'ਤੇ ਸ਼ਿਰਕਤ ਕੀਤੀ ਅਤੇ ਭਗਵਾਨ ਸ਼੍ਰੀ ਪਰਸ਼ੂਰਾਮ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਬਾਜੀਰਾਓ ਯੁਵਾ ਸੰਘ ਵੱਲੋਂ ਕਰਵਾਏ ਗਏ ਇਸ ਪ੍ਰੋਗਰਾਮ ਵਿਚ ਵੱਡੀ ਗਿਣਤੀ ਵਿਚ ਸ਼ਰਧਾਲੂ ਸ਼ਾਮਲ ਹੋਏ। ਵਰੁਣ ਮਹੰਤ, ਦੀਪਕ ਕੁੰਦਰਾ ਅਤੇ ਦੀਪਕ ਅਗਨੀਹੋਤਰੀ ਦੀ ਅਗਵਾਈ ਹੇਠ ਪ੍ਰੋਗਰਾਮ ਦੀ ਸ਼ੁਰੂਆਤ ਸ਼ਾਨਦਾਰ ਰੱਥ ਯਾਤਰਾ ਨਾਲ ਹੋਈ, ਜੋ ਸ਼੍ਰੀ ਕ੍ਰਿਸ਼ਨਾ ਮੰਦਰ, ਨਾਰਾਇਣਗੜ੍ਹ ਤੋਂ ਚੱਲ ਕੇ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿਚੋਂ ਹੁੰਦੀ ਹੋਈ ਸ਼੍ਰੀ ਦੁਰਗਿਆਣਾ ਮੰਦਰ ਪਹੁੰਚੀ। ਇਸ ਤੋਂ ਬਾਅਦ ਸ਼ਸਤ੍ਰ ਪੂਜਨ, ਆਰਤੀ ਅਤੇ ਵਿਸ਼ਾਲ ਭੰਡਾਰਾ ਕੀਤਾ ਗਿਆ। ਇਸ ਮੌਕੇ ਅਕਸ਼ੈ ਸ਼ਰਮਾ ਨੇ ਪ੍ਰਬੰਧਕਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਧਾਰਮਿਕ ਸਮਾਗਮ ਸਾਡੀ ਸੰਸਕ੍ਰਿਤੀ ਤੇ ਪ੍ਰੰਪਰਾਵਾਂ ਨੂੰ ਮਜ਼ਬੂਤ ਬਣਾਉਂਦੇ ਹਨ।

ਉਨ੍ਹਾਂ ਕਿਹਾ ਕਿ ਭਗਵਾਨ ਸ਼੍ਰੀ ਪਰਸ਼ੂਰਾਮ ਦੇ ਆਦਰਸ਼ ਅੱਜ ਵੀ ਸਾਨੂੰ ਸੱਚਾਈ, ਸਾਹਸ ਤੇ ਧਰਮ ਦੇ ਰਸਤੇ 'ਤੇ ਤੁਰਨ ਲਈ ਪ੍ਰੇਰਿਤ ਕਰਦੇ ਹਨ। ਅਕਸ਼ੈ ਸ਼ਰਮਾ ਨੇ ਸ਼ਰਧਾਲੂਆਂ ਨਾਲ ਮਿਲ ਕੇ ਪੂਜਾ-ਅਰਚਨਾ ਕੀਤੀ ਤੇ ਸਭ ਦੀ ਸੁੱਖ ਤੇ ਖੁਸ਼ਹਾਲੀ ਲਈ ਅਰਦਾਸ ਕੀਤੀ।

# ਖਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਧਾਰੀਵਾਲ ਕਲਾਂ 'ਚ ਧਾਰਮਿਕ ਸਮਾਗਮ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਪਿੰਡ ਧਾਰੀਵਾਲ ਕਲਾਂ ਦੇ ਚੀਮਾ ਪੱਤੀ ਗੁਰਦੁਆਰਾ ਸਾਹਿਬ ਵਿਖੇ ਉੱਘੇ ਸਮਾਜਸੇਵੀ ਬਾਬਾ ਅਜੈਬ ਸਿੰਘ ਨਿਊ ਸੂਰਜ ਟਰਾਂਸਪੋਰਟ ਵਾਲਿਆਂ ਵੱਲੋਂ ਚੀਮਾ ਸੇਵਾ ਸੁਸਾਇਟੀ ਦੇ ਸਹਿਯੋਗ ਨਾਲ ਖਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਧਾਰਮਿਕ ਸਮਾਗਮ ਕਰਵਾਇਆ ਗਿਆ। ਸਮਾਗਮ ਦੌਰਾਨ ਸਹਿਜ ਪਾਠ ਦੇ ਭੋਗ ਪਾਏ ਗਏ। ਉਪਰੰਤ ਸ੍ਰੀ ਸੁਖਮਨੀ ਸਾਹਿਬ ਦੇ ਜਾਪ ਕਰਨ ਮਗਰੋਂ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਪੱਤੀ ਚੀਮਾ ਦੇ ਬੀਬੀਆਂ ਦੇ ਜਥੇ ਵੱਲੋਂ ਸ਼ਬਦ ਕੀਰਤਨ ਕੀਤਾ ਗਿਆ। ਰਾਗੀ ਜਥਾ ਬੀਬੀ ਮਾਣਕਜੋਤ ਕੌਰ ਬਟਾਲਾ ਵਾਲਿਆਂ ਨੇ ਰਸਭਿੰਨੇ ਗੁਰਬਾਣੀ ਕੀਰਤਨ ਰਾਹੀਂ ਸੰਗਤ ਨੂੰ ਗੁਰੂ ਚਰਨਾਂ ਨਾਲ ਜੋੜਿਆ। ਗੁਰਦੁਆਰਾ ਸਾਹਿਬ ਦੇ ਹੈੱਡ ਗ੍ਰੰਥੀ ਭਾਈ ਮਨਜੀਤ ਸਿੰਘ ਗਿੱਲਮੰਝ ਵਾਲਿਆਂ ਨੇ ਗੁਰਮਤਿ ਵਿਚਾਰਾਂ ਕਰਦਿਆਂ ਸੰਗਤਾਂ ਨੂੰ ਖਾਲਸਾ ਪੰਥ ਦੇ ਇਤਿਹਾਸ ਬਾਰੇ ਚਾਨਣਾ ਪਾਇਆ। ਸਮਾਗਮ ਦੌਰਾਨ ਬਾਬਾ ਅਜੈਬ ਸਿੰਘ ਵਲੋਂ ਵੱਖ-ਵੱਖ ਜਮਾਤਾਂ ਵਿੱਚੋਂ ਵਧੀਆ ਅੰਕਾਂ ਨਾਲ ਪਾਸ ਹੋਏ ਪਿੰਡ ਦੇ ਲਗਭਗ 30 ਬੱਚਿਆਂ ਨੂੰ ਮੈਡਲ, ਯਾਦਗਾਰੀ ਚਿੰਨ੍ਹ ਅਤੇ ਕਾਪੀਆਂ ਦੇ ਕੇ ਸਨਮਾਨਿਤ ਕਰਕੇ ਉਨ੍ਹਾਂ ਦੀ ਹੌਸਲਾ ਅਫਜ਼ਾਈ ਕੀਤੀ। ਇਸ ਤੋਂ ਇਲਾਵਾ ਪ੍ਰਮੁੱਖ ਸ਼ਖਸੀਅਤਾਂ ਤੇ ਰਾਗੀ ਜਥਿਆਂ ਨੂੰ ਵੀ ਸਨਮਾਨਿਤ ਕੀਤਾ। ਇਸ ਮੌਕੇ ਬਾਬਾ ਅਜੈਬ ਸਿੰਘ ਨੇ ਸਮੂਹ ਸੰਗਤ ਦਾ ਧੰਨਵਾਦ ਕੀਤਾ। ਸਮਾਗਮ ਵਿਚ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਜੋਗਿੰਦਰ ਸਿੰਘ ਤੇ ਕਮੇਟੀ ਮੈਂਬਰਾਂ ਤੋਂ ਇਲਾਵਾ ਸੁਖਮਨੀ ਸਾਹਿਬ ਸੁਸਾਇਟੀ ਦੀਆਂ ਬੀਬੀਆਂ ਰਾਜਵਿੰਦਰ ਕੌਰ, ਮਨਜੀਤ ਕੌਰ, ਬਲਵਿੰਦਰ ਕੌਰ, ਮਨੋਹਰ ਕੌਰ, ਰਾਜਵੀਰ ਕੌਰ, ਲਖਵਿੰਦਰ ਕੌਰ, ਬਲਬੀਰ ਕੌਰ, ਜਸਲੀਨ ਕੌਰ, ਹਰਜੀਤ ਕੌਰ, ਬਲਜੀਤ ਕੌਰ, ਹਰਜਿੰਦਰ ਕੌਰ ਚੀਮਾ, ਸੁਖਜਿੰਦਰ ਕੌਰ, ਅਮਰਜੀਤ ਕੌਰ, ਪਰਮਜੀਤ ਕੌਰ, ਕੁਲਜੀਤ ਕੌਰ, ਗੁਰਜੀਤ ਕੌਰ ਚੀਮਾ, ਸੇਵਾਦਾਰ ਮੰਗਲ ਸਿੰਘ, ਲੰਗਰ ਇੰਚਾਰਜ ਕਸ਼ਮੀਰ ਸਿੰਘ, ਸਲਵਿੰਦਰ ਸਿੰਘ ਨਾਮਧਾਰੀ, ਬਿਕਰਮਜੀਤ ਸਿੰਘ, ਹਰਦਰਸ਼ਨ ਸਿੰਘ, ਸੁਰਜੀਤ ਸਿੰਘ, ਸਵਰਨ ਸਿੰਘ, ਪੰਚ ਚੈਂਚਲ ਸਿੰਘ ਨਾਮਧਾਰੀ, ਕਸਮੀਰ ਸਿੰਘ, ਰਾਮ ਸਿੰਘ, ਮੇਜਰ ਸਿੰਘ, ਸੂਬਾ ਸਿੰਘ ਆਦਿ ਸਮੇਤ ਸੰਗਤਾਂ ਸ਼ਾਮਲ ਸਨ।



# ਹੈਰੋਇਨ ਸਮੇਤ ਕਾਬੂ

**ਨਵਾਂਸ਼ਹਿਰ (ਮਨੋਜ ਲਾਡੀ)** ਪੁਲਸ ਵੱਲੋਂ ਇਕ ਵਿਅਕਤੀ ਨੂੰ 3.05 ਗ੍ਰਾਮ ਹੈਰੋਇਨ ਸਮੇਤ ਕਾਬੂ ਕੀਤਾ ਗਿਆ।ਪੁਲਸ ਥਾਣਾ ਰਾਹੋਂ ਦੇ ਐੱਚ ਸੀ ਹਰਪ੍ਰੀਤ ਸਿੰਘ ਨੇ ਦੱਸਿਆ ਕਿ ਸਮੇਤ ਪੁਲਸ ਪਾਰਟੀ ਗਸ਼ਤ ਦੌਰਾਨ ਥਾਣਾ ਰਾਹੋਂ ਦੇ ਏਰੀਆਂ ਤੋਂ ਨਵਾਂਸ਼ਹਿਰ-ਰਾਹੋਂ ਹੁੰਦੇ ਹੋਏ ਲਿੰਕ ਰੋਡ ਪਿੰਡ ਛੋਕਰਾਂ ਵੱਲ ਮੁੜੇ ਤਾਂ ਇੱਕ ਨੌਜਵਾਨ ਆਉਂਦਾ ਦਿਖਾਈ ਦਿੱਤਾ ਜੋ ਪੁਲਸ ਦੀ ਗੱਡੀ ਦੇਖ ਕੇ ਘਬਰਾ ਗਿਆ ਤੇ ਜਿਸਨੇ ਦੇਖ ਦੇ ਦੇਖਦੇ ਆਪਣੀ ਪਹਿਨੀ ਹੋਈ ਪੈਂਟ ਦੀ ਸੱਜੀ ਜੇਬ ਵਿੱਚ ਕੋਈ ਚੀਜ ਕੱਢ ਕੇ ਨਜ਼ਦੀਕ ਹੀ ਸੜਕ ਕਿਨਾਰੇ ਘਾਹ ਫੂਸ ਵਿਚ ਸੁੱਟ ਕੇ ਪਿੱਛੇ ਨੂੰ ਮੁੜ ਪਿਆ।ਜਿਸ ਨੂੰ ਕਾਬੂ ਕਰਕੇ ਨਾਂਅ ਪਤਾ ਪੁੱਛਿਆ।ਉਸ ਨੇ ਆਪਣਾ ਨਾਂਅ ਮਨੋਜ ਕੁਮਾਰ ਵਾਸੀ ਮੁਹੱਲਾ ਸੱਤਗੁਰ ਨਗਰ ਰਾਹੋਂ ਦੱਸਿਆ।ਕਥਿਤ ਮੁਲਜ਼ਮ ਵੱਲੋਂ ਸੱਟੀ ਪਾਰਦਰਸ਼ੀ ਮੋਮੀ ਲਿਫਾਫੀ ਵਿਚੋਂ 3.05 ਗ੍ਰਾਮ ਹੈਰੋਇਨ ਬ੍ਰਾਮਦ ਹੋਈ।ਪੁਲਸ ਨੇ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਨਾਇਕ ਹਰਦੇਵ ਸਿੰਘ ਗਿੱਲ ਦੀ ਮੌਤ 'ਤੇ ਦੁੱਖ ਦਾ ਪ੍ਰਗਟਾਵਾ

**ਚੇਤਨਪੁਰਾ (ਸੁਖਵੰਤ ਚੇਤਨਪੁਰੀ)**- ਭਾਰਤ ਲਈ ਵੱਖ-ਵੱਖ ਮੋਰਚਿਆਂ 'ਤੇ ਆਪਣੇ ਦੇਸ਼ ਦੀ ਰਾਖੀ ਲਈ 1965 ਅਤੇ 71 ਦੀ ਲੜਾਈ ਦੇ ਨਾਇਕ ਰਹੇ ਜ਼ਿਲਾ ਅੰਮ੍ਰਿਤਸਰ ਦੇ ਪਿੰਡ ਰਾਣੇਵਾਲੀ ਦੇ ਜੰਮਪਲ ਸਾਬਕਾ ਸੈਨਿਕ ਹਵਾਲਦਾਰ ਹਰਦੇਵ ਸਿੰਘ ਗਿੱਲ ਜੋ ਪੱਤਰਕਾਰ ਦਿਲਬਾਗ ਸਿੰਘ ਦੇ ਤਾਇਆ ਸਨ, ਦਾ ਬੀਤੇ ਦਿਨੀਂ ਅਚਾਨਕ ਸਿਹਤ ਵਿਗੜ ਜਾਣ ਕਰਕੇ ਦਿਹਾਂਤ ਹੋ ਗਿਆ ਜਿਨ੍ਹਾਂ ਦੀ ਮ੍ਰਿਤਕ ਦੇਹ ਦੇ ਸਸਕਾਰ ਮੌਕੇ ਬੀਐੱਸਐੱਫ ਦੇ ਫੌਜੀ ਜਵਾਨਾਂ ਦੀ ਟੁਕੜੀ ਵੱਲੋਂ ਹਥਿਆਰ ਉਲਟੇ ਕਰਕੇ ਸਲਾਮੀ ਦਿੱਤੀ ਗਈ।ਇਸ ਦੁੱਖ ਦੀ ਘੜੀ ਵਿੱਚ ਸਾਬਕਾ ਐੱਮਐੱਲਏ ਜਥੇਦਾਰ ਵੀਰ ਸਿੰਘ ਲੋਪੋਕੇ, ਜ਼ਿਲ੍ਹਾ ਪ੍ਰਧਾਨ ਰਾਜਵਿੰਦਰ ਸਿੰਘ ਰਾਜਾ ਲਦੇਹ, ਪੱਤਰਕਾਰ ਰਾਕੇਸ਼ ਭੱਟੀ, ਰਾਜਵਿੰਦਰ ਸਿੰਘ ਹੁੰਦਲ, ਹਰਦੀਪ ਸਿੰਘ ਖੀਵਾ, ਕੁਲਦੀਪ ਸਿੰਘ ਸੰਤੂਨੰਗਲ, ਗੁਰਨਾਮ ਸਿੰਘ ਹਵਾਲਦਾਰ, ਏਐੱਸਆਈ ਭੁਪਿੰਦਰ ਸਿੰਘ ਗਿੱਲ, ਕੁਲਵੰਤ ਸਿੰਘ ਗਿੱਲ, ਕਾਬਲ ਸਿੰਘ ਗਿੱਲ, ਸਾਹਿਬ ਸਿੰਘ ਲੋਪੋਕੇ, ਬਲਦੇਵ ਸਿੰਘ, ਰਾਜਬੀਰ ਸਿੰਘ ਵਰਪਾਲ, ਹਰਵਿੰਦਰ ਸਿੰਘ ਸ਼ਾਹ ਜਸਤਰਵਾਲ, ਗੁਰਦੇਵ ਸਿੰਘ ਮੁਗਲਾਨੀਕੋਟ, ਪ੍ਰਿਤਪਾਲ ਸਿੰਘ ਰੰਧਾਵਾ, ਰੁਪਿੰਦਰ ਸਿੰਘ ਰਾਣੇਵਾਲੀ, ਪਾਲ ਸਿੰਘ ਅਵਾਨ ਤੇ ਸਾਬਾ ਗਿੱਲ ਨੇ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦੇ ਹੋਏ ਗਿੱਲ ਪਰਿਵਾਰ ਤੇ ਪੱਤਰਕਾਰ ਦਿਲਬਾਗ ਸਿੰਘ ਰਾਣੇਵਾਲੀ ਨਾਲ ਹਮਦਰਦੀ ਪ੍ਰਗਟ ਕੀਤੀ ।ਹਰਦੇਵ ਸਿੰਘ ਗਿੱਲ ਨਮਿੱਤ ਸ਼ਰਧਾਂਜਲੀ ਸਮਾਗਮ ਅਤੇ ਅੰਤਿਮ ਅਰਦਾਸ 24 ਅਪ੍ਰੈਲ ਦਿਨ ਸ਼ੁੱਕਰਵਾਰ ਨੂੰ ਗੁਰਦੁਆਰਾ ਮੋਰਚਾ ਸਾਹਿਬ ਅਜਨਾਲਾ ਰੋਡ ਨੇੜੇ ਸ਼ਿਵਾ ਕਾਲੋਨੀ ਜ਼ਿਲ੍ਹਾ ਅੰਮ੍ਰਿਤਸਰ ਵਿਖੇ ਹੋਵੇਗੀ।



# ਰਿਆੜਕੀ ਸਕੂਲ ਤੁਗਲਵਾਲਾ ਨੇ ਦਸਵੀਂ ਦੇ ਨਤੀਜਿਆਂ 'ਚ ਰਚਿਆ ਇਤਿਹਾਸ

**ਧਾਰੀਵਾਲ, (ਮਨਦੀਪ ਵਿੱਕੀ)**- ਬਾਬਾ ਆਇਆ ਸਿੰਘ ਰਿਆੜਕੀ ਪਬਲਿਕ ਸਕੂਲ ਤੁਗਲਵਾਲਾ ਨੇ ਇੱਕ ਵਾਰ ਫਿਰ ਸਿੱਖਿਆ ਦੇ ਖੇਤਰ ਵਿੱਚ ਆਪਣੇ ਸ਼ਾਨਦਾਰ ਪ੍ਰਦਰਸਨ ਨਾਲ ਇਲਾਕੇ ਵਿੱਚ ਮਿਸਾਲ ਕਾਇਮ ਕਰਕੇ ਇਤਿਹਾਸ ਰਚਿਆ ਹੈ। ਸੀਬੀਐੱਸਈ ਵੱਲੋਂ ਐਲਾਨੇ ਗਏ ਜਮਾਤ ਦਸਵੀਂ ਦੇ ਸੈਸਨ 202526 ਦੇ ਨਤੀਜਿਆਂ ਵਿੱਚ ਸਕੂਲ ਦੇ ਵਿਦਿਆਰਥੀਆਂ ਨੇ ਇਤਿਹਾਸਕ ਸਫਲਤਾ ਹਾਸਲ ਕਰਦੇ ਹੋਏ ਆਪਣੀ ਕਾਬਲੀਅਤ ਦਾ ਲੋਹਾ ਮਨਵਾਇਆ। ਸਕੂਲ ਦੇ ਮੁੱਖ ਪ੍ਰਬੰਧਕ ਗਗਨਦੀਪ ਸਿੰਘ ਵਿਰਕ, ਡਾਇਰੈਕਟਰ ਪ੍ਰਿੰਸੀਪਲ ਮਨਪ੍ਰੀਤ ਕੌਰ ਵਿਰਕ ਅਤੇ ਪ੍ਰਿੰਸੀਪਲ ਇੰਦਰਜੀਤ ਕੌਰ ਨੇ ਖੁਸ਼ੀ ਪ੍ਰਗਟ ਕਰਦਿਆਂ ਦੱਸਿਆ ਕਿ ਸਕੂਲ ਦਾ ਨਤੀਜਾ 100 ਫੀਸਦੀ ਨਤੀਜਾ ਆਪਣੇ ਆਪ ਵਿੱਚ ਵੱਡੀ ਉਪਲਬਧੀ ਹੈ। 97 ਫੀਸਦੀ ਵਿਦਿਆਰਥੀਆਂ ਨੇ ਫਸਟ ਡਿਵੀਜਨ ਪ੍ਰਾਪਤ ਕਰਕੇ ਇੱਕ ਨਵਾਂ ਕੀਰਤੀਮਾਨ ਸਥਾਪਿਤ ਕੀਤਾ। ਪ੍ਰਿੰਸੀਪਲ ਇੰਦਰਜੀਤ ਕੌਰ ਨੇ ਦੱਸਿਆ ਕਿ ਵਿਦਿਆਰਥਣ ਇਸਮੀਤ ਕੌਰ ਨੇ 95 ਫੀਸਦੀ ਅੰਕ ਪ੍ਰਾਪਤ ਕਰਕੇ ਸਕੂਲ ਵਿੱਚੋਂ ਪਹਿਲਾ ਸਥਾਨ, ਮਨਰੀਤ ਕੌਰ ਨੇ 94 ਫੀਸਦੀ ਅੰਕਾਂ ਨਾਲ ਦੂਸਰਾ ਸਥਾਨ ਅਤੇ ਅਵਨੀਤ ਕੌਰ ਨੇ 93 ਫੀਸਦੀ ਅੰਕਾਂ ਨਾਲ ਤੀਸਰਾ ਸਥਾਨ ਪ੍ਰਾਪਤ ਕੀਤਾ। ਇਹ ਸਾਰੇ ਵਿਦਿਆਰਥੀ ਹੋਰਾਂ ਲਈ ਪ੍ਰੇਰਨਾ ਸ਼੍ਰੋਤ ਹਨ। ਉਨ੍ਹਾਂ ਦੱਸਿਆ ਇਸ ਸਾਲ 12 ਫੀਸਦੀ ਵਿਦਿਆਰਥੀਆਂ 90 ਫੀਸਦੀ ਤੋਂ ਵੱਧ ਅੰਕ, 25 ਫੀਸਦੀ ਵਿਦਿਆਰਥੀਆਂ 80 ਫੀਸਦੀ ਤੋਂ ਉੱਪਰ ਅੰਕ ਹਾਸਲ ਕੀਤੇ ਹਨ। ਜਦਕਿ 5 ਵਿਦਿਆਰਥੀਆਂ ਨੇ ਵੱਖ-ਵੱਖ ਵਿਸ਼ਿਆਂ ਵਿੱਚ 100 ਫੀਸਦੀ ਅੰਕ ਪ੍ਰਾਪਤ ਕਰਕੇ ਸਕੂਲ ਦਾ ਨਾਮ ਹੋਰ ਉੱਚਾ ਕੀਤਾ ਹੈ। ਡਾਇਰੈਕਟਰ ਪ੍ਰਿੰਸੀਪਲ ਮਨਪ੍ਰੀਤ ਕੌਰ ਵਿਰਕ ਨੇ ਕਿਹਾ ਇਹ ਸ਼ਾਨਦਾਰ ਨਤੀਜਾ ਵਿਦਿਆਰਥੀਆਂ ਦੀ ਸਖਤ ਮਿਹਨਤ, ਅਧਿਆਪਕਾਂ ਦੀ ਲਗਨ ਅਤੇ ਮਾਪਿਆਂ ਦੇ ਸਹਿਯੋਗ ਦਾ ਸਾਂਝਾ ਪਰਿਣਾਮ ਹੈ। ਉਨ੍ਹਾਂ ਕਿਹਾ ਸਕੂਲ ਦਾ ਮੁੱਖ ਉਦੇਸ਼ ਸਿਰਫ ਅੰਕ ਪ੍ਰਾਪਤ ਕਰਨਾ ਨਹੀਂ, ਸਗੋਂ ਵਿਦਿਆਰਥੀਆਂ ਦੇ ਸਮੂਹਿਕ ਵਿਕਾਸ ਨੂੰ ਯਕੀਨੀ ਬਣਾਉਣਾ ਹੈ, ਜਿਸ ਵਿੱਚ ਚੰਗੇ ਸੰਸਕਾਰ, ਸੋਚਣ ਦੀ ਸਮਰਥਾ ਅਤੇ ਆਤਮ ਵਿਸ਼ਵਾਸ ਦਾ ਵਿਕਾਸ ਸ਼ਾਮਲ ਹੈ। ਇਸ ਖੁਸ਼ੀ ਦੇ ਮੌਕੇ ਸਕੂਲ ਵਿੱਚ ਵਿਸ਼ੇਸ਼ ਸਮਾਰੋਹ ਵਿੱਚ ਸ਼ਾਨਦਾਰ ਪ੍ਰਦਰਸਨ ਕਰਨ ਵਾਲੀਆਂ ਵਿਦਿਆਰਥਣਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਵਿਦਿਆਰਥੀਆਂ ਨੂੰ ਲੱਡੂ ਵੰਡ ਕੇ ਇਸ ਸਫਲਤਾ ਦੀ ਖੁਸ਼ੀ ਮਨਾਈ। ਇਸ ਮੌਕੇ ਕੋਆਰਡੀਨੇਟਰ, ਸੁਖਦੀਪ ਕੌਰ, ਸੁਰਜੀਤ ਕੌਰ, ਬਲਜੀਤ ਕੌਰ ਅਤੇ ਜਤਿੰਦਰ ਕੁਮਾਰ ਸਮੇਤ ਸਮੂਹ ਸਟਾਫ ਹਾਜ਼ਰ ਸੀ।




# ਛੀਨਾ ਨੇ 10ਵੀਂ ਦੀ ਸੀਬੀਐੱਸਈ ਪ੍ਰੀਖਿਆ 'ਚ ਸ਼ਾਨਦਾਰ ਅੰਕ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਦਿੱਤਾ ਥਾਪੜਾ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**- ਖ਼ਾਲਸਾ ਯੂਨੀਵਰਸਿਟੀ ਦੇ ਪ੍ਰੋ-ਚਾਂਸਲਰ ਅਤੇ ਖ਼ਾਲਸਾ ਕਾਲਜ ਗਵਰਨਿੰਗ ਕੌਂਸਲ ਦੇ ਆਨਰੇਰੀ ਸਕੱਤਰ ਸ: ਰਜਿੰਦਰ ਮੋਹਨ ਸਿੰਘ ਛੀਨਾ ਨੇ ਸੀ. ਬੀ. ਐੱਸ. ਈ. ਬੋਰਡ 10ਵੀਂ ਦੇ ਨਤੀਜੇ 'ਚ ਸ਼ਾਨਦਾਰ ਅੰਕ ਪ੍ਰਾਪਤ ਕਰਨ ਵਾਲੇ ਖ਼ਾਲਸਾ ਕਾਲਜ ਪਬਲਿਕ ਸਕੂਲ, ਜੀ. ਟੀ. ਰੋਡ ਅਤੇ ਖ਼ਾਲਸਾ ਕਾਲਜ ਇੰਟਰਨੈਸ਼ਨਲ ਪਬਲਿਕ ਸਕੂਲ, ਰਣਜੀਤ ਐਵੀਨਿਊ ਦੇ ਵਿਦਿਆਰਥੀਆਂ ਨੂੰ ਉਤਸ਼ਾਹਿਤ ਕੀਤਾ। ਇਸ ਮੌਕੇ ਸ: ਛੀਨਾ ਨੇ ਵਿਦਿਆਰਥੀਆਂ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਉਮੀਦ ਜ਼ਾਹਿਰ ਕੀਤੀ ਕਿ ਉਹ ਇਸ ਸਫਲਤਾ ਨੂੰ ਅਗਾਂਹ ਭਵਿੱਖ ਲਈ ਇਕ ਮਜ਼ਬੂਤ ਨੀਂਹ ਬਣਾਉਣਗੇ।ਸ: ਛੀਨਾ ਨੇ ਕਿਹਾ ਕਿ ਪ੍ਰੀਖਿਆ 'ਚ 95 ਪ੍ਰਤੀਸ਼ਤ ਤੋਂ ਵਧੇਰੇ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਇਕ ਸਾਲ ਮੁਫ਼ਤ ਪੜ੍ਹਾਈ ਕਰਨ ਅਤੇ ਹੋਰਨਾਂ ਨੂੰ ਨਿਯਮਿਤ ਨਿਯਮਾਂ ਤਹਿਤ ਮਿਲਣ ਵਾਲੀਆਂ ਸੁਵਿਧਾਵਾਂ ਦਿੱਤੀਆਂ ਜਾਣਗੀਆਂ।ਇਸ ਮੌਕੇ ਉਕਤ ਸਕੂਲ ਦੇ ਮੌਜੂਦ ਪ੍ਰਿੰਸੀਪਲ ਸ: ਅਮਰਜੀਤ ਸਿੰਘ ਗਿੱਲ ਨੇ ਸ: ਛੀਨਾ ਨਾਲ ਮੀਟਿੰਗ ਦੌਰਾਨ ਗੱਲਬਾਤ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਸਕੂਲ ਦੇ ਜ਼ਿਲ੍ਹੇ 'ਚ ਤੀਜਾ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀ ਦੇਵਾਂਸ਼ ਅਰੋੜਾ ਨੇ 99.6 ਅੰਕ ਨਾਲ ਪਹਿਲਾ, ਪ੍ਰਥਮ ਸ਼ਰਮਾ ਅਤੇ ਜਸਵਿੰਦਰ ਕੌਰ ਨੇ 96.8 ਨਾਲ ਦੂਜਾ ਅਤੇ ਅਜੀਤ ਸਿੰਘ ਨੇ 92.8 ਨਾਲ ਤੀਜਾ ਕੀਤਾ ਹੈ।ਇਸ ਦੌਰਾਨ ਖ਼ਾਲਸਾ ਇੰਟਰਨੈਸ਼ਨਲ ਸਕੂਲ ਦੀ ਪ੍ਰਿੰਸੀਪਲ ਨਿਰਮਲਜੀਤ ਸਿੰਘ ਗਿੱਲ ਨੇ ਕਿਹਾ ਕਿ ਅੰਜਲੀ ਨੇ 479 ਅੰਕ (96%) ਨਾਲ ਪਹਿਲਾ, ਪਾਰੁਲ ਆਹੂਜਾ ਨੇ 473 ਅੰਕ (94.6%) ਨਾਲ ਦੂਜਾ ਸਥਾਨ ਪ੍ਰਾਪਤ ਕੀਤਾ ਜਦਕਿ ਏਕਨੂਰ ਕੌਰ ਅਤੇ ਚੇਤਨ ਭੀਖਮ ਨੇ 471 ਅੰਕ (94.2%) ਪ੍ਰਾਪਤ ਕੀਤੇ, ਅਰਮਾਨਪ੍ਰੀਤ ਕੌਰ ਨੇ 93.6% ਅਤੇ ਪ੍ਰਭਨੂਰ ਸਿੰਘ ਨੇ 91.2% ਅੰਕ ਪ੍ਰਾਪਤ ਕਰਕੇ ਸਕੂਲ ਦੀ ਅਕਾਦਮਿਕ ਉੱਤਮਤਾ ਦਾ ਪ੍ਰਦਰਸ਼ਨ ਕੀਤਾ।ਇਸ ਮੌਕੇ ਖਾਲਸਾ ਪਬਲਿਕ ਸਕੂਲ ਦੇ ਵਿਦਿਆਰਥੀਆਂ 'ਚ ਦਿਵਾਂਸ ਅਰੋੜਾ, ਅਜੀਤ ਸਿੰਘ, ਜਪਜੀਤ ਕੌਰ ਨੇ ਇੰਜੀਨੀਅਰ, ਪ੍ਰਥਮ ਸ਼ਰਮਾ, ਜਸਵਿੰਦਰ ਕੌਰ, ਕਰਨ ਨੇ ਡਾਕਟਰ ਅਤੇ ਅਭੀਜੋਤ ਸਿੰਘ ਨੇ ਸੀ. ਏ. ਬਣਨ ਸਬੰਧੀ ਆਪਣੇ-ਆਪਣੇ ਸੁਪਨਿਆਂ ਬਾਰੇ ਸੋਚ ਨੂੰ ਉਜਾਗਰ ਕੀਤਾ ਜਦਕਿ ਇੰਟਰਨੈਸ਼ਨਲ ਪਬਲਿਕ ਸਕੂਲ ਦੇ ਵਿਦਿਆਰਥੀਆਂ 'ਚ ਅੰਜਲੀ ਨੇ ਆਈ. ਏ. ਐੱਸ., ਪਾਰੁਲ ਅਹੂਜਾ ਨੇ ਅੱਖਾਂ ਦਾ ਸਰਜਨ, ਏਕਨੂਰ ਕੌਰ ਨੇ ਅਧਿਆਪਕ, ਚੇਤਨ ਭੀਖਨ, ਪ੍ਰਭਨੂਰ ਸਿੰਘ ਨੇ ਆਰਮੀ ਅਫਸਰ ਅਤੇ ਅਰਮਾਨਪ੍ਰੀਤ ਕੌਰ ਨੇ ਵਕੀਲ ਦੇ ਮਿੱਥੇ ਟੀਚੇ ਦੀ ਉਮੀਦ ਜ਼ਾਹਿਰ ਕੀਤਾ।



# ਡਾ. ਭੀਮ ਰਾਓ ਅੰਬੇਡਕਰ ਦਾ ਜਨਮ ਦਿਹਾੜਾ ਮਨਾਇਆ



**ਛੇਹਰਟਾ, (ਮਨੋਜ ਕੁਮਾਰ)** : ਐਤਵਾਰ ਨੂੰ ਵਾਰਡ ਨੰਬਰ 21 (ਵਿਧਾਨ ਸਭਾ ਹਲਕਾ ਪੂਰਬੀ) ਵਿਚ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦਾ 135ਵਾਂ ਜਨਮ ਦਿਹਾੜਾ ਐੱਸ. ਸੀ. ਵਿੰਗ ਦੇ ਬਲਾਕ ਪ੍ਰਧਾਨ ਨੰਦ ਕੁਮਾਰ ਦੀ ਅਗਵਾਈ ਹੇਠ ਮਨਾਇਆ ਗਿਆ। ਇਸ ਸਮਾਗਮ ਵਿਚ ਵਿਧਾਇਕ ਜੀਵਨਜੋਤ ਕੌਰ ਤੇ ਆਮ ਆਦਮੀ ਪਾਰਟੀ ਐੱਸ. ਸੀ. ਵਿੰਗ ਜ਼ਿਲ੍ਹਾ ਅੰਮ੍ਰਿਤਸਰ ਦੇ ਪ੍ਰਧਾਨ ਡਾ. ਇੰਦਰਪਾਲ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਦੋਹਾਂ ਆਗੂਆਂ ਨੂੰ ਇਸ ਮੌਕੇ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਨਿਰਮਲ ਸਿੰਘ, ਨਰੇਸ਼, ਗੁਰਦਿਆਲ ਸਿੰਘ, ਵਰਿੰਦਰ, ਅਮਨਦੀਪ ਕੌਰ, ਗੁਰਦੀਪ ਸਿੰਘ, ਸਾਹਿਬ ਸਿੰਘ ਆਦਿ ਹਾਜ਼ਰ ਸਨ।

ਨਵਾਂ ਜ਼ਮਾਨਾ
ਸੋਮਵਾਰ, 20 ਅਪ੍ਰੈਲ 2026

# ਪਾਪੀ ਕੌਣ ?

ਜਨਗਣਨਾ ਤੇ ਹਲਕਾਬੰਦੀ ਨਾਲ ਨੱਥੀ ਕਰਕੇ ਪੇਸ਼ ਕੀਤੇ ਗਏ ਮਹਿਲਾ ਰਿਜ਼ਰਵੇਸ਼ਨ ਬਿੱਲ ਦੇ ਲੋਕ ਸਭਾ ਵਿੱਚ ਫੇਲ੍ਹ ਹੋਣ ਤੋਂ ਬਾਅਦ ਕਿਹਾ ਜਾ ਰਿਹਾ ਹੈ ਕਿ 12 ਸਾਲ ਪਹਿਲਾਂ ਹੋਂਦ ਵਿੱਚ ਆਈ ਮੋਦੀ ਸਰਕਾਰ ਪਹਿਲੀ ਵਾਰ ਸੰਸਦ ਤੋਂ ਕੋਈ ਬਿੱਲ ਪਾਸ ਕਰਾਉਣ 'ਚ ਨਾਕਾਮ ਰਹੀ ਹੈ। ਇਹ ਗੱਲ ਸੱਚ ਹੈ, ਪਰ ਇੱਕ ਸੱਚਾਈ ਇਹ ਵੀ ਹੈ ਕਿ ਮੋਦੀ ਸਰਕਾਰ ਦੀ ਪ੍ਰਮੁੱਖ ਪਛਾਣ ਹੀ ਇੱਕ ਨਾਕਾਮ ਤੇ ਨਾਅਹਿਲ ਸਰਕਾਰ ਦੀ ਹੈ। ਭਾਰਤ ਦੀਆਂ ਸੰਸਥਾਵਾਂ 'ਤੇ ਲਗਾਤਾਰ ਕੰਟਰੋਲ ਬਣਾ ਕੇ, ਮੀਡੀਆ 'ਤੇ ਇਕਪਾਸੜ ਬਿਰਤਾਂਤ ਚਲਵਾ ਕੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਆਪਣੇ ਅਕਸ ਨੂੰ ਵੱਡਾ ਬਣਾ ਕੇ ਦਿਖਾਇਆ ਹੈ, ਪਰ ਅੰਕੜੇ ਦੱਸਦੇ ਹਨ ਕਿ ਜਿਸ ਵੀ ਰਾਜ 'ਚ ਭਾਜਪਾ ਦੀ ਸਰਕਾਰ ਹੈ, ਉੱਥੇ ਗਰੀਬਾਂ, ਮਹਿਲਾਵਾਂ ਤੇ ਘੱਟ-ਗਿਣਤੀਆਂ ਦੀ ਹਾਲਤ ਬਦ ਤੋਂ ਬਦਤਰ ਹੁੰਦੀ ਜਾ ਰਹੀ ਹੈ। ਮਹਿਲਾ ਸੁਰੱਖਿਆ ਦਾ ਮਸੀਹਾ ਬਣਨ ਦਾ ਮੋਦੀ ਸਿਰਫ ਢੌਂਗ ਹੀ ਕਰ ਰਹੇ ਹਨ। ਮੋਦੀ ਨੇ ਦੇਸ਼ ਨੂੰ ਇਹ ਦੱਸਿਆ ਸੀ ਕਿ ਭਾਰਤ ਚੌਥੀ ਸਭ ਤੋਂ ਵੱਡੀ ਅਰਥ ਵਿਵਸਥਾ ਬਣ ਗਿਆ ਹੈ, ਪਰ ਅਪ੍ਰੈਲ 2026 ਵਿੱਚ ਆਈ ਕੌਮਾਂਤਰੀ ਮਾਲੀ ਫੰਡ (ਆਈ ਐੱਮ ਐੱਫ) ਦੀ ਰਿਪੋਰਟ 'ਵਰਲਡ ਇਕਨਾਮਿਕ ਆਊਟਲੁੱਕ' ਨੇ ਜਦ ਕਿਹਾ ਕਿ ਭਾਰਤ ਨਾ ਤਾਂ ਹੁਣ ਚੌਥੀ ਵੱਡੀ ਅਰਥ ਵਿਵਸਥਾ ਰਿਹਾ ਤੇ ਨਾ ਹੀ ਪੰਜਵੀਂ, ਸਗੋਂ ਛੇਵੇਂ ਨੰਬਰ 'ਤੇ ਖਿਸਕ ਗਿਆ ਹੈ ਤਾਂ ਮੋਦੀ ਇਹ ਦੱਸਣ ਲਈ ਦੂਰਦਰਸ਼ਨ 'ਤੇ ਕੌਮ ਨੂੰ ਸੰਬੋਧਨ ਕਰਨ ਨਹੀਂ ਆਏ ਕਿ ਭਾਰਤ ਅੱਗੇ ਵਧਣ ਦੀ ਥਾਂ ਪਿੱਛੇ ਕਿਉਂ ਖਿਸਕ ਗਿਆ? ਭਾਰਤ ਦਾ ਗੁਆਂਢੀ ਪਾਕਿਸਤਾਨ, ਜਿਹੜਾ ਦਹਿਸ਼ਤਗਰਦ ਦੇਸ਼ ਮੰਨਿਆ ਜਾਂਦਾ ਹੈ, ਪੂਰੀ ਦੁਨੀਆ ਵਿੱਚ ਸਭ ਤੋਂ ਵੱਡਾ ਸਾਲਸ ਬਣ ਕੇ ਕਿਵੇਂ ਉੱਭਰ ਗਿਆ? ਭਾਰਤ ਦਾ ਲੋਕਤੰਤਰੀ ਅਕਸ ਕਿੱਥੇ ਗਿਆ? ਕਿੱਥੇ ਗਿਆ ਉਹ (ਨਹਿਰੂ ਦੇ ਜ਼ਮਾਨੇ ਦਾ) ਅਕਸ, ਜਿਹੜਾ ਦੁਨੀਆ-ਭਰ ਵਿੱਚ ਜੰਗ ਰੁਕਵਾਉਂਦਾ ਸੀ (ਕੋਰੀਆ ਜੰਗ), ਅਮਨ ਕਾਇਮ ਕਰਵਾਉਂਦਾ ਸੀ (ਸੁਏਜ਼ ਨਹਿਰ ਸੰਕਟ)। ਉਦੋਂ ਭਾਰਤ ਆਰਥਿਕ ਸ਼ਕਤੀ ਨਹੀਂ ਸੀ, ਅੱਜ ਸਭ ਕੁਝ ਹੋਣ ਦੇ ਬਾਵਜੂਦ ਭਾਰਤ ਏਨਾ ਕਮਜ਼ੋਰ ਕਿਉਂ ਪੈਂਦਾ ਦਿਸ ਰਿਹਾ ਹੈ?

ਪੱਛਮੀ ਬੰਗਾਲ ਤੇ ਤਾਮਿਲਨਾਡੂ ਚੋਣਾਂ ਵਿੱਚ ਬੀਬੀਆਂ ਦੀਆਂ ਵੋਟਾਂ ਬਟੋਰਨ ਦੇ ਫੌਰੀ ਉਪਰਾਲੇ ਵਜੋਂ ਸੰਸਦ ਦਾ ਵਿਸ਼ੇਸ਼ ਅਜਲਾਸ ਸੱਦ ਕੇ ਪੇਸ਼ ਕੀਤੇ ਗਏ ਰਿਜ਼ਰਵੇਸ਼ਨ ਬਿੱਲ ਦੀ ਨਾਕਾਮੀ ਤੋਂ ਬਾਅਦ ਮੋਦੀ ਨੇ ਸਨਿੱਚਰਵਾਰ ਦੂਰਦਰਸ਼ਨ 'ਤੇ ਕੌਮ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਉਨ੍ਹਾ ਦੀ ਸਰਕਾਰ ਨੇ ਪੂਰੀ ਇਮਾਨਦਾਰੀ ਦਿਖਾਈ, ਪਰ ਆਪੋਜ਼ੀਸ਼ਨ ਨੇ ਬਿੱਲ ਪਾਸ ਨਾ ਕਰਕੇ ਪਾਪ ਕੀਤਾ। ਮਹਿਲਾਵਾਂ ਪ੍ਰਤੀ ਭਾਜਪਾ ਦੀ ਇਮਾਨਦਾਰੀ ਦਾ ਪਤਾ ਇਸ ਤੋਂ ਹੀ ਲੱਗ ਜਾਂਦਾ ਹੈ ਕਿ ਉਸ ਨੇ ਅਜੇ ਤੱਕ ਕਿਸੇ ਵੀ ਮਹਿਲਾ ਨੂੰ ਏਨਾ ਕਾਬਲ ਨਹੀਂ ਸਮਝਿਆ ਕਿ ਪਾਰਟੀ ਪ੍ਰਧਾਨ ਬਣਾ ਦਿੱਤਾ ਜਾਵੇ। ਕਾਂਗਰਸ ਨੇ 1917 ਵਿੱਚ ਹੀ ਐਨੀ ਬੇਸੇਂਟ ਨੂੰ ਕੌਮੀ ਪ੍ਰਧਾਨ ਬਣਾ ਦਿੱਤਾ ਸੀ ਤੇ ਉਸ ਦੀਆਂ ਪੰਜ ਮਹਿਲਾਵਾਂ ਕੌਮੀ ਪ੍ਰਧਾਨ ਰਹਿ ਚੁੱਕੀਆਂ ਹਨ। ਮੋਦੀ ਦੀ ਮੰਤਰੀ ਪ੍ਰੀਸ਼ਦ 72 ਮੈਂਬਰਾਂ ਦੀ ਹੈ, ਪਰ ਇਨ੍ਹਾਂ ਵਿੱਚ ਮਹਿਲਾਵਾਂ ਸਿਰਫ 7 ਹਨ ਅਤੇ ਉਨ੍ਹਾਂ ਵਿੱਚੋਂ ਵੀ ਕੈਬਨਿਟ ਮੰਤਰੀ 2 ਹਨ ਤੇ ਬਾਕੀ ਰਾਜ ਮੰਤਰੀ ਹਨ। ਭਾਜਪਾ ਦੀ 21 ਰਾਜਾਂ ਵਿੱਚ ਆਪਣੀ ਜਾਂ ਸਹਿਯੋਗੀ ਦਲਾਂ ਦੀ ਸਰਕਾਰ ਹੈ, ਪਰ ਦਿੱਲੀ ਵਰਗੇ ਨੀਮ-ਰਾਜ ਨੂੰ ਛੱਡ ਕੇ ਇਸ ਨੇ ਕਿਤੇ ਵੀ ਮਹਿਲਾ ਨੂੰ ਮੁੱਖ ਮੰਤਰੀ ਨਹੀਂ ਬਣਾਇਆ।

ਅਜਿਹੀ ਪਾਰਟੀ ਕਿਵੇਂ ਦਾਅਵਾ ਕਰ ਸਕਦੀ ਹੈ ਕਿ ਉਸ ਨੂੰ ਮਹਿਲਾਵਾਂ ਦੀ ਚਿੰਤਾ ਹੈ ਤੇ ਉਹ ਮਹਿਲਾਵਾਂ ਨੂੰ ਤਾਕਤਵਰ ਬਣਾ ਰਹੀ ਹੈ? ਗੱਲ ਮਹਿਲਾਵਾਂ ਨੂੰ ਉੱਚ ਅਹੁਦਿਆਂ 'ਤੇ ਬਿਠਾਉਣ ਤੱਕ ਹੀ ਸੀਮਤ ਨਹੀਂ, ਭਾਜਪਾ ਅਜਿਹੀ ਪਾਰਟੀ ਹੈ, ਜਿਹੜੀ ਬਲਾਤਕਾਰੀਆਂ ਨੂੰ ਹਾਰ ਪਾਉਂਦੀ ਹੈ ਤੇ ਰਾਮ-ਰਹੀਮ ਵਰਗੇ ਬਲਾਤਕਾਰੀਆਂ ਨੂੰ ਵਾਰ-ਵਾਰ ਪੈਰੋਲ 'ਤੇ ਜੇਲ੍ਹੋਂ ਬਾਹਰ ਕਢਵਾਉਂਦੀ ਹੈ। ਕੋਈ ਭੁੱਲ ਨਹੀਂ ਸਕਦਾ ਤੇ ਕਿਸੇ ਨੂੰ ਭੁੱਲਣਾ ਵੀ ਨਹੀਂ ਚਾਹੀਦਾ ਕਿ ਮੋਦੀ ਨੇ ਆਪਣੇ ਭਾਸ਼ਣਾਂ ਵਿੱਚ '50 ਕਰੋੜ ਦੀ ਗਰਲਫਰੈਂਡ' ਅਤੇ 'ਕਾਂਗਰਸ ਦੀ ਵਿਧਵਾ' ਵਰਗੇ ਸ਼ਬਦਾਂ ਦੀ ਵਰਤੋਂ ਕੀਤੀ ਸੀ। ਇਸ ਤਰ੍ਹਾਂ ਦੀ ਭਾਸ਼ਾ ਵਰਤਣ ਵਾਲੇ ਕਿਹੜੀ ਇਖਲਾਕੀ ਤਾਕਤ ਨਾਲ ਦੂਜਿਆਂ ਨੂੰ ਮਹਿਲਾ ਵਿਰੋਧੀ ਸਾਬਤ ਕਰ ਰਹੇ ਹਨ? ਸਿਰਫ ਚੋਣਾਂ ਜਿੱਤਣਾ ਤੇ ਸੱਤਾ ਵਿੱਚ ਬਣੇ ਰਹਿਣ ਦੀ ਰਣਨੀਤੀ ਬਣਾਉਣਾ ਹੀ ਲੀਡਰ ਦਾ ਕੰਮ ਨਹੀਂ ਹੁੰਦਾ, ਨਾ ਹੀ ਅਜਿਹਾ ਵਿਅਕਤੀ 'ਚਾਣਕਿਆ' ਕਹਿਲਾਉਂਦਾ ਹੈ। ਚਾਣਕਿਆ ਉਸ ਨੂੰ ਕਹਿੰਦੇ ਹਨ, ਜੋ ਇਸ ਤਰ੍ਹਾਂ ਦੀ ਰਣਨੀਤੀ ਬਣਾਉਂਦਾ ਹੈ, ਜਿਸ ਨਾਲ ਲੋਕਾਂ ਨੂੰ ਆਪਣੇ ਭਵਿੱਖ ਤੇ ਜੀਵਨ ਨਾਲ ਸਮਝੌਤਾ ਨਾ ਕਰਨਾ ਪਵੇ। ਲੋਕਤੰਤਰ ਵਿੱਚ ਹਮੇਸ਼ਾ 'ਸਿਰਫ' ਅਹੁਦੇ 'ਤੇ ਬਣੇ ਰਹਿਣਾ ਤੇ ਇਸੇ ਲਈ ਯਤਨ ਕਰਦੇ ਰਹਿਣਾ ਕੋਈ ਯੋਗਤਾ ਨਹੀਂ, ਸਗੋਂ ਇੱਕ ਲਾਇਲਾਜ ਬਿਮਾਰੀ ਹੈ।

# ਪੂੰਜੀਵਾਦ ਦੇ ਪੁੜਾਂ ਵਿੱਚ ਪਿਸ ਰਹੀ ਦੁਨੀਆ


ਗੁਰਚਰਨ ਸਿੰਘ ਨੂਰਪੁਰ

ਇਸ ਸਮੇਂ ਦੁਨੀਆ ਉਸ ਦੌਰ 'ਚੋਂ ਗੁਜ਼ਰ ਰਹੀ ਹੈ, ਜਿਸ ਵਿੱਚ ਮਨੁੱਖ ਦੀ ਆਜ਼ਾਦੀ ਦਾ ਦਾਇਰਾ ਹਰ ਦਿਨ ਸੁੰਗੜ ਰਿਹਾ ਹੈ।

ਪੂੰਜੀਵਾਦ ਦੇ ਇਸ ਦੌਰ ਵਿੱਚ ਦੁਨੀਆ ਦੀ ਬਹੁਗਿਣਤੀ ਨੂੰ ਇਸ ਦਾ ਇਲਮ ਨਹੀਂ ਕਿ ਉਹਨਾਂ ਨੂੰ ਕੀ ਬਣਾਇਆ ਜਾ ਰਿਹਾ ਹੈ। ਲੋਕ ਧਰਮਾਂ ਦੇ ਨਾਂਅ 'ਤੇ ਲੜ ਰਹੇ ਹਨ, ਖੈਰਾਂ-ਖੈਰਾਤਾਂ ਲਈ ਧਰਨੇ ਦੇ ਰਹੇ ਹਨ, ਇੱਕ ਫਿਰਕਾ ਕਿਸੇ ਹੋਰ ਦੂਜੇ ਫਿਰਕੇ ਪ੍ਰਤੀ ਆਪਣੀ ਭੜਾਸ ਕੱਢ ਰਿਹਾ ਹੈ। ਇੱਕ ਧਰਮ ਦੇ ਲੋਕ ਦੂਜੇ ਧਰਮਾਂ ਤੋਂ ਆਪਣੇ ਆਪ ਨੂੰ ਖਤਰਾ ਸਮਝ ਕੇ ਇਸ ਨੂੰ ਜਿਉਣ ਮਰਨ ਦਾ ਸਵਾਲ ਬਣਾ ਰਹੇ ਹਨ। ਲੋਕ ਆਪਸ ਵਿੱਚ ਲੜਦੇ ਰਹਿਣ ਉਹਨਾਂ ਨੂੰ ਲੜਾਉਣ-ਮਰਾਉਣ ਵਾਲਿਆਂ ਦੀ ਗਿਣਤੀ ਵਧਦੀ ਰਹੇ, ਇਹ ਸਮਾਜ ਦੇ ਹਰ ਵਰਗ, ਹਰ ਧਰਮ, ਹਰ ਫਿਰਕੇ ਦੇ ਲੋਕਾਂ ਲਈ ਬੇਹੱਦ ਘਾਤਕ ਹੁੰਦਾ ਹੈ ਅਤੇ ਪੂੰਜੀਵਾਦੀ ਤਾਕਤਾਂ ਲਈ ਕੰਮ ਕਰਨ ਦਾ ਇਹ ਸਭ ਤੋਂ ਢੁਕਵਾਂ ਸਮਾਂ ਹੁੰਦਾ ਹੈ।

ਅਮਰੀਕੀ ਲੇਖਕਾ ਨਿਊਮੀ ਕਲੇਨ ਆਪਣੀ ਪ੍ਰਸਿੱਧ ਪੁਸਤਕ 'ਸਦਮਾ ਮੱਤ' ਵਿੱਚ ਲਿਖਦੀ ਹੈ, 'ਜਦੋਂ ਲੋਕ ਵੱਖ-ਵੱਖ ਤਰ੍ਹਾਂ ਦੇ ਸਦਮਿਆਂ ਵਿੱਚ ਡਰ ਨਾਲ ਸਹਿਮੇ ਹੋਣ ਤਾਂ ਪੂੰਜੀਵਾਦ ਲਈ ਕੰਮ ਕਰਨ ਦਾ ਸਭ ਤੋਂ ਢੁਕਵਾਂ ਸਮਾਂ ਹੁੰਦਾ ਹੈ।'

ਇਸ ਸਮੇਂ ਦੁਨੀਆਂ ਦੇ ਵਿਕਾਸਸ਼ੀਲ ਦੇਸ਼ਾਂ ਵਿੱਚ ਭੁੱਖਮਰੀ, ਗਰੀਬੀ ਮੰਦਹਾਲੀ ਵਧ ਰਹੀ ਹੈ ਅਤੇ ਮੁਨਾਫੇ ਦੀ ਅੰਨ੍ਹੀ ਦੌੜ ਵਿੱਚ ਧਰਤੀ ਦੇ ਪੌਣ-ਪਾਣੀ ਨੂੰ ਬੁਰੀ ਤਰ੍ਹਾਂ ਤਬਾਹ ਕੀਤਾ ਜਾ ਰਿਹਾ ਹੈ। ਵਿਕਸਤ ਮੁਲਕਾਂ ਵਿੱਚ ਵੀ ਬੇਕਾਰੀ, ਟੈਕਸਾਂ ਅਤੇ ਕਰਜ਼ਿਆਂ ਦਾ ਮਕੜਜਾਲ ਹਰ ਦਿਨ ਆਮ ਲੋਕਾਂ ਲਈ ਕਹਿਰ ਬਣ ਰਿਹਾ ਹੈ। ਸਾਡੇ ਨੌਜਵਾਨ ਰੋਜ਼ਗਾਰ ਦੀ ਮੰਗ ਕਰਨ ਦੀ ਬਜਾਏ ਬਾਹਰਲੇ ਮੁਲਕਾਂ ਵਿੱਚ ਆਪਣਾ ਭਵਿੱਖ ਤਲਾਸ਼ ਰਹੇ ਹਨ। ਇਸ ਪੂੰਜੀਵਾਦੀ ਵਿਵਸਥਾ ਵਿੱਚ ਇੱਥੇ ਰਹਿ ਗਏ ਅਤੇ ਬਾਹਰਲੇ ਮੁਲਕਾਂ ਵਿੱਚ ਜਾ ਰਹੇ ਬੱਚਿਆਂ ਨੂੰ ਚੰਗੇ ਮਜ਼ਦੂਰਾਂ ਦੇ ਰੂਪ ਵਿੱਚ ਵੇਖਿਆ ਜਾਣ ਲੱਗਾ ਹੈ। ਭਾਵ ਪੂੰਜੀਵਾਦ ਨੂੰ ਇਸ ਸਮੇਂ ਸਭ ਤੋਂ ਵੱਧ ਲੋੜ ਚੰਗੇ ਮਜ਼ਦੂਰਾਂ ਦੀ ਹੈ। ਇਸ ਵਰਤਾਰੇ ਨੂੰ ਸਮਝਣ ਲਈ ਅਸੀਂ ਵੇਖ ਸਕਦੇ ਹਾਂ ਕਿ ਕਿਵੇਂ ਦੇਸ਼ ਵਿੱਚ ਉੱਚ ਵਿਦਿਅਕ ਅਦਾਰੇ ਖੰਡਰ ਹੋ ਰਹੇ ਹਨ। ਵੱਡੇ-ਵੱਡੇ ਕਾਲਜ, ਯੂਨੀਵਰਸਿਟੀਆਂ ਦੀ ਥਾਂ ਸਕੂਲ ਬਣਨੇ ਸ਼ੁਰੂ ਹੋ ਗਏ ਹਨ। ਇਸ ਦਾ ਸਿੱਧਾ ਅਰਥ ਇਹ ਹੈ ਕਿ ਮਜ਼ਦੂਰਾਂ ਨੇ ਜਿੱਥੇ ਜਾ ਕੇ ਮਜ਼ਦੂਰੀ ਕਰਨੀ ਹੈ, ਉੱਥੇ ਉਹਨਾਂ ਨੂੰ ਉਸ ਦੇਸ਼ ਦੀ ਭਾਸ਼ਾ ਆਉਂਦੀ ਹੋਣੀ ਚਾਹੀਦੀ ਹੈ। ਪੂੰਜੀਵਾਦੀ ਵਿਵਸਥਾ ਨੂੰ ਚੰਗੇ ਮਜ਼ਦੂਰਾਂ ਦੀ ਲੋੜ ਹੈ, ਨਾ ਕਿ ਵਿਵੇਕਸ਼ੀਲ ਮਨੁੱਖਾਂ ਦੀ। ਬਲਕਿ ਵਿਵੇਕਸ਼ੀਲ ਮਨੁੱਖ ਵਿਵਸਥਾ ਲਈ ਖਤਰਾ ਬਣ ਸਕਦਾ ਹੈ। ਉੱਚ ਵਿਦਿਆ ਦਾ ਭੋਗ ਪਾ ਕੇ ਇੱਕ ਤੀਰ ਨਾਲ ਦੋ ਨਿਸ਼ਾਨੇ ਫੁੰਡੇ ਜਾ ਰਹੇ ਹਨ। ਦੁਨੀਆਂ ਭਰ ਵਿੱਚ ਮਜ਼ਦੂਰਾਂ ਦੀਆਂ ਯੂਨੀਅਨਾਂ ਜਾਂ ਤਾਂ ਖਤਮ ਕਰ ਦਿੱਤੀਆਂ ਗਈਆਂ ਹਨ ਜਾਂ ਉਹ ਸਾਹ ਸਤਹੀਣ ਬਣਾ ਦਿੱਤੀਆਂ ਗਈਆਂ ਹਨ।

ਪਹਿਲਾਂ ਲੋਕ ਸਰਕਾਰੀ ਨੌਕਰੀਆਂ ਦੀ ਝਾਕ ਰੱਖਦੇ ਸਨ। ਪੂੰਜੀਵਾਦੀ ਕਾਰਪੋਰੇਸ਼ਨਾਂ ਨੇ ਜਨਤਕ ਅਦਾਰਿਆਂ 'ਤੇ ਕਾਬਜ਼ ਹੋ ਕੇ ਲੋਕਾਂ ਦੀ ਉਹ ਝਾਕ ਹੁਣ ਖਤਮ ਕਰ ਦਿੱਤੀ ਹੈ। ਇਸੇ ਹੀ ਸਮੇਂ ਦੌਰਾਨ ਪੂੰਜੀਵਾਦ ਦੇ ਬਗਲ ਬੱਚੇ ਤੇ ਸਾਡੇ ਰਾਜਸੀ ਆਕਾਵਾਂ ਨੇ ਲੋਕਾਂ ਵਿੱਚ ਇਹ ਆਸ ਜਗਾਈ ਕਿ ਪ੍ਰਾਈਵੇਟ ਕੰਪਨੀਆਂ ਆਪਣੇ ਕਾਰੋਬਾਰ ਕਰਨਗੀਆਂ ਤੇ ਲੋਕਾਂ ਨੂੰ ਰੋਜ਼ਗਾਰ ਮਿਲੇਗਾ। ਉਹ ਆਸ ਵੀ ਹੁਣ ਟੁੱਟਣੀ ਸ਼ੁਰੂ ਹੋ ਗਈ ਹੈ। ਸਮਾਜ ਦੀ ਵੱਡੀ ਗਿਣਤੀ ਪੜ੍ਹ-ਲਿਖ ਕੇ ਪਹਿਲਾਂ ਸਰਕਾਰੀ ਨੌਕਰੀ ਲੱਭਦੀ ਸੀ। ਫਿਰ ਉਹਨਾਂ ਨੂੰ ਪ੍ਰਾਈਵੇਟ ਨੌਕਰੀ ਦੀ ਆਸ ਬਣੀ। ਹੁਣ ਗੱਲ ਉਸ ਤੋਂ ਅਗਾਂਹ ਚਲੀ ਗਈ। ਹੁਣ ਪ੍ਰਾਈਵੇਟ ਕੰਪਨੀਆਂ ਨੇ ਕੰਮ ਲਈ ਅਜਿਹੀ ਜੁਗਤ ਲੱਭ ਲਈ, ਜਿਸ ਨਾਲ ਕਿਸੇ ਕੰਮ ਦਾ ਠੇਕਾ ਕਿਸੇ ਇੱਕ ਮਜ਼ਦੂਰ ਨੂੰ ਦੇ ਦਿੱਤਾ ਜਾਂਦਾ ਹੈ, ਉਹ ਜਿਵੇਂ ਮਰਜ਼ੀ ਕੰਮ ਕਰਵਾਏ, ਜਿੱਥੋਂ ਜਿਹੜੇ ਮਰਜ਼ੀ ਮਜ਼ਦੂਰ ਲੱਭ ਕੇ ਲਿਆਵੇ। ਇਹ ਨਵੀ ਦੁਨੀਆਂ ਵਿੱਚ ਮੁਲਾਜ਼ਮਾਂ/ਮਜਦੂਰਾਂ ਦੀ ਨਵੀਂ ਕਿਸਮ ਦੀ ਗੁਲਾਮੀ ਦਾ ਦੌਰ ਹੈ, ਜਿਸ ਵਿੱਚ ਉਹਨਾਂ ਦੇ ਕਿਸੇ ਤਰ੍ਹਾਂ ਦੇ ਹੱਕ-ਹਕੂਕ ਨਹੀਂ ਹੋਣਗੇ, ਨਾ ਹੀ ਕੋਈ ਸੁਣਵਾਈ ਹੋਵੇਗੀ। ਪੈਨਸ਼ਨ ਤਾਂ ਦੂਰ, ਦਿਹਾੜੀ ਦੀ ਵੀ ਗਰੰਟੀ ਨਹੀਂ ਹੋਵੇਗੀ। ਕੰਮ ਕਰਨ ਦੇ ਘੰਟਿਆਂ ਦਾ ਕੋਈ ਹਿਸਾਬ-ਕਿਤਾਬ ਨਹੀਂ। ਆਪਣੇ ਹੱਕਾਂ ਲਈ ਹੜਤਾਲਾਂ-ਮੁਜ਼ਾਹਰੇ ਕਰਨੇ ਤਾਂ ਬੀਤੇ ਦੀਆਂ ਬਾਤਾਂ ਬਣ ਗਏ ਹਨ।

ਵਿਕਸਤ ਮੁਲਕਾਂ ਵਿੱਚ ਵੀ ਇੱਕ ਛੋਟਾ ਜਿਹਾ ਘਰ ਲੈਣ ਵਾਲੇ ਲਈ ਗੁਲਾਮੀ ਦੀ ਅਜਿਹੀ ਵਿਵਸਥਾ ਸਿਰਜ ਦਿੱਤੀ ਜਾਂਦੀ ਹੈ, ਜਿਸ ਵਿੱਚ ਉਸ ਦੀ ਪੂਰੀ ਜ਼ਿੰਦਗੀ ਘਰ ਦੀਆਂ ਕਿਸ਼ਤਾਂ ਲਾਹੁੰਦਿਆਂ ਲੰਘ ਜਾਂਦੀ ਹੈ। ਦੂਜੇ ਪਾਸੇ ਪੂਰੀ ਦੁਨੀਆ ਦੀ ਅੱਧੀ ਦੌਲਤ 1 ਫੀਸਦੀ ਪੂੰਜੀਪਤੀਆਂ ਕੋਲ ਹੈ। ਹਰ ਪੁੱਠੇ-ਸਿੱਧੇ ਢੰਗ ਨਾਲ ਪੈਸੇ ਨੂੰ ਇੱਕ ਦੂਜੇ ਤੋਂ ਵੱਧ ਇਕੱਠਾ ਕਰਨ ਲਈ ਇਹਨਾਂ ਪੂੰਜੀਪਤੀ ਵਿੱਚ ਵੀ ਦੌੜ ਲੱਗੀ ਹੋਈ ਹੈ। ਕੋਸ਼ਿਸ਼ ਇਹ ਹੈ ਆਮ ਲੋਕ ਕਰਜ਼ਿਆਂ ਦੇ ਮਕੜਜਾਲ ਤੋਂ ਬਾਹਰ ਨਾ ਆਉਣ ਸਾਰੀ ਸਾਰੀ ਉਮਰ ਕਿਸ਼ਤਾਂ ਭਰਦੇ ਰਹਿਣ, ਉਹਨਾਂ ਨੂੰ ਰੋਟੀ, ਕੱਪੜੇ, ਬਿਜਲੀ, ਨੈੱਟਵਰਕ ਤੇ ਹੋਰ ਜ਼ਰੂਰੀ ਲੋੜਾਂ ਤੱਕ ਸੀਮਤ ਕਰ ਦਿੱਤਾ ਗਿਆ ਹੈ। ਲੋਕਾਂ ਨੂੰ ਆਰਥਕ ਗੁਲਾਮੀ ਦੇ ਅਦ੍ਰਿਸ਼ ਸੰਗਲਾਂ ਨਾਲ ਨੂੜ ਪੂਰੀ ਦੁਨੀਆਂ ਨੂੰ ਇੱਕ ਆਦ੍ਰਿਸ਼ ਜੇਲ੍ਹ ਵਿੱਚ ਤਬਦੀਲ ਕਰਨ ਦੀਆਂ ਕੋਸ਼ਿਸ਼ਾਂ ਹੋ ਰਹੀਆਂ ਹਨ। ਅਫਸੋਸ ਦੀ ਗੱਲ ਇਹ ਹੈ ਕਿ ਇਸ ਅਦ੍ਰਿਸ਼ ਗੁਲਾਮੀ ਦਾ ਅਹਿਸਾਸ ਦੁਨੀਆਂ ਦੇ 1 ਫੀਸਦੀ ਲੋਕਾਂ ਨੂੰ ਵੀ ਨਹੀਂ।

ਪੂੰਜੀਵਾਦੀ ਬਜ਼ਾਰਾਂ ਵਿੱਚ ਪੈਸੇ ਨੂੰ ਇਸ ਤਰ੍ਹਾਂ ਨਹੀਂ ਵੇਖਿਆ ਜਾਂਦਾ, ਜਿਵੇਂ ਅਸੀਂ ਆਮ ਲੋਕ ਦੇਖਦੇ ਹਾਂ, ਬਲਕਿ ਤਰਲ ਰੂਪ ਵਿੱਚ ਵੇਖਿਆ ਜਾਂਦਾ ਹੈ। ਇੱਥੇ ਪੈਸੇ ਨੂੰ ਚੋਗੇ ਦੇ ਰੂਪ ਵਿੱਚ ਵੇਖਿਆ ਜਾਂਦਾ ਹੈ। ਪੂੰਜੀਵਾਦ ਬਜ਼ਾਰ ਕਿੱਲੋਆਂ ਵਿੱਚ ਪੈਸਾ ਬੀਜਦਾ ਹੈ ਅਤੇ ਕਈ ਕੁਇੰਟਲ ਵਿੱਚ ਇਸ ਦੀ ਫਸਲ ਚੁੱਕਦਾ ਹੈ।

ਬਹੁਗਿਣਤੀ ਦੇਸ਼ਾਂ ਵਿੱਚ ਪੂੰਜੀਵਾਦੀ ਸਰਮਾਏ ਨਾਲ ਕਿਸਾਨਾਂ, ਮਜ਼ਦੂਰਾਂ, ਮੁਲਾਜ਼ਮਾਂ, ਦੁਕਾਨਦਾਰਾਂ ਦੇ ਸਾਧਨਾਂ ਅਤੇ ਕਰਮ ਖੇਤਰਾਂ ਦੇ ਕਾਬਜ਼ ਹੋਣ ਦੀ ਕਵਾਇਦ ਚਲ ਰਹੀ ਹੈ। ਆਨ ਲਾਈਨ ਬਾਜ਼ਾਰ ਨੇ ਹਰ ਤਰ੍ਹਾਂ ਦੀ ਦੁਕਾਨਦਾਰੀ ਨੂੰ ਖੋਰਾ ਲਾਉਣਾ ਸ਼ੁਰੂ ਕਰ ਦਿੱਤਾ ਹੈ। ਬੜੀ ਜਲਦੀ ਦੁਕਾਨਾਂ ਦੇ ਮਾਲਕਾਂ ਦੀਆਂ ਔਲਾਦਾਂ ਆਨਲਾਈਨ ਪੂੰਜੀਪਤੀਆਂ ਦੇ ਕਰਿੰਦੇ ਬਣ ਜਾਣਗੀਆਂ। ਆਨਲਾਈਨ ਰੋਟੀ ਦਾ ਬਜ਼ਾਰ ਬੜੀ ਤੇਜ਼ੀ ਨਾਲ ਆਪਣੇ ਪੈਰ ਪਸਾਰ ਰਿਹਾ ਹੈ। ਇਸ ਲਈ ਮਨੁੱਖੀ ਹੱਥਾਂ-ਪੈਰਾਂ ਦੀ ਲੋੜ ਨਾ ਰਹੇ ਵੱਡੀਆ ਕੰਪਨੀਆਂ ਸਮਾਨ ਦੀ ਡਲਿਵੀ ਕਰਨ ਵਾਲੇ ਹਲਕੇ ਹਵਾ ਵਿੱਚ ਉੱਡਣ ਵਾਲੇ ਰੋਬਿਟ ਤਿਆਰ ਕਰ ਰਹੀਆਂ ਹਨ। ਆਨ-ਲਾਈਨ ਰੋਟੀ ਦੇ ਬਜ਼ਾਰ ਦੀ ਕੋਸ਼ਿਸ਼ ਰਹੇਗੀ ਕਿ ਫਰੀ ਦੇ ਮੋਬਾਇਲ ਫੋਨ ਵਾਂਗ ਬੜੀ ਸਸਤੀ ਰੋਟੀ ਨੂੰ ਬਜ਼ਾਰ ਵਿੱਚ ਉਤਾਰਿਆ ਜਾਵੇ ਜਦੋਂ ਤੁਸੀ ਘਰ ਦਾ ਚਕਲਾ-ਵੇਲਣਾ, ਤਵਾ- ਪਰਾਤ, ਦੌਰੀ-ਡੰਡਾ ਤੇ ਹੋਰ ਭਾਂਡੇ-ਟੀਂਡੇ ਵੇਚ ਦਿਓਗੇ ਤਾਂ ਮੁੜ ਇਸੇ ਰੋਟੀ ਤੋਂ ਤੁਹਾਡੇ ਨਾਲ ਪਿਛਲਾ ਹਿਸਾਬ-ਕਿਤਾਬ ਵੀ ਬਰਾਬਰ ਕਰ ਦਿੱਤਾ ਜਾਵੇਗਾ। ਇਹ ਸਭ ਤਰ੍ਹਾਂ ਦਾ ਵਾਣ ਰੱਸਾ ਆਮ ਮਨੁੱਖ ਦੀ ਗੁਲਾਮੀ ਨੂੰ ਹੋਰ ਪੀਡਾ ਕਰਨ ਲਈ ਵੱਟਿਆ ਜਾ ਰਿਹਾ ਹੈ।

ਇਸ ਵਿਵਸਥਾ ਵਿੱਚ ਅਸੀਂ ਭੁੱਲ ਜਾਂਦੇ ਹਾਂ ਕਿ ਜੋ ਵਰਤਾਰੇ ਚੱਲ ਰਹੇ ਹਨ, ਇਹ ਕਿਸੇ ਇੱਕ ਫਿਰਕੇ ਜਾਂ ਇੱਕ ਧਰਮ ਨੂੰ ਨਿਸ਼ਾਨਾ ਬਣਾਉਣ ਲਈ ਹਨ, ਪਰ ਪੂੰਜੀਵਾਦ ਦਾ ਕੋਈ ਧਰਮ ਨਹੀਂ ਹੁੰਦਾ। ਪੂੰਜੀਵਾਦ ਦੇ ਗਲਿਆਰਿਆਂ ਵਿੱਚ ਕਰਮ ਸਿੰਘ, ਕਰਮ ਚੰਦ ਤੇ ਕਰਮਦੀਨ ਸਭ ਨਾਲ ਇੱਕੋ ਜਿਹਾ ਸਲੂਕ ਕੀਤਾ ਜਾਵੇਗਾ। ਉਂਝ ਅਸੀਂ ਧਰਮਾਂ-ਮਜ਼ਹਬਾਂ ਦੇ ਨਾਂਅ 'ਤੇ ਲੜੀ ਮਰੀ ਜਾਈਏ, ਮਾਰਧਾੜ ਚਲਦੀ ਰਹੇ ਤੇ ਸਾਡਾ ਧਿਆਨ ਜੀਵਨ ਦੇ ਬੁਨਿਆਦੀ ਸਵਾਲ ਵੱਲ ਨਾ ਜਾਵੇ, ਤਾਂ ਇਹ ਉਹਨਾਂ ਲਈ ਬੜੀ ਚੰਗੀ ਗੱਲ ਹੈ।

ਪੂੰਜੀਵਾਦੀ ਤਾਕਤਾਂ ਨੇ ਵਿਗਿਆਨਕ ਖੋਜਾਂ ਨੂੰ ਹੁਣ ਆਪਣੀਆਂ ਰਖੇਲਾਂ ਬਣਾ ਲਿਆ ਹੈ। ਖੋਜਾਂ ਕਰਨ ਵਾਲੇ ਦਿਮਾਗ ਸਮਾਜ ਦੀ ਬਜਾਏ ਵੱਡੀਆਂ ਕਾਰਪੋਰੇਟ ਕੰਪਨੀਆਂ ਦੇ ਮੁਨਾਫਿਆਂ ਲਈ ਕੰਮ ਕਰਨ ਲੱਗੇ ਹਨ। ਪੂੰਜੀਵਾਦੀ ਤਾਕਤਾਂ ਨੂੰ ਅਜਿਹਾ ਸੰਸਾਰ ਸਿਰਜਣ ਦੀ ਕੋਸ਼ਿਸ਼ ਵਿੱਚ ਹਨ, ਜਿੱਥੇ ਕਿਸਾਨ, ਦੁਕਾਨਦਾਰ, ਮੁਲਾਜ਼ਮ, ਕਾਰੋਬਾਰ ਕਰਨ ਵਾਲੇ ਲੋਕ ਨਾ ਹੋਣ, ਬਲਕਿ ਇਹ ਲੋਕ ਕਾਰਪੋਰੇਸ਼ਨਾਂ ਦੇ ਗੁਲਾਮ ਹੋਣ, ਕਰਿੰਦੇ ਹੋਣ। ਇਸ ਟੀਚੇ ਨੂੰ ਸੌਖਿਆਂ ਤਾਂ ਪੂਰਾ ਨਹੀਂ ਨਾ ਕੀਤਾ ਜਾ ਸਕਦਾ, ਇਸ ਨੂੰ ਪੂਰਾ ਕਰਨ ਲਈ ਪੂੰਜੀਵਾਦ ਨੂੰ ਪੂਰਾ ਬਿਜਲਈ ਮੀਡੀਆ ਵੀ ਚਾਹੀਦਾ ਹੈ, ਪੂਰੀ ਧਰਤੀ ਚਾਹੀਦੀ ਹੈ, ਪਾਣੀ 'ਤੇ ਗਲਬੇ ਦੀ ਲੋੜ ਹੈ, ਲੋਹਾ, ਕੋਲਾ, ਜੰਗਲ, ਦਰਿਆ, ਰੇਲਾਂ, ਹਵਾਈ ਅੱਡੇ, ਮੋਬਾਇਲ ਨੈੱਟਵਰਕ, ਬੰਦਰਗਾਹਾਂ, ਪ੍ਰੈੱਸ, ਬਿਜਲੀ, ਸੜਕਾਂ, ਗੱਲ ਕੀ ਸਮੁੰਦਰ ਤੋਂ ਲੈ ਕੇ ਪੁਲਾੜ ਤੱਕ ਸਭ ਕੁਝ ਚਾਹੀਦਾ ਹੈ ਤੇ ਇਹ ਸਭ ਕੁਝ ਸਾਡੀਆਂ ਅੱਖਾਂ ਦੇ ਸਾਹਮਣੇ ਹੋ ਰਿਹਾ ਹੈ। ਇਸ ਵਿਵਸਥਾ ਨੂੰ ਜੇਕਰ ਨਹੀਂ ਚਾਹੀਦੇ ਤਾਂ ਵਿਵੇਕਸ਼ੀਲ ਮਨੁੱਖ ਨਹੀਂ ਚਾਹੀਦੇ। ਉਹ ਲੋਕ ਨਹੀਂ ਚਾਹੀਦੇ ਜੋ ਇਸ ਧਰਤੀ ਦੀ ਖੈਰ ਮੰਗਦੇ ਹੋਣ। ਅਜਿਹਾ ਕਰਨ ਵਾਲਿਆਂ 'ਤੇ ਦੇਸ਼ ਧਰੋਹੀ ਦੇ ਲੇਬਲ ਲਾ ਕੇ ਇਹਨਾਂ ਨੂੰ ਜੇਲ੍ਹਾਂ ਵਿੱਚ ਡੱਕਿਆ ਜਾਵੇਗਾ।

ਇਸ ਸਮੇਂ ਪੂਰੀ ਦੁਨੀਆ ਨੂੰ ਕਾਰਪੋਰੇਟ ਤਰਜੀਹਾਂ ਅਨੁਸਾਰ ਚਲਾਇਆ ਜਾ ਰਿਹਾ ਹੈ, ਇਸ 'ਤੇ ਚਲਦਿਆਂ ਇੱਕ ਅਜਿਹਾ ਭ੍ਰਿਸ਼ਟ ਨਿਜ਼ਾਮ ਪੈਦਾ ਕੀਤਾ ਗਿਆ ਹੈ, ਜੋ ਧਰਤੀ, ਹਵਾ, ਪਾਣੀ ਨੂੰ ਬੇਕਿਰਕ ਹੋ ਕੇ ਬਰਬਾਦ ਕਰ ਰਿਹਾ ਹੈ। ਅਜਿਹਾ ਨਿਜ਼ਾਮ ਜਿਸ ਸਾਹਮਣੇ ਅਦਾਲਤਾਂ-ਕਚਿਹਿਰੀਆਂ ਦੇ ਕਾਨੂੰਨ ਨੇਮ ਗੋਡੇ ਟੇਕ ਲੈਂਦੇ ਹਨ। ਅਜਿਹਾ ਨਿਜ਼ਾਮ ਜਿਸ ਵਿੱਚ, ਜੇਕਰ ਲੋਕਾਂ ਨੇ ਲੋਕਤੰਤਰਿਕ ਢੰਗ ਨਾਲ ਆਪਣੇ ਰਾਜ ਕਰਦੀ ਧਿਰ ਨੂੰ ਬਦਲਣਾ ਵੀ ਹੈ ਤਾਂ ਘੁੰਮ-ਘੁਮਾ ਕੇ ਇਹਦਾ ਰਾਹ ਕਾਰਪੋਰੇਟ ਤਾਕਤਾਂ ਦੇ ਗਲਿਆਰਿਆਂ ਵਿੱਚੋਂ ਹੀ ਗੁਜ਼ਰਦਾ ਹੈ। ਇਸ ਨਿਜ਼ਾਮ 'ਤੇ ਚਲਦਿਆਂ ਦੁਨੀਆ ਭਰ ਵਿੱਚ ਭੁੱਖਮਰੀ, ਬੇਰੁਜ਼ਗਾਰੀ, ਗਰੀਬੀ, ਮੰਦਹਾਲੀ, ਇਲਾਜ ਲਈ ਵਿਲ੍ਹਕਦੇ ਥੁੜਾਂ ਮਾਰੇ ਕਰੋੜਾਂ ਲੋਕਾਂ ਦੀ ਜੂਨ ਬਦ ਤੋਂ ਬਦਤਰ ਹੋ ਰਹੀ ਹੈ। ਪੂੰਜੀਵਾਦ ਦੀਆਂ ਲੋਕ-ਮਾਰੂ ਨੀਤੀਆਂ ਨੂੰ ਸਮਝਣ ਲਈ ਲੋਕਾਂ ਨੂੰ ਜਾਗਣਾ, ਸਮਝਣਾ ਪਵੇਗਾ ਅਤੇ ਇਹਨਾਂ ਨੀਤੀਆਂ ਖਿਲਾਫ ਲਾਮਬੰਦ ਹੋਣਾ ਹੋਵੇਗਾ।

# ਸੰਪਰਕ : 98550-51099

ਜਨਮ ਦਿਨ 'ਤੇ ਵਿਸ਼ੇਸ਼

# ਦਲਿਤ ਚੇਤਨਾ ਦਾ ਸੂਰਜ-ਸੰਤ ਰਾਮ ਉਦਾਸੀ

ਕੁਲਦੀਪ ਸਿੰਘ ਲੋਹਟ

ਸੰਤ ਰਾਮ ਉਦਾਸੀ ਕੰਮੀਆਂ ਦੇ ਵਿਹੜਿਆਂ ਦਾ ਉਹ ਸੂਰਜ ਸੀ, ਜਿਸ ਨੇ ਦੱਬੇ-ਕੁਚਲੇ, ਨਿਮਾਣੇ, ਨਿਤਾਣੇ ਲੋਕਾਂ ਦੇ ਕੱਚੇ ਢਾਰਿਆਂ ਅੰਦਰ ਚੇਤਨਾ ਦਾ ਚਾਨਣ ਵੰਡਿਆ ਅਤੇ ਸਮਾਜਿਕ ਤੇ ਆਰਥਿਕ ਗੁਲਾਮੀ ਦੇ ਹਨੇਰਿਆਂ ਨੂੰ ਮਾਤ ਦਿੱਤੀ। ਉਦਾਸੀ ਇਕ ਯੁੱਗ ਕਵੀ, ਸਿਰਕੱਢ ਗਵੱਈਏ, ਮਹਾਨ ਨਾਇਕ ਤੇ ਲੋਕ ਆਗੂ ਸਨ। ਉਦਾਸੀ ਨੇ ਸਮਾਜਿਕ ਤੇ ਆਰਥਿਕ ਗੁਲਾਮੀ ਦੀ ਪੀੜਾ ਨੂੰ ਦੇਖਿਆ-ਪਰਖਿਆ ਹੀ ਨਹੀਂ, ਸਗੋਂ ਖੁਦ ਵੀ ਨੰਗੇ ਪਿੰਡੇ 'ਤੇ ਹੰਢਾਇਆ। ਸੰਤ ਰਾਮ ਉਦਾਸੀ ਦਾ ਜਨਮ 20 ਅਪ੍ਰੈਲ 1939 ਨੂੰ ਪਿਤਾ ਮੇਹਰ ਸਿੰਘ ਅਤੇ ਮਾਤਾ ਧੰਨ ਕੌਰ ਦੀ ਕੁੱਖੋਂ ਬਰਨਾਲਾ ਜ਼ਿਲ੍ਹੇ ਦੇ ਪਿੰਡ ਰਾਏਸਰ ਵਿਚ ਦਲਿਤ ਸਿੱਖ ਪਰਵਾਰ 'ਚ ਹੋਇਆ। ਉਦਾਸੀ ਦਾ ਬਚਪਨ ਬੇਹੱਦ ਗਰੀਬੀ 'ਚ ਬੀਤਿਆ। ਗੁਰਬਤ ਦੇ ਬੋਝ ਹੇਠ ਦੱਬੇ ਬੇਵੱਸ ਤੇ ਮਜਬੂਰ ਲੋਕਾਂ ਦੇ ਪਾਟੀਆਂ ਬਿਆਈਆਂ ਵਾਲੇ ਪੈਰ, ਤਨ ਧਕਣ ਵਾਲੇ ਟਾਕੀਆਂ ਲੱਗੇ ਲੀੜਿਆਂ 'ਚੋਂ ਚੋਂਦੇ ਮੁੜ੍ਹਕੇ ਅਤੇ ਕਰੇੜਿਆਂ ਵਾਲੇ ਦੰਦਾਂ ਦੀ ਬਦਬੋਅ ਨੇ ਉਦਾਸੀ ਦੇ ਬਾਲ ਮਨ 'ਤੇ ਡੂੰਘਾ ਪ੍ਰਭਾਵ ਪਾਇਆ। ਉਦਾਸੀ ਸੰਪਰਦਾਇਕ ਪਾੜੇ ਤੇ ਜਮਾਤੀ ਨਫ਼ਰਤ ਦੀ ਬੋਅ ਨੂੰ ਗੰਦਗੀ ਸਮਝਦਾ ਸੀ, ਜਦਕਿ ਉਸ ਨੂੰ ਕੰਮੀਆਂ ਦੇ ਲੀੜਿਆਂ ਦੇ ਪਸੀਨੇ ਦੀ ਖੁਸ਼ਬੋ ਨਾਲ ਅੰਤਾਂ ਦਾ ਮੋਹ ਸੀ।

ਸੰਤ ਰਾਮ ਉਦਾਸੀ ਅਧਿਆਪਕ ਸਨ। ਆਰਥਿਕ ਪੱਖ ਤੋਂ ਕਮਜ਼ੋਰ ਤੇ ਜਾਤੀਵਾਦ ਦੇ ਲ-ਇਲਾਜ ਰੋਗ ਨੇ ਉਦਾਸੀ ਨੂੰ ਟਿਕਣ ਨਹੀ ਦਿੱਤਾ। ਉਹ ਇਸ ਵਰਤਾਰੇ ਖਿਲਾਫ਼ ਵਿਦਰੋਹੀ ਬਣ ਕੇ ਨਿੱਤਰਿਆ। ਜੁਝਾਰੂ ਬਣ ਕੇ ਲੜਿਆ ਤੇ ਜ਼ਿੰਦਗੀ ਦੇ ਆਖਰੀ ਸਾਹ ਤੱਕ ਲੜਦਾ ਹੀ ਰਿਹਾ। ਤਲਵਾਰ ਵਰਗੀ ਕਲਮ ਤੇ ਤੋਪ ਵਰਗੀ ਅਵਾਜ਼ ਨਾਲ ਜਦੋਂ ਉਸ ਨੇ ਲੋਕ ਪੱਖੀ ਮੰਚਾਂ ਤੋਂ ਲੋਕ ਗੀਤ ਵਰਗੇ ਬੋਲ

*ਮਾਂ ਧਰਤੀਏ ਤੇਰੀ ਗੋਦ ਨੂੰ ਚੰਨ ਹੋਰ ਬਥੇਰੇ,*
*ਤੂੰ ਮਘਦਾ ਰਹੀਂ ਵੇ ਸੂਰਜਾ ਕੰਮੀਆਂ ਦੇ ਵਿਹੜੇ।*



ਰਾਹੀਂ ਪ੍ਰਵਾਜ਼ ਭਰੀ ਤਾਂ ਲੋਕ ਪੱਖੀ ਹਲਿਕਆਂ 'ਚ ਉਦਾਸੀ ਦੀਆਂ ਲਿਖਤਾਂ, ਉੱਚੀ, ਸੁਰੀਲੀ ਤੇ ਕਰੁਣਾਮਈ ਅਵਾਜ਼ ਦਾ ਜਾਦੂ ਅਵਾਮ ਦੇ ਸਿਰ ਚੜ੍ਹ ਕੇ ਬੋਲਣ ਲੱਗਾ। ਉਦਾਸੀ ਦੀ ਵਿਦਰੋਹੀ ਸੁਰ ਹਕੂਮਤ ਦੀਆਂ ਅੱਖਾਂ 'ਚ ਕਣ ਵਾਂਗ ਰੜਕਣ ਲੱਗੀ। ਉਦਾਸੀ ਨੂੰ ਸਿੱਖੀ ਨਾਲ ਅੰਤਾਂ ਦਾ ਮੋਹ ਸੀ ਪ੍ਰੰਤੂ ਧਰਮ ਦੀ ਆੜ 'ਚ ਕਾਬਜ਼ ਧਿਰਾਂ ਦੇ ਪੱਛੜੇ ਸਮਾਜ ਪ੍ਰਤੀ ਮਾੜੇ ਵਤੀਰੇ ਨੇ ਉਸ ਨੂੰ ਨਕਸਲਵਾੜੀ ਲਹਿਰ ਨਾਲ ਚੱਲਣ ਲਈ ਮਜਬੂਰ ਕਰ ਦਿੱਤਾ। ਉਂਝ ਉਦਾਸੀ ਦੇ ਪੁਰਖੇ ਧਾਰਮਿਕ ਪੱਖ ਤੋਂ ਨਾਮਧਾਰੀ ਸਮਾਜ ਦਾ ਅੰਗ ਬਣ ਗਏ ਸਨ। ਉਦਾਸੀ ਦਾ ਕੌਮੀ ਜਜ਼ਬਾ ਦੇਖੋ..

*ਏਸ ਕੱਚੀ ਚਮਕੌਰ ਦੀ ਗੜ੍ਹੀ ਮੂਹਰੇ,*
*ਕਿਲ੍ਹਾ ਦਿੱਲੀ ਦਾ ਅਸੀਂ ਝੁਕਾ ਦਿਆਂਗੇ।*
*ਝੋਰਾ ਕਰੀਂ ਨਾ ਕਿਲ੍ਹੇ ਅਨੰਦਪੁਰ ਦਾ,*
*ਕੁੱਲੀ ਕੁੱਲੀ ਨੂੰ ਕਿਲ੍ਹਾ ਬਣਾ ਦਿਆਂਗੇ।*

ਉਦਾਸੀ ਦੀਆਂ ਚਾਰ ਪੁਸਤਕਾਂ, ਲਿਤਾੜੇ, ਨਿਮਾਣੇ ਤੇ ਸਮਾਜ ਦੇ ਦੁਰਕਾਰੇ ਲੋਕਾਂ ਦੀ ਹੋਣੀ ਦਾ ਦੁਖਦਾਈ ਬਿਰਤਾਂਤ ਹਨ ਲ਼ਹੂ ਭਿੱਜੇ ਬੋਲ, ਚੌ-ਨੁਕਰੀਆਂ ਸੀਖਾਂ, ਸੈਨਤਾਂ ਤੇ 'ਕੰਮੀਆਂ ਦਾ ਵਿਹੜਾ' ਨੇ ਨਿਜ਼ਾਮ ਪ੍ਰਬੰਧਾਂ 'ਤੇ ਤਿੱਖੇ ਸਵਾਲ ਖੜ੍ਹੇ ਕੀਤੇ ਹਨ। ਉਸ ਦੀਆਂ ਲਿਖਤਾਂ ਹਕੂਮਤ ਲਈ ਵੰਗਾਰ ਹਨ ਤੇ ਸਮਾਜ ਲਈ ਚੇਤੰਨਤਾ ਦੀ ਪਹਿਲੀ ਕਿਰਨ। ਉਦਾਸੀ ਦੀਆਂ ਲਿਖਤਾਂ ਨੂੰ ਗਹੁ ਨਾਲ ਫਰੋਲੀਏ ਤਾਂ ਉਹ ਸਹੀ ਸ਼ਬਦਾਂ 'ਚ ਕਿਰਤੀ ਤੇ ਆਰਥਿਕ ਪੱਖੋਂ ਥੁੜੇ ਲੋਕਾਂ ਦਾ ਕਵੀ ਸੀ। ਲੋਕ ਲਹਿਰਾਂ ਦਾ ਸਾਹ ਅਸਵਾਰ ਤੇ ਲੋਕ ਪੱਖੀ ਮੰਚਾਂ ਦਾ ਸਿਰਕੱਢ ਬੁਲਾਰਾ ਸੀ ਸੰਤ ਰਾਮ ਉਦਾਸੀ। ਕਿਸਾਨ ਤੇ ਮਜਦੂਰ ਦੀ ਕਰੁਣਾਮਈ ਵੇਦਨਾ ਨੂੰ ਉਦਾਸੀ ਨੇ ਇਸ ਤਰ੍ਹਾਂ ਬਿਆਨ ਕੀਤਾ ਹੈ..ਗਲ ਲੱਗ ਕੇ ਸੀਰੀ ਦੇ ਜੱਟ ਰੋਵੇ ਬੋਹਲਾਂ ਵਿਚੋਂ ਨੀਰ ਵਗਿਆ, ਲਿਆ ਤੰਗਲੀ ਨਸੀਬਾਂ ਨੂੰ ਫਰੋਲੀਏ ਤੂੜੀ 'ਚੋਂ ਪੁੱਤ ਜੱਗਿਆ। ਉਦਾਸੀ ਨੇ ਆਰਥਿਕ ਵਸੀਲਿਆਂ ਦੀ ਥੋੜ, ਸਮਾਜਿਕ ਨਿਆਂ, ਧਾਰਮਿਕ ਮਰਿਯਾਦਾਵਾਂ ਦੇ ਘਾਣ ਤੇ ਸੱਭਿਆਚਾਰਕ ਵੰਡ, ਜਾਤ-ਜਮਾਤ ਦੇ ਵਿਤਕਰੇ, ਅਮੀਰੀ-ਗ਼ਰੀਬੀ ਦੇ ਪਾੜੇ, ਜਾਤੀ ਹੰਕਾਰ ਤੇ ਕਾਰਪੋਰੇਟੀ ਲੁੱਟ ਰਾਹੀਂ ਮਿਹਨਤਕਸ਼ ਲੋਕਾਂ ਦੇ ਸ਼ੋਸ਼ਣ ਖਿਲਾਫ਼ ਤਲਵਾਰ ਵਰਗੀ ਕਲਮ ਰਾਹੀਂ ਜੁਝਾਰੂ ਜੰਗ ਲੜੀ। ਅੱਜ ਜਦੋਂ ਲੁਟੇਰਾ ਜਮਾਤ ਕਿਰਤੀ ਲੋਕਾਂ ਦੀ ਲੁੱਟ-ਖਸੁੱਟ ਰਾਹੀਂ ਮੁਨਾਫੇਖੋਰੀ ਨਾਲ ਤਿਜੌਰੀਆਂ ਭਰ ਰਹੀ ਹੈ, ਉਸ ਵੇਲੇ ਉਦਾਸੀ ਕਵਿਤਾ ਰਾਹੀਂ ਪੁੱਤਾਂ ਵਾਂਗ ਪਾਲੀ ਕਣਕ ਨੂੰ ਮਿੱਠੜੇ ਜਿਹੇ ਰੋਸੇ ਦਾ ਨਿਹੋਰਾ ਮਾਰਦਾ ਹੈ..

*ਸਾਡੇ ਪਿੜਾਂ 'ਚ ਤੇਰੇ ਗਲ ਚੀਥੜੇ ਨੀਂ ਮੇਰੀਏ ਜਵਾਨ ਕਣਕੇ,*
*ਕੱਲ੍ਹ ਸ਼ਾਹਾਂ ਦੇ ਗੋਦਾਮ 'ਚੋਂ ਨਿਕਲੇ ਤੂੰ ਸੋਨੇ ਦਾ ਪਟੋਲਾ ਬਣ ਕੇ।*

ਸੰਤ ਰਾਮ ਉਦਾਸੀ ਅਜੋਕੇ ਪੂੰਜੀਵਾਦੀ ਦੌਰ ਤੋਂ ਖਾਸਾ ਉਦਾਸ ਸੀ, ਪ੍ਰੰਤੂ ਉਸ ਦੀਆਂ ਲਿਖਤਾਂ ਵਿਚ ਰਤੀ ਭਰ ਵੀ ਨੀਰਸਤਾ ਨਹੀਂ ਸੀ। ਉਸ ਨੇ ਗੁਰਬਤ ਨਿਰਬਾਹ ਹੰਢਾਇਆ ਪ੍ਰੰਤੂ ਵਿਚਾਰਾ ਬਣ ਕੇ ਨਹੀਂ ਜੀਵਿਆ, ਸਗੋਂ ਚੜ੍ਹਦੀ ਕਲਾ ਵਾਲਾ ਜਿੰਦਾਦਿਲ ਇਨਸਾਨ ਬਣਕੇ ਜੀਵਿਆ ਤੇ ਆਪਣੇ ਸਮਾਜ ਨੂੰ ਸਿਰ ਉੱਚਾ ਕਰਕੇ ਜਿਉਣ ਦੀ ਜੀਵਨ-ਜਾਚ ਵੀ ਸਿਖਾਈ।

ਉਦਾਸੀ ਦੀ ਕਵਿਤਾ ਸਿਰਕੱਢ ਲਿਖਾਰੀ ਸਭਾਵਾਂ ਤੇ ਸਾਹਿਤ ਕੁੰਭਾਂ ਦਾ ਸ਼ਿੰਗਾਰ ਬਣਦੀ ਰਹੀ। ਉਦਾਸੀ ਨੂੰ ਅਨੇਕਾਂ ਮਾਣ-ਸਨਮਾਨਾਂ ਨਾਲ ਨਿਵਾਜਿਆ ਜਾਂਦਾ ਰਿਹਾ। ਬਗਾਵਤੀ ਸੁਰ ਵਾਲੀਆਂ ਤਿੱਖੀਆਂ ਲਿਖਤਾਂ ਕਰਕੇ ਉਦਾਸੀ ਲੋਕ ਪੱਖੀ ਵਿਚਾਰਧਾਰਾ ਦਾ ਸਿਰਕੱਢ ਆਗੂ ਹੋ ਨਿੱਬੜਿਆ। ਮਾੜੇ ਰਾਜ ਪ੍ਰਬੰਧਾਂ ਨੂੰ ਬੇਪਰਦ ਕਰਨ ਵਾਲੇ ਉਦਾਸੀ ਦੀ ਕਲਮ ਹਕੂਮਤ ਨੂੰ ਜ਼ਹਿਰ ਦਿੱਤਾ। ਉਹ ਇਸ ਵਰਤਾਰੇ ਖਿਲਾਫ਼ ਵਿਦਰੋਹੀ ਬਣ ਕੇ ਨਿੱਤਰਿਆ। ਜੁਝਾਰੂ ਬਣ ਕੇ ਹਰ ਵਾਂਗ ਲਗਦੀ ਸੀ। ਉਦਾਸੀ ਨੇ ਝੂਠੇ ਰਾਜਸੀ ਪ੍ਰਬੰਧਾਂ ਨੂੰ ਕੋਸਿਆ ਹੀ ਨਹੀਂ, ਸਗੋਂ ਸੱਤਾ 'ਤੇ ਕਾਬਜ਼ ਧਿਰਾਂ ਨੂੰ ਰਾਹ ਵੀ ਦਿਖਾਇਆ। ਅਵਾਮ ਨੂੰ ਸੰਘਰਸ਼ ਦੇ ਰਾਹ ਤੁਰਨ ਲਈ ਹਲੂਣਿਆ। ਚੇਤਨਾ ਦੇ ਇਸ ਸੂਰਜ ਦੀ ਲੋਅ ਨੇ ਰਾਜਕਰਤਾ ਸ਼੍ਰੇਣੀ ਦੇ ਪਿੰਡੇ ਨੂੰ ਸਾੜ ਕੇ ਰੱਖ ਦਿੱਤਾ ਸੀ। ਇਹ ਉਦਾਸੀ ਦੇ ਵਿਦਰੋਹ ਦੀ ਪ੍ਰਾਪਤੀ ਹੀ ਸੀ ਕਿ ਖੇਤਾਂ ਦੀਆਂ ਵੱਟਾਂ 'ਤੇ ਘਾਹ ਦੀਆਂ ਤਿੜਾਂ ਪੁੱਟਣ ਵਾਲੇ ਹੱਥਾਂ 'ਚ ਆਈਆਂ ਮਿਸਾਲਾਂ ਤੇ ਕਲਮਾਂ ਨੇ ਆਰਥਿਕ ਗੁਲਾਮੀ ਦੀਆਂ ਜੋਕਾਂ ਨੂੰ ਤੋੜਨਾ ਸ਼ੁਰੂ ਕਰ ਦਿੱਤਾ। ਸੰਤ ਰਾਮ ਉਦਾਸੀ ਦੀਆਂ ਲਿਖਤਾਂ ਹਮੇਸ਼ਾ ਹੀ ਲੋਕ ਲਹਿਰਾਂ ਦੇ ਮੰਚਾਂ ਦਾ ਸ਼ਿੰਗਾਰ ਰਹੀਆਂ ਹਨ। ਲੰਘੇ ਕਿਸਾਨੀ ਘੋਲ ਦੌਰਾਨ ਉਦਾਸੀ ਦੇ ਗੀਤਾਂ ਦੇ ਬੋਲ ਮੋਰਚੇ 'ਚ ਜੋਸ਼ ਭਰਦੇ ਰਹੇ। ਸਮੇਂ ਦੇ ਦੌਰ 'ਚ ਲੋਕ ਪੱਖੀ ਕਲਮਾਂ ਦੇ ਅਨੇਕ ਚਿਹਰੇ ਸਾਹਮਣੇ ਆਏ, ਪ੍ਰੰਤੂ ਕੋਈ ਉਦਾਸੀ ਦੀ ਥਾਂ ਨਹੀਂ ਲੈ ਸਕਿਆ। ਉਦਾਸੀ ਤਾਂ ਬਸ ਉਦਾਸੀ ਹੀ ਸੀ। ਇਕ ਪਾਸੇ ਉਦਾਸੀ ਨੂੰ ਵੱਡੇ-ਵੱਡੇ ਕਵੀ ਦਰਬਾਰਾਂ 'ਚ ਮਾਣ-ਸਨਮਾਨਾਂ ਨਾਲ ਨਿਵਾਜਿਆ ਜਾਂਦਾ ਰਿਹਾ, ਦੂਜੇ ਪਾਸੇ ਹਕੂਮਤ ਦੇ ਇਸ਼ਾਰੇ 'ਤੇ ਪੁਲਸ ਉਦਾਸੀ ਦੇ ਟੱਬਰ ਨੂੰ ਜ਼ਲੀਲ ਕਰਦੀ ਰਹੀ। ਪਹੁ ਫੁੱਟਦਿਆਂ ਹੀ ਪੁਲਸ ਕੰਧਾਂ ਕੋਠੇ ਟੱਪ ਕੇ ਉਦਾਸੀ ਦੇ ਵਿਹੜੇ ਖੌਰੂ ਪਾ ਦਿੰਦੀ। ਹਾਰੇ ਪੱਕਦੀ ਦਾਲ, ਤਵੇ ਜਲਦੀ ਰੋਟੀ ਅਤੇ ਕਿੱਲੇ ਬੱਝੇ ਭੁੱਖੇ ਪਿਆਸੇ ਡੰਗਰਾਂ ਤੇ ਰੋਂਦੇ-ਵਿਲਕਦੇ ਨਿਆਣਿਆਂ 'ਤੇ ਬੇਰਹਿਮ ਤੇ ਜਾਬਰ ਪੁਲਸੀਆ ਕਹਿਰ ਟੁੱਟਦਾ। ਪਰਵਾਰ ਲਈ ਇਹ ਵੱਡਾ ਦੁਖਾਂਤ ਸੀ। ਪਰਵਾਰ ਨੂੰ ਘੰਟਿਆਂ ਬੱਧੀ ਥਾਣੇ ਬੁਲਾ ਕੇ ਜ਼ਲੀਲ ਕੀਤਾ ਜਾਂਦਾ ਰਿਹਾ। ਅੰਤ ਕੰਮੀਆਂ ਦੇ ਵਿਹੜੇ ਦਾ ਇਹ ਸੂਰਜ 6 ਨਵੰਬਰ 1986 ਨੂੰ 47 ਸਾਲਾਂ ਦੀ ਸੰਘਰਸ਼ ਸੀ ਜ਼ਿੰਦਗੀ ਭੋਗ ਕੇ ਅਸਤ ਤਾਂ ਹੋ ਗਿਆ ਪ੍ਰੰਤੂ ਇਸ ਸੂਰਜ ਦੀ ਲਾਲੀ ਅੱਜ ਵੀ ਕਾਇਮ-ਦਾਇਮ ਹੈ। ਉਦਾਸੀ ਨੂੰ ਗੁਜ਼ਰਿਆਂ ਤਿੰਨ ਦਹਾਕਿਆਂ ਤੋਂ ਵਧੇਰੇ ਸਮਾਂ ਬੀਤ ਗਿਆ, ਪ੍ਰੰਤੂ ਉਨ੍ਹਾਂ ਦੀਆਂ ਲਿਖਤਾਂ ਤੇ ਵਡਮੁੱਲੇ ਵਿਚਾਰ ਸਾਡੀ ਅਗਵਾਈ ਕਰਦੇ ਰਹਿਣਗੇ। ਸੰਘਰਸ਼ ਲੜਨ ਜਿੱਤਣ ਲਈ ਪ੍ਰੇਰਿਤ ਕਰਦੇ ਰਹਿਣਗੇ। ਇਨਕਲਾਬੀ ਵਿਚਾਰਾਂ ਦਾ ਇਹ ਸੂਰਜ ਕਦੇ ਅਸਤ ਨਹੀਂ ਹੋਵੇਗਾ। ਉਦਾਸੀ ਦੀ ਲੋਕ ਪੱਖੀ ਘਾਲਣਾ ਨੂੰ ਸਦੀਵੀ ਚੇਤੇ ਕੀਤਾ ਜਾਂਦਾ ਰਹੇਗਾ।

# ਸੰਪਰਕ : 98764-92410

# ਤੇਲ ਦੀਆਂ ਕੀਮਤਾਂ 'ਚ ਵੱਡੇ ਧਮਾਕੇ ਦੀ ਤਿਆਰੀ


ਡਾ. ਕ੍ਰਿਸ਼ਨ ਲਾਲ

ਭਾਰਤ ਵਿੱਚ ਤੇਲ ਦੀਆਂ ਕੀਮਤਾਂ ਹਮੇਸ਼ਾ ਹੀ ਆਰਥਿਕ ਸਥਿਰਤਾ ਅਤੇ ਰਾਜਨੀਤਕ ਚਰਚਾ ਦਾ ਮੁੱਖ ਕੇਂਦਰ ਰਹੀਆਂ ਹਨ। ਹਾਲ ਹੀ ਵਿੱਚ ਵਿਦੇਸ਼ੀ ਬਰੋਕਰੇਜ ਫਰਮ ਮੈਕੁਆਰੀ ਵੱਲੋਂ ਜਾਰੀ ਇੱਕ ਤਾਜ਼ਾ ਰਿਪੋਰਟ ਨੇ ਦੇਸ਼ ਭਰ ਵਿੱਚ ਚਿੰਤਾ ਦਾ ਮਾਹੌਲ ਪੈਦਾ ਕਰ ਦਿੱਤਾ ਹੈ, ਜਿਸ ਵਿੱਚ ਅਨੁਮਾਨ ਲਗਾਇਆ ਗਿਆ ਹੈ ਕਿ ਭਾਰਤੀ ਉਪਭੋਗਤਾਵਾਂ ਨੂੰ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਵਿੱਚ ਅਣਕਿਆਸੇ ਵਾਧੇ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਅਗਸਤ 2022 ਤੋਂ ਬਾਅਦ ਪਹਿਲੀ ਵਾਰ ਅਮਰੀਕਾ ਵਿੱਚ ਪੈਟਰੋਲ ਦੀਆਂ ਔਸਤ ਕੀਮਤਾਂ 4 ਡਾਲਰ ਪ੍ਰਤੀ ਗੈਲਨ ਤੋਂ ਉੱਪਰ ਚਲੀਆਂ ਗਈਆਂ ਹਨ, ਜਿਸ ਦਾ ਅਸਰ ਗੁਆਂਢੀ ਦੇਸ਼ਾਂ ਪਾਕਿਸਤਾਨ, ਨੇਪਾਲ ਅਤੇ ਸ੍ਰੀਲੰਕਾ ਵਿੱਚ ਵੀ ਦੇਖਣ ਨੂੰ ਮਿਲਿਆ ਹੈ, ਜਿੱਥੇ ਤੇਲ ਪਹਿਲਾਂ ਹੀ ਮਹਿੰਗਾ ਹੋ ਚੁੱਕਾ ਹੈ। ਇਸੇ ਰਿਪੋਰਟ ਅਨੁਸਾਰ ਭਾਰਤ ਵਿੱਚ ਪੈਟਰੋਲ 18 ਰੁਪਏ ਅਤੇ ਡੀਜ਼ਲ 35 ਰੁਪਏ ਪ੍ਰਤੀ ਲੀਟਰ ਤੱਕ ਮਹਿੰਗਾ ਹੋਣ ਦੀ ਸੰਭਾਵਨਾ ਹੈ, ਜੋ ਕਿ ਪਹਿਲਾਂ ਹੀ ਮਹਿੰਗਾਈ ਦੀ ਮਾਰ ਹੇਠ ਆਈ ਜਨਤਾ ਲਈ ਇੱਕ ਬਹੁਤ ਵੱਡਾ ਆਰਥਿਕ ਝਟਕਾ ਸਾਬਤ ਹੋਵੇਗਾ।

ਭਾਰਤ ਆਪਣੀ ਕੱਚੇ ਤੇਲ ਦੀ ਕੁੱਲ ਲੋੜ ਦਾ ਲਗਭਗ 80 ਫੀਸਦੀ ਹਿੱਸਾ ਦਰਾਮਦ ਕਰਦਾ ਹੈ, ਜਿਸ ਵਿੱਚੋਂ 45 ਫੀਸਦੀ ਮੱਧ ਪੂਰਬ ਅਤੇ 35 ਫੀਸਦੀ ਰੂਸ ਤੋਂ ਆਉਂਦਾ ਹੈ। ਕੱਚੇ ਤੇਲ ਦੀਆਂ ਅੰਤਰਰਾਸ਼ਟਰੀ ਕੀਮਤਾਂ ਵਿੱਚ ਵਾਧਾ ਨਾ ਸਿਰਫ਼ ਤੇਲ ਕੰਪਨੀਆਂ ਦੇ ਮੁਨਾਫ਼ੇ ਨੂੰ ਪ੍ਰਭਾਵਤ ਕਰਦਾ ਹੈ, ਸਗੋਂ ਦੇਸ਼ ਦੇ ਚਾਲੂ ਖਾਤੇ ਦੇ ਘਾਟੇ ਲਈ ਵੀ ਇੱਕ ਵੱਡੀ ਚੁਣੌਤੀ ਬਣ ਜਾਂਦਾ ਹੈ। ਰਿਪੋਰਟਾਂ ਮੁਤਾਬਕ ਪੱਛਮੀ ਬੰਗਾਲ ਸਮੇਤ ਪੰਜ ਰਾਜਾਂ ਦੀਆਂ ਵਿਧਾਨ ਸਭਾ ਚੋਣਾਂ ਕਾਰਨ ਕੌਮਾਂਤਰੀ ਬਾਜ਼ਾਰ ਵਿੱਚ ਉਛਾਲ ਦੇ ਬਾਵਜੂਦ ਭਾਰਤ ਵਿੱਚ ਤੇਲ ਦੀਆਂ ਕੀਮਤਾਂ ਨੂੰ ਫਿਲਹਾਲ ਸਥਿਰ ਰੱਖਿਆ ਗਿਆ ਹੈ। ਇਹ ਇੱਕ ਪੁਰਾਣਾ ਸਿਆਸੀ ਰੁਝਾਨ ਰਿਹਾ ਹੈ ਕਿ ਚੋਣਾਂ ਦੌਰਾਨ ਸੱਤਾਧਾਰੀ ਧਿਰਾਂ ਜਨਤਾ ਦੇ ਰੋਸ ਤੋਂ ਬਚਣ ਲਈ ਤੇਲ ਕੰਪਨੀਆਂ 'ਤੇ ਕੀਮਤਾਂ ਨਾ ਵਧਾਉਣ ਦਾ ਅਣਸਿਖਿਆ ਦਬਾਅ ਪਾਉਂਦੀਆਂ ਹਨ। ਹਾਲਾਂਕਿ, ਇਤਿਹਾਸਕ ਤੱਥ ਗਵਾਹ ਹਨ ਕਿ ਚੋਣ ਨਤੀਜੇ ਆਉਂਦੇ ਹੀ ਤੇਲ ਦੀਆਂ ਕੀਮਤਾਂ ਵਿੱਚ ਅਚਾਨਕ ਅਤੇ ਵੱਡਾ ਵਾਧਾ ਕਰਕੇ ਸਾਰਾ ਬੋਝ ਆਮ ਜਨਤਾ ਦੀ ਜੇਬ 'ਤੇ ਪਾ ਦਿੱਤਾ ਜਾਂਦਾ ਹੈ।ਮੌਜੂਦਾ ਸਮੇਂ ਵਿੱਚ ਭਾਰਤੀ ਤੇਲ ਮਾਰਕੀਟਿੰਗ ਕੰਪਨੀਆਂ ਦੀ ਵਿੱਤੀ ਸਥਿਤੀ ਬਹੁਤ ਹੀ ਨਾਜ਼ੁਕ ਬਣੀ ਹੋਈ ਹੈ। ਹਾਲਾਂਕਿ ਸਰਕਾਰ ਵੱਲੋਂ ਐਕਸਾਈਜ਼ ਡਿਊਟੀ ਵਿੱਚ 10 ਰੁਪਏ ਦੀ ਕਟੌਤੀ ਕੀਤੀ ਗਈ ਹੈ, ਪਰ ਅੰਤਰਰਾਸ਼ਟਰੀ ਬਾਜ਼ਾਰ ਵਿੱਚ ਕੱਚੇ ਤੇਲ ਦੀਆਂ ਕੀਮਤਾਂ 135 ਡਾਲਰ ਤੋਂ 165 ਡਾਲਰ ਪ੍ਰਤੀ ਬੈਰਲ ਦੇ ਉੱਚ ਪੱਧਰ ਤੇ ਬਰਕਰਾਰ ਹਨ। ਇਸ ਅਸੰਤੁਲਨ ਕਾਰਨ ਭਾਰਤੀ ਤੇਲ ਕੰਪਨੀਆਂ ਨੂੰ ਰੋਜ਼ਾਨਾ ਲਗਭਗ 1600 ਕਰੋੜ ਰੁਪਏ ਦਾ ਭਾਰੀ ਨੁਕਸਾਨ ਸਹਿਣਾ ਪੈ ਰਿਹਾ ਹੈ। ਮੈਕੁਆਰੀ ਦੀ ਰਿਪੋਰਟ ਅਨੁਸਾਰ ਜੇਕਰ ਤੇਲ ਦੀਆਂ ਕੀਮਤਾਂ ਵਿੱਚ 10 ਰੁਪਏ ਦਾ ਵਾਧਾ ਕਰ ਵੀ ਦਿੱਤਾ ਜਾਵੇ, ਤਾਂ ਵੀ ਕੰਪਨੀਆਂ ਨੂੰ ਪ੍ਰਤੀ ਲੀਟਰ 6 ਰੁਪਏ ਦਾ ਘਾਟਾ ਪੈਂਦਾ ਰਹੇਗਾ।

ਇਸ ਰਿਪੋਰਟ ਦਾ ਸਭ ਤੋਂ ਚਿੰਤਾਜਨਕ ਪਹਿਲੂ ਇਹ ਹੈ ਕਿ ਜੇਕਰ ਅੰਤਰਰਾਸ਼ਟਰੀ ਬਾਜ਼ਾਰ ਵਿੱਚ ਕੱਚੇ ਤੇਲ ਦੀਆਂ ਕੀਮਤਾਂ ਵਿੱਚ ਗਿਰਾਵਟ ਨਹੀਂ ਆਉਂਦੀ ਅਤੇ ਭਾਰਤ ਵਿੱਚ ਕੀਮਤਾਂ ਨੂੰ ਇਸੇ ਤਰ੍ਹਾਂ ਸਥਿਰ ਰੱਖਿਆ ਜਾਂਦਾ ਹੈ, ਤਾਂ ਸਾਲ 2026 ਦੀ ਪਹਿਲੀ ਤਿਮਾਹੀ ਤੱਕ ਤੇਲ ਕੰਪਨੀਆਂ ਦਾ ਕੁੱਲ ਘਾਟਾ 20 ਅਰਬ ਡਾਲਰ ਦੇ ਭਾਰੀ ਅੰਕੜੇ ਤੱਕ ਪਹੁੰਚ ਸਕਦਾ ਹੈ। ਅਜਿਹੀ ਸਥਿਤੀ ਭਾਰਤ ਦੇ ਚਾਲੂ ਖਾਤਾ ਘਾਟੇ ਨੂੰ ਬੁਰੀ ਤਰ੍ਹਾਂ ਪ੍ਰਭਾਵਤ ਕਰੇਗੀ, ਜਿਸ ਨਾਲ ਅੰਤਰਰਾਸ਼ਟਰੀ ਪੱਧਰ 'ਤੇ ਭਾਰਤੀ ਰੁਪਏ ਦੀ ਕੀਮਤ ਵਿੱਚ ਹੋਰ ਗਿਰਾਵਟ ਆਉਣ ਦਾ ਖ਼ਦਸ਼ਾ ਹੈ। ਅਰਥ ਸ਼ਾਸਤਰੀਆਂ ਅਨੁਸਾਰ ਏਨਾ ਵੱਡਾ ਵਿੱਤੀ ਘਾਟਾ ਦੇਸ਼ ਦੀ ਜੀ ਡੀ ਪੀ ਵਿਕਾਸ ਦਰ ਨੂੰ ਵੀ ਮੰਦੀ ਦੀ ਰਾਹ 'ਤੇ ਧੱਕ ਸਕਦਾ ਹੈ, ਜੋ ਕਿ ਸਮੁੱਚੀ ਆਰਥਿਕਤਾ ਲਈ ਇੱਕ ਵੱਡੀ ਚੁਣੌਤੀ ਹੋਵੇਗੀ।

ਮੈਕੁਆਰੀ ਦੀ ਰਿਪੋਰਟ ਇਸ ਗੱਲ 'ਤੇ ਜ਼ੋਰ ਦਿੰਦੀ ਹੈ ਕਿ ਤੇਲ ਦੀਆਂ ਕੀਮਤਾਂ ਵਿੱਚ ਇਹ ਉਛਾਲ ਸਿਰਫ਼ ਘਰੇਲੂ ਕਾਰਨਾਂ ਕਰਕੇ ਨਹੀਂ, ਸਗੋਂ ਵਿਸ਼ਵ ਪੱਧਰੀ ਭੂ-ਰਾਜਨੀਤਕ ਤਣਾਅ ਦਾ ਸਿੱਧਾ ਨਤੀਜਾ ਹੈ। ਖ਼ਾਸ ਕਰਕੇ ਤੇਲ ਉਤਪਾਦਕ ਦੇਸ਼ਾਂ ਵਿੱਚ ਵਧ ਰਹੀ ਅਸਥਿਰਤਾ ਨੇ ਸਪਲਾਈ ਚੇਨ ਨੂੰ ਬੁਰੀ ਤਰ੍ਹਾਂ ਪ੍ਰਭਾਵਤ ਕੀਤਾ ਹੈ। ਜਦੋਂ ਅੰਤਰਰਾਸ਼ਟਰੀ ਬਾਜ਼ਾਰ ਵਿੱਚ ਕੱਚੇ ਤੇਲ ਦੀ ਕੀਮਤ 150 ਡਾਲਰ ਪ੍ਰਤੀ ਬੈਰਲ ਦੇ ਨਾਜ਼ੁਕ ਅੰਕੜੇ ਨੂੰ ਪਾਰ ਕਰ ਜਾਂਦੀ ਹੈ, ਤਾਂ ਭਾਰਤ ਵਰਗੇ ਮੁਲਕ ਲਈ ਸਥਿਤੀ ਬਹੁਤ ਗੰਭੀਰ ਹੋ ਜਾਂਦੀ ਹੈ, ਜੋ ਆਪਣੀਆਂ ਜ਼ਰੂਰਤਾਂ ਲਈ 80 ਫੀਸਦੀ ਤੋਂ ਵੱਧ ਤੇਲ ਦਰਾਮਦ 'ਤੇ ਨਿਰਭਰ ਹੈ।

ਭਾਰਤ ਇੱਕ ਖੇਤੀ ਪ੍ਰਧਾਨ ਦੇਸ਼ ਹੋਣ ਕਰਕੇ ਖੇਤੀਬਾੜੀ ਸੈਕਟਰ ਵਿੱਚ ਡੀਜ਼ਲ ਦੀ ਭੂਮਿਕਾ ਬਹੁਤ ਮਹੱਤਵਪੂਰਨ ਹੈ। ਜੇਕਰ ਡੀਜ਼ਲ ਦੀਆਂ ਕੀਮਤਾਂ ਵਿੱਚ 35 ਰੁਪਏ ਦਾ ਵੱਡਾ ਵਾਧਾ ਹੁੰਦਾ ਹੈ, ਤਾਂ ਇਸ ਦਾ ਸਿੱਧਾ ਅਤੇ ਘਾਤਕ ਅਸਰ ਕਿਸਾਨਾਂ ਦੀ ਪੈਦਾਵਾਰ ਲਾਗਤ 'ਤੇ ਪਵੇਗਾ। ਟਰੈਕਟਰਾਂ ਰਾਹੀਂ ਖੇਤਾਂ ਦੀ ਵਾਹੀ ਤੋਂ ਲੈ ਕੇ ਟਿਊਬਵੈੱਲਾਂ ਰਾਹੀਂ ਸਿੰਚਾਈ ਕਰਨ ਤੱਕ, ਖੇਤੀ ਦਾ ਹਰ ਪੜਾਅ ਬੇਹੱਦ ਮਹਿੰਗਾ ਹੋ ਜਾਵੇਗਾ। ਇਸ ਸਥਿਤੀ ਕਾਰਨ ਨਾ ਸਿਰਫ਼ ਕਿਸਾਨਾਂ ਦੀ ਸ਼ੁੱਧ ਆਮਦਨ ਵਿੱਚ ਭਾਰੀ ਗਿਰਾਵਟ ਆਵੇਗੀ, ਸਗੋਂ ਮੰਡੀਆਂ ਵਿੱਚ ਸ਼ਬਜੀਆਂ, ਫਲਾਂ ਅਤੇ ਅਨਾਜ ਦੀਆਂ ਕੀਮਤਾਂ ਵੀ ਅਸਮਾਨ ਨੂੰ ਛੂਹਣ ਲੱਗਣਗੀਆਂ। ਅਜਿਹਾ ਹੋਣ ਨਾਲ ਦੇਸ਼ ਦੀ ਖੁਰਾਕੀ ਸੁਰੱਖਿਆ ਲਈ ਗੰਭੀਰ ਖ਼ਤਰਾ ਪੈਦਾ ਹੋ ਸਕਦਾ ਹੈ, ਜੋ ਕਿ ਇੱਕ ਨਵੀਂ ਸਮਾਜਿਕ ਅਤੇ ਆਰਥਿਕ ਚੁਣੌਤੀ ਨੂੰ ਜਨਮ ਦੇਵੇਗਾ।

ਤੇਲ ਦੀਆਂ ਵਧਦੀਆਂ ਕੀਮਤਾਂ ਦਾ ਅਸਰ ਸਿਰਫ਼ ਆਵਾਜਾਈ ਤੱਕ ਸੀਮਿਤ ਨਹੀਂ ਰਹੇਗਾ, ਸਗੋਂ ਇਹ ਭਾਰਤ ਦੇ ਨਿਰਮਾਣ ਖੇਤਰ ਨੂੰ ਵੀ ਬੁਰੀ ਤਰ੍ਹਾਂ ਪ੍ਰਭਾਵਤ ਕਰੇਗਾ। ਬਹੁਤ ਸਾਰੀਆਂ ਉਦਯੋਗਿਕ ਇਕਾਈਆਂ ਅਤੇ ਫੈਕਟਰੀਆਂ ਆਪਣੀ ਮਸ਼ੀਨਰੀ ਅਤੇ ਪਾਵਰ ਬੈਕਅੱਪ (ਜਨਰੇਟਰਾਂ) ਲਈ ਵੱਡੇ ਪੱਧਰ 'ਤੇ ਤੇਲ 'ਤੇ ਨਿਰਭਰ ਕਰਦੀਆਂ ਹਨ। ਬਾਲਣ ਦੀ ਲਾਗਤ ਵਧਣ ਨਾਲ ਉਤਪਾਦਨ ਖਰਚਾ ਵਧ ਜਾਵੇਗਾ, ਜਿਸ ਕਾਰਨ ਭਾਰਤੀ ਵਸਤਾਂ ਕੌਮਾਂਤਰੀ ਬਾਜ਼ਾਰ ਵਿੱਚ ਆਪਣੀ ਮੁਕਾਬਲੇਬਾਜ਼ੀ ਗੁਆ ਸਕਦੀਆਂ ਹਨ।

ਮੈਕੁਆਰੀ ਦੀ ਇਹ ਰਿਪੋਰਟ ਭਾਰਤ ਸਰਕਾਰ ਲਈ ਇੱਕ ਗੰਭੀਰ ਨੀਤੀਗਤ ਚੁਣੌਤੀ ਅਤੇ ਵੱਡਾ ਧਰਮ-ਸੰਕਟ ਪੈਦਾ ਕਰਦੀ ਨਜ਼ਰ ਆ ਰਹੀ ਹੈ। ਤੇਲ ਕੰਪਨੀਆਂ ਨੂੰ ਹੋ ਰਹੇ 1600 ਕਰੋੜ ਰੁਪਏ ਦੇ ਰੋਜ਼ਾਨਾ ਨੁਕਸਾਨ ਦੀ ਭਰਪਾਈ ਕਰਨਾ ਸਰਕਾਰ ਲਈ ਇੱਕ ਦੋ-ਧਾਰੀ ਤਲਵਾਰ ਵਾਂਗ ਹੈ। ਜੇਕਰ ਸਰਕਾਰ ਇਸ ਘਾਟੇ ਨੂੰ ਪੂਰਨ ਲਈ ਖੁਦ ਸਬਸਿਡੀ ਦਾ ਸਹਾਰਾ ਲੈਂਦੀ ਹੈ, ਤਾਂ ਇਸ ਨਾਲ ਸਰਕਾਰੀ ਖ਼ਜ਼ਾਨੇ 'ਤੇ ਬੇਲੋੜਾ ਬੋਝ ਵਧੇਗਾ ਅਤੇ ਦੇਸ਼ ਦਾ ਵਿੱਤੀ ਘਾਟਾ ਕੰਟਰੋਲ ਤੋਂ ਬਾਹਰ ਹੋ ਸਕਦਾ ਹੈ। ਇਸ ਦੇ ਉਲਟ, ਜੇਕਰ ਸਰਕਾਰ ਇਸ ਵਿੱਤੀ ਭਾਰ ਨੂੰ ਕੀਮਤਾਂ ਵਧਾ ਕੇ ਸਿੱਧਾ ਜਨਤਾ 'ਤੇ ਪਾਉਂਦੀ ਹੈ, ਤਾਂ ਅਣਕਿਆਸੀ ਮਹਿੰਗਾਈ ਕਾਰਨ ਆਮ ਲੋਕਾਂ ਵਿੱਚ ਭਾਰੀ ਰੋਸ ਅਤੇ ਸਿਆਸੀ ਅਸਥਿਰਤਾ ਪੈਦਾ ਹੋਣ ਦਾ ਖ਼ਤਰਾ ਹੈ।

ਮੈਕੁਆਰੀ ਦੀ ਇਹ ਰਿਪੋਰਟ ਭਾਰਤ ਸਰਕਾਰ ਅਤੇ ਨੀਤੀ ਘੜਨ ਵਾਲਿਆਂ ਲਈ ਇੱਕ ਗੰਭੀਰ ਚੇਤਾਵਨੀ ਵਜੋਂ ਉਭਰੀ ਹੈ। ਮੌਜੂਦਾ ਸਥਿਤੀ ਵਿੱਚ ਸਰਕਾਰ ਕੋਲ ਬਹੁਤ ਹੀ ਸੀਮਤ ਅਤੇ ਚੁਣੌਤੀਪੂਰਨ ਵਿਕਲਪ ਬਚੇ ਹਨ: ਪਹਿਲਾ ਇਹ ਕਿ ਉਹ ਟੈਕਸਾਂ ਵਿੱਚ ਹੋਰ ਕਟੌਤੀ ਕਰਕੇ ਆਪਣੇ ਮਾਲੀਏ ਦਾ ਨੁਕਸਾਨ ਸਹੇ ਅਤੇ ਦੂਜਾ ਇਹ ਕਿ ਉਹ ਵਧੀਆਂ ਹੋਈਆਂ ਕੀਮਤਾਂ ਦਾ ਸਿੱਧਾ ਬੋਝ ਜਨਤਾ 'ਤੇ ਪਾ ਕੇ ਤੇਲ ਕੰਪਨੀਆਂ ਨੂੰ ਵਿੱਤੀ ਦੀਵਾਲੀਏਪਨ ਤੋਂ ਬਚਾਏ। ਆਉਣ ਵਾਲੇ ਕੁਝ ਮਹੀਨੇ ਭਾਰਤੀ ਅਰਥ ਵਿਵਸਥਾ ਦੀ ਮਜ਼ਬੂਤੀ ਅਤੇ ਖਾਸ ਕਰਕੇ ਮਧਵਰਗੀ ਪਰਵਾਰਾਂ ਦੇ ਘਰੇਲੂ ਬਜਟ ਲਈ ਬਹੁਤ ਹੀ ਪਰਖ ਵਾਲੇ ਹੋਣਗੇ।

# ਸੰਪਰਕ : 62831-16797

# ਬਿਜਲੀ ਮੰਤਰੀ ਤੇ ਪੀ ਐੱਸ ਪੀ ਸੀ ਐੱਲ ਮੈਨੇਜਮੈਂਟ ਦੀਆਂ ਸਾੜੀਆਂ ਅਰਥੀਆਂ



**ਮੋਗਾ (ਇਕਬਾਲ ਸਿੰਘ ਖਹਿਰਾ)**-ਪੀ ਐੱਸ ਈ ਬੀ ਇੰਪਲਾਈਜ਼ ਜੁਆਇੰਟ ਫੋਰਮ ਪੰਜਾਬ, ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ ਤੇ ਸਾਂਝੇ ਥੜ੍ਹੇ ਦੀਆਂ ਜਥੇਬੰਦੀਆਂ ਵੱਲੋਂ ਕੀਤੇ ਸੰਘਰਸ਼ਾਂ ਦੀ ਬਦੌਲਤ ਕੁਝ ਮੁਲਾਜ਼ਮ ਮੰਗਾਂ 'ਤੇ ਸਹਿਮਤੀ ਬਣੀ ਸੀ, ਪਰ ਮੈਨੇਜਮੈਂਟ ਵੱਲੋਂ ਉਨ੍ਹਾਂ ਨੂੰ ਲਾਗੂ ਕਰਨ ਲਈ ਟਾਲ-ਮਟੋਲ ਦੀ ਨੀਤੀ ਧਾਰਨ ਕੀਤੀ ਹੋਈ ਹੈ।ਮੁੱਖ ਮੰਗਾਂ 'ਚ ਕੇਂਦਰ ਸਰਕਾਰ ਵੱਲੋਂ ਜਾਰੀ ਕੀਤਾ ਮਹਿੰਗਾਈ ਭੱਤਾ ਪੰਜਾਬ ਦੇ ਕਰਮਚਾਰੀਆਂ ਨੂੰ ਦੇਣ, ਚੋਣਾਂ ਮੌਕੇ ਕੀਤਾ ਵਾਅਦਾ ਪੁਰਾਣੀ ਪੈਨਸ਼ਨ ਬਹਾਲ ਕਰਨ, 17/07/20 ਤੋਂ ਬਾਅਦ ਭਰਤੀ ਮੁਲਾਜ਼ਮਾਂ ਦੇ ਕੇਂਦਰੀ ਸਕੇਲ ਦੀ ਬਜਾਏ ਪੰਜਾਬ ਸਕੇਲ ਲਾਗੂ ਕਰਨ, ਸਕੇਲਾਂ ਦੀਆਂ ਤਰੁੱਟੀਆਂ ਦੂਰ ਕਰਨ, ਪੱਕੇ ਕੰਮ ਲਈ ਪੱਕੀ ਭਰਤੀ ਕਰਨ, ਆਊਟ ਸੋਰਸ, ਠੇਕਾ ਕਰਮਚਾਰੀਆਂ ਨੂੰ ਪੱਕਾ ਕਰਨ, ਠੇਕੇਦਾਰੀ ਸਿਸਟਮ ਅਧੀਨ ਹੁੰਦੀ ਵੱਡੀ ਲੁੱਟ ਆਦਿ ਮੰਗ ਪੱਤਰ ਵਿੱਚ ਦਰਜ ਮੰਗਾਂ ਨੂੰ ਲਾਗੂ ਨਾ ਕਰਨ ਵਿਰੁੱਧ ਬਿਜਲੀ ਮੰਤਰੀ ਤੇ ਪਾਵਰ ਮੈਨੇਜਮੈਂਟ ਵੱਲੋਂ ਹੱਲ ਨਹੀਂ ਕੀਤਾ ਜਾ ਰਿਹਾ 10 ਅਪ੍ਰੈਲ ਦੇ ਹੈੱਡ ਆਫਿਸ ਵਿਖੇ ਗੇਟ ਬੰਦ ਕਰਕੇ ਵੱਡਾ ਪ੍ਰਦਰਸ਼ਨ ਕਰਕੇ ਬਿਜਲੀ ਮੰਤਰੀ ਵਲੋਂ 16 ਅਪ੍ਰੈਲ ਨੂੰ ਮੀਟਿੰਗ ਦਿੱਤੀ ਗਈ, ਪ੍ਰੰਤੂ ਮੀਟਿੰਗ ਵਿੱਚ ਮੰਤਰੀ ਦੇ ਗੈਰ-ਜ਼ਿੰਮੇਵਰਾਨਾ ਤੌਰ 'ਤੇ ਜਥੇਬੰਦੀ ਨੂੰ ਸੁਣਿਆ ਨਹੀਂ ਗਿਆ, ਜਿਸ ਦੇ ਵਿਰੋਧ ਵਿੱਚ ਨਾਹਰੇਬਾਜ਼ੀ ਕਰਦਿਆਂ ਮੰਤਰੀ ਦੇ ਰਵੱਈਏ ਦੀ ਨਿੰਦਾ ਕੀਤੀ ਗਈ।ਅਉਣ ਵਾਲੇ ਗਰਮੀ ਦੇ ਸੀਜ਼ਨ, ਪੈਡੀ ਸੀਜ਼ਨ ਦੌਰਾਨ ਵੱਡਾ ਤਿੱਖਾ ਸੰਘਰਸ਼ ਕਰਨ ਦਾ ਐਲਾਨ ਕੀਤਾ, ਜਿਸ ਵਿੱਚ ਪਹਿਲਾਂ ਚੱਲ ਰਹੇ ਵਰਕ ਟੂ ਰੂਲਜ਼ ਨੂੰ ਹੋਰ ਸ਼ਿੱਦਤ ਨਾਲ ਲਾਗੂ ਕਰਨ ਲਈ ਤੇ ਰੋਸ ਵਜੋਂ ਸਮੁੱਚੀਆਂ ਡਵੀਜ਼ਨਾਂ, ਸਬ ਡਵੀਜ਼ਨਾਂ ਅੱਗੇ ਬਿਜਲੀ ਮੰਤਰੀ ਤੇ ਮੈਨੇਜਮੈਂਟ ਦੀ ਅਰਥੀ ਸਾੜੀ ਗਈ।ਇਸ ਮੌਕੇ ਸਟੇਟ ਆਗੂ ਦਰਸਨ ਲਾਲ ਮੋਗਾ, ਜ਼ੋਨ ਕਨਵੀਨਰ ਬਲਵਿੰਦਰ ਸਿੰਘ, ਸਟੇਟ ਆਗੂ ਗੁਰਮੇਲ ਸਿੰਘ ਨਾਹਰ, ਪਰਦੀਪ ਕੁਮਾਰ ਸਬ ਡਵੀਜ਼ਨ ਆਗੂ, ਅਮਨਦੀਪ ਸਿੰਘ, ਗੁਰਪ੍ਰੀਤ ਸਿੰਘ ਪ੍ਰਧਾਨ ਉੱਤਰੀ ਮੋਗਾ, ਅਮਨਦੀਪ ਕੌਰ ਨੇ ਸੰਬੋਧਨ ਕਰਦਿਆਂ ਵਰਕ ਟੂ ਰੂਲਜ਼ ਨੂੰ ਤਨਦੇਹੀ ਨਾਲ ਲਾਗੂ ਕਰਨ ਤੇ ਮੈਨੇਜਮੈਂਟ ਦੇ ਭੈੜੇ ਰਵੱਈਏ ਦੀ ਨਿੰਦਾ ਕੀਤੀ।

## ਉਪ ਮੰਡਲ ਇੰਜੀਨੀਅਰ ਦਫਤਰ ਅੱਗੇ ਧਰਨਾ ਅੱਜ

**ਜਲਾਲਾਬਾਦ (ਜੀਤ ਕੁਮਾਰ)**-ਪੀ. ਡਬਲਯੂ. ਡੀ. ਫੀਲਡ ਤੇ ਵਰਕਸ਼ਾਪ ਵਰਕਰਜ਼ ਯੂਨੀਅਨ ਬ੍ਰਾਂਚ ਜਲਾਲਾਬਾਦ ਦੇ ਪ੍ਰਧਾਨ ਪਰਮਜੀਤ ਸਿੰਘ ਸੋਹਣਾ ਸਾਂਦੜ ਤੇ ਜਨਰਲ ਸਕੱਤਰ ਭੂੰਮਣ ਸਿੰਘ ਕਾਠਗੜ੍ਹ ਨੇ ਪ੍ਰੈੱਸ ਬਿਆਨ ਜਾਰੀ ਕਰਦਿਆ ਕਿਹਾ ਕਿ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦੇ ਉਪ ਮੰਡਲ ਜਲਾਲਾਬਾਦ ਅਧੀਨ ਵੱਖ-ਵੱਖ ਜਲ ਸਪਲਾਈ ਸਕੀਮਾਂ 'ਤੇ ਕੰਮ ਕਰਦੇ ਕਰਮਚਾਰੀਆਂ ਦੀਆਂ ਬਹੁਤ ਜ਼ਰੂਰੀ ਮੰਗਾਂ ਜਿਵੇਂ ਕਿ ਫੀਲਡ ਵਿੱਚ ਕੰਮ ਕਰਦੇ ਮੁਲਾਜ਼ਮਾਂ ਤੇ ਪਿਛਲੇ ਸਮੇਂ ਵਿੱਚ ਰਿਟਾਇਰ ਹੋ ਚੁੱਕੇ ਮੁਲਾਜ਼ਮਾਂ ਦੇ ਜਲ ਘਰਾਂ ਦੇ ਰੱਖ-ਰਖਾਵ 'ਤੇ ਆਪਣੇ ਕੋਲੋ ਖਰਚੇ ਹੋਏ ਪੈਸਿਆਂ ਦਾ ਭੁਗਤਾਨ ਨਹੀਂ ਕੀਤਾ ਗਿਆ ਹੈ, ਮੁਲਾਜ਼ਮਾਂ ਨੂੰ ਜਲ ਘਰਾਂ ਵਿੱਚ ਕੰਮ ਕਰਨ ਲਈ ਲੋੜੀਂਦਾ ਸਾਮਾਨ ਨਹੀਂ ਦਿੱਤਾ ਗਿਆ, ਇਨਲਿਸਟਮੈਂਟ ਤੇ ਆਊਟਸੋਰਸ 'ਤੇ ਕੰਮ ਕਰਦੇ ਕਾਮਿਆਂ ਦੀਆਂ ਉਜ਼ਰਤਾਂ ਵਿੱਚ ਵੀ ਵਾਧਾ ਨਹੀਂ ਕੀਤਾ ਗਿਆ ਹੈ, ਇਹ ਮੰਗਾਂ ਪਿਛਲੇ ਲੰਮੇ ਸਮੇਂ ਤੋਂ ਲਟਕ ਰਹੀਆਂ ਹਨ। ਜਲ ਸਪਲਾਈ ਤੇ ਸੈਨੀਟੇਸ਼ਨ ਉਪ ਮੰਡਲ ਜਲਾਲਾਬਾਦ ਇੰਜੀਨੀਅਰ ਨਾਲ ਉਕਤ ਮੰਗਾਂ ਦੇ ਹੱਲ ਸਬੰਧੀ ਜ਼ਬਾਨੀ ਤੇ ਲਿਖਤੀ ਤੌਰ 'ਤੇ ਗੱਲਬਾਤ ਕੀਤੀ ਗਈ ਹੈ, ਪਰ ਉਪ ਮੰਡਲ ਇੰਜੀਨੀਅਰ ਵੱਲੋਂ ਕੋਈ ਹੱਲ ਨਹੀਂ ਕੀਤਾ ਗਿਆ ਹੈ ਤੇ ਨਾ ਹੀ ਜਥੇਬੰਦੀ ਨੂੰ ਮੰਗਾਂ ਦੇ ਹੱਲ ਦਾ ਕੋਈ ਭਰੋਸਾ ਦਿੱਤਾ ਗਿਆ। ਇਸ ਲਈ ਜਥੇਬੰਦੀ ਵੱਲੋਂ ਮਜਬੂਰ ਹੋ ਕੇ 20 ਅਪ੍ਰੈਲ 2026 ਨੂੰ ਜਲ ਸਪਲਾਈ ਤੇ ਸੈਨੀਟੇਸ਼ਨ ਉਪ-ਮੰਡਲ ਦਫਤਰ ਗੁੰਮਾਨੀਵਾਲਾ ਵਿਖੇ ਰੋਸ ਧਰਨਾ ਦਿੱਤਾ ਜਾਵੇਗਾ।

# ਓ ਐੱਸ ਡੀ ਸੁਖਵੀਰ ਸਿੰਘ 'ਮਾਨਵਤਾ ਦਾ ਮਸੀਹਾ' ਐਵਾਰਡ ਨਾਲ ਸਨਮਾਨਤ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਧੂਰੀ ਹਲਕੇ ਦੇ ਸਰਬਪੱਖੀ ਵਿਕਾਸ ਅਤੇ ਲੋਕਾਂ ਦੀਆਂ ਦਰਪੇਸ਼ ਮੁਸ਼ਕਲਾਂ ਦੇ ਨਿਪਟਾਰੇ ਲਈ ਵਚਨਬੱਧ ਗੈਰ-ਸਿਆਸੀ ਜਥੇਬੰਦੀ 'ਧੂਰੀ ਵਿਕਾਸ ਮੰਚ (ਰਜਿ:)' ਵੱਲੋਂ ਇੱਕ ਵਿਸ਼ੇਸ਼ ਸਮਾਗਮ ਦੌਰਾਨ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਓ.ਐੱਸ.ਡੀ. ਸੁਖਵੀਰ ਸਿੰਘ ਨੂੰ ਉਨ੍ਹਾਂ ਦੀਆਂ ਲੋਕ-ਪੱਖੀ ਸੇਵਾਵਾਂ ਬਦਲੇ 'ਮਾਨਵਤਾ ਦਾ ਮਸੀਹਾ' ਐਵਾਰਡ ਨਾਲ ਸਨਮਾਨਤ ਕਰਕੇ ਇਲਾਕੇ ਦੀਆਂ ਉਮੀਦਾਂ ਨੂੰ ਨਵੀਂ ਉਡਾਣ ਦਿੱਤੀ ਗਈ।ਸਮਾਗਮ ਦੌਰਾਨ ਮੰਚ ਦੇ ਉੱਪ ਚੇਅਰਮੈਨ ਐਡਵੋਕੇਟ ਰਾਜੇਸ਼ਵਰ ਚੌਧਰੀ, ਪ੍ਰਧਾਨ ਅਮਨ ਗਰਗ ਤੇ ਸਕੱਤਰ ਜਨਰਲ ਹੰਸ ਰਾਜ ਬਜਾਜ ਨੇ ਕਿਹਾ ਕਿ ਸੁਖਵੀਰ ਸਿੰਘ ਨੇ ਹਲਕੇ ਦੀਆਂ ਲਟਕਦੀਆਂ ਮੰਗਾਂ ਨੂੰ ਨਾ ਸਿਰਫ਼ ਉੱਚ ਪੱਧਰ 'ਤੇ ਉਠਾਇਆ, ਸਗੋਂ ਉਨ੍ਹਾਂ ਨੂੰ ਅਮਲੀ ਜਾਮਾ ਪਹਿਨਾਉਣ ਵਿੱਚ ਵੀ ਅਹਿਮ ਭੂਮਿਕਾ ਨਿਭਾਈ ਹੈ।ਵਿਕਾਸ ਕਾਰਜਾਂ ਵਿੱਚ ਤੇਜ਼ੀ ਲਿਆਉਣ ਤੇ ਜਨਤਕ ਸ਼ਿਕਾਇਤਾਂ ਦਾ ਪਹਿਲ ਦੇ ਅਧਾਰ 'ਤੇ ਹੱਲ ਯਕੀਨੀ ਬਣਾਉਣ ਕਾਰਨ ਉਹ ਇਲਾਕਾ ਨਿਵਾਸੀਆਂ ਲਈ ਸੇਵਾ ਦੀ ਇੱਕ ਮਿਸਾਲ ਬਣ ਕੇ ਉੱਭਰੇ ਹਨ।ਉਨ੍ਹਾਂ ਨਾਲ ਸੀਨੀਅਰ ਮੀਤ ਪ੍ਰਧਾਨ ਸੰਦੀਪ ਬਾਂਸਲ, ਜੁਆਇੰਟ ਖਜ਼ਾਨਚੀ ਮੋਹਿਤ ਜਿੰਦਲ, ਜੁਆਇੰਟ ਸਕੱਤਰ ਸੰਜੀਵ ਕੁਮਾਰ ਜੋਨੀ, ਕਾਨੂੰਨੀ ਸਲਾਹਕਾਰ ਮਨਿੰਦਰ ਸਿੰਘ ਢੀਂਡਸਾ ਤੇ ਮੀਡੀਆ ਸਕੱਤਰ ਮਨੋਹਰ ਸਿੰਘ ਸੱਗੂ ਸਮੇਤ ਕਈ ਪਤਵੰਤੇ ਸੱਜਣਾਂ ਨੇ ਸਨਮਾਨ ਚਿੰਨ੍ਹ ਭੇਟ ਕਰਦਿਆਂ ਖੁਸ਼ੀ ਦਾ ਇਜ਼ਹਾਰ ਕੀਤਾ।ਸਨਮਾਨ ਹਾਸਲ ਕਰਨ ਉਪਰੰਤ ਓ.ਐੱਸ.ਡੀ. ਸੁਖਵੀਰ ਸਿੰਘ ਨੇ ਧੂਰੀ ਵਿਕਾਸ ਮੰਚ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਮਾਣ ਉਨ੍ਹਾਂ ਨੂੰ ਲੋਕਾਂ ਦੀ ਸੇਵਾ ਲਈ ਹੋਰ ਵੀ ਉਤਸ਼ਾਹਤ ਕਰੇਗਾ।ਉਨ੍ਹਾਂ ਭਰੋਸਾ ਦਿੱਤਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਧੂਰੀ ਹਲਕੇ ਨੂੰ ਸੂਬੇ ਦਾ ਮੋਹਰੀ ਹਲਕਾ ਬਣਾਉਣ ਲਈ ਉਹ ਦਿਨ-ਰਾਤ ਇੱਕ ਕਰ ਦੇਣਗੇ ਤੇ ਹਰ ਵਰਗ ਦੀਆਂ ਮੁਸ਼ਕਲਾਂ ਦਾ ਹੱਲ ਉਨ੍ਹਾਂ ਦੇ ਦਰਵਾਜ਼ੇ ਤੱਕ ਪਹੁੰਚਾਇਆ ਜਾਵੇਗਾ।

# ਆਵਲਾ ਪਰਵਾਰ ਨੇ ਗੁਰੂ ਹਰਸਹਾਏ ਨੂੰ ਦਿੱਤਾ ਫਾਇਰ ਬ੍ਰਿਗੇਡ

**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**

ਹਲਕਾ ਗੁਰੂ ਹਰਸਹਾਏ ਵਿੱਚ ਅਜ਼ਾਦੀ ਤੋਂ ਬਾਅਦ ਸੱਤਰ ਸਾਲ ਬੀਤ ਗਏ, ਪਰ ਕਿਸੇ ਨੇ ਵੀ ਵਿਧਾਇਕ ਜਾਂ ਪੰਜਾਬ ਸਰਕਾਰ ਵਿੱਚ ਮੰਤਰੀ ਰਹੇ ਇੰਨਸਾਨ ਵੱਲ ਹੁਣ ਤੱਕ ਹਲਕਾ ਗੁਰੂ ਹਰਸਹਾਏ ਲਈ ਫਾਇਰ ਬ੍ਰਿਗੇਡ ਦਾ ਵੀ ਪ੍ਰਬੰਧ ਨਹੀਂ ਕਰਵਾ ਸਕੇ।ਪਿਛਲੇ ਦਿਨੀਂ ਪਿੰਡ ਸ਼ਰੀਹ ਵਾਲਾ ਵਿੱਚ ਕਿਸਾਨਾਂ ਦੀ 20-30 ਕਿੱਲੇ ਕਣਕ ਸੜ ਗਈ, ਨਾਲ ਹੀ ਤੂੜੀ ਵਾਲਾ 30-40 ਕਿੱਲੇ ਨਾੜ ਸੜ ਗਿਆ। ਹਲਕਾ ਗੁਰੂ ਹਰਸਹਾਏ ਦੀ ਕਾਫ਼ੀ ਪੁਰਾਣੀ ਮੰਗ ਸੀ ਕਿ ਗੁਰੂ ਹਰਸਹਾਏ ਨੂੰ ਵੀ ਫਾਇਰ ਬ੍ਰਿਗੇਡ ਦਿੱਤੀ ਜਾਵੇ। ਪਿਛਲੀ ਵਾਰ 2025 ਵਿੱਚ ਕਣਕ ਨੂੰ ਅੱਗ ਲੱਗੀ ਸੀ ਤਾਂ ਕਿਸਾਨਾਂ ਦਾ ਕਾਫ਼ੀ ਨੁਕਸਾਨ ਹੋਇਆ ਸੀ। ਕਈ ਪਿੰਡਾਂ ਦੀਆਂ ਫਸਲਾਂ ਸੜ ਕੇ ਸਵਾਹ ਹੋ ਗਈਆਂ ਸਨ ਤਾਂ ਫਾਇਰ ਬ੍ਰਿਗੇਡ ਜਲਾਲਾਬਾਦ ਤੇ ਸ਼੍ਰੀ ਮੁਕਤਸਰ ਸਾਹਿਬ ਤੋਂ ਚੱਲ ਕੇ ਗੁਰੂ ਹਰਸਹਾਏ ਆਉਂਦੀਆਂ ਸਨ, ਜਿਸ ਨਾਲ ਉਨ੍ਹਾਂ ਦੇ ਪਹੁੰਚਣ ਨੂੰ ਕਾਫ਼ੀ ਸਮਾਂ ਲੱਗ ਜਾਂਦਾ ਸੀ, ਨੀਤੀਜੇ ਵਜੋਂ ਫਸਲਾਂ ਸੜ ਜਾਂਦੀਆਂ ਸਨ ।ਉਸ ਵੇਲੇ ਵੀ ਆਵਲਾ ਪਰਵਾਰ ਹਰ ਵਾਰ ਦੀ ਤਰ੍ਹਾਂ ਲੋਕਾਂ ਲਈ ਖੜ੍ਹਦਾ ਰਿਹਾ ਤੇ ਆਵਲਾ ਪਰਵਾਰ ਨੇ ਲੋੜਮੰਦ ਕਿਸਾਨਾਂ ਲਈ ਕਾਫ਼ੀ ਪਿੰਡਾਂ ਵਿੱਚ ਕਣਕ ਦੇ ਟਰੱਕ ਭੇਜੇ ਸਨ।ਇਸ ਵਾਰ ਵੀ ਆਵਲਾ ਪਰਵਾਰ ਵੱਲੋਂ ਜਤਿਨ ਆਵਲਾ ਇਸ ਸੇਵਾ ਲਈ ਅੱਗੇ ਆਏ।ਜਤਿਨ ਆਵਲਾ ਨੇ ਦੱਸਿਆ ਕਿ ਪਿਛਲੇ ਦਿਨੀਂ ਜੋ ਕਿਸਾਨਾਂ ਦੀ ਅੱਗ ਲੱਗਣ ਨਾਲ ਫਸਲ ਸੜ ਗਈ, ਮੇਰੇ ਤੋਂ ਉਨ੍ਹਾਂ ਦਾ ਦਰਦ ਦੇਖਿਆ ਨਹੀਂ ਗਿਆ। ਉਨ੍ਹਾਂ ਕਿਹਾ ਕਿ ਜੇਕਰ ਸਾਡੇ ਕੋਲ ਫਾਇਰ ਬ੍ਰਿਗੇਡ ਹੁੰਦੀ ਤਾਂ ਲੱਗੀ ਅੱਗ 'ਤੇ ਅਸੀਂ ਕਾਬੂ ਪਾ ਸਕਦੇ ਸੀ। ਇਸ ਸਬੰਧੀ ਆਪਣੇ ਪਰਵਾਰ ਨਾਲ ਗੱਲ ਕੀਤੀ ਤੇ ਉਨ੍ਹਾ ਨੇ ਗੁਰਦੁਵਾਰਾ ਪ੍ਰਗਟ ਸਾਹਿਬ ਵਿਖੇ 4 ਫਾਇਰ ਬ੍ਰਿਗੇਡ ਖੜੀਆਂ ਕਰ ਦਿੱਤੀਆਂ ਹਨ, ਜਿਸ ਦਾ ਹੈਲਪ ਲਾਈਨ ਨੰਬਰ ਵੀ ਜਾਰੀ ਕਰ ਦਿੱਤਾ ਗਿਆ 9855152938 ਹੈ।ਪੱਤਰਕਾਰਾਂ ਨਾਲ ਗੱਲਬਾਤ ਕਰਦੇ ਜਤਿਨ ਆਵਲਾ ਨੇ ਦੱਸਿਆ ਕਿ ਉਨ੍ਹਾਂ ਨੇ ਸੇਵਾ ਕਰਨ ਦਾ ਗੁਣ ਆਪਣੇ ਦਾਦਾ ਸਵ: ਡਾ ਹਰਭਜਨ ਸਿੰਘ ਆਵਲਾ ਤੇ ਜਲਾਲਾਬਾਦ ਦੇ ਸਾਬਕਾ ਵਿਧਾਇਕ ਰਮਿੰਦਰ ਆਵਲਾ ਤੋਂ ਪ੍ਰੇਰਿਤ ਹੋ ਕੇ ਸਿੱਖਿਆ ਹੈ ਤੇ ਅੱਗੇ ਵੀ ਇਸੇ ਤਰ੍ਹਾਂ ਹੀ ਲੋਕਾਂ ਦੀ ਸੇਵਾ ਕਰਦੇ ਰਹਿਣਗੇ।ਇਸ ਮੌਕੇ ਪ੍ਰਗਟ ਸਾਹਿਬ ਗੁਰਦਵਾਰਾ ਸਾਹਿਬ ਤੋਂ ਮੁੱਖ ਸੇਵਾਦਾਰ, ਬਲਾਕ ਪ੍ਰਧਾਨ ਅਮਰੀਕ ਸਿੰਘ, ਸਵਰਨ ਸਿੰਘ, ਲਖਵਿੰਦਰ ਸਿੰਘ, ਤੂਰ ਸਿੰਘ, ਜਸਵੰਤ ਸਿੰਘ, ਰਜਿੰਦਰ ਚੌਧਰੀ, ਆਯੁਸ਼ ਜਸੂਜਾ, ਮਨਦੀਪ ਸਰਪੰਚ, ਮਨਦੀਪ ਨੰਬਰਦਾਰ ਤੇ ਹੋਰ ਵੀ ਆਗੂ ਮੌਜੂਦ ਸਨ।



## ਕਾਤਰਾਂ

### ਮਾਸਟਰ ਕਰਮ ਸਿੰਘ ਨਮਿੱਤ ਅੰਤਿਮ ਅਰਦਾਸ ਭਲਕੇ



ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)-ਲਹਿਰਾ ਮੁਹੱਬਤ ਵਾਸੀ ਗੁਰਮੇਲ ਸਿੰਘ, ਹਰਬੰਸ ਸਿੰਘ ਫੌਜੀ ਤੇ ਹਰਜਿੰਦਰ ਸਿੰਘ ਫੌਜੀ ਦੇ ਪਿਤਾ ਮਾਸਟਰ ਕਰਮ ਸਿੰਘ ਸੇਖੋਂ ਪੁੱਤਰ ਕੇਹਰ ਸਿੰਘ ਆਪਣੀ ਸੰਸਾਰਿਕ ਯਾਤਰਾ ਪੂਰੀ ਕਰਕੇ 12 ਅਪ੍ਰੈਲ ਨੂੰ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਹਨ। ਉਹ 79 ਵਰ੍ਹਿਆਂ ਦੇ ਸਨ। ਉਨ੍ਹਾਂ ਦੇ ਦਿਹਾਂਤ 'ਤੇ ਵੱਖ-ਵੱਖ ਸਿਆਸੀ, ਧਾਰਮਿਕ ਤੇ ਸਮਾਜ ਸੇਵੀ ਆਗੂਆਂ ਨੇ ਸੇਖੋਂ ਪਰਵਾਰ ਨਾਲ ਦੁੱਖ ਦਾ ਪ੍ਰਗਟਾਵਾ ਕਰਦਿਆਂ ਡੂੰਘੀ ਹਮਦਰਦੀ ਦਾ ਇਜ਼ਹਾਰ ਕੀਤਾ ਹੈ। ਮਾਸਟਰ ਕਰਮ ਸਿੰਘ ਸੇਖੋਂ ਦੀ ਆਤਮਿਕ ਸ਼ਾਂਤੀ ਲਈ ਸ੍ਰੀ ਸਹਿਜ ਪਾਠ ਦਾ ਭੋਗ ਤੇ ਅੰਤਿਮ ਅਰਦਾਸ 21 ਅਪ੍ਰੈਲ ਮੰਗਲਵਾਰ ਨੂੰ ਡੇਰਾ ਬਾਬਾ ਬਹਾਲੀ ਰਾਮ ਜੀ, ਪੱਤੀ ਦੌਲਾ, ਪਿੰਡ ਲਹਿਰਾ ਮੁਹੱਬਤ (ਜ਼ਿਲ੍ਹਾ ਬਠਿੰਡਾ) ਵਿਖੇ ਦੁਪਹਿਰ 12:30 ਵਜੇ ਹੋਵੇਗੀ।

### ਬ੍ਰਾਹਮਣ ਸਭਾ ਨੇ ਮਨਾਈ ਭਗਵਾਨ ਪਰਸ਼ੂ ਰਾਮ ਜੈਅੰਤੀ

**ਧੂਰੀ (ਮਨੋਹਰ ਸਿੰਘ ਸੱਗੂ/ਮੋਹਿਤ ਗਰਗ)**-ਸ੍ਰੀ ਬ੍ਰਾਹਮਣ ਸਭਾ (ਰਜਿ: 5001) ਧੂਰੀ ਵੱਲੋਂ ਸਭਾ ਦੇ ਸਰਪ੍ਰਸਤ ਸੇਵਾ ਮੁਕਤ ਲੈਕਚਰਾਰ ਰਮੇਸ਼ ਸ਼ਰਮਾ ਦੀ ਅਗਵਾਈ ਹੇਠ ਸਥਾਨਕ ਸ੍ਰੀ ਸਨਾਤਨ ਧਰਮ ਮੰਦਿਰ ਵਿਖੇ ਭਗਵਾਨ ਸ੍ਰੀ ਪਰਸ਼ੂ ਰਾਮ ਜੈਅੰਤੀ ਸ਼ਰਧਾ ਨਾਲ ਮਨਾਈ ਗਈ।ਇਸ ਮੌਕੇ ਹਵਨ ਯੱਗ ਉਪਰੰਤ ਐੱਸ ਡੀ ਐੱਸ ਇਸਤਰੀ ਜਥੇ ਵੱਲੋਂ ਭਜਨ ਗਾਇਕ ਦੇਵ ਰਾਜ ਦੀ ਅਗਵਾਈ ਹੇਠ ਭਗਵਾਨ ਪਰਸੂ ਰਾਮ ਜੀ ਦੇ ਜੀਵਨ ਨਾਲ ਸਬੰਧਤ ਭਜਨ ਗਾਇਨ ਤੇ ਕੀਰਤਨ ਦੀ ਸੇਵਾ ਨਿਭਾਈ ਗਈ।ਸੇਵਾ ਮੁਕਤ ਡਿਪਟੀ ਡਾਇਰੈਕਟਰ ਲੋਕ ਸੰਪਰਕ ਵਿਭਾਗ ਮਨਜੀਤ ਸਿੰਘ ਬਖਸ਼ੀ ਨੇ ਭਗਵਾਨ ਸ੍ਰੀ ਪਰਸ਼ੂ ਰਾਮ ਜੀ ਦੇ ਜੀਵਨ ਬਾਰੇ ਚਾਨਣਾ ਪਾਉਂਦਿਆਂ ਇਤਿਹਾਸਕ ਜਾਣਕਾਰੀ ਦਿੱਤੀ ਤੇ ਸੰਗਤਾਂ ਨੂੰ ਧਰਮ ਨਾਲ ਜੁੜਨ ਲਈ ਪ੍ਰੇਰਿਤ ਕੀਤਾ।ਹੋਰਨਾਂ 'ਚ ਸੇਵਾ ਮੁਕਤ ਕਾਰਜਸਾਧਕ ਅਫ਼ਸਰ ਸਤੀਸ਼ ਕੁਮਾਰ ਗਰਗ ਤੇ ਜਗਦੀਸ਼ ਚੰਦਰ ਸ਼ਰਮਾ ਆਦਿ ਸਮੇਤ ਵੱਡੀ ਗਿਣਤੀ ਵਿੱਚ ਪਤਵੰਤਿਆਂ ਨੇ ਹਾਜ਼ਰੀ ਲੁਆਈ ਤੇ ਪ੍ਰਬੰਧਕਾਂ ਵੱਲੋਂ ਆਈਆਂ ਸ਼ਖ਼ਸੀਅਤਾਂ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਤ ਕੀਤਾ ਗਿਆ। ਸਮਾਗਮ ਦੀ ਸਮਾਪਤੀ 'ਤੇ ਸਭਾ ਦੇ ਪ੍ਰਧਾਨ ਨਰਿੰਦਰ ਸਿੰਘ ਬਖਸ਼ੀ ਤੇ ਸਕੱਤਰ ਸੰਜੀਵ ਭੱਟ ਨੇ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ ਤੇ ਲੰਗਰ ਅਤੁੱਟ ਵਰਤਿਆ।

### ਅੱਜ ਬਿਜਲੀ ਬੰਦ ਰਹੇਗੀ

ਭੀਖੀ (ਗੁਰਿੰਦਰ ਸਿੰਘ ਔਲਖ)-66 ਕੇ ਵੀ ਗਰਿਡ ਮੱਤੀ ਤੋਂ ਚੱਲਦਾ 11 ਕੇ ਵੀ ਫੀਡਰ ਮੱਤੀ ਸ਼ਹਿਰੀ ਜ਼ਰੂਰੀ ਮੁਰੰਮਤ ਦੇ ਚਲਦਿਆਂ ਬਿਜਲੀ ਪ੍ਰਭਾਵਿਤ ਰਹੇਗੀ।ਇਸ ਕਾਰਨ 20 ਅਪ੍ਰੈਲ ਨੂੰ ਸਵੇਰੇ 10 ਵਜੇ ਤੋਂ ਸ਼ਾਮ 5 ਵਜੇ ਤੱਕ ਬਿਜਲੀ ਸਪਲਾਈ ਬੰਦ ਰਹੇਗੀ। ਇਹ ਜਾਣਕਾਰੀ ਐੱਸਡੀਓ ਜਗਜੀਵਨ ਸਿੰਘ ਤੇ ਜੇ ਈ ਮੱਖਣ ਲਾਲ ਨੇ ਦਿੱਤੀ।

## ਸੰਗੋਵਾਲ ਤੇ ਚੇਅਰਮੈਨ ਗਿੱਲ ਵੱਲੋਂ ਬਹਾਦਰਕੇ ਅਨਾਜ ਮੰਡੀ ਦਾ ਦੌਰਾ

**ਪੰਜਾਬ ਸਰਕਾਰ ਕਿਸਾਨਾਂ ਦੀ ਉਪਜ ਦਾ ਇੱਕ-ਇੱਕ ਦਾਣਾ ਖ਼ਰੀਦਣ ਲਈ ਵਚਨਬੱਧ**



**ਲੁਧਿਆਣਾ (ਰਾਜ ਸਿੰਗਲਾ)**-ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ, ਆਮ ਲੋਕਾਂ ਦੀ ਸਰਕਾਰ ਵੱਲੋਂ ਪਿਛਲੇ 4 ਸਾਲਾਂ ਦੌਰਾਨ ਪੰਜਾਬ ਨੂੰ ਤਰੱਕੀ ਦੀਆਂ ਲੀਹਾਂ 'ਤੇ ਪਾਇਆ, ਜਿਸ ਦੇ ਸਦਕਾ ਹੁਣ ਅੰਨਦਾਤਾ ਨੇ ਵੀ ਸੁੱਖ ਦਾ ਸਾਹ ਲਿਆ ਹੈ, ਕਿਉਂਕਿ ਸਰਕਾਰ ਵੱਲੋਂ ਮੰਡੀਆਂ ਵਿੱਚ ਕਿਸਾਨਾਂ ਦੀ ਪੁੱਤਾਂ ਵਾਂਗ ਪਾਲੀ ਫਸਲ ਦੀ ਖਰੀਦ ਲਈ ਪੁੱਖਤਾ ਪ੍ਰਬੰਧ ਕੀਤੇ ਗਏ ਹਨ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਹਲਕਾ ਗਿੱਲ ਦੇ ਵਿਧਾਇਕ ਜੀਵਨ ਸਿੰਘ ਸੰਗੋਵਾਲ ਤੇ ਮਾਰਕੀਟ ਕਮੇਟੀ ਲੁਧਿਆਣਾ ਦੇ ਚੇਅਰਮੈਨ ਗੁਰਜੀਤ ਸਿੰਘ ਗਿੱਲ ਵੱਲੋਂ ਵਿਧਾਨ ਸਭਾ ਹਲਕਾ ਗਿੱਲ ਅਧੀਨ ਪੈਂਦੀ ਬਹਾਦਰ ਕੇ ਦਾਣਾ ਮੰਡੀ ਵਿੱਚ ਖਰੀਦ ਪ੍ਰਬੰਧਾ ਦਾ ਜਾਇਜ਼ਾ ਲੈਣ ਮੌਕੇ ਗੱਲਬਾਤ ਕਰਦਿਆਂ ਕੀਤਾ।ਇਸ ਮੌਕੇ ਉਨ੍ਹਾਂ ਵੱਲੋਂ ਕਿਸਾਨਾਂ ਦੀਆਂ ਮੁਸ਼ਕਲਾਂ ਵੀ ਸੁਣੀਆਂ।

ਚੇਅਰਮੈਨ ਗਿੱਲ ਨੇ ਕਿਹਾ ਕਿ ਕਿਸਾਨਾਂ ਦੀ ਉਪਜ ਦੇ ਇੱਕ-ਇੱਕ ਦਾਣੇ ਨੂੰ ਨਿਰਵਿਘਨ ਤੇ ਸੁਚਾਰੂ ਢੰਗ ਨਾਲ ਖਰੀਦ ਕੇ ਉਸ ਦੀ ਲਿਫਟਿੰਗ ਨੂੰ ਯਕੀਨੀ ਬਣਾਇਆ ਜਾਵੇਗਾ।ਉਨ੍ਹਾਂ ਸਪੱਸ਼ਟ ਕੀਤਾ ਕਿ ਸਰਕਾਰ ਵੱਲੋਂ ਵਿਆਪਕ ਪ੍ਰਬੰਧ ਕੀਤੇ ਗਏ ਹਨ ਕਿ ਕਿਸਾਨਾਂ ਦੀ ਫ਼ਸਲ ਅਨਾਜ ਮੰਡੀਆਂ ਵਿੱਚੋਂ ਤੁਰੰਤ ਚੁੱਕ ਲਈ ਜਾਵੇ ਤੇ ਕਿਹਾ ਕਿ ਕਿਸਾਨ ਨੂੰ ਆਪਣੀ ਉਪਜ ਵੇਚਣ ਵੇਲੇ ਕਿਸੇ ਕਿਸਮ ਦੀ ਸਮੱਸਿਆ ਦਾ ਸਾਹਮਣਾ ਨਾ ਕਰਨਾ ਪਵੇ।ਉਨ੍ਹਾਂ ਕਿਸਾਨ ਭਰਾਵਾਂ ਨੂੰ ਕਣਕ ਦੀ ਰਹਿੰਦ-ਖੂੰਹਦ ਨੂੰ ਸਾੜਨ ਤੋਂ ਗੁਰੇਜ਼ ਕਰਨ ਦੀ ਵੀ ਅਪੀਲ ਕੀਤੀ, ਜਿਸ ਨਾਲ ਵਾਤਾਵਰਣ ਨੂੰ ਵੱਡਾ ਖਤਰਾ ਪੈਦਾ ਹੁੰਦਾ ਹੈ।

# ਬੇਅਦਬੀ ਖ਼ਿਲਾਫ਼ ਲਿਆਂਦੇ ਕਾਨੂੰਨ ਦਾ ਆਪ ਆਗੂਆਂ ਵੱਲੋਂ ਸਵਾਗਤ

**ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਇਸ ਫੈਸਲੇ ਨੂੰ ਦੱਸਿਆ ਇਤਿਹਾਸਕ**



**ਬਾਘਾ ਪੁਰਾਣਾ (ਮਨੀ ਸਿੰਗਲਾ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸੂਬੇ ਅੰਦਰ ਬੇਅਦਬੀ ਦੇ ਮਾਮਲਿਆਂ ਖ਼ਿਲਾਫ਼ ਸਖ਼ਤ ਕਾਨੂੰਨ ਲਿਆਂਦੇ ਜਾਣ ਦੇ ਫ਼ੈਸਲੇ ਦਾ ਇਲਾਕੇ ਦੇ ਵੱਖ-ਵੱਖ ਆਗੂਆਂ ਵੱਲੋਂ ਤਹਿ ਦਿਲੋਂ ਸਵਾਗਤ ਕੀਤਾ ਜਾ ਰਿਹਾ ਹੈ।ਇਸ ਸਬੰਧ ਵਿਚ ਮਾਰਕੀਟ ਕਮੇਟੀ ਬਾਘਾ ਪੁਰਾਣਾ ਦੇ ਸਾਬਕਾ ਚੇਅਰਮੈਨ ਸੁਭਾਸ਼ ਗੋਇਲ, ਪਿੰਡ ਮੱਲਕੇ ਦੇ ਸਰਪੰਚ ਰਾਜਾ ਮੱਲਕੇ ਤੇ ਸਰਪੰਚ ਕੁਲਜੀਤ ਸਿੰਘ ਲੱਖਾ ਨੇ ਸਾਂਝੇ ਬਿਆਨ ਵਿਚ ਮਾਨ ਸਰਕਾਰ ਦੇ ਇਸ ਕਦਮ ਨੂੰ ਬਹੁਤ ਹੀ ਸ਼ਲਾਘਾਯੋਗ ਕਰਾਰ ਦਿੱਤਾ ਹੈ।ਆਗੂਆਂ ਨੇ ਕਿਹਾ ਕਿ ਪੰਜਾਬ ਦੀ ਧਰਤੀ ਧਾਰਮਿਕ ਤੇ ਸਾਂਝੀਵਾਲਤਾ ਦੀ ਪ੍ਰਤੀਕ ਰਹੀ ਹੈ ਤੇ ਇੱਥੇ ਹਰ ਧਰਮ ਦੇ ਲੋਕ ਇੱਕ-ਦੂਜੇ ਦੀਆਂ ਭਾਵਨਾਵਾਂ ਦਾ ਆਦਰ ਕਰਦੇ ਹਨ, ਪਰ ਪਿਛਲੇ ਕੁਝ ਸਾਲਾਂ ਦੌਰਾਨ ਬੇਅਦਬੀ ਦੇ ਮਾਮਲਿਆਂ ਨੇ ਲੋਕਾਂ ਦੇ ਮਨਾਂ ਵਿਚ ਗਹਿਰੀ ਚੋਟ ਮਾਰੀ ਸੀ।ਉਨ੍ਹਾਂ ਆਖਿਆ ਕਿ ਹੁਣ ਮਾਨ ਸਰਕਾਰ ਵੱਲੋਂ ਇਸ ਮਾਮਲੇ 'ਤੇ ਸਖ਼ਤ ਕਾਨੂੰਨ ਲਿਆਉਣਾ ਸਮੇਂ ਦੀ ਲੋੜ ਸੀ, ਜੋ ਕਿ ਸੂਬੇ ਵਿੱਚ ਅਮਨ-ਕਾਨੂੰਨ ਨੂੰ ਮਜ਼ਬੂਤ ਕਰੇਗਾ।ਸੁਭਾਸ਼ ਗੋਇਲ ਨੇ ਕਿਹਾ ਕਿ ਇਸ ਤਰ੍ਹਾਂ ਦੇ ਕਾਨੂੰਨ ਨਾਲ ਨਾ ਸਿਰਫ਼ ਦੋਸ਼ੀਆਂ ਨੂੰ ਸਖ਼ਤ ਸਜ਼ਾ ਮਿਲੇਗੀ, ਸਗੋਂ ਭਵਿੱਖ ਵਿੱਚ ਕੋਈ ਵੀ ਅਜਿਹਾ ਘਿਨਾਉਣਾ ਕੰਮ ਕਰਨ ਤੋਂ ਪਹਿਲਾਂ ਸੋਚੇਗਾ।ਉਨ੍ਹਾਂ ਕਿਹਾ ਕਿ ਇਹ ਕਾਨੂੰਨ ਲੋਕਾਂ ਦੇ ਭਰੋਸੇ ਨੂੰ ਮਜ਼ਬੂਤ ਕਰੇਗਾ ਤੇ ਧਾਰਮਿਕ ਸਾਂਝ ਨੂੰ ਹੋਰ ਮਜ਼ਬੂਤ ਬਣਾਏਗਾ।ਸਰਪੰਚ ਰਾਜਾ ਮੱਲਕੇ ਨੇ ਕਿਹਾ ਕਿ ਪਿੰਡ ਪੱਧਰ 'ਤੇ ਲੋਕ ਇਸ ਫ਼ੈਸਲੇ ਨਾਲ ਖੁਸ਼ ਹਨ ਅਤੇ ਸਰਕਾਰ ਦੇ ਇਸ ਕਦਮ ਨੂੰ ਵੱਡਾ ਫ਼ੈਸਲਾ ਮੰਨ ਰਹੇ ਹਨ।ਉਨ੍ਹਾਂ ਕਿਹਾ ਕਿ ਧਾਰਮਿਕ ਗ੍ਰੰਥਾਂ ਤੇ ਥਾਵਾਂ ਦੀ ਬੇਅਦਬੀ ਕਿਸੇ ਵੀ ਹਾਲਤ ਵਿੱਚ ਬਰਦਾਸ਼ਤ ਨਹੀਂ ਕੀਤੀ ਜਾ ਸਕਦੀ ਤੇ ਇਸ 'ਤੇ ਸਖ਼ਤ ਕਾਰਵਾਈ ਲਾਜ਼ਮੀ ਹੈ।ਇਸੇ ਤਰ੍ਹਾਂ ਸਰਪੰਚ ਕੁਲਜੀਤ ਸਿੰਘ ਲੱਖਾ ਨੇ ਕਿਹਾ ਕਿ ਮਾਨ ਸਰਕਾਰ ਦਾ ਇਹ ਫ਼ੈਸਲਾ ਪੰਜਾਬ ਵਿੱਚ ਸ਼ਾਂਤੀ ਤੇ ਭਾਈਚਾਰੇ ਨੂੰ ਮਜ਼ਬੂਤ ਕਰਨ ਵਿੱਚ ਮਦਦਗਾਰ ਸਾਬਿਤ ਹੋਵੇਗਾ।ਉਨ੍ਹਾਂ ਨੇ ਆਸ ਜਤਾਈ ਕਿ ਇਸ ਕਾਨੂੰਨ ਦੇ ਲਾਗੂ ਹੋਣ ਨਾਲ ਸੂਬੇ ਵਿੱਚ ਇਸ ਤਰ੍ਹਾਂ ਦੀਆਂ ਘਟਨਾਵਾਂ 'ਤੇ ਪੂਰੀ ਤਰ੍ਹਾਂ ਰੋਕ ਲੱਗੇਗੀ।ਆਗੂਆਂ ਨੇ ਆਖਰ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਰਕਾਰ ਵੱਲੋਂ ਲੋਕਾਂ ਦੀਆਂ ਭਾਵਨਾਵਾਂ ਨੂੰ ਸਮਝਦਿਆਂ ਲਿਆ ਗਿਆ ਇਹ ਕਦਮ ਹਰ ਵਰਗ ਵੱਲੋਂ ਸਰਾਹਿਆ ਜਾ ਰਿਹਾ ਹੈ।

# ਕਾਮਰੇਡ ਕੁਲਦੀਪ ਸਿੰਘ ਪੂਨੀਆਂ ਦਾ ਗਮਗੀਨ ਮਾਹੌਲ 'ਚ ਅੰਤਿਮ ਸੰਸਕਾਰ

**ਪਾਰਟੀ ਆਗੂਆਂ ਨੇ ਮ੍ਰਿਤਕ ਦੇਹ 'ਤੇ ਲਾਲ ਝੰਡਾ ਪਾ ਕੇ ਦਿੱਤੀ ਅੰਤਿਮ ਵਿਦਾਈ**



**ਸਿਰਸਾ (ਨ ਜ਼ ਸ)**-ਪਿਛਲੇ ਦਿਨੀਂ ਇੱਕ ਸੜਕ ਹਾਦਸੇ ਦੌਰਾਨ ਹਲਾਕ ਹੋਏ ਪਿੰਡ ਦਮਦਮਾ ਵਾਸੀ ਕਾਮਰੇਡ ਕੁਲਦੀਪ ਸਿੰਘ ਪੂਨੀਆ (82) ਦਾ ਅੰਤਿਮ ਸੰਸਕਾਰ ਭਾਰਤੀ ਕਮਿਊਨਿਸਟ ਪਾਰਟੀ ਵਰਕਰਾਂ, ਰਿਸ਼ਤੇਦਾਰਾਂ ਤੇ ਪਿੰਡ ਵਾਸੀਆਂ ਦੀ ਵੱਡੀ ਗਿਣਤੀ ਦੌਰਾਨ ਬਹੁਤ ਹੀ ਗਮਗੀਨ ਮਾਹੌਲ ਵਿੱਚ ਕੀਤਾ ਗਿਆ।ਕਾਮਰੇਡ ਕੁਲਦੀਪ ਸਿੰਘ ਪੂਨੀਆ ਲੰਘੀ 16 ਅਪ੍ਰੈਲ ਨੂੰ ਇੱਕ ਸੜਕ ਹਾਦਸੇ ਦੌਰਾਨ ਹਲਾਕ ਹੋ ਗਏ ਸਨ, ਪਰ ਉਨ੍ਹਾਂ ਦੇ ਇਕਲੌਤੇ ਪੁੱਤਰ ਬਲਰਾਜ ਸਿੰਘ ਦੇ ਆਸਟਰੇਲੀਆਂ ਤੋਂ ਆਉਣ ਤੋਂ ਬਾਅਦ ਉਨ੍ਹਾਂ ਦਾ ਅੰਤਿਮ ਸੰਸਕਾਰ ਕੀਤਾ ਗਿਆ।ਇਸ ਦੌਰਾਨ ਸੀਨੀਅਰ ਭਾਰਤੀ ਕਮਿਊਨਿਸਟ ਪਾਰਟੀ ਆਗੂ ਕਾਮਰੇਡ ਸੁਵਰਨ ਸਿੰਘ ਵਿਰਕ ਨੇ ਉਨ੍ਹਾਂ ਦੀ ਮ੍ਰਿਤਕ ਦੇਹ ਤੇ ਪਾਰਟੀ ਨਿਸ਼ਾਨ ਵਾਲਾ ਲਾਲ ਝੰਡਾ ਪਾ ਕੇ ਉਨ੍ਹਾਂ ਨੂੰ ਸ਼ਰਧਾਂਜਲੀ ਦਿੱਤੀ ਤੇ ਪਾਰਟੀ ਵਰਕਰਾਂ ਨੇ ਕਾਮਰੇਡ ਕੁਲਦੀਪ ਸਿੰਘ ਨੂੰ ਲਾਲ ਸਲਾਮ, ਸਾਥੀ ਕੁਲਦੀਪ ਸਿੰਘ ਅਮਰ ਰਹੇ ਆਦਿ ਨਾਅਰੇ ਲਗਾ ਕੇ ਅੰਤਿਮ ਵਿਦਾਈ ਦਿੱਤੀ।ਇਸ ਮੌਕੇ ਪਾਰਟੀ ਦੇ ਜ਼ਿਲ੍ਹਾ ਸਕੱਤਰ ਪ੍ਰੀਤਪਾਲ ਸਿੱਧੂ, ਕਾਮਰੇਡ ਹਰਦੇਵ ਜੋਸ਼, ਕਾਮਰੇਡ ਹਰਜਿੰਦਰ ਸਿੰਘ ਭੰਗੂ, ਅਰਮਾਨ ਗਿੱਲ, ਬਲਰਾਜ ਵਣੀ, ਰਤਨ ਸਿੰਘ ਨਕੌੜਾ, ਸੁਖਦੇਵ ਸਿੰਘ, ਰੇਸ਼ਮ ਸਿੰਘ, ਬਲਦੇਵ ਸਿੰਘ, ਕਸ਼ਮੀਰ ਸਿੰਘ ਦਮਦਮਾ, ਕਸ਼ਮੀਰ ਮੁਕਤਾ, ਜੋਗਿੰਦਰ ਸਿੰਘ, ਭਗਵਾਨ ਸਿੰਘ, ਸੀਪੀਐੱਮ ਜ਼ਿਲ੍ਹਾ ਸਕੱਤਰ ਸੁਰਜੀਤ ਸਿੰਘ ਆਦਿ ਪਾਰਟੀ ਵਰਕਰਾਂ ਤੋਂ ਇਲਾਵਾਂ ਵੱਡੀ ਗਿਣਤੀ ਵਿੱਚ ਲੋਕ ਮੌਜੂਦ ਸਨ।ਇਸ ਮੌਕੇ ਕਾਮਰੇਡ ਸੁਵਰਨ ਸਿੰਘ ਵਿਰਕ ਤੇ ਪ੍ਰੀਤਪਾਲ ਸਿੰਘ ਸਿੱਧੂ ਨੇ ਦੱਸਿਆ ਕਿ ਕਾਮਰੇਡ ਕੁਲਦੀਪ ਸਿੰਘ ਨੇ ਅੱਧੀ ਸਦੀ ਤੋਂ ਜ਼ਿਆਦਾ ਸਮਾਂ ਮਜ਼ਦੂਰਾਂ ਤੇ ਕਿਸਾਨਾਂ ਦੇ ਹੱਕਾਂ ਲਈ ਸੰਘਰਸ਼ ਕਰਦਿਆਂ ਗੁਜ਼ਾਰਿਆ।ਉਨ੍ਹਾਂ ਨਮਿੱਤ ਅੰਤਿਮ ਅਰਦਾਸ 22 ਅਪ੍ਰੈਲ ਨੂੰ ਪਿੰਡ ਦਮਦਮਾ ਵਿਖੇ ਹੋਵੇਗੀ।

# ਸਤਯਮ ਵਰਮਾ ਨੂੰ ਨੋਇਡਾ ਪੁਲਸ ਵੱਲੋਂ ਹਿਰਾਸਤ 'ਚ ਲੈਣ ਦੀ ਨਿਖੇਧੀ

**ਲੁਧਿਆਣਾ (ਰੈਕਟਰ ਕਥੂਰੀਆ)**

ਨੋਇਡਾ ਪੁਲਸ ਕਰਮਚਾਰੀਆਂ ਨੇ ਲਖਨਊ ਸਥਿਤ ਪ੍ਰਕਾਸ਼ਨ ਘਰ ਤੇ ਕਿਤਾਬਾਂ ਦੀ ਦੁਕਾਨ ਨੂੰਜਨਚੇਤਨਾ' 'ਤੇ ਛਾਪਾ ਮਾਰਕੇ ਪ੍ਰਸਿੱਧ ਕਵੀ ਕਾਤਯਾਨੀ ਲੋਕੋ, ਪ੍ਰਮੁੱਖ ਪੱਤਰਕਾਰ ਤੇ ਜਨਤਕ ਬੁੱਧੀਜੀਵੀ ਸਤਯਮ ਵਰਮਾ, ਪ੍ਰਸਿੱਧ ਕਲਾਕਾਰ ਰਾਮ ਬਾਬੂ ਤੇ ਕਈ ਹੋਰ ਸਮਾਜਿਕ ਕਾਰਕੁਨਾਂ ਨੂੰ ਹਿਰਾਸਤ ਵਿੱਚ ਲੈਣ ਦੀ ਇਨਕਲਾਬੀ ਕੇਂਦਰ ਪੰਜਾਬ ਨੇ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ।ਇਨਕਲਾਬੀ ਕੇਂਦਰ ਪੰਜਾਬ ਦੇ ਪ੍ਰਧਾਨ ਸਾਥੀ ਨਰਾਇਣ ਦੱਤ ਤੇ ਜਨਰਲ ਸਕੱਤਰ ਕੰਵਲਜੀਤ ਖੰਨਾ ਨੇ ਕਿਹਾ ਕਿ ਪੁਲਸ ਨੇ ਇਨ੍ਹਾਂ ਸੀਨੀਅਰ ਬੁੱਧੀਜੀਵੀਆਂ ਤੇ ਸਮਾਜਿਕ ਕਾਰਕੁਨਾਂ 'ਤੇ ਨੋਇਡਾ ਮਜ਼ਦੂਰ ਅੰਦੋਲਨ ਦੌਰਾਨ ਹੋਈ ਹਿੰਸਾ ਨੂੰ ਅੰਜਾਮ ਦੇਣ ਦਾ ਦੋਸ਼ ਲਗਾਇਆ ਹੈ।ਹਾਲਾਂਕਿ, ਨਾ ਤਾਂ ਇਹ ਵਿਅਕਤੀ ਪੂਰੇ ਸਮੇਂ ਦੌਰਾਨ ਨੋਇਡਾ ਦੇ ਨੇੜੇ ਕਿਤੇ ਵੀ ਸਨ ਤੇ ਨਾ ਹੀ ਉਨ੍ਹਾਂ ਦਾ ਇਸ ਮਾਮਲੇ ਦੇ ਸੰਬੰਧ ਵਿੱਚ ਪੁਲਸ ਦੁਆਰਾ ਅਧਿਕਾਰਤ ਤੌਰ 'ਤੇ ਦੋਸ਼ੀ ਵਿਅਕਤੀਆਂ ਨਾਲ ਕੋਈ ਸੰਪਰਕ ਸੀ। ਪੁਲਸ ਨੇ ਜਨਚੇਤਨਾ ਤੋਂ ਮਿਲੇ ਕੰਪਿਊਟਰ, ਹਾਰਡ ਡਰਾਈਵ, ਪੈੱਨ ਡਰਾਈਵ, ਮੋਬਾਈਲ ਫੋਨ ਅਤੇ ਵੱਖ-ਵੱਖ ਦਸਤਾਵੇਜ਼ ਤੇ ਕਿਤਾਬਾਂ ਜ਼ਬਤ ਕਰ ਲਈਆਂ ਹਨ।ਪੁਲਸ ਨੇ ਮੌਕੇ 'ਤੇ ਮੌਜੂਦ ਲੋਕਾਂ ਨੂੰ ਕਈ ਘੰਟਿਆਂ ਤੱਕ ਹਿਰਾਸਤ ਵਿੱਚ ਰੱਖਿਆ, ਉਨ੍ਹਾਂ ਨੂੰ ਖਾਣ ਜਾਂ ਉਨ੍ਹਾਂ ਦੀਆਂ ਜ਼ਰੂਰੀ ਦਵਾਈਆਂ ਲੈਣ ਦਾ ਮੌਕਾ ਵੀ ਨਹੀਂ ਦਿੱਤਾ।ਕਾਤਯਾਨੀ ਤੇ ਹੋਰ ਸਾਥੀਆਂ ਨੂੰ ਜਨਚੇਤਨਾ ਵਿਖੇ ਨਜ਼ਰਬੰਦ ਰੱਖਦੇ ਹੋਏ ਇਸ ਕਥਿਤ ਪੁਲਸ ਟੀਮ ਦੇ ਕੁਝ ਮੈਂਬਰ ਰਾਤ 8:00 ਵਜੇ ਦੇ ਕਰੀਬ ਸੱਤਿਆਮ ਨੂੰ ਇੱਕ ਵਾਹਨ ਵਿੱਚ ਅਣਦੱਸੇ ਥਾਂ ਲੈ ਗਏ। ਇਸ ਤੋਂ ਬਾਅਦ, ਕਾਤਯਾਨੀ ਨੂੰ ਰਾਮ ਬਾਬੂ ਦੇ ਨਾਲ ਉਸ ਦੇ ਘਰ ਵਾਪਸ ਜਾਣ ਦੀ ਇਜਾਜ਼ਤ ਦਿੱਤੀ ਗਈ। ਹਾਲਾਂਕਿ, ਪੂਰੀ ਪੁਲਸ ਟੁੱਕੜੀ ਜਲਦੀ ਹੀ ਸੱਤਿਆਮ ਨੂੰ ਨਾਲ ਲੈ ਕੇ ਰਿਹਾਇਸ਼ 'ਤੇ ਪਹੁੰਚ ਗਈ। ਉਨ੍ਹਾਂ ਸਤਿਆਮ ਦੇ ਕਮਰੇ ਦੀ ਤਲਾਸ਼ੀ ਲਈ, ਕਿਉਂਕਿ ਉਹ ਉਸ ਅਹਾਤੇ ਦਾ ਨਿਵਾਸੀ ਹੈ ਅਤੇ ਉਸ ਦੀਆਂ ਕੁੱਝ ਡਾਇਰੀਆਂ ਤੇ ਨੋਟਬੁੱਕਾਂ ਨੂੰ ਜ਼ਬਤ ਕਰਨ ਤੋਂ ਬਾਅਦ ਉਸ ਨੂੰ ਇੱਕ ਵਾਰ ਫਿਰ ਲੈ ਜਾਣ ਦੀ ਤਿਆਰੀ ਕੀਤੀ। ਜਦੋਂ ਕਾਤਯਾਨੀ ਨੇ ਪੁੱਛਿਆ ਕਿ ਉਹ ਸਤਿਆਮ ਨੂੰ ਕਿੱਥੇ ਲੈ ਜਾ ਰਹੇ ਹਨ, ਤਾਂ ਉਨ੍ਹਾਂ ਨੇ ਕੋਈ ਜਾਣਕਾਰੀ ਦੇਣ ਤੋਂ ਇਨਕਾਰ ਕਰ ਦਿੱਤਾ ਤੇ ਉਸਨੂੰ ਜ਼ਬਰਦਸਤੀ ਰਿਹਾਇਸ਼ ਤੋਂ ਲੈ ਗਏ। ਖਦਸ਼ਾ ਇਹ ਵੀ ਹੈ ਕਿ ਉੱਤਰ ਪ੍ਰਦੇਸ਼ ਪੁਲਿਸ ਕਾਮਰੇਡ ਸੱਤਿਅਮ ਤੋਂ ਜ਼ਬਤ ਕੀਤੀ ਗਈ ਸਮੱਗਰੀ-ਜਿਵੇਂ ਕਿ ਉਸਦਾ ਕੰਪਿਊਟਰ, ਹਾਰਡ ਡਰਾਈਵ, ਆਦਿ-ਵਿੱਚ ਝੂਠੇ ਸਬੂਤ ਲਗਾ ਸਕਦੀ ਹੈ ਅਤੇ ਉਸਨੂੰ ਇੱਕ ਮਨਘੜਤ ਕੇਸ ਵਿੱਚ ਫਸਾ ਸਕਦੀ ਹੈ।ਇਨਕਲਾਬੀ ਕੇਂਦਰ ਪੰਜਾਬ ਦੇ ਆਗੂਆਂ ਮੁਖਤਿਆਰ ਪੂਹਲਾ, ਜਗਜੀਤ ਲਹਿਰਾ ਮੁਹੱਬਤ ਤੇ ਜਸਵੰਤ ਜੀਰਖ ਆਦਿ ਆਗੂਆਂ ਨੇ ਮੰਗ ਕੀਤੀ ਕਿ ਸਾਰੇ ਗ੍ਰਿਫ਼ਤਾਰ ਕੀਤੇ ਗਏ ਮਜ਼ਦੂਰਾਂ, ਕਾਰਕੁਨਾਂ, ਪੱਤਰਕਾਰਾਂ ਤੇ ਲੇਖਕਾਂ ਨੂੰ ਤੁਰੰਤ ਬਿਨਾਂ ਸ਼ਰਤ ਰਿਹਾਅ ਕੀਤਾ ਜਾਵੇ।

## ਭਸੌੜ ਤੇ ਢਢੋਗਲ ਸਕੂਲਾਂ 'ਚ ਨਵੇਂ ਕਲਾਸ ਰੂਮਾਂ ਤੇ ਚਾਰਦੀਵਾਰੀ ਦਾ ਨਿਰਮਾਣ

**ਪੰਜਾਬ ਸਰਕਾਰ ਨੇ ਸਿੱਖਿਆ ਦੇ ਖੇਤਰ 'ਚ ਨਵੇਂ ਮੀਲ ਪੱਥਰ ਗੱਡੇ : ਢਿੱਲੋਂ/ਘੁੱਲੀ/ਪਾਠਕ**

**ਧੂਰੀ (ਮਨੋਹਰ ਸਿੰਘ ਸੱਗੂ)**-ਸਿੱਖਿਆ ਵਿੰਗ ਹਲਕਾ ਕੋਆਰਡੀਨੇਟਰ ਦਰਸ਼ਨ ਸਿੰਘ ਪਾਠਕ ਦੀ ਅਗਵਾਈ ਹੇਠ ਪਿੰਡ ਭਸੌੜ ਅਤੇ ਢਢੋਗਲ ਦੇ ਸਰਕਾਰੀ ਸਕੂਲਾਂ ਦੇ ਬਣਾਏ ਕਲਾਸ ਰੂਮ ਅਤੇ ਚਾਰਦੀਵਾਰੀ ਦਾ ਉਦਘਾਟਨ ਮੁੱਖ ਮੰਤਰੀ ਕੈਂਪਸ ਦਫ਼ਤਰ ਦੇ ਇੰਚਾਰਜ ਚੇਅਰਮੈਨ ਦਲਬੀਰ ਸਿੰਘ ਢਿੱਲੋਂ ਤੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਨੇ ਕੀਤਾ।ਇਸ ਮੌਕੇ ਚੇਅਰਮੈਨ ਢਿੱਲੋਂ ਤੇ ਘੁੱਲੀ ਨੇ ਕਿਹਾ ਕਿ ਆਪ ਸਰਕਾਰ ਨੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਸੂਬੇ ਅੰਦਰ ਸਿੱਖਿਆ ਦੇ ਖੇਤਰ 'ਚ ਨਵੇਂ ਮੀਲ ਪੱਥਰ ਸਥਾਪਤ ਕੀਤੇ ਹਨ, ਜਿਨ੍ਹਾਂ ਸਦਕਾ ਪੰਜਾਬ ਦੇ ਸਰਕਾਰੀ ਸਕੂਲ ਪੜ੍ਹਾਈ ਦੇ ਖੇਤਰ 'ਚ ਦੇਸ਼ ਭਰ ਵਿੱਚ ਮੋਹਰੀ ਰਹੇ ਹਨ। ਉਨ੍ਹਾਂ ਦੱਸਿਆ ਕਿ ਸਕੂਲਾਂ 'ਚ ਸਮਾਰਟ ਕਲਾਸ ਰੂਮ ਤੇ ਕੰਪਿਊਟਰ ਲੈਬਾਂ ਸਥਾਪਤੀ ਦੇ ਨਾਲ ਨਾਲ ਅਧਿਆਪਕਾਂ ਨੂੰ ਆਲਮੀ ਪੱਧਰੀ ਸਿਖਲਾਈ ਲਈ ਵੱਖ ਵੱਖ ਦੇਸ਼ਾਂ 'ਚ ਭੇਜਿਆ ਜਾ ਰਿਹਾ ਹੈ, ਜਿਸ ਨਾਲ ਸਕੂਲ ਦੇ ਵਿਦਿਆਰਥੀਆਂ ਨੂੰ ਗਲੋਬਲ ਪੱਧਰ ਦੇ ਸਿੱਖਿਆ ਸਿਸਟਮ ਤੇ ਤਕਨੀਕਾਂ ਬਾਰੇ ਜਾਣੂ ਕਰਵਾ ਸਕਣ।ਦਰਸ਼ਨ ਸਿੰਘ ਪਾਠਕ ਨੇ ਕਿਹਾ ਕਿ ਸਕੂਲ ਦੇ ਬੁਨਿਆਦੀ ਢਾਂਚੇ ਦੀ ਮਜ਼ਬੂਤੀ ਨਾਲ ਵਿਦਿਆਰਥੀਆਂ ਨੂੰ ਪੜ੍ਹਾਈ ਲਈ ਹੋਰ ਵਧੀਆ ਮੌਕੇ ਮਿਲਣਗੇ ਤੇ ਸੂਬਾ ਸਰਕਾਰ ਵੱਲੋਂ ਸਕੂਲਾਂ ਨੂੰ ਵਿਦਿਆਰਥੀਆਂ ਦੀ ਸਹੂਲਤ ਲਈ ਲਾਇਬ੍ਰੇਰੀ, ਸਾਇੰਸ ਲੈਬ, ਕੰਪਿਊਟਰ, ਟੱਚ ਸਕਰੀਨ ਪੈਨਲ ਆਦਿ ਮੁਹੱਈਆ ਕਰਵਾਏ ਗਏ ਹਨ ਅਤੇ ਹਲਕਾ ਧੂਰੀ ਦੇ ਸਕੂਲਾਂ ਨੂੰ 310 ਨਵੇਂ ਕੰਪਿਊਟਰ ਤੇ 71 ਡਿਜੀਟਲ ਸਕਰੀਨਾਂ ਵਿਦਿਆਰਥੀਆਂ ਨੂੰ ਸਮਰਪਤ ਕੀਤੀਆਂ ਗਈਆਂ ਹਨ।

ਇਸ ਮੌਕੇ ਸਮਾਜ ਸੇਵੀ ਪਰਮਜੀਤ ਸਿੰਘ ਭਿੰਦੀ, ਸਕੂਲ ਪ੍ਰਿੰਸੀਪਲ ਅਰਜਿੰਦਰ ਪਾਲ ਸਿੰਘ, ਬਲਾਕ ਨੋਡਲ ਅਫਸਰ ਵਿਪਨ ਕੁਮਾਰ ਗਰਗ, ਭਰਪੂਰ ਸਿੰਘ, ਮੈਡਮ ਭਾਰਤੀ ਸ਼ਰਮਾ, ਆਤਮਾ ਸਿੰਘ, ਡਾ. ਅਵਤਾਰ ਖਾਨ, ਖੁਸ਼ਵਿੰਦਰ ਸਿੰਘ, ਲੈਕਚਰਾਰ ਦਲਜੀਤ ਸਿੰਘ, ਸਰਪੰਚ ਭਸੌੜ, ਐੱਸ ਐੱਮ ਸੀ ਕਮੇਟੀ, ਸਕੂਲ ਸਟਾਫ਼, ਮਾਪੇ ਤੇ ਵਿਦਿਆਰਥੀ ਮੌਜੂਦ ਸਨ।

# ਆਲ ਇੰਡੀਆ ਆਂਗਨਵਾੜੀ ਵਰਕਰਜ਼/ਹੈਲਪਰਜ਼ ਯੂਨੀਅਨ (ਏਟਕ) ਵੱਲੋਂ ਸੂਬਾ ਪੱਧਰੀ ਮੀਟਿੰਗ

**ਭਲਕੇ ਦਿੱਲੀ 'ਚ ਦਿੱਤਾ ਜਾਵੇਗਾ ਵਿਸ਼ਾਲ ਧਰਨਾ : ਸਰੋਜ ਛੱਪੜੀਵਾਲਾ, ਸੁਨੀਲ ਕੌਰ ਬੇਦੀ**



**ਜਲਾਲਾਬਾਦ (ਜੀਤ ਕੁਮਾਰ/ਜੰਗੀਰ ਕੌਰ)**

ਆਲ ਇੰਡੀਆ ਆਂਗਨਵਾੜੀ ਵਰਕਰਜ਼ ਹੈਲਪਰਜ਼ ਯੂਨੀਅਨ (ਏਟਕ) ਦੀ ਸੂਬਾ ਪੱਧਰੀ ਮੀਟਿੰਗ ਸਥਾਨਕ ਸੁਤੰਤਰ ਭਵਨ ਵਿਖੇ ਪੰਜਾਬ ਪ੍ਰਧਾਨ ਸਰੋਜ ਛੱਪੜੀਵਾਲਾ ਦੀ ਅਗਵਾਈ ਵਿੱਚ ਸੰਪੰਨ ਹੋਈ, ਜਿਸ ਵਿੱਚ ਪੰਜਾਬ ਭਰ ਤੋਂ ਯੂਨੀਅਨ ਦੀਆਂ ਅਹੁਦੇਦਾਰਾਂ ਨੇ ਭਾਗ ਲਿਆ। ਇਸ ਮੀਟਿੰਗ ਦੇ ਦੌਰਾਨ ਸੂਬਾ ਪ੍ਰਧਾਨ ਸਰੋਜ ਛੱਪੜੀਵਾਲਾ ਨੇ ਸੰਬੋਧਿਤ ਕਰਦਿਆਂ ਦੱਸਿਆ ਕਿ ਆਂਗਨਵਾੜੀ ਵਰਕਰਾਂ-ਹੈਲਪਰਾ ਦੀਆਂ ਮੰਗਾਂ-ਮੁਸ਼ਕਲਾਂ ਨੂੰ ਲੈ ਕੇ ਕੇਂਦਰ ਸਰਕਾਰ ਤੋਂ ਆਪਣੀਆਂ ਮੰਗਾਂ ਮਨਵਾਉਣ ਲਈ ਆਲ ਇੰਡੀਆ ਪੱਧਰ ਤੇ ਨਵੀਂ ਦਿੱਲੀ ਵਿਖੇ ਵਿਸ਼ਾਲ ਧਰਨਾ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ ਜੋਕਿ 21ਅਪ੍ਰੈਲ 2026 ਤੋ ਲੈ ਕੇ 23 ਅਪ੍ਰੈਲ 2026 ਤੱਕ 3 ਦਿਨ ਚੱਲੇਗਾ, ਜਿਸ ਵਿੱਚ ਪੰਜਾਬ ਭਰ ਦੀਆਂ ਆਂਗਨਵਾੜੀ ਵਰਕਰਾਂ-ਹੈਲਪਰਾਂ ਵੱਡੀ ਗਿਣਤੀ ਵਿਚ ਸ਼ਮੂਲੀਅਤ ਕਰਨਗੀਆਂ। ਸੂਬਾ ਸਕੱਤਰ ਸੁਨੀਲ ਕੌਰ ਬੇਦੀ ਨੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਕੇਂਦਰ ਵਿੱਚ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਨੇ ਪਿਛਲੇ 18 ਸਾਲਾਂ ਤੋ ਆਂਗਨਵਾੜੀ ਵਰਕਰਾਂ-ਹੈਲਪਰਾਂ ਦੇ ਮਾਨਭੱਤੇ ਵਿੱਚ ਇੱਕ ਰੁਪਈਆ ਵੀ ਵਾਧਾ ਨਹੀਂ ਕੀਤਾ ਹੈ, ਜਿਸ ਕਾਰਨ ਉਹ ਕੇਂਦਰ ਸਰਕਾਰ ਤੋਂ ਬਹੁਤ ਨਿਰਾਸ਼ ਹਨ। ਉਨ੍ਹਾਂ ਨੇ ਕਿਹਾ ਕਿ ਆਂਗਨਵਾੜੀ ਵਰਕਰਾਂ ਨੂੰ ਪ੍ਰੀ ਨਰਸਰੀ ਟੀਚਰ ਬਣਾਕੇ ਘੱਟੋ-ਘੱਟ ਉਜਰਤ ਦਿੱਤੀ ਜਾਵੇ। ਮਾਨਯੋਗ ਸੁਪਰੀਮ ਕੋਰਟ ਦੇ ਹੁਕਮਾਂ ਅਨੁਸਾਰ ਪੈਨਸ਼ਨ ਗਰੈਜੂਇਟੀ ਦਾ ਲਾਭ ਦਿੱਤਾ ਜਾਵੇ। ਪੋਸ਼ਣ ਟਰੈਕਰ ਦਾ ਕੰਮ ਕਰਨ ਵਾਸਤੇ ਚੰਗੀ ਕੁਆਲਿਟੀ ਦੇ ਫੋਨ ਦੇ ਆਂਗਨਵਾੜੀ ਸੈਂਟਰਾਂ ਵਿੱਚ ਵਾਈ ਫਾਈ ਲਗਵਾ ਕੇ ਦਿੱਤੇ ਜਾਣ। ਇਸ ਤੋਂ ਬਿਨਾਂ ਉਨ੍ਹਾਂ ਨੂੰ ਐਫ.ਆਰ.ਐਸ. ਅਤੇ ਹੋਰ ਕੰਮ ਕਰਨ ਵਿੱਚ ਬਹੁਤ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਆਂਗਨਵਾੜੀ ਸੈਂਟਰਾਂ ਵਿੱਚ ਬਿਲਡਿੰਗਾਂ ਬਣਾਈਆਂ ਜਾਣ, ਜਿਸ ਵਿੱਚ ਬਿਜਲੀ, ਪਾਣੀ ਆਦਿ ਸਹੂਲਤਾਂ ਦਾ ਪ੍ਰਬੰਧ ਕੀਤਾ ਜਾਵੇ। ਇਨ੍ਹਾਂ ਸਭ ਮੰਗਾਂ ਨੂੰ ਲੈ ਕੇ ਤਿਆਰੀਆਂ ਮੁਕੰਮਲ ਹਨ ਅਤੇ ਵੱਡੀ ਗਿਣਤੀ ਵਿੱਚ ਪੰਜਾਬ ਦੀਆਂ ਵਰਕਰਾਂ ਕੱਲ੍ਹ ਨੂੰ ਦਿੱਲੀ ਵੱਲ ਕੂਚ ਕਰਨਗੀਆਂ। ਮੀਟਿੰਗ ਵਿੱਚ ਬਲਵਿੰਦਰ ਕੌਰ ਬਲਾਕ ਪ੍ਰਧਾਨ ਜਲਾਲਾਬਾਦ, ਗੁਰਚਰਨ ਕੌਰ ਮੋਗਾ, ਗੁਰਪ੍ਰੀਤ ਕੌਰ ਚੁਗਾਵਾਂ, ਛਿੰਦਰ ਕੌਰ ਦੁੱਨੇਕੇ, ਬਲਵਿੰਦਰ ਕੌਰ ਖੋਸਾ, ਪਿਆਰ ਕੋਰ ਜੀਰਾ, ਚਰਨਜੀਤ ਕੌਰ ਨਿਹਾਲ ਸਿੰਘ ਵਾਲਾ ਤੋਂ ਇਲਾਵਾ ਵੱਖ-ਵੱਖ ਜ਼ਿਲ੍ਹਿਆਂ ਤੋਂ ਜ਼ਿਲ੍ਹਾ ਤੇ ਬਲਾਕ ਆਗੂ ਵਰਕਰਾਂ ਨੇ ਸੰਬੋਧਨ ਕੀਤਾ।

# ਮਹਿਲਾ ਰਾਖਵਾਂਕਰਨ ਬਿੱਲ ਸੰਬੰਧੀ ਦੇਸ਼ ਨੂੰ ਗੁੰਮਰਾਹ ਕਰ ਰਹੀ ਹੈ ਭਾਜਪਾ : ਢੈਪਈ



**ਭੀਖੀ (ਧਰਮਵੀਰ ਸ਼ਰਮਾ)**

ਮਹਿਲਾ ਰਾਖਵਾਂਕਰਨ ਬਿੱਲ ਜਦੋਂ ਲੋਕ ਸਭਾ ਵਿੱਚ 2023 ਵਿੱਚ ਵੀ ਸਰਵਸੰਮਤੀ ਨਾਲ ਪਾਸ ਹੋ ਚੁੱਕਾ ਹੈ ਤਾਂ ਭਾਜਪਾ ਸਰਕਾਰ ਫਿਰ ਕਿਉਂ ਕਾਹਲੀ ਵਿੱਚ ਇਸ ਬਿੱਲ ਵਿੱਚ 131ਵੀਂ ਸੋਧ ਕਰਕੇ ਡੀਲਿਮੀਟੇਸ਼ਨ ਕਰ ਰਹੀ ਹੈ।ਇਸ ਤੋਂ ਕੇਂਦਰ ਦੀ ਬੇਈਮਾਨ ਮਨਸ਼ਾ ਸਾਫ ਝਲਕਦੀ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਾਂਗਰਸੀ ਆਗੂ ਅਮਨ ਸਿੰਗਲਾ ਢੈਪਈ ਨੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕੀਤਾ।ਉਨ੍ਹਾਂ ਕਿਹਾ ਕਿ ਅਗਾਮੀ 2029 ਦੀਆਂ ਲੋਕ ਸਭਾ ਚੋਣਾਂ ਤੇ ਵੱਖ ਵੱਖ ਰਾਜਾਂ ਦੀਆਂ ਹੋਣ ਵਾਲੀਆਂ ਵਿਧਾਨ ਸਭਾ ਚੋਣਾਂ ਜਿੱਤਣ ਲਈ ਭਾਜਪਾ ਮਹਿਲਾ ਰਾਖਵਾਂਕਰਨ ਬਿੱਲ ਦੀ ਆੜ ਵਿੱਚ ਨਵੀਂ ਚਾਲ ਚੱਲ ਰਹੀ ਹੈ।ਉਨ੍ਹਾਂ ਕਿਹਾ ਕਿ ਸਮੂਹ ਵਿਰੋਧੀ ਪਾਰਟੀਆਂ ਦੀ ਇਕੱਤਰਤਾ ਨਾਲ ਜਿੱਥੇ ਕੇਂਦਰ ਦੀ ਮੋਦੀ ਸਰਕਾਰ ਦੀ ਭਾਵਨਾ ਨੂੰ ਉਨ੍ਹਾਂ ਲੋਕਾਂ ਵਿੱਚ ਨੰਗਾ ਕੀਤਾ ਹੈ, ਉਥੇ ਵਿਰੋਧੀ ਦਲਾਂ ਦੀ ਏਕਤਾ ਦੇਸ਼ ਦੇ ਸਿਆਸੀ ਸਮੀਕਰਨਾਂ ਨੂੰ ਬਦਲਣ ਦੀ ਸਮਰੱਥਾ ਵਿੱਚ ਅੱਪੜਨ ਤੱਕ ਲੱਗ ਰਹੀ ਹੈ। ਕਾਂਗਰਸੀ ਆਗੂ ਨੇ ਕਿਹਾ ਕਿ ਭਾਜਪਾ ਤੇ ਆਰ.ਐੱਸ.ਐੱਸ. ਦਾ ਇਤਿਹਾਸ ਹੈ ਕਿ ਉਨ੍ਹਾਂ ਕਦੇ ਵੀ ਔਰਤਾਂ ਨੂੰ ਬਣਦੀ ਜਗ੍ਹਾ ਨਹੀਂ ਦਿੱਤੀ, ਪ੍ਰੰਤੂ ਹੁਣ ਇਸ ਬਿੱਲ ਦੀ ਆੜ੍ਹ ਹੇਠ ਉਹ ਔਰਤਾਂ ਨੂੰ ਭਰਮਾਉਣ ਲਈ ਕੋਝੀ ਚਾਲ ਚੱਲ ਰਹੀ ਹੈ, ਪ੍ਰੰਤੂ ਹੁਣ ਦੇਸ਼ ਦਾ ਹਰ ਵਰਗ ਜਾਗਰੂਕ ਹੋ ਚੁੱਕਾ ਹੈ ਅਤੇ ਤਾਂ ਹੀ ਭਾਜਪਾ ਨੂੰ ਮੂੰਹ ਦੀ ਖਾਣੀ ਪਈ।ਇੱਕ ਸਵਾਲ ਦੇ ਜਵਾਬ ਵਿੱਚ ਉਨ੍ਹਾਂ ਕਿਹਾ ਕਿ ਇਸ ਬਿੱਲ ਦੀ ਸੋਧ ਦੇਸ਼ ਦੇ ਦੱਖਣੀ ਤੇ ਉੱਤਰੀ ਹਿੱਸੇ ਵਿੱਚ ਬਟਵਾਰੇ ਵਾਲੀ ਸਥਿਤੀ ਪੈਦਾ ਕਰਦੀ ਹੈ।ਦੱਖਣ ਵੱਲੋਂ ਆਪਣੀ ਅਬਾਦੀ ਨੂੰ ਕੰਟਰੋਲ ਵਿੱਚ ਰੱਖਣ ਦੀ ਇਸ ਬਿੱਲ ਰਾਹੀਂ ਇਹ ਇੱਕ ਕਿਸਮ ਦੀ ਸਜਾ ਹੀ ਹੈ ਤੇ ਡੀਲਿਮਿਟੇਸ਼ਨ ਨਾਲ ਉੱਤਰੀ ਭਾਰਤੀ ਰਾਜਾਂ ਨੂੰ ਲਾਭ ਪਹੁੰਚੇਗਾ, ਜਿੱਥੇ ਕਿ ਪਹਿਲਾਂ ਹੀ ਭਾਜਪਾ ਸੱਤਾ 'ਤੇ ਕਾਬਜ਼ ਹੈ।ਇਸ ਮੌਕੇ ਉਨ੍ਹਾਂ ਨਾਲ ਕਾਂਗਰਸੀ ਆਗੂ ਮੱਖਣ ਹਾਜੀ, ਜ਼ਿਲ੍ਹਾ ਵਾਇਸ ਪ੍ਰਧਾਨ ਸਾਬਕਾ ਕੌਂਸਲਰ ਇੰਦਰਜੀਤ ਭੀਖੀ, ਜ਼ਿਲ੍ਹਾ ਮੀਡੀਆ ਇੰਚਾਰਜ ਨੀਟਾ ਜੋਸ਼ੀ ਹਾਜ਼ਰ ਸਨ।

# ਕਣਕ ਦੇ ਖਰੀਦ ਮਾਪਦੰਡਾਂ 'ਚ ਛੋਟ ਦੇਣ ਤੋਂ ਬਾਅਦ ਮੰਡੀਆਂ 'ਚ ਕਣਕ ਦੀ ਖਰੀਦ ਤੇਜ਼

**ਇਕੋ ਦਿਨ 10.66 ਲੱਖ ਟਨ ਹੋਈ ਖਰੀਦ, ਲਿਫਟਿੰਗ ਨਾ ਹੋਣ ਕਾਰਨ ਬੋਰੀਆਂ ਦੇ ਲੱਗੇ ਅੰਬਾਰ**



**ਪਟਿਆਲਾ (ਰਜਿੰਦਰ ਸਿੰਘ ਥਿੰਦ)**-ਕੇਂਦਰ ਸਰਕਾਰ ਵੱਲੋਂ ਕਣਕ ਦੀ ਖ਼ਰੀਦ ਦੇ ਮਾਪਦੰਡਾਂ ਵਿੱਚ ਦਿੱਤੀ ਗਈ ਢਿੱਲ ਮਗਰੋਂ ਪੰਜਾਬ ਦੀਆਂ ਮੰਡੀਆਂ ਵਿੱਚ ਕਣਕ ਦੀ ਖ਼ਰੀਦ ਨੇ ਜ਼ੋਰ ਫੜ ਲਿਆ ਹੈ।ਸੂਬੇ ਦੀਆਂ ਮੰਡੀਆਂ 'ਚ ਇਕੋ ਦਿਨ 10.66 ਲੱਖ ਟਨ ਕਣਕ ਦੀ ਰਿਕਾਰਡ ਖ਼ਰੀਦ ਕੀਤੀ ਗਈ, ਜੋ ਸੀਜ਼ਨ ਦੌਰਾਨ ਇੱਕ ਦਿਨ ਵਿੱਚ ਹੋਈ ਹੁਣ ਤੱਕ ਦੀ ਸਭ ਤੋਂ ਵੱਧ ਖ਼ਰੀਦ ਹੈ, ਹਾਲਾਂਕਿ ਖ਼ਰੀਦੀ ਗਈ ਫ਼ਸਲ ਮੰਡੀਆਂ 'ਚੋਂ ਚੁੱਕਣ ਦਾ ਕੰਮ (ਲਿਫਟਿੰਗ) ਹਾਲੇ ਵੀ ਸੁਸਤ ਰਫ਼ਤਾਰ ਨਾਲ ਚੱਲ ਰਿਹਾ ਹੈ।ਖਰੀਦ 'ਚ ਤੇਜ਼ੀ ਕਾਰਨ ਮੰਡੀਆਂ ਨੱਕੋ ਨੱਕ ਭਰ ਗਈਆਂ ਹਨ। ਮੰਡੀਆਂ ਵਿਚੋਂ ਬੋਰੀਆਂ ਦੀ ਲਿਫਟਿੰਗ ਨਾ ਹੋਣ ਕਾਰਨ ਬੋਰੀਆਂ ਦੇ ਅੰਬਾਰ ਲੱਗ ਗਏ ਹਨ ਤੇ ਕਿਸਾਨਾਂ ਨੂੰ ਮੰਡੀਆਂ ਵਿੱਚ ਆਪਣੀ ਫਸਲ ਢੇਰੀ ਕਰਨ ਲਈ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਲਿਫਟਿੰਗ ਨਾ ਹੋਣ ਕਾਰਨ ਆੜ੍ਹਤੀਆਂ ਨੂੰ ਮਜ਼ਬੂਰਨ ਆਪਣੇ ਪੱਧਰ ਤੇ ਆਪਣੇ ਖ਼ਰਚੇ ਤੇ ਬੋਰੀਆਂ ਨੂੰ ਸਟੈਕ ਕਰਵਾਉਣ ਲਈ ਮਜਬੂਰ ਹੋਣਾ ਪੈ ਰਿਹਾ ਹੈ। ਮੰਡੀਆਂ ਵਿੱਚ ਲੇਬਰ ਦੀ ਘਾਟ ਨੇ ਏਜੰਸੀਆਂ ਤੇ ਆੜ੍ਹਤੀਆਂ ਦੀਆਂ ਮੁਸ਼ਕਲਾਂ 'ਚ ਵਾਧਾ ਕਰ ਦਿੱਤਾ ਹੈ।

ਸਰਕਾਰੀ ਅੰਕੜਿਆਂ ਮੁਤਾਬਕ ਪੰਜਾਬ ਦੀਆਂ ਮੰਡੀਆਂ ਵਿੱਚ ਹੁਣ ਤੱਕ ਕੁੱਲ 28.31 ਲੱਖ ਟਨ ਕਣਕ ਦੀ ਆਮਦ ਹੋ ਚੁੱਕੀ ਹੈ।ਇਸ 'ਚੋਂ ਇਕੱਲੇ ਅੱਜ ਦੇ ਦਿਨ ਹੀ 10.72 ਲੱਖ ਟਨ ਫ਼ਸਲ ਮੰਡੀਆਂ 'ਚ ਪਹੁੰਚੀ ਹੈ।ਹੁਣ ਤੱਕ ਹੋਈ ਕੁੱਲ ਖ਼ਰੀਦ 23.83 ਲੱਖ ਟਨ ਤੱਕ ਪਹੁੰਚ ਗਈ ਹੈ।ਇਸ ਵਾਰ ਪ੍ਰਾਈਵੇਟ ਖ਼ਰੀਦਦਾਰ ਮੰਡੀਆਂ 'ਚ ਬਹੁਤੇ ਸਰਗਰਮ ਨਜ਼ਰ ਨਹੀਂ ਆ ਰਹੇ।ਅੱਜ ਹੋਈ 10.66 ਲੱਖ ਟਨ ਦੀ ਖ਼ਰੀਦ 'ਚੋਂ ਪ੍ਰਾਈਵੇਟ ਖ਼ਰੀਦਦਾਰਾਂ ਨੇ ਮਹਿਜ਼ 457 ਟਨ ਕਣਕ ਹੀ ਖ਼ਰੀਦੀ ਹੈ।ਲਿਫਟਿੰਗ ਦੀ ਗੱਲ ਕਰੀਏ ਤਾਂ ਹੁਣ ਤੱਕ ਸਿਰਫ਼ 1.36 ਲੱਖ ਟਨ ਕਣਕ ਹੀ ਚੁੱਕੀ ਗਈ ਹੈ, ਜਿਸ 'ਚੋਂ 76,928 ਟਨ ਦੀ ਲਿਫਟਿੰਗ ਹੋਈ ਹੈ।ਮਾਰਕਫੈੱਡ 6.16 ਲੱਖ ਟਨ ਦੀ ਖ਼ਰੀਦ ਨਾਲ ਸਭ ਤੋਂ ਅੱਗੇ ਹੈ।ਇਸ ਤੋਂ ਇਲਾਵਾ ਪਨਗ੍ਰੇਨ (ਨਾਨ ਡੀ ਸੀ ਪੀ) ਨੇ 5.89 ਲੱਖ ਟਨ, ਪਨਸਪ ਨੇ 5.16 ਲੱਖ ਟਨ, ਪੰਜਾਬ ਸਟੇਟ ਵੇਅਰਹਾਊਸਿੰਗ ਕਾਰਪੋਰੇਸ਼ਨ ਨੇ 3.76 ਲੱਖ ਟਨ, ਪਨਗ੍ਰੇਨ (ਡੀ ਸੀ ਪੀ) ਨੇ 2.65 ਲੱਖ ਟਨ ਤੇ ਐੱਫ ਸੀ ਆਈ ਨੇ 15,139 ਟਨ ਕਣਕ ਖ਼ਰੀਦੀ ਹੈ।ਸੂਬੇ ਵਿੱਚ ਮੌਸਮ ਸਾਫ਼ ਹੋਣ ਕਰ ਕੇ ਕਣਕ ਦੀ ਵਾਢੀ ਨੇ ਵੀ ਜ਼ੋਰ ਫੜ ਲਿਆ ਹੈ।ਵੱਡੀ ਗਿਣਤੀ ਕਿਸਾਨ ਖੇਤਾਂ 'ਚੋਂ ਫ਼ਸਲ ਦੀ ਵਾਢੀ ਕਰ ਕੇ ਮੰਡੀਆਂ 'ਚ ਪਹੁੰਚ ਰਹੇ ਹਨ।

### ਕਣਕ ਖ਼ਰੀਦ 'ਚ ਪਟਿਆਲਾ ਮੋਹਰੀ, ਪਠਾਨਕੋਟ ਪਛੜਿਆ

ਪਟਿਆਲਾ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਸਭ ਤੋਂ ਵੱਧ 3.06 ਲੱਖ ਟਨ ਕਣਕ ਦੀ ਸਰਕਾਰੀ ਖ਼ਰੀਦੀ ਹੋ ਚੁੱਕੀ ਹੈ ਤੇ ਕਣਕ ਖਰੀਦ 'ਚ ਪਟਿਆਲ਼ਾ ਪੰਜਾਬ ਦੇ ਦੂਜੇ ਜ਼ਿਲ੍ਹਿਆਂ 'ਚੋਂ ਮੋਹਰੀ ਹੈ। ਇਸ ਦੇ ਉਲਟ ਪਠਾਨਕੋਟ ਵਿੱਚ ਸਭ ਤੋਂ ਘੱਟ 3,285 ਟਨ ਖ਼ਰੀਦ ਦਰਜ ਕੀਤੀ ਗਈ।ਹੋਰਨਾਂ ਜ਼ਿਲ੍ਹਿਆਂ ਵਿੱਚੋਂ ਸੰਗਰੂਰ 2.51 ਲੱਖ ਟਨ, ਫਿਰੋਜ਼ਪੁਰ 2.05 ਲੱਖ ਟਨ, ਤਰਨ ਤਾਰਨ 1.79 ਲੱਖ ਟਨ, ਮਾਨਸਾ 1.45 ਲੱਖ ਟਨ, ਬਠਿੰਡਾ 1.33 ਲੱਖ ਟਨ ਅਤੇ ਮੋਗਾ 1.14 ਲੱਖ ਟਨ ਨਾਲ ਮੋਹਰੀ ਰਹੇ।ਇਸ ਤੋਂ ਇਲਾਵਾ ਫਾਜ਼ਿਲਕਾ ਵਿੱਚ 95,126 ਟਨ, ਬਰਨਾਲਾ ਵਿੱਚ 94,265 ਟਨ, ਫਰੀਦਕੋਟ ਵਿੱਚ 89,950 ਟਨ, ਅੰਮ੍ਰਿਤਸਰ ਵਿੱਚ 84,528 ਟਨ, ਲੁਧਿਆਣਾ ਪੂਰਬੀ 'ਚ 81,377 ਟਨ, ਲੁਧਿਆਣਾ ਪੱਛਮੀ 'ਚ 79,262 ਟਨ, ਕਪੂਰਥਲਾ 'ਚ 79,596 ਟਨ, ਫਤਹਿਗੜ੍ਹ ਸਾਹਿਬ 'ਚ 60,055 ਟਨ, ਮੁਹਾਲੀ 'ਚ 57,166 ਟਨ, ਜਲੰਧਰ 'ਚ 48,793 ਟਨ, ਰੂਪਨਗਰ 'ਚ 41,095 ਟਨ, ਮਾਲੇਰਕੋਟਲਾ 'ਚ 40,908 ਟਨ, ਗੁਰਦਾਸਪੁਰ 'ਚ 30,883 ਟਨ, ਨਵਾਂ ਸ਼ਹਿਰ 'ਚ 28,299 ਟਨ ਤੇ ਹੁਸ਼ਿਆਰਪੁਰ 'ਚ 26,309 ਟਨ ਕਣਕ ਦੀ ਖ਼ਰੀਦ ਕੀਤੀ ਗਈ ਹੈ।ਖਰੀਦ ਤੋਂ ਬਾਅਦ ਆੜ੍ਹਤੀਆਂ ਤੇ ਖਰੀਦ ਏਜੰਸੀਆਂ ਲਈ ਬੋਰੀਆਂ ਦੀ ਲਿਫਟਿੰਗ ਦਾ ਮੁੱਦਾ ਗੰਭੀਰ ਬਣਦਾ ਜਾ ਰਿਹਾ ਹੈ ਤੇ ਇਹ ਏਜੰਸੀਆਂ ਤੇ ਆੜ੍ਹਤੀਆਂ ਲਈ ਇਕ ਚੇਲਿੰਜ ਹੈ। ਅਗਲੇ ਦਿਨਾਂ ਵਿੱਚ ਲਿਫਟਿੰਗ ਦੇ ਵਧਣ ਦੇ ਆਸਾਰ ਹਨ।

# ਸੀ ਬੀ ਐੱਸ ਈ ਦਸਵੀਂ ਦੇ ਨਤੀਜਿਆਂ 'ਚ ਜਾਨਵੀ ਅਰੋੜਾ ਨੇ ਮਾਰੀ ਬਾਜ਼ੀ

**ਸਮਾਣਾ (ਗੁਰਪਿਆਰ ਸਿੰਘ ਬੱਲ)**



ਜਾਨਵੀ ਅਰੋੜਾ ਆਪਣੇ ਪਿਤਾ ਨਾਲ ਖ਼ੁਸ਼ੀ ਸਾਂਝੀ ਕਰਦੇ ਹੋਏ।

ਸੀਬੀਐੱਸਈ ਬੋਰਡ ਦੀ ਦਸਵੀਂ ਜਮਾਤ ਦੇ ਐਲਾਨੇ ਗਏ ਨਤੀਜਿਆਂ ਵਿੱਚ ਸਮਾਣਾ ਦੀ ਹੋਣਹਾਰ ਵਿਦਿਆਰਥਣ ਜਾਨਵੀ ਅਰੋੜਾ ਸਪੁੱਤਰੀ ਹਰੀਸ਼ ਕੁਮਾਰ ਨਿਵਾਸੀ ਸਮਾਣਾ ਨੇ 96.60% ਫੀਸਦੀ ਅੰਕ ਪ੍ਰਾਪਤ ਕਰਕੇ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ, ਜਿਸ ਨਾਲ ਪਰਵਾਰ ਵਿੱਚ ਖ਼ੁਸ਼ੀ ਦਾ ਮਾਹੌਲ ਹੈ।ਜਾਨਵੀ ਅਰੋੜਾ ਦੀ ਇਸ ਕਾਮਯਾਬੀ ਨਾਲ ਨਾ ਸਿਰਫ ਉਸਦੇ ਮਾਪਿਆਂ ਦਾ ਸਿਰ ਮਾਣ ਨਾਲ ਉੱਚਾ ਹੋਇਆ ਹੈ, ਸਗੋਂ ਸਕੂਲ ਦਾ ਨਾਮ ਵੀ ਰੌਸ਼ਨ ਹੋਇਆ ਹੈ।ਡੀਏਵੀ ਪਬਲਿਕ ਸਕੂਲ ਕਕਰਾਲਾ ਦੇ ਅਧਿਆਪਕਾਂ ਤੇ ਸਟਾਫ਼ ਵੱਲੋਂ ਵੀ ਵਿਦਿਆਰਥਣ ਨੂੰ ਵਧਾਈ ਦਿੱਤੀ ਗਈ ਤੇ ਉਸ ਦੀ ਮਿਹਨਤ ਦੀ ਸਰਾਹਨਾ ਕੀਤੀ ਗਈ।ਇਸ ਮੌਕੇ ਜਾਨਵੀ ਅਰੋੜਾ ਦੇ ਮਾਪਿਆਂ ਨੇ ਦੱਸਿਆ ਕਿ ਉਸ ਨੇ ਨਿਯਮਿਤ ਪੜ੍ਹਾਈ, ਅਨੁਸ਼ਾਸਨ ਤੇ ਲਗਨ ਨਾਲ ਇਹ ਸਫਲਤਾ ਹਾਸਲ ਕੀਤੀ ਹੈ।ਸਕੂਲ ਪ੍ਰਬੰਧਕਾਂ ਨੇ ਕਿਹਾ ਕਿ ਜਾਨਵੀ ਅਰੋੜਾ ਦੀ ਇਹ ਪ੍ਰਾਪਤੀ ਹੋਰ ਵਿਦਿਆਰਥੀਆਂ ਲਈ ਪ੍ਰੇਰਨਾ ਸਰੋਤ ਹੈ।

ਜਾਨਵੀ ਨੇ ਆਪਣੀ ਕਾਮਯਾਬੀ ਦਾ ਸਿਹਰਾ ਆਪਣੇ ਮਾਪਿਆਂ ਤੇ ਅਧਿਆਪਕਾਂ ਨੂੰ ਦਿੱਤਾ ਤੇ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਮਿਹਨਤ ਕਰਕੇ ਉੱਚੀਆਂ ਉਡਾਨਾਂ ਭਰਨ ਦੀ ਇੱਛਾ ਜਤਾਈ।ਇਸ ਮੌਕੇ ਪਰਵਾਰ ਨੂੰ ਵਧਾਈ ਦੇਣ ਵਾਲਿਆ ਦਾ ਤਾਂਤਾ ਲੱਗਿਆ ਹੋਇਆ ਸੀ। ਮਾਪਿਆਂ ਨੇ ਕਿਹਾ ਕਿ ਧੀਆਂ ਨੂੰ ਪੂਰਾ ਸਤਿਕਾਰ ਕਰੋ ਤਾਂ ਜੋ ਉਹ ਬੇਫ਼ਿਕਰ ਹੋ ਕੇ ਅੱਗੇ ਵਧ ਸਕਣ।

# ਠੁੱਲੀਵਾਲ 'ਚ ਅਸਮਾਨੀ ਬਿਜਲੀ ਡਿੱਗਣ ਨਾਲ ਤਿੰਨ ਏਕੜ ਕਣਕ ਤੇ ਨਾੜ ਸੜਿਆ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਪਿੰਡ ਠੁੱਲੀਵਾਲ ਵਿਖੇ ਅਸਮਾਨੀ ਬਿਜਲੀ ਡਿੱਗਣ ਨਾਲ ਇਕ ਕਿਸਾਨ ਦੀ ਖੇਤ 'ਚ ਖੜ੍ਹੀ ਕਣਕ ਦੀ ਤਿੰਨ ਏਕੜ ਫ਼ਸਲ ਤੇ ਦੋ ਕਿਸਾਨਾਂ ਦਾ ਤੂੜੀ ਬਣਾਉਣ ਲਈ ਰੱਖਿਆ ਢਾਈ ਏਕੜ ਨਾੜ ਅੱਗ ਦੀ ਲਪੇਟ 'ਚ ਆ ਕੇ ਮਿੰਟਾਂ 'ਚ ਹੀ ਸੁਆਹ ਹੋ ਗਿਆ।ਇਸ ਘਟਨਾ ਦਾ ਪਤਾ ਲੱਗਦਿਆ ਹੀ ਪਿੰਡ ਠੁੱਲੀਵਾਲ ਤੇ ਗੁੰਮਟੀ ਆਦਿ ਪਿੰਡਾਂ ਦੇ ਲੋਕਾਂ ਨੇ ਤੁਰੰਤ ਪਹੁੰਚ ਕੇ ਆਪੋ ਆਪਣੇ ਵੱਖ-ਵੱਖ ਸਾਧਨਾਂ ਨਾਲ ਭਾਰੀ ਜੱਦੋ ਜਹਿਦ ਤੋਂ ਬਾਅਦ ਅੱਗ 'ਤੇ ਕਾਬੂ ਪਾ ਕੇ ਗੁਆਂਢੀ ਖੇਤ ਮਾਲਕਾਂ ਦਾ ਭਾਰੀ ਨੁਕਸਾਨ ਹੋਣ ਤੋਂ ਬਚਾਅ ਲਿਆ।ਮਿਲੀ ਜਾਣਕਾਰੀ ਅਨੁਸਾਰ ਅਸਮਾਨੀ ਬਿਜਲੀ ਡਿੱਗਣ ਨਾਲ ਡਰੇਨ ਦੇ ਨਾਲ ਲੱਗਦੇ ਖੇਤਾਂ 'ਚ ਕਿਸਾਨ ਹਰਬੰਸ ਸਿੰਘ ਪੁੱਤਰ ਗੁਰਨਾਮ ਸਿੰਘ ਵਾਸੀ ਠੁੱਲੀਵਾਲ ਦੀ ਤਿੰਨ ਏਕੜ ਖੜ੍ਹੀ ਕਣਕ ਸੜ ਗਈ।ਇਸ ਤੋਂ ਇਲਾਵਾ ਕਿਸਾਨ ਰੂਪ ਸਿੰਘ ਤੇ ਚਰਨ ਸਿੰਘ ਦਾ ਢਾਈ ਏਕੜ ਤੂੜੀ ਬਣਾਉਣ ਲਈ ਰੱਖਿਆ ਕਣਕ ਦਾ ਨਾੜ ਵੀ ਅੱਗ ਦੀ ਲਪੇਟ 'ਚ ਆ ਗਿਆ।ਥਾਣਾ ਠੁੱਲੀਵਾਲ ਦੇ ਮੁੱਖ ਅਫ਼ਸਰ ਇੰਸਪੈਕਟਰ ਗੁਰਪਾਲ ਸਿੰਘ ਨੇ ਪੁਲਸ ਪਾਰਟੀ ਸਮੇਤ ਮੌਕੇ 'ਤੇ ਪਹੁੰਚ ਕੇ ਸਥਿਤੀ ਦਾ ਜਾਇਜ਼ਾ ਲਿਆ।ਇਸ ਮੌਕੇ ਪ੍ਰਧਾਨ ਹਰਤੇਜ ਸਿੰਘ ਸਿੱਧੂ, ਹਰਜੀਤ ਸਿੰਘ ਗੋਗੀ, ਰਮਨਦੀਪ ਸਿੰਘ ਠੁੱਲੀਵਾਲ ਆਦਿ ਆਗੂਆਂ ਨੇ ਪੀੜਤ ਕਿਸਾਨਾਂ ਨਾਲ ਹਮਦਰਦੀ ਜ਼ਾਹਰ ਕਰਦਿਆਂ ਵਿਸ਼ਵਾਸ ਦੁਆਇਆ ਕਿ ਗ੍ਰਾਮ ਪੰਚਾਇਤ, ਸਮੂਹ ਨਗਰ ਨਿਵਾਸੀ ਇਸ ਬਿਪਤਾ ਦੀ ਘੜੀ 'ਚ ਪੀੜਤ ਕਿਸਾਨਾਂ ਦੇ ਨਾਲ ਖੜ੍ਹੇ ਹਨ।ਆਗੂਆਂ ਨੇ ਪੰਜਾਬ ਸਰਕਾਰ ਪਾਸੋਂ ਮੰਗ ਕੀਤੀ ਕਿ ਕਿਸਾਨਾਂ ਦੇ ਹੋਏ ਨੁਕਸਾਨ ਦਾ ਯੋਗ ਮੁਆਵਜ਼ਾ ਦਿੱਤਾ ਜਾਵੇ।ਸਰਕਲ ਪਟਵਾਰੀ ਮੋਹਿਤ ਕੁਮਾਰ ਨੇ ਮੌਕੇ ਤੇ ਪਹੁੰਚ ਕੇ ਸਾਰੀ ਜਾਣਕਾਰੀ ਹਾਸਲ ਕੀਤੀ।ਉਨ੍ਹਾਂ ਦੱਸਿਆ ਕਿ ਇਸ ਨੁਕਸਾਨ ਬਾਰੇ ਰਿਪੋਰਟ ਤਿਆਰ ਕਰਕੇ ਛੇਤੀ ਹੀ ਸਰਕਾਰ ਨੂੰ ਭੇਜੀ ਜਾਵੇਗੀ।

# 'ਆਪ' ਦੀ ਸਿੱਖਿਆ ਕ੍ਰਾਂਤੀ ਕੇਵਲ ਲਿਫਾਫੇਬਾਜ਼ੀ : ਡੀ ਟੀ ਐੱਫ



**ਮੋਗਾ (ਇਕਬਾਲ ਸਿੰਘ ਖਹਿਰਾ)**-ਸਿੱਖਿਆ ਤੇ ਸਿਹਤ ਕ੍ਰਾਂਤੀ ਦੇ ਫੋਕੇ ਦਾਅਵੇ ਕਰਨ ਵਾਲੀ ਆਪ ਸਰਕਾਰ ਨੇ ਇਸ ਵਿੱਦਿਅਕ ਵਰ੍ਹੇ ਦੌਰਾਨ ਵੱਖਰਾ ਕਾਰਨਾਮਾ ਕਰ ਦਿੱਤਾ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਸਕੂਲੀ ਵਿਦਿਆਰਥੀਆਂ ਨੂੰ ਦੇਣ ਵਾਲੀਆਂ ਕਿਤਾਬਾਂ ਦੇ ਲਿਫਾਫਿਆਂ 'ਤੇ ਮੁੱਖ ਮੰਤਰੀ ਪੰਜਾਬ ਦੀਆਂ ਫੋਟੋਆਂ ਛਾਪ ਕੇ ਸਿੱਖਿਆ ਕ੍ਰਾਂਤੀ ਦਾ ਢਿੰਡੋਰਾ ਪਿੱਟਿਆ ਜਾ ਰਿਹਾ ਹੈ ਤੇ ਆਪਣੇ ਆਪ ਨੂੰ ਸ਼ਾਬਾਸ਼ ਦਿੱਤੀ ਜਾ ਰਹੀ ਹੈ।ਪ੍ਰਤੀਨਿੱਧ ਅਧਿਆਪਕ ਜਥੇਬੰਦੀ ਡੈਮੋਕ੍ਰੇਟਿਕ ਟੀਚਰਜ਼ ਫਰੰਟ ਦੇ ਸੂਬਾ ਪ੍ਰਧਾਨ ਦਿਗਵਿਜੇਪਾਲ ਸ਼ਰਮਾ ਤੇ ਸੂਬਾ ਸਕੱਤਰ ਰੇਸ਼ਮ ਸਿੰਘ ਖੇਮੂਆਣਾ ਨੇ ਪੰਜਾਬ ਸਰਕਾਰ ਤੇ ਸਿੱਖਿਆ ਵਿਭਾਗ ਦੀ ਅਫ਼ਸਰਸ਼ਾਹੀ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਕਿਹਾ ਕਿ ਸਿੱਖਿਆ ਦੇ ਅਧਿਕਾਰ ਐਕਟ ਤਹਿਤ ਪਹਿਲੀ ਜਮਾਤ ਤੋਂ ਬਾਰਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੂੰ ਮੁਫ਼ਤ ਮਿਲਣ ਵਾਲੀਆਂ ਕਿਤਾਬਾਂ 'ਤੇ ਵੀ ਸਿਆਸੀ ਰੋਟੀਆਂ ਸੇਕੀਆਂ ਜਾ ਰਹੀਆਂ ਹਨ।ਉਨ੍ਹਾਂ ਦੱਸਿਆ ਕਿ ਬਲਾਕ ਸਿੱਖਿਆ ਦਫ਼ਤਰਾਂ ਨੂੰ ਹਦਾਇਤਾਂ ਜਾਰੀ ਕੀਤੀਆਂ ਗਈਆਂ ਕਿਤਾਬਾਂ ਮੁੱਖ ਮੰਤਰੀ ਦੀ ਫੋਟੋ ਵਾਲੇ ਲਿਫਾਫੇ ਵਿੱਚ ਪਾ ਕੇ ਸਕੂਲਾਂ ਨੂੰ ਭੇਜੀਆਂ ਜਾਣ।ਜਥੇਬੰਦੀ ਦੇ ਸੀਨੀਅਰ ਮੀਤ ਪ੍ਰਧਾਨ ਸ਼ਰਵਣ ਸਿੰਘ ਔਜਲਾ, ਮੀਤ ਪ੍ਰਧਾਨ ਸੁਖਵਿੰਦਰ ਸੁੱਖੀ, ਜਥੇਬੰਦਕ ਸਕੱਤਰ ਦਲਜੀਤ ਸਮਰਾਲਾ, ਪ੍ਰੈੱਸ ਸਕੱਤਰ ਲਖਵੀਰ ਸਿੰਘ ਹਰੀਕੇ, ਵਿੱਤ ਸਕੱਤਰ ਜਸਵਿੰਦਰ ਸਿੰਘ ਤੇ ਸਹਾਇਕ ਪ੍ਰੈੱਸ ਸਕੱਤਰ ਰਾਜਵਿੰਦਰ ਬਹਿਣੀਵਾਲ ਨੇ ਆਪ ਸਰਕਾਰ ਦੀਆਂ ਸਿੱਖਿਆ ਵਿਰੋਧੀ ਨੀਤੀਆਂ ਦੀ ਜ਼ੋਰਦਾਰ ਨਿਖੇਧੀ ਕਰਦਿਆਂ ਕਿਹਾ ਕਿ ਇਸ ਵਿਦਿਅਕ ਵਰ੍ਹੇ ਦੌਰਾਨ ਜਨਗਣਨਾ, ਸਿਹਤ ਕਾਰਡ ਐੱਸ ਆਈ, ਆਰ ਬੀ. ਐੱਲ. ਓ. ਡਿਊਟੀਆਂ ਸਮੇਤ ਅਨੇਕਾਂ ਗੈਰ-ਵਿੱਦਿਅਕ ਕੰਮਾਂ 'ਤੇ ਅਧਿਆਪਕਾਂ ਦੀਆਂ ਡਿਊਟੀਆਂ ਵੱਡੇ ਪੱਧਰ 'ਤੇ ਲਗਾਈਆਂ ਗਈਆਂ ਹਨ, ਜਿਸ ਕਾਰਨ ਵਿਦਿਆਰਥੀਆਂ ਦੀ ਪੜ੍ਹਾਈ ਸੈਸ਼ਨ ਦੇ ਸ਼ੁਰੂ ਵਿੱਚ ਹੀ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਰਹੀ ਹੈ। ਉਨ੍ਹਾਂ ਕਿਹਾ ਕਾਗਜ਼ੀ ਸਿੱਖਿਆ ਕ੍ਰਾਂਤੀ ਦਾ ਖਮਿਆਜ਼ਾ ਅਧਿਆਪਕ ਤੇ ਵਿਦਿਆਰਥੀ ਦੋਹਾਂ ਨੂੰ ਭੁਗਤਣਾ ਪੈ ਰਿਹਾ ਹੈ।ਜਥੇਬੰਦੀ ਦੇ ਸੂਬਾ ਆਗੂਆਂ ਨੇ ਸਰਕਾਰ 'ਤੇ ਵਾਅਦਾ ਖਿਲਾਫੀ ਦਾ ਦੋਸ਼ ਲਾਉਂਦਿਆਂ ਕਿਹਾ ਕਿ ਪੁਰਾਣੀ ਪੈਨਸ਼ਨ ਬਹਾਲੀ, ਡੀ. ਏ. ਦੇ ਬਕਾਇਆਂ ਤੇ ਕੱਟੇ ਹੋਏ 37 ਤਰ੍ਹਾਂ ਦੇ ਭੱਤਿਆਂ ਦੀ ਬਹਾਲੀ ਤੋਂ ਸਰਕਾਰ ਆਨਾਕਾਨੀ ਕਰ ਰਹੀ ਹੈ।ਉਨ੍ਹਾਂ ਪੁਰਜ਼ੋਰ ਮੰਗ ਕੀਤੀ ਕਿ ਸੂਬੇ ਦੀ ਆਪਣੀ ਸੁਤੰਤਰ ਸਿੱਖਿਆ ਨੀਤੀ ਬਣਾਈ ਜਾਵੇ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕੀਤੀ ਜਾਵੇ।ਅਧਿਆਪਕਾਂ ਉੱਪਰ ਜਬਰੀ ਥੋਪੇ ਗਏ ਟੈੱਟ ਟੈਸਟ ਨੂੰ ਤੁਰੰਤ ਰੱਦ ਕੀਤਾ ਜਾਵੇ।ਉਨ੍ਹਾਂ ਸਮੁੱਚੇ ਅਧਿਆਪਕ ਵਰਗ ਨੂੰ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਖ਼ਿਲਾਫ਼ ਲਗਾਤਾਰ ਦ੍ਰਿੜ੍ਹਤਾ ਨਾਲ ਸੰਘਰਸ਼ ਕਰਨ ਦਾ ਸੱਦਾ ਦਿੱਤਾ।

# ਸਿਵਲ ਹਸਪਤਾਲ ਕਾਇਆ ਕਲਪ ਕਲੀਅਰ ਕਰਨ 'ਚ ਸਫ਼ਲ




**ਤਲਵੰਡੀ ਸਾਬੋ (ਜਗਦੀਪ ਗਿੱਲ)**-ਸਿਵਲ ਹਸਪਤਾਲ ਤਲਵੰਡੀ ਸਾਬੋ ਕਾਇਆ ਕਲਪ ਕਲੀਅਰ ਕਰਨ ਵਿੱਚ ਪਹਿਲੀ ਵਾਰ ਸਫ਼ਲ ਰਿਹਾ, ਜਿਸ ਕਾਰਨ ਤਲਵੰਡੀ ਵਾਸੀਆਂ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਸੀਨੀਅਰ ਮੈਡੀਕਲ ਅਫਸਰ ਡਾ. ਰਵੀ ਕਾਂਤ ਗੁਪਤਾ ਨੇ ਦੱਸਿਆ ਪ੍ਰੋ. ਬਲਜਿੰਦਰ ਕੌਰ ਕੈਬਨਿਟ ਮੰਤਰੀ ਚੀਫ਼ ਵ੍ਹਿਪ ਪੰਜਾਬ ਦੀ ਅਗਵਾਈ ਹੇਠ ਸਿਵਲ ਹਸਪਤਾਲ ਤਲਵੰਡੀ ਸਾਬੋ ਨੂੰ ਕਾਇਆ ਕਲਪ ਵਿੱਚ ਪਹਿਲੀ ਵਾਰ ਕਲੀਅਰ ਕਰਕੇ ਪੰਜਾਬ ਭਰ ਵਿੱਚ 17ਵੇਂ ਸਥਾਨ 'ਤੇ ਰਹਿਣ ਦਾ ਮਾਣ ਪ੍ਰਾਪਤ ਹੋਇਆ ਹੈ।ਉਨ੍ਹਾਂ ਦੱਸਿਆ ਕਿ ਮਨਿਸਟਰੀ ਆਫ਼ ਹੈਲਥ ਐਂਡ ਫੈਮਿਲੀ ਵੈੱਲਫੇਅਰ ਭਾਰਤ ਸਰਕਾਰ ਵੱਲੋਂ ਪੰਜਾਬ ਦੇ ਹਸਪਤਾਲਾਂ ਦਾ ਨਰੀਖਣ ਕੀਤਾ ਗਿਆ ਸੀ, ਜਿਸ ਵਿੱਚ ਹਸਪਤਾਲ ਅੰਦਰ ਸਵੱਛਤਾ, ਸਾਫ਼ ਸਫਾਈ ਤੇ ਇੰਫੈਕਸ਼ਨ ਕੰਟ੍ਰੋਲ ਤੋਂ ਇਲਾਵਾ ਮਰੀਜ਼ਾਂ ਨੂੰ ਹੋਰ ਸੁਵਿਧਾਵਾਂ ਦੇਣ ਵਿੱਚ ਗੁਣਵੱਤਾ ਵਿੱਚ ਸਫ਼ਲ ਰਿਹਾ ਹੈ।ਉਨ੍ਹਾਂ ਦੱਸਿਆ ਕਿ ਹਸਪਤਾਲ ਦੀ ਟੀਮ ਵੱਲੋਂ ਲੋਕਾਂ ਨੂੰ ਸਿਹਤ ਸੇਵਾਵਾਂ ਪ੍ਰਦਾਨ ਕਰਨ ਦੇ ਨਾਲ-ਨਾਲ ਵੱਖ-ਵੱਖ ਜਾਗਰੂਕਤਾ ਮੁਹਿੰਮਾਂ ਵੀ ਚਲਾਈਆਂ ਜਾ ਰਹੀਆਂ ਹਨ।ਇਸ ਮੌਕੇ ਹਸਪਤਾਲ ਦੇ ਐੱਸ ਐੱਮ ਓ ਡਾ. ਰਵੀ ਕਾਂਤ ਗੁਪਤਾ ਨੇ ਦੱਸਿਆ ਕਿ ਕਾਇਆ ਕਲਪ ਯੋਜਨਾ ਤਹਿਤ ਸਫ਼ਾਈ ਤੇ ਕਚਰਾ ਪ੍ਰਬੰਧਨ ਦੇ ਮਾਪਦੰਡਾਂ ਨੂੰ ਸਖ਼ਤੀ ਨਾਲ ਲਾਗੂ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਹਸਪਤਾਲ ਵਿੱਚ ਮਰੀਜ਼ਾਂ ਨੂੰ ਬਿਹਤਰ ਸਹੂਲਤਾਂ ਦੇਣ ਦੇ ਨਾਲ ਨਾਲ ਸਫ਼ਾਈ ਦੇ ਮਾਪਦੰਡਾਂ ਨੂੰ ਵੀ ਪੂਰਾ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਹਸਪਤਾਲ ਦੇ ਸਟਾਫ਼ ਨੇ ਬਹੁਤ ਮਿਹਨਤ ਤੇ ਲਗਨ ਨਾਲ ਕੰਮ ਕਰਦਿਆਂ ਇਹ ਉਪਲਬਧੀ ਹਾਸਲ ਕੀਤੀ ਹੈ।ਉਨ੍ਹਾਂ ਸਾਰੇ ਸਟਾਫ਼ ਮੈਂਬਰਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਅੱਗੇ ਵੀ ਇਸੇ ਤਰ੍ਹਾਂ ਮਿਹਨਤ ਜਾਰੀ ਰੱਖਣੀ ਚਾਹੀਦੀ ਹੈ।

## ਸੀ ਬੀ ਐੱਸ ਈ ਦਸਵੀਂ ਦੇ ਨਤੀਜਿਆਂ 'ਚ ਐਕਮੇ ਸਕੂਲ ਦਾ ਸ਼ਾਨਦਾਰ ਪ੍ਰਦਰਸ਼ਨ



**ਜਲਾਲਾਬਾਦ (ਬਲਵਿੰਦਰ ਸਿੰਘ)**-ਸੀਬੀਐੱਸਈ ਬੋਰਡ ਦੇ ਦਸਵੀਂ ਜਮਾਤ ਦੇ ਐਲਾਨੇ ਗਏ ਨਤੀਜਿਆਂ ਵਿੱਚ ਐਕਮੇ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ।ਸਕੂਲ ਦੇ ਕਈ ਵਿਦਿਆਰਥੀਆਂ ਨੇ ਉੱਚ ਅੰਕ ਪ੍ਰਾਪਤ ਕਰਕੇ ਆਪਣੀ ਮਿਹਨਤ ਤੇ ਲਗਨ ਦਾ ਸਾਬਿਤ ਕੀਤਾ ਹੈ।ਨਤੀਜਿਆਂ ਅਨੁਸਾਰ ਮਨਿੰਦਰ ਨੇ 95% ਅੰਕ ਹਾਸਲ ਕਰਕੇ ਪਹਿਲਾ ਸਥਾਨ ਪ੍ਰਾਪਤ ਕੀਤਾ, ਜਦਕਿ ਪਰੀਨਾਜ਼ ਨੇ 94% ਨਾਲ ਦੂਜਾ ਸਥਾਨ ਹਾਸਲ ਕੀਤਾ।ਅਰਸ਼ਦੀਪ ਕੌਰ ਨੇ 91% ਅੰਕ ਲੈ ਕੇ ਤੀਸਰਾ ਸਥਾਨ ਹਾਸਲ ਕੀਤਾ।ਇਸ ਤੋਂ ਇਲਾਵਾ ਅਰਪਨ ਜੋਤ ਨੇ 89%, ਸੁਮਿਤ ਕੁਮਾਰ ਨੇ 85%, ਈਸ਼ਮਨਪ੍ਰੀਤ ਕੌਰ ਤੇ ਮਹਿਕਪ੍ਰੀਤ ਕੌਰ ਨੇ 83-83% ਅੰਕ ਪ੍ਰਾਪਤ ਕੀਤੇ।ਹੋਰ ਵਿਦਿਆਰਥੀਆਂ ਵਿੱਚ ਸਨਮਪ੍ਰੀਤ ਸਿੰਘ, ਜੈਦੀਪ ਸਿੰਘ, ਸੰਯਮ ਤੇ ਖੁਸ਼ਪ੍ਰੀਤ ਕੌਰ ਨੇ 80% ਅੰਕ ਹਾਸਲ ਕੀਤੇ, ਜਦਕਿ ਰਜਨਵੀਰ ਕੌਰ ਨੇ 78% ਅੰਕ ਪ੍ਰਾਪਤ ਕੀਤੇ। ਅਰਾਧਿਆ, ਮੁਸਕਾਨ ਤੇ ਗੁਰਪ੍ਰੀਤ ਸਿੰਘ ਨੇ 75% ਅੰਕ ਪ੍ਰਾਪਤ ਕੀਤੇ।ਗੁਰਸ਼ਾਨਦੀਪ ਕੌਰ ਤੇ ਮਨਦੀਪ ਸਿੰਘ ਨੇ 74% ਅੰਕ ਹਾਸਲ ਕਰਕੇ ਵੀ ਵਧੀਆ ਪ੍ਰਦਰਸ਼ਨ ਕੀਤਾ।ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਡਾ. ਅਰੁਣਾ ਮਿੱਢਾ ਨੇ ਸਾਰੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਨਤੀਜੇ ਬੱਚਿਆਂ ਦੀ ਲਗਨ, ਅਧਿਆਪਕਾਂ ਦੀ ਮਿਹਨਤ ਤੇ ਮਾਪਿਆਂ ਦੇ ਸਹਿਯੋਗ ਦਾ ਨਤੀਜਾ ਹਨ।ਉਨ੍ਹਾਂ ਕਿਹਾ ਕਿ ਸਕੂਲ ਹਮੇਸ਼ਾ ਵਿਦਿਆਰਥੀਆਂ ਨੂੰ ਉੱਚ ਗੁਣਵੱਤਾ ਵਾਲੀ ਸਿੱਖਿਆ ਦੇਣ ਲਈ ਵਚਨਬੱਧ ਹੈ ਤੇ ਅਗਾਂਹ ਵੀ ਇਹ ਸਿਲਸਿਲਾ ਜਾਰੀ ਰਹੇਗਾ।ਉਨ੍ਹਾਂ ਨੇ ਉਮੀਦ ਜਤਾਈ ਕਿ ਇਹ ਵਿਦਿਆਰਥੀ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਸਫਲਤਾਵਾਂ ਹਾਸਲ ਕਰਦੇ ਹੋਏ ਆਪਣੇ ਮਾਪਿਆਂ ਤੇ ਸਕੂਲ ਦਾ ਨਾਮ ਰੌਸ਼ਨ ਕਰਨਗੇ।

# ਝਾੜ ਸਾਹਿਬ ਕਾਲਜ ਵਿਖੇ 'ਵਿਜ਼ਨ ਆਫ਼ ਰਾਗ' ਵਿਸ਼ੇ 'ਤੇ ਲੈਕਚਰ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਪ੍ਰਬੰਧ ਅਧੀਨ ਚੱਲ ਰਹੀ ਇਲਾਕੇ ਦੀ ਸਿਰਮੌਰ ਸੰਸਥਾ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫ਼ਾਰ ਵਿਮੈਨ, ਝਾੜ ਸਾਹਿਬ ਦੇ ਭਾਈ ਮਰਦਾਨਾ ਸੰਗੀਤ ਗਾਇਨ ਵਿਭਾਗ 'ਚ 'ਵਿਜ਼ਨ ਆਫ਼ ਰਾਗ' ਵਿਸ਼ੇ 'ਤੇ ਲੈਕਚਰ-ਕਮ-ਡੈਮੋਨਸਟਰੇਸ਼ਨ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਬਨਾਰਸ ਘਰਾਣੇ ਦੇ ਪ੍ਰਤਿਭਾਸ਼ਾਲੀ ਤੇ ਉਭਰਦੇ ਸ਼ਾਸਤਰੀ ਗਾਇਕ ਸਿਮਰਨ ਏਦਨ ਨੇ ਵਿਸ਼ਾ ਮਾਹਰ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਸੰਗੀਤ 'ਚ ਰੁਚੀ ਰੱਖਣ ਵਾਲੇ ਵਿਦਿਆਰਥੀਆਂ ਨਾਲ ਰਾਗ ਦੀ ਸਮਝ, ਰਾਗ ਦੇ ਭਾਵਾਤਮਕ ਪੱਖ, ਰਾਗ ਨੂੰ ਪੇਸ਼ ਕਰਨ ਦੀ ਸੁੰਦਰ ਤਕਨੀਕ, ਅਲਾਪ ਤੇ ਤਾਨ ਦੀਆਂ ਵਿਧੀਆਂ ਬਾਰੇ ਜਾਣਕਾਰੀ ਸਾਂਝੀ ਕਰਦੇ ਹੋਏ ਉਨ੍ਹਾਂ ਵਿਦਿਆਰਥੀਆਂ ਨੂੰ ਗੁਰੂ ਤੋਂ ਪ੍ਰਤੱਖ ਰੂਪ 'ਚ ਸੰਗੀਤ ਦੀ ਸਿੱਖਿਆ ਲੈਣ ਦੇ ਮਹੱਤਵ ਬਾਰੇ ਦੱਸਿਆ। ਉਨ੍ਹਾਂ ਵਿਦਿਆਰਥੀਆਂ ਨੂੰ ਰਾਗ ਬਿਲਾਵਲ, ਰਾਗ ਸਾਰੰਗ ਤੇ ਰਾਗ ਮਲਾਹਰ ਦੀਆਂ ਦਰੁੱਤ ਖਿਆਲ 'ਚ ਵੱਖ-ਵੱਖ ਬੰਦਿਸ਼ਾਂ ਦੀ ਬਹੁਤ ਖੂਬਸੂਰਤ ਤੇ ਰੌਚਕ ਰੂਪ ਵਿਚ ਪੇਸ਼ਕਾਰੀ ਕੀਤੀ। ਕਾਲਜ ਪ੍ਰਿੰਸੀਪਲ ਡਾ. ਰਜਿੰਦਰ ਕੌਰ ਨੇ ਇਸ ਵਿਸ਼ੇਸ਼ ਗਤੀਵਿਧੀ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜੋਕੇ ਸਮੇਂ 'ਚ ਜਿੱਥੇ ਜ਼ਿੰਦਗੀ ਦੀ ਰਫਤਾਰ ਬਹੁਤ ਤੇਜ਼ ਹੋ ਚੁੱਕੀ ਹੈ ਤੇ ਅਸੀਂ ਮਾਨਸਿਕ ਤੌਰ 'ਤੇ ਜ਼ਰੂਰਤ ਨਾਲੋਂ ਜ਼ਿਆਦਾ ਰੁੱਝ ਗਏ ਹਾਂ, ਉੱਥੇ ਵਿਦਿਆਰਥੀਆਂ ਦੇ ਮਨਾਂ 'ਚ ਸਥਿਰਤਾ ਲਿਆਉਣ ਲਈ ਸੰਗੀਤ ਇੱਕ ਬਿਹਤਰੀਨ ਸਾਧਨ ਹੈ। ਇਸ ਤੋਂ ਇਲਾਵਾ ਸ਼ਾਸਤਰੀ ਸੰਗੀਤ ਸਾਡੀ ਸੰਸਕ੍ਰਿਤੀ ਦਾ ਅਟੁੱਟ ਹਿੱਸਾ ਹੈ। ਕਾਲਜ ਦੇ ਸਮਾਜ ਸ਼ਾਸਤਰ ਵਿਭਾਗ ਦੇ ਮੁਖੀ ਡਾ. ਸੁਨੀਤਾ ਕੌਸ਼ਲ ਨੇ ਸਿਮਰਨ ਏਦਨ ਦਾ ਧੰਨਵਾਦ ਕੀਤਾ ਤੇ ਨਾਲ ਹੀ ਵਿਭਾਗ ਦੇ ਮੁਖੀ ਡਾ. ਅਮਨਪ੍ਰੀਤ ਕੌਰ ਕੰਗ ਨੂੰ ਇਸ ਸੰਗੀਤਮਈ ਪ੍ਰੋਗਰਾਮ ਦੇ ਆਯੋਜਨ ਲਈ ਮੁਬਾਰਕਬਾਦ ਦਿੱਤੀ।

ਉਨ੍ਹਾਂ ਸਵਰਕ੍ਰਿਤੀ ਸਕੂਲ ਆਫਮਿਊਜ਼ਿਕ ਸਮਰਾਲਾ ਦੇ ਡਾਇਰੈਕਟਰ ਡਾ. ਗਵੀਸ਼ ਦਾ ਇਸ ਮੌਕੇ ਪਹੁੰਚਣ 'ਤੇ ਵਿਸ਼ੇਸ਼ ਰੂਪ 'ਚ ਧੰਨਵਾਦ ਕੀਤਾ।

# ਅੱਗ ਲੱਗਣ ਨਾਲ ਡੇਢ ਏਕੜ ਕਣਕ ਤੇ 10 ਏਕੜ ਨਾੜ ਸੜਿਆ

■ ਬਿਜਲੀ ਦੀਆਂ ਢਿੱਲੀਆਂ ਤਾਰਾਂ ਹਾਦਸਿਆਂ ਦਾ ਮੁੱਖ ਕਾਰਨ, ਪੀੜਤ ਕਿਸਾਨਾਂ ਲਈ ਮੁਆਵਜ਼ੇ ਦੀ ਮੰਗ



**ਭਵਾਨੀਗੜ੍ਹ (ਰਾਜ ਖੁਰਮੀ)**

ਨੇੜਲੇ ਪਿੰਡ ਸਕਰੌਦੀ ਵਿੱਚ ਸ਼ਨੀਵਾਰ ਸਵੇਰੇ ਖੇਤਾਂ ਵਿੱਚ ਲੱਗੀ ਭਿਆਨਕ ਅੱਗ ਕਾਰਨ ਵੱਡਾ ਮਾਲੀ ਨੁਕਸਾਨ ਹੋਣ ਦੀ ਖਬਰ ਸਾਹਮਣੇ ਆਈ ਹੈ।ਇਸ ਅੱਗ ਦੀ ਲਪੇਟ ਵਿੱਚ ਆਉਣ ਨਾਲ ਇੱਕ ਕਿਸਾਨ ਦੀ ਕਰੀਬ ਡੇਢ ਏਕੜ ਪੱਕੀ ਕਣਕ ਦੀ ਫ਼ਸਲ ਤੇ ਤਿੰਨ ਹੋਰ ਕਿਸਾਨਾਂ ਦਾ ਲਗਭਗ 10 ਏਕੜ ਕਣਕ ਦਾ ਨਾੜ ਸੜ ਕੇ ਸੁਆਹ ਹੋ ਗਿਆ।ਪੀੜਤ ਕਿਸਾਨ ਅਰਸ਼ਦੀਪ ਸਿੰਘ ਨੇ ਦੱਸਿਆ ਕਿ ਉਸ ਨੇ ਠੇਕੇ 'ਤੇ ਜ਼ਮੀਨ ਲੈ ਕੇ ਬੜੀ ਮਿਹਨਤ ਨਾਲ ਕਣਕ ਦੀ ਬਿਜਾਈ ਕੀਤੀ ਸੀ।ਸ਼ਨੀਵਾਰ ਸਵੇਰੇ ਜਦੋਂ ਕੰਬਾਈਨ ਨਾਲ ਕਟਾਈ ਦਾ ਕੰਮ ਚੱਲ ਰਿਹਾ ਸੀ, ਤਾਂ ਅਚਾਨਕ ਖੇਤਾਂ ਵਿੱਚ ਅੱਗ ਭੜਕ ਉੱਠੀ।ਤੇਜ਼ ਹਵਾਵਾਂ ਕਾਰਨ ਅੱਗ ਨੇ ਕੁਝ ਹੀ ਸਮੇਂ ਵਿੱਚ ਵੱਡੇ ਖੇਤਰ ਨੂੰ ਆਪਣੀ ਲਪੇਟ ਵਿੱਚ ਲੈ ਲਿਆ।

ਘਟਨਾ ਦੀ ਸੂਚਨਾ ਮਿਲਦਿਆਂ ਹੀ ਪਿੰਡ ਵਿੱਚ ਅਨਾਊਂਸਮੈਂਟ ਕਰਵਾਈ ਗਈ ਤੇ ਫਾਇਰ ਬ੍ਰਿਗੇਡ ਨੂੰ ਬੁਲਾਇਆ ਗਿਆ।ਪਿੰਡ ਵਾਸੀਆਂ ਨੇ ਇਕੱਠੇ ਹੋ ਕੇ ਤੇ ਫਾਇਰ ਬ੍ਰਿਗੇਡ ਦੀ ਮਦਦ ਨਾਲ ਕਾਫ਼ੀ ਜੱਦੋ-ਜਹਿਦ ਤੋਂ ਬਾਅਦ ਅੱਗ 'ਤੇ ਕਾਬੂ ਪਾਇਆ, ਜਿਸ ਨਾਲ ਆਲੇ-ਦੁਆਲੇ ਦੀ ਹੋਰ ਫ਼ਸਲ ਬਚ ਗਈ।ਇਸ ਦੌਰਾਨ ਕਿਸਾਨ ਆਗੂ ਦਵਿੰਦਰ ਸਿੰਘ ਸਕਰੌਦੀ ਤੇ ਪੂਰਨ ਸਿੰਘ ਗਰੇਵਾਲ ਨੇ ਮੌਕੇ ਦਾ ਦੌਰਾ ਕਰਦੇ ਹੋਏ ਦੋਸ਼ ਲਗਾਇਆ ਕਿ ਖੇਤਾਂ ਵਿੱਚੋਂ ਲੰਘਦੀਆਂ ਬਿਜਲੀ ਦੀਆਂ ਢਿੱਲੀਆਂ ਤਾਰਾਂ ਕਾਰਨ ਅਜਿਹੇ ਹਾਦਸੇ ਵਾਪਰਦੇ ਰਹਿੰਦੇ ਹਨ।ਉਨ੍ਹਾਂ ਕਿਹਾ ਕਿ ਵਿਭਾਗ ਦੀ ਲਾਪ੍ਰਵਾਹੀ ਦਾ ਖ਼ਮਿਆਜ਼ਾ ਕਿਸਾਨਾਂ ਨੂੰ ਭੁਗਤਣਾ ਪੈਂਦਾ ਹੈ।ਕਿਸਾਨ ਆਗੂਆਂ ਨੇ ਸਰਕਾਰ ਤੇ ਸੰਬੰਧਤ ਵਿਭਾਗ ਤੋਂ ਮੰਗ ਕੀਤੀ ਹੈ ਕਿ ਪੀੜਤ ਕਿਸਾਨਾਂ ਨੂੰ ਤੁਰੰਤ ਯੋਗ ਮੁਆਵਜ਼ਾ ਦਿੱਤਾ ਜਾਵੇ ਤੇ ਭਵਿੱਖ ਵਿੱਚ ਅਜਿਹੀਆਂ ਘਟਨਾਵਾਂ ਨੂੰ ਰੋਕਣ ਲਈ ਬਿਜਲੀ ਪ੍ਰਬੰਧਨ ਨੂੰ ਸੁਧਾਰਿਆ ਜਾਵੇ।

## ਗੁਰੂ ਨਾਨਕ ਮਾਡਲ ਸਕੂਲ ਦਾ ਦਸਵੀਂ ਦਾ ਨਤੀਜਾ ਸ਼ਾਨਦਾਰ ਰਿਹਾ



**ਦੋਰਾਹਾ (ਹਰਮਿੰਦਰ ਸੇਠ)**-ਗੁਰੂ ਨਾਨਕ ਮਾਡਲ ਸੀਨੀਅਰ ਸੈਕੰਡਰੀ ਸਕੂਲ ਦੋਰਾਹਾ ਦਾ ਸੀ.ਬੀ.ਐੱਸ.ਈ. ਬੋਰਡ ਨਵੀਂ ਦਿੱਲੀ ਵੱਲੋਂ ਐਲਾਨਿਆ ਗਿਆ ਦਸਵੀਂ ਜਮਾਤ ਦਾ ਨਤੀਜਾ ਬਹੁਤ ਹੀ ਸ਼ਾਨਦਾਰ ਰਿਹਾ।ਸਕੂਲ ਦੇ ਦਸਵੀਂ ਜਮਾਤ ਦੇ ਕੁੱਲ 155 ਵਿਦਿਆਰਥੀਆਂ ਵਿੱਚੋਂ ਤਨਜੋਤ ਕੌਰ ਨੇ 98 ਫੀਸਦੀ ਅੰਕ, ਸੁਸ਼ਾਂਤ ਸਿੰਘ ਰਾਣਾ ਤੇ ਜਪਨੀਤ ਕੌਰ ਨੇ 96.8 ਫੀਸਦੀ ਅੰਕ, ਅਭਿਨਿਊ ਨੇ 95.8 ਫੀਸਦੀ ਅੰਕ, ਸੰਜਨਾ ਕੁਸ਼ਵਾਹਾ ਨੇ 93.6 ਫੀਸਦੀ ਅੰਕ, ਲਵੰਨਿਆ ਸ਼ਰਮਾ ਨੇ 93.4 ਫੀਸਦੀ ਅੰਕ, ਸ਼ਾਈਨਪ੍ਰੀਤ ਕੌਰ ਨੇ 93.2 ਫੀਸਦੀ, ਮੰਯਕ ਸ੍ਰੀ ਭਕਤਾ ਨੇ 92.6 ਫੀਸਦੀ ਅੰਕ, ਕੋਮਲਪ੍ਰੀਤ ਕੌਰ ਨੇ 91.2 ਫੀਸਦੀ ਅੰਕ, ਨੇਹਾ ਨੇ 91 ਫੀਸਦੀ ਅੰਕ, ਗੁਰਨੂਰ ਕੌਰ ਨੇ 90.4 ਫੀਸਦੀ ਅੰਕ ਤੇ ਅਨਮੋਲਦੀਪ ਸਿੰਘ ਨੇ 90.2 ਫੀਸਦੀ ਅੰਕ ਪ੍ਰਾਪਤ ਕਰਕੇ ਆਪਣੇ ਸਕੂਲ, ਮਾਤਾ-ਪਿਤਾ, ਅਧਿਆਪਕਾਂ ਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ।ਇਸ ਤੋਂ ਇਲਾਵਾ ਵਿਦਿਆਰਥੀਆਂ ਨੇ ਅਲੱਗ-ਅਲੱਗ ਵਿਸ਼ਿਆਂ ਵਿੱਚੋਂ ਵਧੀਆ ਅੰਕ ਪ੍ਰਾਪਤ ਕੀਤੇ।ਇਸ ਮੌਕੇ ਸਕੂਲ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਪ੍ਰਤਾਪ ਸਿੰਘ ਬਰਾੜ ਤੇ ਸਕੂਲ ਡਾਇਰੈਕਟਰ ਰੁਪਿੰਦਰ ਕੌਰ ਬਰਾੜ ਨੇ ਹੋਣਹਾਰ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਸ਼ਾਨਦਾਰ ਨਤੀਜਿਆਂ ਲਈ ਵਧਾਈ ਦਿੰਦੇ ਹੋਏ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।ਇਸ ਤੋਂ ਇਲਾਵਾ ਮੀਤ ਪ੍ਰਧਾਨ ਪਵਿੱਤਰਪਾਲ ਸਿੰਘ ਪਾਂਗਲੀ ਤੇ ਸਮੂਹ ਕਮੇਟੀ ਮੈਂਬਰਾਂ ਨੇ ਸਕੂਲ ਪ੍ਰਿੰਸੀਪਲ ਡੀ. ਪੀ. ਠਾਕੁਰ, ਸਮੂਹ ਸਟਾਫ, ਮਾਤਾ-ਪਿਤਾ ਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਤੇ ਸ਼ਲਾਘਾ ਕੀਤੀ।

# ਵਾਰਡ ਨੰਬਰ 11 'ਚ 68.72 ਲੱਖ ਰੁਪਏ ਦੇ ਵਿਕਾਸ ਕਾਰਜਾਂ ਦੀ ਓ ਐੱਸ ਡੀ ਨੇ ਕਰਵਾਈ ਸ਼ੁਰੂਆਤ

ਧੂਰੀ ਸ਼ਹਿਰ ਦੇ ਸਾਰੇ ਵਾਰਡਾਂ 'ਚ ਵਿਕਾਸ ਕਾਰਜ ਜੰਗੀ ਪੱਧਰ 'ਤੇ ਜਾਰੀ : ਸੁਖਵੀਰ ਸਿੰਘ



**ਧੂਰੀ (ਮੋਹਿਤ ਗਰਗ, ਬਿੰਨੀ ਗਰਗ)**-ਧੂਰੀ ਸ਼ਹਿਰ ਦੇ ਸਮੁੱਚੇ ਵਿਕਾਸ ਨੂੰ ਨਵੀਂ ਰਫ਼ਤਾਰ ਦਿੰਦਿਆਂ ਵਾਰਡ ਨੰਬਰ 11 ਵਿੱਚ ਲਗਭਗ 68.72 ਲੱਖ ਰੁਪਏ ਦੀ ਲਾਗਤ ਨਾਲ ਹੋਣ ਵਾਲੇ ਵਿਕਾਸ ਕਾਰਜਾਂ ਦੀ ਸ਼ੁਰੂਆਤ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓਐੱਸਡੀ ਸੁਖਵੀਰ ਸਿੰਘ ਵੱਲੋਂ ਕਰਵਾਈ ਗਈ।ਇਸ ਮੌਕੇ ਉਨ੍ਹਾਂ ਨਾਲ ਮੈਂਬਰ ਵਕਫ਼ ਬੋਰਡ ਡਾ. ਅਨਵਰ ਭਸੌੜ, ਪੰਜਾਬ ਗਊ ਸੇਵਾ ਕਮਿਸ਼ਨ ਦੇ ਚੇਅਰਮੈਨ ਅਸ਼ੋਕ ਲੱਖਾ, ਸਤਿੰਦਰ ਸਿੰਘ ਚੱਠਾ, ਪੁਸ਼ਪਿੰਦਰ ਸ਼ਰਮਾ,ਐਡਵੋਕੇਟ ਹੈਪੀ ਗਰਗ, ਸੰਦੀਪ ਬਾਂਸਲ ਮੌਜੂਦ ਸਨ।ਕਾਰਜਾਂ ਦੀ ਸ਼ੁਰੂਆਤ ਮੌਕੇ ਸੰਬੋਧਨ ਕਰਦਿਆਂ ਓਐੱਸਡੀ ਸੁਖਵੀਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਹਕੀਕੀ ਰੂਪ ਦਿੱਤਾ ਜਾ ਰਿਹਾ ਹੈ ਤੇ ਧੂਰੀ ਹਲਕੇ ਦੇ ਹਰ ਵਾਰਡ ਵਿੱਚ ਬਿਨਾਂ ਕਿਸੇ ਭੇਦਭਾਵ ਦੇ ਵਿਕਾਸ ਕਾਰਜ ਜੰਗੀ ਪੱਧਰ 'ਤੇ ਜਾਰੀ ਹਨ।ਉਨ੍ਹਾਂ ਦੱਸਿਆ ਕਿ ਵਾਰਡ ਨੰਬਰ 11 ਵਿੱਚ 8 ਗਲੀਆਂ ਬਣਾਉਣ ਦਾ ਕੰਮ ਸ਼ੁਰੂ ਕੀਤਾ ਗਿਆ ਹੈ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਧੂਰੀ ਹਲਕੇ ਦੇ ਵਿਕਾਸ ਲਈ ਖੁੱਲ੍ਹੀਆਂ ਗ੍ਰਾਂਟਾਂ ਜਾਰੀ ਕੀਤੀਆਂ ਗਈਆਂ ਹਨ, ਜਿਸ ਨਾਲ ਇਲਾਕੇ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਬਣਾਉਣ ਲਈ ਵੱਡੇ ਪੱਧਰ 'ਤੇ ਪ੍ਰੋਜੈਕਟ ਚਲਾਏ ਜਾ ਰਹੇ ਹਨ।ਉਨ੍ਹਾਂ ਦੱਸਿਆ ਕਿ ਇਹ ਫੰਡ ਲੋਕਾਂ ਦੀਆਂ ਲੰਬੇ ਸਮੇਂ ਤੋਂ ਚੱਲ ਰਹੀਆਂ ਸਮੱਸਿਆਵਾਂ ਦਾ ਸਥਾਈ ਹੱਲ ਲੱਭਣ ਵਿੱਚ ਮਦਦਗਾਰ ਸਾਬਤ ਹੋ ਰਹੇ ਹਨ।

# ਪੀ ਆਰ ਟੀ ਸੀ ਪੈਨਸ਼ਨਰਜ਼ ਐਸੋਸੀਏਸ਼ਨ ਦੀ ਮੈਨੇਜਮੈਂਟ ਨਾਲ ਮੀਟਿੰਗ

ਰਹਿੰਦੇ ਬਕਾਏ ਜਲਦ ਦੇਣ ਲਈ ਹੋਈ ਸਹਿਮਤੀ, ਪੈਨਸ਼ਨ ਹਰ ਮਹੀਨੇ ਦੀ ਪੰਜ ਤਰੀਕ ਤੱਕ ਪਾਉਣ ਦਾ ਭਰੋਸਾ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੀ ਆਰ ਟੀਸੀ ਦੀ ਪੈਨਸ਼ਨਰਜ਼ ਐਸੋਸੀਏਸ਼ਨ ਦੀ ਕੇਂਦਰੀ ਟੀਮ ਦੇ ਨੁਮਾਇੰਦਿਆਂ, ਜਿਨ੍ਹਾਂ ਵਿੱਚ ਕੇਂਦਰੀ ਬਾਡੀ ਦੇ ਵਾਈਸ ਚੇਅਰਮੈਨ ਬਚਿੱਤਰ ਸਿੰਘ, ਸੂਬਾ ਪ੍ਰਧਾਨ ਭਗਵੰਤ ਸਿੰਘ ਕੰਗਣਵਾਲ, ਸਕੱਤਰ ਜਨਰਲ ਹਰੀ ਸਿੰਘ ਚਮਕ ਤੇ ਕੈਸ਼ੀਅਰ ਅਮੋਲਕ ਸਿੰਘ ਸ਼ਾਮਲ ਸਨ, ਦੀ ਮੀਟਿੰਗ ਮਾਨਯੋਗ ਚੇਅਰਮੈਨ ਸਾਹਿਬ ਤੇ ਐੱਮ ਡੀ ਸਾਹਿਬ ਨਾਲ ਬੜੇ ਹੀ ਸੁਖਾਵੇਂ ਮਾਹੌਲ ਵਿੱਚ ਹੋਈ, ਜਿਸ ਵਿੱਚ ਰਹਿੰਦੇ ਬਕਾਇਆਂ ਬਾਰੇ ਖੁੱਲ੍ਹ ਕੇ ਵਿਚਾਰ ਵਟਾਂਦਰਾ ਹੋਇਆ। ਮਹੀਨਾਵਾਰ ਪੈਨਸ਼ਨ ਹਰੇਕ ਮਹੀਨੇ ਦੀ 10 ਤਰੀਕ ਤੋਂ ਪਹਿਲਾਂ ਪਹਿਲਾਂ ਮੈਨੇਜਮੈਂਟ ਨੇ ਪਾ ਦੇਣ ਲਈ ਕਿਹਾ, ਪ੍ਰੰਤੂ ਐਸੋਸੀਏਸ਼ਨ ਦੇ ਨੁਮਾਇੰਦਿਆਂ ਦੇ ਜ਼ੋਰ ਪਾਉਣ 'ਤੇ ਮੈਨੇਜਮੈਂਟ ਨੇ ਹਰ ਮਹੀਨੇ ਦੀ ਪੰਜ ਤਰੀਕ ਤੱਕ ਪੈਨਸ਼ਨ ਪਾਉਣ ਲਈ ਸਹਿਮਤੀ ਦੇ ਦਿੱਤੀ।

ਰਹਿੰਦੇ ਬਕਾਇਆਂ ਬਾਰੇ ਐੱਮ ਡੀ ਸਾਹਿਬ ਤੇ ਚੇਅਰਮੈਨ ਸਾਹਿਬ ਨੇ ਕਿਹਾ ਕਿ ਛੇ ਮਹੀਨੇ ਦੇ ਮੈਡੀਕਲ ਬਿਲਾਂ ਦੇ ਬਕਾਇਆਂ ਦੀ ਅਦਾਇਗੀ ਹੁਣੇ ਹੀ ਕਰ ਦਿੱਤੀ ਜਾਵੇਗੀ ਤੇ 2016 ਦੇ ਪੇ-ਕਮਿਸ਼ਨ ਦੇ ਗਰੇਡਾਂ ਦੇ ਬਕਾਇਆਂ ਦੀ ਵੀ ਅਦਾਇਗੀ ਜਲਦੀ ਹੀ ਇਸੇ ਪੈਨਸ਼ਨ ਦੇ ਨਾਲ ਸ਼ੁਰੂ ਕਰ ਦਿੱਤੀ ਜਾਵੇਗੀ।ਬਾਕੀ ਨਵੇਂ ਰਿਟਾਰੀਆਂ ਦੇ ਬਕਾਏ ਗ੍ਰੈਚੁਟੀ ਤੇ ਲੀਵ ਇਨਕੈਸ਼ਮੈਂਟ ਅਤੇ ਹੋਰ ਫੁਟਕਲ ਬਕਾਏ, ਜਿਨ੍ਹਾਂ ਦੀ ਡਿਮਾਂਡ ਮੁੱਖ ਦਫਤਰ ਵਿਖੇ ਆਈ ਹੋਈ ਹੈ, ਲਗਭਗ ਦੋ ਕਰੋੜ ਰੁਪਏ ਦੀ ਰਕਮ ਬਣਦੀ ਹੈ, ਮੈਨੇਜਮੈਂਟ ਨੇ ਇਸ ਰਕਮ ਦੀ ਅਦਾਇਗੀ ਵੀ ਜਲਦੀ ਕਰਨ ਲਈ ਸਹਿਮਤੀ ਦੇ ਦਿੱਤੀ ਹੈ।ਐੱਮ ਡੀ ਅੱਗੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਅੱਜ ਹੀ ਪੀ ਆਰ ਟੀ ਸੀ ਲਈ 150 ਨਵੀਆਂ ਮਿੰਨੀ ਬੱਸਾਂ ਦੇ ਆਰਡਰ ਕਰ ਰਹੇ ਹਾਂ।ਕੁਝ ਹੀ ਦਿਨਾਂ ਵਿੱਚ 309 ਵੱਡੀਆਂ ਬੱਸਾਂ ਦੇ ਆਰਡਰ ਵੀ ਕੀਤੇ ਜਾ ਰਹੇ ਹਨ।

## ਨਨਕਾਣਾ ਸਾਹਿਬ ਸਕੂਲ ਰਾਮਪੁਰ ਦਾ ਨਤੀਜਾ ਸ਼ਾਨਦਾਰ

**ਸਮਰਾਲਾ (ਸੁਰਜੀਤ ਸਿੰਘ)**-ਸੀ ਬੀ ਐੱਸ ਈ ਬੋਰਡ ਵੱਲੋਂ ਐਲਾਨ ਕੀਤੇ ਗਏ ਸਾਲ 2025-26 ਦੇ ਦਸਵੀਂ ਦੇ ਨਤੀਜੇ ਵਿੱਚ ਨਨਕਾਣਾ ਸਾਹਿਬ ਪਬਲਿਕ ਸੀਨੀ. ਸੈਕੰ. ਸਕੂਲ ਦਾ ਨਤੀਜਾ ਸ਼ਾਨਦਾਰ ਰਿਹਾ। ਇਸ ਬਾਰੇ ਖ਼ੁਸ਼ੀ ਜ਼ਾਹਰ ਕਰਦਿਆਂ ਪ੍ਰਿੰਸੀਪਲ ਜਸਵਿੰਦਰ ਸਿੰਘ ਨੇ ਦੱਸਿਆ 10ਵੀਂ ਜਮਾਤ 'ਚੋਂ ਜਸ਼ਨਮੀਤ ਸਿੰਘ 95.6% ਅੰਕ ਲੈ ਕੇ ਪਹਿਲਾ, ਗੁਰਲੀਨ ਕੌਰ ਨੇ 95.2%, ਨਾਲ ਦੂਸਰਾ, ਅਨਮੋਲਪ੍ਰੀਤ ਕੌਰ 93.6% ਅੰਕਾਂ ਨਾਲ ਤੀਸਰਾ ਤੇ ਕ੍ਰਮਵਾਰ ਬਲਵੀਨ ਕੌਰ 93.2% ਤੇ ਜਪਜੋਤ ਸਿੰਘ ਨੇ 91.6% ਅੰਕ ਲੈ ਕੇ ਸਕੂਲ ਤੇ ਆਪਣੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ।ਇਸ ਮੌਕੇ ਸਕੂਲ ਪ੍ਰਿੰਸੀਪਲ ਤੇ ਸਕੂਲ ਸਟਾਫ਼ ਵੱਲੋਂ ਵਧੀਆ ਅੰਕ ਲੈਣ ਵਾਲੇ ਬੱਚਿਆਂ ਨੂੰ ਸਨਮਾਨਤ ਕੀਤਾ।ਇਸ ਮੌਕੇ ਪ੍ਰਿੰਸੀਪਲ ਜਸਵਿੰਦਰ ਸਿੰਘ ਤੇ ਸਕੂਲ ਪ੍ਰਸ਼ਾਸਕ ਤੇ ਡਾਇਰੈਕਟਰ ਨਨਕਾਣਾ ਸਾਹਿਬ ਐਜੂਕੇਸ਼ਨ ਟਰੱਸਟ ਇਕਬਾਲ ਸਿੰਘ ਨੇ ਵਿਦਿਆਰਥੀਆਂ, ਅਧਿਆਪਕਾਂ ਤੇ ਮਾਪਿਆਂ ਨੂੰ ਵਧਾਈਆਂ ਦਿੰਦੇ ਹੋਏ ਬੱਚਿਆਂ ਦੇ ਸੁਨਹਿਰੀ ਭਵਿੱਖ ਲਈ ਸ਼ੁਭ-ਕਾਮਨਾਵਾਂ ਦਿੱਤੀਆਂ।

# ਮਹਿਫ਼ਿਲ-ਏ-ਅਦੀਬ ਦੀ ਇਕੱਤਰਤਾ 'ਚ ਵਿਛੜੀਆਂ ਰੂਹਾਂ ਨੂੰ ਦਿੱਤੀ ਸ਼ਰਧਾਂਜਲੀ



**ਜਗਰਾਉਂ (ਸੰਜੀਵ ਅਰੋੜਾ)**-ਮਹਿਫ਼ਿਲ-ਏ-ਅਦੀਬ ਜਗਰਾਉਂ ਦੀ ਮਹੀਨਾਵਾਰ ਇਕੱਤਰਤਾ ਪ੍ਰਧਾਨ ਜਗਦੀਸ਼ ਪਾਲ ਮਹਿਤਾ ਦੀ ਪ੍ਰਧਾਨਗੀ ਹੇਠ ਜਗਰਾਉਂ ਵਿਖੇ ਹੋਈ, ਜਿਸ ਵਿੱਚ ਸਾਬਕਾ ਏ. ਡੀ. ਸੀ. ਗਰਚਰਨ ਸਿੰਘ ਸੰਧੂ, ਸਾਬਕਾ ਡਿਪਟੀ ਡਾਇਰੈਕਟਰ ਡਾ. ਬਲਦੇਵ ਸਿੰਘ, ਨਾਵਲਕਾਰ ਜਸਵਿੰਦਰ ਸਿੰਘ ਛਿੰਦਾ ਦੇਹੜਕੇ, ਪ੍ਰਿੰ. ਸਤਨਾਮ ਸਿੰਘ ਸਰਾਂ, ਕਾਨਤਾ ਦੇਵੀ, ਚਰਨਜੀਤ ਕੌਰ ਗਰੇਵਾਲ, ਕੈਪਟਨ ਪੂਰਨ ਸਿੰਘ ਗਗੜਾ ਸ਼ਾਮਲ ਹੋਏ। ਸਭਾ ਦੀ ਕਾਰਵਾਈ ਚਲਾਉਂਦਿਆਂ ਜਨਰਲ ਸਕੱਤਰ ਜਸਵਿੰਦਰ ਸਿੰਘ ਛਿੰਦਾ ਨੇ ਸਭ ਤੋਂ ਪਹਿਲਾਂ ਇਕ ਧਾਰਮਿਕ ਯਾਤਰਾ ਦੌਰਾਨ ਜਗਰਾਉਂ ਵਾਸੀਆਂ ਦੀ ਹੋਈ ਸਮੂਹਕ ਮੌਤ ਤੇ ਬਾਲੀਵੁੱਡ ਦੀ ਮਸ਼ਹੂਰ ਪਿੱਠਵਰਤੀ ਗਾਇਕਾ ਆਸ਼ਾ ਭੋਂਸਲੇ ਦੀ ਮੌਤ 'ਤੇ ਗਹਿਰੇ ਦੁੱਖ ਦਾ ਇਜ਼ਹਾਰ ਕਰਦਿਆਂ ਇਕ ਮਿੰਟ ਦਾ ਮੋਨ ਧਾਰ ਕੇ ਮ੍ਰਿਤਕਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਇਸ ਉਪਰੰਤ ਮਹਿਫ਼ਿਲ ਦੀ ਪੜਚੋਲ ਸਬੰਧੀ ਵਿਚਾਰ ਚਰਚਾ ਹੋਈ ਤੇ ਫਿਰ ਰਚਨਾਵਾ ਦੇ ਦੌਰ ਦੌਰਾਨ ਕੈਪਟਨ ਪੂਰਨ ਸਿੰਘ ਗਗੜਾ, ਕਾਨਤਾ ਦੇਵੀ, ਚਰਨਜੀਤ ਕੌਰ ਗਗੜਾ, ਪ੍ਰਿੰ. ਸਤਨਾਮ ਸਿੰਘ ਸਰਾਂ, ਹਰਚਰਨ ਸਿੰਘ ਸੰਧੂ, ਡਾ. ਬਲਦੇਵ ਸਿੰਘ, ਜਸਵਿੰਦਰ ਸਿੰਘ ਛਿੰਦਾ ਨੇ ਆਪੋ ਆਪਣੀਆਂ ਰਚਨਾਵਾਂ ਰਾਹੀਂ ਹਾਜ਼ਰੀ ਲਵਾਈ। ਅੰਤ ਵਿੱਚ ਪ੍ਰਧਾਨ ਜਗਦੀਸ਼ਪਾਲ ਮਹਿਤਾ ਨੇ ਆਪਣੇ ਗੀਤ 'ਉਹ ਦਿਨ ਆਉਣੇ 'ਨੀਂ ਦੁਬਾਰਾ ਮਿੱਤਰੋ' ਸੁਣਾ ਕੇ ਹਾਜ਼ਰੀ ਭਰੀ ਤੇ ਸਮੂਹ ਅਦੀਬਾਂ ਦਾ ਧੰਨਵਾਦ ਕੀਤਾ।

## ਪੰਜਾਬੀ ਯੂਨੀਵਰਸਿਟੀ ਦੇ ਵੀ ਸੀ ਵੱਲੋਂ ਤਲਵੰਡੀ ਸਾਬੋ ਕੈਂਪਸ ਦਾ ਦੌਰਾ




**ਤਲਵੰਡੀ ਸਾਬੋ (ਜਗਦੀਪ ਗਿੱਲ)**-ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਮਾਣਯੋਗ ਵਾਈਸ ਚਾਂਸਲਰ ਡਾ. ਜਗਦੀਪ ਸਿੰਘ ਨੇ ਯੂਨੀਵਰਸਿਟੀ ਦੇ ਸਥਾਨਕ ਕੈਂਪਸ, ਦਮਦਮਾ ਸਾਹਿਬ (ਤਲਵੰਡੀ ਸਾਬੋ) ਦਾ ਦੌਰਾ ਕੀਤਾ।ਆਪਣੇ ਦੌਰੇ ਦੌਰਾਨ ਉਨ੍ਹਾਂ ਕੈਂਪਸ ਵਿੱਚ ਸਥਾਪਤ ਵੱਖ-ਵੱਖ ਵਿਭਾਗਾਂ ਬਿਜ਼ਨੈੱਸ ਸਟੱਡੀਜ਼ ਵਿਭਾਗ, ਯਾਦਵਿੰਦਰਾ ਇੰਜੀਨੀਅਰਿੰਗ ਵਿਭਾਗ, ਯਾਦਵਿੰਦਰਾ ਸਾਇੰਸਜ਼ ਵਿਭਾਗ, ਗੁਰੂ ਕਾਸ਼ੀ ਭਾਸ਼ਾਵਾਂ ਵਿਭਾਗ ਤੇ ਸੋਸ਼ਲ ਸਾਇੰਸਜ਼ ਵਿਭਾਗਾਂ ਸਮੇਤ ਹੋਸਟਲਾਂ ਦਾ ਜਾਇਜ਼ਾ ਲਿਆ।ਉਨ੍ਹਾਂ ਵੱਲੋਂ ਇਸ ਮੌਕੇ ਵਿਭਾਗਾਂ ਦੀ ਫੈਕਲਟੀ, ਸਟਾਫ ਤੇ ਹੋਸਟਲਰ ਵਿਦਿਆਰਥੀਆਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੇ ਵਿਚਾਰ ਜਾਣੇ।ਇਸ ਦੌਰਾਨ ਉਨ੍ਹਾਂ ਪ੍ਰਬੰਧਕਾਂ ਨਾਲ ਵੱਖ-ਵੱਖ ਅਕਾਦਮਿਕ ਤੇ ਪ੍ਰਸ਼ਾਸਕੀ ਮਸਲਿਆਂ 'ਤੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ।ਇਸ ਮੌਕੇ ਉਨ੍ਹਾਂ ਨਾਲ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਕੰਟਰੋਲਰ ਪ੍ਰੀਖਿਆਵਾਂ ਪ੍ਰੋਫੈਸਰ ਮਨੀਸ਼ ਕਪੂਰ ਤੇ ਐਡੀਸ਼ਨਲ ਕੰਟਰੋਲਰ ਪ੍ਰੀਖਿਆਵਾਂ ਪ੍ਰੋਫੈਸਰ ਅਨੂਪ ਠਾਕੁਰ ਮੌਜੂਦ ਰਹੇ।ਉਪਕੁਲਪਤੀ ਪ੍ਰੋ. ਜਗਦੀਪ ਸਿੰਘ ਨੇ ਕੈਂਪਸ ਡਾਇਰੈਕਟਰ ਪ੍ਰੋਫੈਸਰ ਅਮਨਦੀਪ ਸਿੰਘ ਤੇ ਵੱਖ-ਵੱਖ ਵਿਭਾਗਾਂ ਦੇ ਮੁਖੀਆਂ ਜਿਨ੍ਹਾਂ ਵਿੱਚ ਪ੍ਰੋਫੈਸਰ ਨਵਦੀਪ ਗੋਇਲ, ਡਾ. ਨਰਿੰਦਰ ਕੌਰ, ਡਾ. ਪ੍ਰੀਤੀ ਬਾਂਸਲ, ਡਾ. ਸੰਦੀਪ ਰਾਣਾ ਤੇ ਡਾ. ਬਲਦੇਵ ਸਿੰਘ ਤੇ ਹੋਸਟਲ ਵਾਰਡਨ ਇੰਜੀ. ਲਖਵੀਰ ਸਿੰਘ ਸਮੇਤ ਹੋਰ ਅਧਿਕਾਰੀਆਂ ਨਾਲ ਵਿਸ਼ੇਸ਼ ਮੀਟਿੰਗਾਂ ਕੀਤੀਆਂ।ਇਨ੍ਹਾਂ ਮੀਟਿੰਗਾਂ ਦੌਰਾਨ ਅਗਲੇ ਅਕਾਦਮਿਕ ਸੈਸ਼ਨ ਲਈ ਦਾਖਲਾ ਪ੍ਰਕਿਰਿਆ, ਪ੍ਰੀਖਿਆਵਾਂ ਦੀ ਯੋਜਨਾ ਤੇ ਵਿਦਿਆਰਥੀਆਂ ਲਈ ਹੋਰ ਬਿਹਤਰ ਅਕਾਦਮਿਕ ਮਾਹੌਲ ਸਿਰਜਣ ਸਬੰਧੀ ਮੁੱਦਿਆਂ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ।ਇਸ ਮੌਕੇ ਵਾਈਸ ਚਾਂਸਲਰ ਪ੍ਰੋਫੈਸਰ ਜਗਦੀਪ ਸਿੰਘ, ਕੈਂਪਸ ਡਾਇਰੈਕਟਰ ਪ੍ਰੋਫੈਸਰ ਅਮਨਦੀਪ ਸਿੰਘ ਤੇ ਹੋਰ ਅਧਿਕਾਰੀਆਂ ਵੱਲੋਂ ਡਾ. ਸੰਦੀਪ ਰਾਣਾ ਦੀਆਂ ਕਿਤਾਬਾਂ 'ਸ਼ਹਿਰ-ਏ-ਜ਼ਾਤ' ਤੇ 'ਜ਼ਿੰਦਗੀ ਗੁਲਜ਼ਾਰ ਹੈ' ਨੂੰ ਲੋਕ ਅਰਪਣ ਕਰਦੇ ਹੋਏ ਲੇਖਕ ਨੂੰ ਵਧਾਈ ਦਿੱਤੀ ਗਈ।

# ਬਲਾਕ ਪ੍ਰਧਾਨ ਤੇ ਇਸਤਰੀ ਆਗੂਆਂ ਨਾਲ ਵਿਧਾਇਕ ਨੇ ਕੀਤੀ ਮੀਟਿੰਗ

ਮਹਿਲਾਵਾਂ ਦੀ ਆਰਥਿਕ ਸਥਿਤੀ ਮਜ਼ਬੂਤ ਕਰਨਾ ਸਰਕਾਰ ਦਾ ਮਹੱਤਵਪੂਰਨ ਕਦਮ : ਡਿੰਪੀ ਢਿੱਲੋਂ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਹਲਕਾ ਗਿੱਦੜਬਾਹਾ ਦੇ ਵਿਧਾਇਕ ਹਰਦੀਪ ਸਿੰਘ ਡਿੰਪੀ ਢਿੱਲੋਂ ਨੇ ਆਮ ਆਦਮੀ ਪਾਰਟੀ ਦੇ ਮੁੱਖ ਦਫਤਰ ਗਿੱਦੜਬਾਹਾ ਵਿਖੇ ਹਲਕੇ ਦੀਆਂ ਬਲਾਕ ਪ੍ਰਧਾਨ, ਪਿੰਡ ਪ੍ਰਧਾਨ ਤੇ ਪਾਰਟੀ ਦੀਆਂ ਇਸਤਰੀ ਆਗੂਆਂ ਨਾਲ ਇੱਕ ਅਹਿਮ ਮੀਟਿੰਗ ਕੀਤੀ।ਇਸ ਮੀਟਿੰਗ ਵਿੱਚ ਵਿਧਾਇਕ ਡਿੰਪੀ ਢਿੱਲੋਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਮਾਵਾਂ-ਧੀਆਂ ਸਤਿਕਾਰ ਯੋਜਨਾ ਸਬੰਧੀ ਤੇ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਸਹੂਲਤਾਂ, ਨਵੀਆਂ ਸਕੀਮਾਂ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਰਕਾਰ ਵੱਲੋਂ ਮਾਵਾਂ ਤੇ ਭੈਣਾਂ ਨੂੰ ਜੋ ਮਾਨ ਸਤਿਕਾਰ ਆਮ ਆਦਮੀ ਪਾਰਟੀ ਨੇ ਦਿੱਤਾ ਹੈ, ਉਹ ਪਹਿਲਾਂ ਕਿਸੇ ਸਰਕਾਰ ਨੇ ਨਹੀਂ ਦਿੱਤਾ। ਉਨ੍ਹਾਂ ਦੱਸਿਆ ਕਿ ਇਸ ਸਕੀਮ ਤਹਿਤ ਐੱਸ. ਸੀ. ਵਰਗ ਦੀਆਂ ਮਹਿਲਾਵਾਂ ਨੂੰ 1500 ਰੁਪਏ ਤੇ ਜਨਰਲ ਵਰਗ ਦੀਆਂ ਮਹਿਲਾਵਾਂ ਨੂੰ 1000 ਰੁਪਏ ਦੀ ਆਰਥਿਕ ਸਹਾਇਤਾ ਦਿੱਤੀ ਜਾਵੇਗੀ।ਉਨ੍ਹਾਂ ਕਿਹਾ ਕਿ ਇਹ ਯੋਜਨਾ ਮਹਿਲਾਵਾਂ ਦੀ ਆਰਥਿਕ ਸਥਿਤੀ ਮਜ਼ਬੂਤ ਕਰਨ ਵੱਲ ਇਕ ਮਹੱਤਵਪੂਰਨ ਕਦਮ ਹੈ ਤੇ ਇਸ ਨੂੰ ਲੈ ਕੇ ਸੂਬੇ ਭਰ ਵਿੱਚ ਵੱਡਾ ਉਤਸ਼ਾਹ ਹੈ।ਫਾਰਮ ਆਂਗਨਵਾੜੀ ਕੇਂਦਰਾਂ ਤੋਂ ਇਲਾਵਾ ਪਿੰਡ ਤੇ ਬੂਥ ਪੱਧਰ 'ਤੇ ਮੋਟੀਵੇਟਰ ਜੋ ਘਰ-ਘਰ ਜਾ ਕੇ ਮਹਿਲਾਵਾਂ ਨੂੰ ਜਾਗਰੂਕ ਕਰਨ ਤੇ ਫਾਰਮ ਭਰਨ ਲਈ ਮਦਦ ਕਰਨਗੀਆਂ।ਉਨ੍ਹਾਂ ਕਿਹਾ ਕਿ ਇਸ ਸਕੀਮ ਤਹਿਤ ਸਿਰਫ ਉਹ ਮਹਿਲਾਵਾਂ ਇਸ ਯੋਜਨਾ ਤੋਂ ਬਾਹਰ ਹਨ, ਜੋ ਇਨਕਮ ਟੈਕਸ ਅਦਾ ਕਰਦੀਆਂ ਹਨ।ਇਸ ਤੋਂ ਇਲਾਵਾ ਕਿਸੇ ਵੀ ਤਰ੍ਹਾਂ ਦੀ ਆਮਦਨ ਸੀਮਾ ਨਹੀਂ ਰੱਖੀ ਗਈ ਤੇ ਹਰ ਵਰਗ, ਜਾਤੀ ਤੇ ਧਰਮ ਨਾਲ ਸੰਬੰਧਤ ਮਹਿਲਾਵਾਂ ਨੂੰ ਇਸ ਦਾ ਲਾਭ ਮਿਲੇਗਾ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕੀਤੇ ਹੋਏ ਕੰਮ ਤੇ ਹਰ ਵਰਗ ਨੂੰ ਦਿੱਤੀਆਂ ਜਾ ਰਹੀਆਂ ਸਹੂਲਤਾਂ ਬਾਰੇ ਘਰ ਘਰ ਜਾ ਕੇ ਜਾਣਕਾਰੀ ਦੇਣਾ ਬਹੁਤ ਜ਼ਰੂਰੀ ਹੈ।ਇਸ ਮੌਕੇ ਹਲਕਾ ਕੋਆਰਡੀਨੇਟਰ ਮਨਜੀਤ ਕੌਰ ਕੋਟਭਾਈ, ਸਤਵੀਰ ਕੌਰ ਤੇ ਗੁਰਪ੍ਰੀਤ ਕੌਰ ਤੋਂ ਇਲਾਵਾ ਸੁਖਪ੍ਰੀਤ ਕੌਰ, ਹਰਪ੍ਰੀਤ ਕੌਰ, ਗਗਨਦੀਪ ਕੌਰ, ਗੁਰਪ੍ਰੀਤ ਕੌਰ, ਪਰਮਜੀਤ ਕੌਰ, ਹਰਮੀਤ ਕੌਰ, ਸਰਬਜੀਤ ਕੌਰ, ਕੁਲਵਿੰਦਰ ਕੌਰ, ਸੁਖਬੀਰ ਕੌਰ, ਹਰਪ੍ਰੀਤ ਕੌਰ, ਰੇਖਾ ਰਾਣੀ ਗਿੱਦੜਬਾਹਾ, ਜਸਵਿੰਦਰ ਕੌਰ ਤੋਂ ਇਲਾਵਾ ਪਿੰਡ ਦੀਆਂ ਪ੍ਰਧਾਨ ਤੇ ਇਸਤਰੀ ਆਗੂ ਹਾਜ਼ਰ ਸਨ।

# ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਸਿਖਿਆਰਥੀਆਂ ਨੂੰ ਸਰਟੀਫਿਕੇਟ ਵੰਡੇ



**ਸ੍ਰੀ ਮੁਕਤਸਰ ਸਾਹਿਬ/ਮਲੋਟ (ਸ਼ਮਿੰਦਰ ਪਾਲ/ਪੂਜਾ/ਸ਼ੇਖੂ)**-ਡਾਕਟਰ ਐੱਸ ਪੀ ਸਿੰਘ ਓਬਰਾਏ ਵੱਲੋਂ ਮਾਨਵਤਾ ਦੀ ਭਲਾਈ ਲਈ ਕੀਤੇ ਜਾ ਰਹੇ ਕਾਰਜਾਂ ਦੀ ਲੜੀ ਤਹਿਤ ਮੈਡਮ ਇੰਦਰਜੀਤ ਕੌਰ ਡਾਇਰੈਕਟਰ ਐਜੂਕੇਸ਼ਨ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੀ ਰਹਿਨੁਮਾਈ ਹੇਠ ਵੱਡੀ ਪੱਧਰ 'ਤੇ ਮੁਫ਼ਤ ਸਿਖਲਾਈ ਸੈਂਟਰ (ਬਿਊਟੀ ਪਾਰਲਰ, ਕੰਪਿਊਟਰ, ਸਿਲਾਈ) ਖੋਲ੍ਹ ਕੇ ਬੇਰੁਜ਼ਗਾਰ ਲੜਕੇ-ਲੜਕੀਆਂ ਨੂੰ ਆਤਮ ਨਿਰਭਰ ਬਣਾਇਆ ਜਾ ਰਿਹਾ ਹੈ।ਅਰਵਿੰਦਰ ਪਾਲ ਸਿੰਘ ਚਾਹਲ ਬੂੜਾ ਗੁੱਜਰ ਜ਼ਿਲ੍ਹਾ ਪ੍ਰਧਾਨ ਸ੍ਰੀ ਮੁਕਤਸਰ ਸਾਹਿਬ ਤੇ ਅਨਿਲ ਕੁਮਾਰ ਜੁਨੇਜਾ ਪ੍ਰਧਾਨ ਮਲੋਟ ਇਕਾਈ ਨੇ ਦੱਸਿਆ ਕਿ ਮਲੋਟ ਦੇ ਆਸ-ਪਾਸ ਚੱਲ ਰਹੇ 4 ਸਿਖਲਾਈ ਸੈਂਟਰਾਂ ਦੇ 6 ਮਹੀਨੇ ਦੇ ਕੋਰਸ ਪੂਰਾ ਹੋਣ ਉਪਰੰਤ ਬੀਤੇ ਦਿਨੀਂ ਇੱਕ ਪ੍ਰਭਾਵਸ਼ਾਲੀ ਸਰਟੀਫਿਕੇਟ ਵੰਡ ਸਮਾਗਮ ਐਡਵਰਡਗੰਜ ਹਸਪਤਾਲ ਮਲੋਟ ਵਿਖੇ ਕਰਵਾਇਆ ਗਿਆ। ਇਸ ਸਮਾਗਮ ਦੀ ਪ੍ਰਧਾਨਗੀ ਡਾਕਟਰ ਬਲਜੀਤ ਕੌਰ ਮਾਨਯੋਗ ਕੈਬਨਿਟ ਮੰਤਰੀ ਪੰਜਾਬ ਸਰਕਾਰ ਵੱਲੋਂ ਕੀਤੀ ਗਈ ਤੇ 90 ਸਿਖਿਆਰਥੀਆਂ ਨੂੰ ਸਰਟੀਫਿਕੇਟ ਤਕਸੀਮ ਕੀਤੇ ਗਏ।ਡਾਕਟਰ ਬਲਜੀਤ ਕੌਰ ਮਾਨਯੋਗ ਕੈਬਨਿਟ ਮੰਤਰੀ ਪੰਜਾਬ ਸਰਕਾਰ ਵੱਲੋਂ ਡਾ. ਓਬਰਾਏ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ ਗਈ ਤੇ ਟਰੱਸਟ ਵੱਲੋਂ ਦੁਨੀਆ ਭਰ ਵਿੱਚ ਲੋਕ ਭਲਾਈ ਦੇ ਕੰਮਾਂ ਦੀ ਸ਼ਲਾਘਾ ਕੀਤੀ ਗਈ।ਇਸ ਮੌਕੇ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਇਕਾਈ ਮਲੋਟ ਦੇ ਜਸਵਿੰਦਰ ਸਿੰਘ ਵਾਲੀਆ, ਰਾਮ ਸਿੰਘ ਪੀਏ, ਸੋਹਣ ਲਾਲ ਗੁੰਬਰ, ਕਮਲ ਬਾਂਗਲਾ, ਵਿਸ਼ੂ ਮਲੂਜਾ, ਗਗਨ ਸੇਤੀਆ, ਸੁਨੀਲ ਚਲਾਨਾ ਤੇ ਇਕਾਈ ਸ੍ਰੀ ਮੁਕਤਸਰ ਸਾਹਿਬ ਵੱਲੋਂ ਬਲਵਿੰਦਰ ਸਿੰਘ ਬਰਾੜ ਰਿਟਾ. ਪ੍ਰਿੰਸੀਪਲ, ਬਰਨੇਕ ਸਿੰਘ ਰਿਟਾ ਲੈਕਚਰਾਰ, ਸੋਮ ਨਾਥ, ਸੁਖਬੀਰ ਸਿੰਘ ਜੈਲਦਾਰ, 4 ਸਿਖਲਾਈ ਸੈਂਟਰਾਂ ਦੇ ਅਧਿਆਪਕ ਆਦਿ ਹਾਜ਼ਰ ਸਨ।

## ਨਰਿੰਦਰ ਬਖ਼ਸ਼ੀ ਨੇ ਕੀਤਾ ਨਗਰ ਕੌਂਸਲ ਚੋਣਾਂ ਲੜਨ ਦਾ ਐਲਾਨ

*ਕਾਂਗਰਸ ਦੇ ਉਮੀਦਵਾਰ ਵਜੋਂ ਚੋਣ ਲੜਨ ਨੂੰ ਤਰਜੀਹ ਦੇਵਾਂਗਾ : ਬਖਸ਼ੀ*

**ਧੂਰੀ (ਮਨੋਹਰ ਸਿੰਘ ਸੱਗੂ)**-ਸਥਾਨਕ ਸ਼ਹਿਰ ਦੇ ਟਕਸਾਲੀ ਕਾਂਗਰਸੀ ਪਰਿਵਾਰ ਦੇ ਨਰਿੰਦਰ ਸਿੰਘ ਬਖ਼ਸ਼ੀ (ਫੰਜਾ) ਨੇ ਆ ਰਹੀਆਂ ਨਗਰ ਕੌਂਸਲ ਚੋਣਾਂ ਲਈ ਵਾਰਡ ਨੰਬਰ-15 ਤੋਂ ਚੋਣ ਲੜਨ ਦਾ ਐਲਾਨ ਕੀਤਾ।ਨਰਿੰਦਰ ਬਖ਼ਸ਼ੀ ਨੇ ਕਿਹਾ ਕਿ ਜੇਕਰ ਲੋਕਾਂ ਨੇ ਉਨ੍ਹਾਂ ਨੂੰ ਸੇਵਾ ਦਾ ਮੌਕਾ ਬਖਸ਼ਿਆ ਤਾਂ ਉਹ ਆਪਣੇ ਵਾਰਡ ਦੀਆਂ ਸਮੱਸਿਆਵਾਂ ਗਲੀਆਂ ਤੇ ਨਾਲੀਆਂ 'ਚੋਂ ਪਾਣੀ ਦੀ ਨਿਕਾਸੀ ਤੇ ਸੀਵਰੇਜ ਸਿਸਟਮ 'ਚ ਸੁਧਾਰ ਲਿਆਉਣ ਤੋਂ ਇਲਾਵਾ ਟੁੱਟੀਆਂ ਸੜਕਾਂ ਬਣਵਾਉਣ ਤੇ ਬੰਦ ਪਈਆਂ ਸਟਰੀਟ ਲਾਈਟਾਂ ਚਾਲੂ ਕਰਵਾਉਣ ਲਈ ਯਤਨ ਕਰਨਗੇ।ਉਨ੍ਹਾਂ ਕਿਹਾ ਕਿ ਜੇਕਰ ਕਾਂਗਰਸ ਪਾਰਟੀ ਚਾਹੇਗੀ ਤਾਂ ਉਹ ਆਪਣੇ ਵਾਰਡ 'ਚੋਂ ਪਾਰਟੀ ਉਮੀਦਵਾਰ ਵਜੋਂ ਚੋਣ ਲੜਨ ਨੂੰ ਤਰਜੀਹ ਦੇਣਗੇ ਤੇ ਜੇਕਰ ਵਾਰਡ ਔਰਤਾਂ ਲਈ ਰਾਖਵਾਂ ਹੋਇਆ ਤਾਂ ਆਪਣੀ ਧਰਮ ਪਤਨੀ ਕਮਲੇਸ਼ ਬਖ਼ਸ਼ੀ ਨੂੰ ਉਮੀਦਵਾਰ ਬਣਾਉਣਗੇ।ਗੱਲਬਾਤ ਦੌਰਾਨ ਉਨ੍ਹਾਂ ਕਾਂਗਰਸ ਹਾਈਕਮਾਨ ਪ੍ਰਤੀ ਸ਼ਿਕਵਾ ਜ਼ਾਹਰ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਪਿਤਾ ਮਰਹੂਮ ਡਾ: ਬਖ਼ਸ਼ੀ ਤੀਰਥ ਸਿੰਘ ਨੇ ਪਾਰਟੀ ਨੀਤੀਆਂ 'ਤੇ ਇਮਾਨਦਾਰੀ ਨਾਲ ਪਹਿਰਾ ਦਿੰਦਿਆਂ ਆਪਣੀ ਜਾਨ ਤੱਕ ਕੁਰਬਾਨ ਕਰ ਦਿੱਤੀ, ਪਰ ਅਫ਼ਸੋਸ ਪਾਰਟੀ ਹਾਈਕਮਾਨ ਵੱਲੋਂ ਉਨ੍ਹਾਂ ਦੇ ਪਰਿਵਾਰ ਨੂੰ ਹਮੇਸ਼ਾ ਨਜ਼ਰ ਅੰਦਾਜ਼ ਕੀਤਾ ਜਾਂਦਾ ਰਿਹਾ ਤੇ ਅੱਜਕੱਲ੍ਹ ਕੁਝ ਸਵਾਰਥੀ ਕਿਸਮ ਦੇ ਲੋਕ ਕਥਿਤ ਤੌਰ 'ਤੇ ਪਾਰਟੀ 'ਚ ਮੋਹਰੀ ਬਣੇ ਫਿਰਦੇ ਹਨ।

# ਸਮੂਹ ਜਥੇਬੰਦੀਆਂ ਵੱਲੋਂ ਮਈ ਦਿਵਸ ਸਾਂਝੇ ਤੌਰ 'ਤੇ ਮਨਾਉਣ ਦਾ ਫੈਸਲਾ

■ ਮਜ਼ਦੂਰ ਅੰਦੋਲਨ ਦੇ ਹੱਕ 'ਚ ਪ੍ਰਦਰਸ਼ਨ 24 ਨੂੰ



**ਜਗਰਾਉਂ (ਨਛੱਤਰ ਸੰਧੂ)**-ਇਥੇ ਮਹਾਨ ਕੌਮਾਂਤਰੀ ਮਜ਼ਦੂਰ ਦਿਵਸ ਮਨਾਉਣ ਦੇ ਸਬੰਧ 'ਚ ਸਮੂਹ ਜਥੇਬੰਦੀਆਂ ਦੀ ਸਾਂਝੀ ਮੀਟਿੰਗ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਯਾਦਗਾਰੀ ਹਾਲ ਵਿਖੇ ਹੋਈ।ਮੀਟਿੰਗ ਵਿੱਚ ਸਮੂਹ ਨੁਮਾਇੰਦਿਆਂ ਨੇ ਬੀਤੇ ਦਿਨੀਂ ਵ੍ਰਿੰਦਾਵਨ ਕਿਸ਼ਤੀ ਹਾਦਸੇ ਵਿੱਚ ਵਿਛੋੜਾ ਦੇ ਗਏ ਸਮੂਹ ਮ੍ਰਿਤਕਾਂ ਨੂੰ ਦੋ ਮਿੰਟ ਦਾ ਮੋਨ ਧਾਰ ਕੇ ਸ਼ਰਧਾਂਜਲੀ ਭੇਟ ਕੀਤੀ।ਇਸ ਬੇਹੱਦ ਦੁੱਖਦਾਇਕ ਘਟਨਾ ਦੇ ਪੀੜਤ ਪਰਵਾਰਾਂ ਨਾਲ ਸੰਵੇਦਨਾ ਦਾ ਇਜ਼ਹਾਰ ਕੀਤਾ।ਮੀਟਿੰਗ ਵਿੱਚ ਇਸ ਹਾਦਸੇ ਲਈ ਯੋਗੀ ਸਰਕਾਰ ਨੂੰ ਜ਼ਿੰਮੇਵਾਰ ਠਹਿਰਾਉਂਦਿਆਂ ਦੋਸ਼ੀਆਂ ਖਿਲਾਫ ਸਖਤ ਕਾਰਵਾਈ ਦੀ ਮੰਗ ਕੀਤੀ ਗਈ। ਮੀਟਿੰਗ ਵਿੱਚ ਨੋਇਡਾ, ਮਾਨੇਸਰ ਤੇ ਹੋਰਨਾਂ ਸ਼ਹਿਰਾਂ ਵਿੱਚ ਸਨਅਤੀ ਮਜ਼ਦੂਰਾਂ ਦੇ ਹੱਕੀ ਅੰਦੋਲਨ ਦੀ ਹਮਾਇਤ ਕਰਦਿਆਂ ਮਜ਼ਦੂਰਾਂ ਦੀਆਂ ਮੰਗਾਂ ਮੰਨਣ ਦੀ ਥਾਂ ਅੰਨ੍ਹੇ ਪੁਲਸ ਜਬਰ ਦੀ ਸਖਤ ਨਿੰਦਾ ਦਾ ਮਤਾ ਪਾਸ ਕਰਦਿਆਂ ਕਿਹਾ ਕਿ ਭਾਜਪਾ ਰਾਜ ਅਸਲ 'ਚ ਹਿਟਲਰ ਰਾਜ ਹੈ।ਮੀਟਿੰਗ ਵਿੱਚ ਮਜ਼ਦੂਰ ਅੰਦੋਲਨ ਦੇ ਹੱਕ 'ਚ 24 ਅਪ੍ਰੈਲ ਨੂੰ ਕਮੇਟੀ ਪਾਰਕ ਜਗਰਾਉਂ ਵਿਖੇ ਸ਼ਾਮ ਪੰਜ ਵਜੇ ਰੋਸ ਪ੍ਰਦਰਸ਼ਨ ਕਰਨ ਦਾ ਫੈਸਲਾ ਲਿਆ ਗਿਆ।ਮੀਟਿੰਗ ਵਿੱਚ ਪਹਿਲੀ ਮਈ ਮਹਾਨ ਕੌਮਾਂਤਰੀ ਮਜ਼ਦੂਰ ਦਿਵਸ 'ਤੇ ਜਗਰਾਉਂ ਬੱਸ ਸਟੈਂਡ ਵਿਖੇ ਸਵੇਰੇ ਸਾਢੇ ਦਸ ਵਜੇ ਕਿਰਤੀ ਕਾਨਫਰੰਸ ਕਰਨ ਦਾ ਫੈਸਲਾ ਕੀਤਾ ਗਿਆ।ਇਸ ਕਾਨਫਰੰਸ ਵਿੱਚ ਬੁਲਾਰੇ ਦੇਸ ਦੁਨੀਆਂ 'ਚ ਕਿਰਤੀ ਵਰਗ ਨੂੰ ਦਰਪੇਸ਼ ਚੁਣੌਤੀਆਂ ਬਾਰੇ ਵਿਚਾਰ ਚਰਚਾ ਕਰਨਗੇ।ਉਪਰੰਤ ਸ਼ਰਧਾਂਜਲੀ ਮਾਰਚ ਕੀਤਾ ਜਾਵੇਗਾ।ਮੀਟਿੰਗ ਵਿੱਚ ਕੰਵਲਜੀਤ ਖੰਨਾ, ਬਲਰਾਜ ਸਿੰਘ ਕੋਟ ਉਮਰਾ, ਅਵਤਾਰ ਸਿੰਘ ਗਗੜਾ, ਅਸ਼ੋਕ ਭੰਡਾਰੀ, ਮਾਸਟਰ ਅਵਤਾਰ ਸਿੰਘ, ਜਗਦੀਸ਼ ਸਿੰਘ ਕਾਉਂਕੇ, ਰਣਜੀਤ ਸਿੰਘ ਮੋਟੀ, ਪ੍ਰਿਤਪਾਲ ਸਿੰਘ, ਬੂਟਾ ਸਿੰਘ ਹਾਂਸ, ਬਲਵਿੰਦਰ ਸਿੰਘ ਕਾਨੂੰਗੋ, ਬਲਦੇਵ ਸਿੰਘ ਫੌਜੀ, ਅਮੀਰ ਸਿੰਘ, ਹਰਬੰਸ ਲਾਲ ਆਦਿ ਹਾਜ਼ਰ ਸਨ।

# ਵੱਖ-ਵੱਖ ਪਿੰਡਾਂ 'ਚ ਅੱਗ ਨਾਲ ਹੋਏ ਨੁਕਸਾਨ ਦਾ ਅਮੀਤ ਖੁੱਡੀਆਂ ਵੱਲੋਂ ਜਾਇਜ਼ਾ



**ਲੰਬੀ/ਗਿੱਦੜਬਾਹਾ (ਸ਼ਮਿੰਦਰ ਪਾਲ/ਓਮ ਪ੍ਰਕਾਸ਼ ਸ਼ੇਖੂ/ਪੂਜਾ/ਜਸਵੰਤ ਗਿੱਲ)**-ਪਿੰਡ ਪੱਕੀ ਟਿੱਬੀ, ਕਬਰਵਾਲਾ ਤੇ ਗੁਰੂਸਰ ਯੋਧਾ ਵਿੱਚ ਅੱਗ ਲੱਗਣ ਕਾਰਨ ਕਰੀਬ 250 ਏਕੜ ਵਿੱਚ ਖੜੀ ਕਣਕ ਦੀ ਫਸਲ ਸੜ ਕੇ ਸੁਆਹ ਹੋ ਗਈ।ਕਿਸਾਨਾਂ ਵੱਲੋਂ ਦਿੱਤੀ ਜਾਣਕਾਰੀ ਅਨੁਸਾਰ ਇਹ ਅੱਗ ਬਿਜਲੀ ਦੀ ਸਪਾਰਕ ਕਾਰਨ ਲੱਗੀ ਦੱਸੀ ਜਾ ਰਹੀ ਹੈ, ਜਿਸ ਨਾਲ ਕਿਸਾਨਾਂ ਨੂੰ ਵੱਡਾ ਆਰਥਿਕ ਨੁਕਸਾਨ ਝੱਲਣਾ ਪਿਆ ਹੈ।ਅਮੀਤ ਸਿੰਘ ਖੁੱਡੀਆਂ ਵੱਲੋਂ ਮੌਕੇ 'ਤੇ ਪਹੁੰਚ ਕੇ ਸਥਿਤੀ ਦਾ ਜਾਇਜ਼ਾ ਲਿਆ ਗਿਆ।ਉਨ੍ਹਾਂ ਪ੍ਰਭਾਵਿਤ ਕਿਸਾਨਾਂ ਨਾਲ ਗੱਲਬਾਤ ਕਰਕੇ ਉਨ੍ਹਾਂ ਨੂੰ ਹਰ ਸੰਭਵ ਮਦਦ ਦਾ ਭਰੋਸਾ ਦਿਵਾਇਆ ਤੇ ਸੰਬੰਧਤ ਵਿਭਾਗਾਂ ਨੂੰ ਨੁਕਸਾਨ ਦਾ ਅੰਦਾਜ਼ਾ ਲਗਾ ਕੇ ਤੁਰੰਤ ਰਿਪੋਰਟ ਪੇਸ਼ ਕਰਨ ਦੇ ਨਿਰਦੇਸ਼ ਦਿੱਤੇ।ਉਨ੍ਹਾਂ ਕਿਹਾ ਕਿ ਸਰਕਾਰ ਕਿਸਾਨਾਂ ਨਾਲ ਖੜੀ ਹੈ ਤੇ ਪੀੜਤ ਪਰਵਾਰਾਂ ਨੂੰ ਯੋਗ ਮੁਆਵਜ਼ਾ ਦਿਵਾਉਣ ਲਈ ਜ਼ਰੂਰੀ ਕਦਮ ਚੁੱਕੇ ਜਾਣਗੇ।ਇਸ ਮੌਕੇ ਐੱਸ.ਡੀ.ਐੱਮ. ਗੁਰਕਿਰਨਦੀਪ ਸਿੰਘ ਸਿੱਧੂ, ਨਾਇਬ ਤਹਿਸੀਲਦਾਰ ਮਲੋਟ ਹਰਪ੍ਰੀਤ ਕੌਰ, ਵਰਿੰਦਰ ਸਿੰਘ ਪਟਵਾਰੀ, ਅਕਾਸ਼ਦੀਪ ਕੰਬੋਜ ਪਟਵਾਰੀ, ਅੰਗਰੇਜ ਸਿੰਘ, ਬਖਸ਼ੀਸ ਸਿੰਘ, ਸੁਖਦੇਵ ਸਿੰਘ, ਗੁਰਲਾਲ ਸਿੰਘ, ਬੁਧ ਸਿੰਘ, ਜਸਪਾਲ ਸਿੰਘ, ਗੋਲਡੀ, ਲਵਜੀਤ ਸਿੰਘ ਤੇ ਪੀਏ ਲਵਪ੍ਰੀਤ ਚੰਨੂੰ ਹਾਜ਼ਰ ਸਨ।

## ਪੁਲਸ ਵੱਲੋਂ 3 ਮੁਕੱਦਮਿਆਂ 'ਚ ਭਗੌੜਾ ਦੋਸ਼ੀ ਕਾਬੂ



**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**- ਥਾਣਾ ਸੁਲਤਾਨਪੁਰ ਲੋਧੀ ਪੁਲਸ ਨੇ ਲੰਮੇ ਸਮੇਂ ਤੋਂ ਫਰਾਰ ਚੱਲ ਰਹੇ ਇੱਕ ਖ਼ਤਰਨਾਕ ਦੋਸ਼ੀ ਨੂੰ ਕਾਬੂ ਕਰਨ ਵਿੱਚ ਵੱਡੀ ਸਫਲਤਾ ਹਾਸਲ ਕੀਤੀ ਹੈ। ਸੀਨੀਅਰ ਪੁਲਸ ਅਧਿਕਾਰੀਆਂ ਦੇ ਦਿਸ਼ਾ-ਨਿਰਦੇਸ਼ਾਂ ਹੇਠ ਥਾਣਾ ਸੁਲਤਾਨਪੁਰ ਲੋਧੀ ਦੀ ਪੁਲਸ ਟੀਮ ਨੇ ਥਾਣਾ ਮੁਖੀ ਹਰਿੰਦਰ ਸਿੰਘ ਦੀ ਅਗਵਾਈ ਹੇਠ 3 ਵੱਖ-ਵੱਖ ਮੁਕੱਦਮਿਆਂ 'ਚ ਭਗੌੜੇ ਦੋਸ਼ੀ ਰਣਧੀਰ ਸਿੰਘ ਉਰਫ਼ ਰਾਣਾ ਪੁੱਤਰ ਪੂਰਨ ਸਿੰਘ ਵਾਸੀ ਪਿੰਡ ਤੋਤੀ ਨੂੰ ਗ੍ਰਿਫ਼ਤਾਰ ਕੀਤਾ ਹੈ।ਪੁਲਸ ਮੁਤਾਬਕ ਇਹ ਦੋਸ਼ੀ ਕਰੀਬ 3 ਸਾਲ ਤੋਂ ਫਰਾਰ ਚੱਲ ਰਿਹਾ ਸੀ। 10 ਜੂਨ 2023 ਨੂੰ ਲਗੇ ਨਾਕੇ ਦੌਰਾਨ ਦੋਸ਼ੀ ਨੇ ਆਪਣੇ ਸਾਥੀ ਨਾਲ ਮਿਲ ਕੇ ਪੁਲਸ ਕਰਮਚਾਰੀ ਨਾਲ ਹੱਥਾਪਾਈ ਕੀਤੀ, ਨਾਕਾ ਤੋੜ ਕੇ ਭੱਜ ਗਿਆ ਅਤੇ ਸਰਕਾਰੀ ਗੱਡੀ ਨੂੰ ਟੱਕਰ ਮਾਰ ਕੇ ਨੁਕਸਾਨ ਪਹੁੰਚਾਇਆ ਸੀ। ਇਸ ਮਾਮਲੇ ਵਿੱਚ ਵੱਖ-ਵੱਖ ਧਾਰਾਵਾਂ ਹੇਠ ਕੇਸ ਦਰਜ ਕੀਤਾ ਗਿਆ ਸੀ।ਪੁਲਸ ਨੇ ਹੁਣ ਟ੍ਰੈਪ ਲਗਾ ਕੇ ਦੋਸ਼ੀ ਨੂੰ ਗ੍ਰਿਫ਼ਤਾਰ ਕਰ ਲਿਆ ਹੈ ਅਤੇ ਉਸ ਦੇ ਕਬਜ਼ੇ 'ਚੋਂ ਸਕੌਰਪਿਓ ਗੱਡੀ ਵੀ ਬਰਾਮਦ ਕੀਤੀ ਹੈ।ਜਾਂਚ ਦੌਰਾਨ ਇਹ ਵੀ ਸਾਹਮਣੇ ਆਇਆ ਹੈ ਕਿ ਦੋਸ਼ੀ ਉੱਤੇ ਪਹਿਲਾਂ ਵੀ 2 ਮੁਕੱਦਮੇ ਦਰਜ ਹਨ, ਜਿਨ੍ਹਾਂ 'ਚ ਉਸ ਤੋਂ ਵੱਡੀ ਮਾਤਰਾ ਵਿੱਚ ਨਸ਼ੀਲੀਆਂ ਗੋਲੀਆਂ ਅਤੇ ਹੈਰੋਇਨ ਬਰਾਮਦ ਹੋਈ ਸੀ।

## ਰੂਪਨਗਰ 'ਚ 12ਵੀਂ ਪੰਜਾਬ ਰਾਜ ਗਤਕਾ ਚੈਂਪੀਅਨਸ਼ਿਪ ਦੀ ਸ਼ਾਨਦਾਰ ਸ਼ੁਰੂਆਤ

**ਰੂਪਨਗਰ (ਗੁਰਜੀਤ ਬਿੱਲਾ)**- ਗਤਕਾ ਐਸੋਸੀਏਸ਼ਨ ਆਫ ਪੰਜਾਬ ਦੀ ਅਗਵਾਈ ਹੇਠ ਗਤਕਾ ਐਸੋਸੀਏਸ਼ਨ ਜ਼ਿਲ੍ਹਾ ਰੂਪਨਗਰ ਵੱਲੋਂ ਆਯੋਜਿਤ 12ਵੀਂ ਪੰਜਾਬ ਰਾਜ ਗਤਕਾ ਚੈਂਪੀਅਨਸ਼ਿਪ ਦਾ ਸ਼ਨੀਵਾਰ ਸ਼ਾਨਦਾਰ ਆਗਾਜ਼ ਹੋਇਆ। ਗੁਰੂ ਨਾਨਕ ਮਾਡਲ ਸਕੂਲ ਲੌਧੀਪੁਰ ਵਿਖੇ ਚੱਲ ਰਹੀ ਇਸ ਦੋ ਰੋਜ਼ਾ ਚੈਂਪੀਅਨਸ਼ਿਪ ਵਿੱਚ ਪੰਜਾਬ ਦੇ 15 ਜ਼ਿਲ੍ਹਿਆਂ ਦੀਆਂ ਟੀਮਾਂ ਭਾਗ ਲੈ ਰਹੀਆਂ ਹਨ। ਅੱਜ ਟੂਰਨਾਮੈਂਟ ਦਾ ਉਦਘਾਟਨ ਤੇ ਮੁਕਾਬਲਿਆਂ ਦੀ ਸ਼ੁਰੂਆਤ ਸੰਤ ਬਾਬਾ ਅਵਤਾਰ ਸਿੰਘ ਟਿੱਬੀ ਸਾਹਿਬ ਵਾਲਿਆਂ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਜਥੇਦਾਰ ਪਰਮਜੀਤ ਸਿੰਘ ਲੱਖੋਵਾਲ, ਨੈਸ਼ਨਲ ਗੱਤਕਾ ਐਸੋਸੀਏਸ਼ਨ ਆਫ ਇੰਡੀਆ ਦੇ ਪ੍ਰਧਾਨ ਹਰਜੀਤ ਸਿੰਘ ਗਰੇਵਾਲ ਐਡਵੋਕੇਟ ਅਤੇ ਜ਼ਿਲ੍ਹਾ ਗੱਤਕਾ ਐਸੋਸੀਏਸ਼ਨ ਦੀ ਪ੍ਰਧਾਨ ਬੀਬੀ ਮਨਜੀਤ ਕੌਰ ਦੀ ਹਾਜ਼ਰੀ ਵਿੱਚ ਕੀਤੀ। ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਪਰਮਜੀਤ ਸਿੰਘ ਲੱਖੋਵਾਲ ਨੇ ਖਿਡਾਰੀਆਂ ਨੂੰ ਆਸ਼ੀਰਵਾਦ ਦਿੰਦਿਆਂ ਕਿਹਾ ਕਿ ਜ਼ਿਲ੍ਹਾ ਰੂਪਨਗਰ ਗਤਕੇ ਦੇ ਖੇਤਰ ਵਿੱਚ ਬਹੁਤ ਅੱਗੇ ਹੈ ਅਤੇ ਪਿਛਲੇ ਸਾਲ ਵੀ ਨੈਸ਼ਨਲ ਗੱਤਕਾ ਚੈਂਪੀਅਨਸ਼ਿਪ ਦੌਰਾਨ ਇਥੋਂ ਦੇ ਖਿਡਾਰੀਆਂ ਨੇ ਪੰਜਾਬ ਟੀਮ ਦੀ ਅਗਵਾਈ ਕਰਦਿਆਂ ਕਈ ਮੈਡਲ ਜਿੱਤੇ ਸਨ। ਉਨ੍ਹਾਂ



ਨੇ ਨੈਸ਼ਨਲ ਗਤਕਾ ਐਸੋਸੀਏਸ਼ਨ ਦੇ ਪ੍ਰਧਾਨ ਗਰੇਵਾਲ ਵੱਲੋਂ ਗੱਤਕੇ ਦੀ ਤਰੱਕੀ ਲਈ ਜਾਰੀ ਯਤਨਾਂ ਦੀ ਵੀ ਪ੍ਰਸੰਸਾ ਕੀਤੀ।ਇਸ ਮੌਕੇ ਕੌਮੀ ਪ੍ਰਧਾਨ ਐਡਵੋਕੇਟ ਹਰਜੀਤ ਸਿੰਘ ਗਰੇਵਾਲ ਨੇ ਖਿਡਾਰੀਆਂ ਨੂੰ ਮਿਹਨਤ ਅਤੇ ਅਨੁਸ਼ਾਸਨ ਨਾਲ ਅੱਗੇ ਵਧਣ ਦੀ ਪ੍ਰੇਰਨਾ ਦਿੱਤੀ।ਇਸ ਮੌਕੇ ਸਾਬਕਾ ਸਿੱਖਿਆ ਮੰਤਰੀ ਡਾ. ਦਲਜੀਤ ਸਿੰਘ ਚੀਮਾ ਅਤੇ ਸਾਬਕਾ ਵਿਧਾਇਕ ਅਮਰਜੀਤ ਸਿੰਘ ਸੰਦੋਆ ਵੀ ਸ਼ਾਮਲ ਸਨ। ਜ਼ਿਲ੍ਹਾ ਪ੍ਰਧਾਨ ਬੀਬੀ ਮਨਜੀਤ ਕੌਰ ਨੇ ਦੱਸਿਆ ਕਿ 19 ਅਪ੍ਰੈਲ ਇਸ ਟੂਰਨਾਮੈਂਟ ਦੇ ਫਾਈਨਲ ਮੁਕਾਬਲੇ ਹੋਣਗੇ ਅਤੇ ਜੇਤੂ ਖਿਡਾਰੀਆਂ ਦਾ ਵਿਸ਼ੇਸ਼ ਸਨਮਾਨ ਕੀਤਾ ਜਾਵੇਗਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਗੁਰੂ ਨਾਨਕ ਮਾਡਲ ਸਕੂਲ ਦੇ ਚੇਅਰਮੈਨ ਸਰਦਾਰ ਗੁਰਬਚਨ ਸਿੰਘ, ਗੁਰਪ੍ਰੀਤ ਸਿੰਘ ਭਾਉਵਾਲ, ਗੁਰਵਿੰਦਰ ਸਿੰਘ ਘਨੌਲੀ, ਜਸਪ੍ਰੀਤ ਸਿੰਘ, ਪਰਵਿੰਦਰ ਸਿੰਘ ਰੂਪਨਗਰ, ਸਰਦਾਰ ਹਰਦੀਪ ਸਿੰਘ ਅਤੇ ਹੋਰ ਪਤਵੰਤੇ ਸੱਜਣ ਵੀ ਮੌਜੂਦ ਸਨ।

## 24 ਘੰਟਿਆਂ 'ਚ ਲੁੱਟ-ਖੋਹ ਦਾ ਮਾਮਲਾ ਸੁਲਝਾਇਆ, ਦੋ ਦੋਸ਼ੀ ਗ੍ਰਿਫ਼ਤਾਰ

**ਕਪੂਰਥਲਾ (ਪ੍ਰੀਤ ਸੰਗੋਜਲਾ)**- ਜ਼ਿਲ੍ਹਾ ਪੁਲਿਸ ਕਪੂਰਥਲਾ ਨੇ ਲੁੱਟਖੋਹ ਦੇ ਇਕ ਗੰਭੀਰ ਮਾਮਲੇ ਨੂੰ ਸਿਰਫ਼ 24 ਘੰਟਿਆਂ ਵਿੱਚ ਸੁਲਝਾਉਂਦਿਆਂ ਦੋ ਦੋਸ਼ੀਆਂ ਨੂੰ ਗ੍ਰਿਫਤਾਰ ਕਰਨ ਵਿੱਚ ਵੱਡੀ ਸਫਲਤਾ ਹਾਸਲ ਕੀਤੀ ਹੈ। ਇਹ ਕਾਰਵਾਈ ਗੌਰਵ ਤੂਰਾ, ਸੀਨੀਅਰ ਪੁਲਿਸ ਕਪਤਾਨ ਕਪੂਰਥਲਾ, ਹਰਿੰਦਰ ਸਿੰਘ ਗਿੱਲ ਉਪ ਪੁਲਿਸ ਕਪਤਾਨ ਤਫਤੀਸ਼ ਕਪੂਰਥਲਾ, ਡਾ. ਸ਼ੀਤਲ ਸਿੰਘ ਡੀ ਐਸ ਪੀ ਸਬ ਡਵੀਜ਼ਨ ਦੇ ਦਿਸ਼ਾ-ਨਿਰਦੇਸ਼ ਹੇਠ ਕੀਤੀ ਗਈ। ਰਣਜੀਤ ਸਿੰਘ ਐਸ ਐਚ ਓ ਥਾਣਾ ਸਦਰ , ਸੰਦੀਪ ਸਿੰਘ ਚੌਕੀ ਇੰਚਾਰਜ ਸਾਇੰਸ ਸਿਟੀ ਵੱਲੋਂ ਦਿੱਤੀ ਜਾਣਕਾਰੀ ਅਨੁਸਾਰ, ਮੁਦਈ ਅਸ਼ੋਕ ਕੁਮਾਰ (ਉਮਰ ਕਰੀਬ 61 ਸਾਲ) ਵਾਸੀ ਵਡਾਲਾ ਕਲਾ ਨੇ ਦੱਸਿਆ ਕਿ ਉਹ ਰੋਜ਼ਾਨਾ ਆਪਣੇ ਪਿੰਡ ਤੋਂ ਪੱਤੜ ਕਲਾ ਸਥਿਤ ਮੈਡੀਕਲ ਦੁਕਾਨ ਤੇ ਜਾਂਦਾ ਸੀ।16 ਅਪ੍ਰੈਲ ਨੂੰ ਸ਼ਾਮ ਕਰੀਬ 7:25 ਵਜੇ ਜਦੋਂ ਉਹ ਦੁਕਾਨ ਬੰਦ ਕਰਕੇ ਆਪਣੇ ਮੋਟਰਸਾਈਕਲ 'ਤੇ ਘਰ ਵਾਪਸ ਆ ਰਿਹਾ ਸੀ, ਤਾਂ ਨਹਿਰ ਦੇ ਨੇੜੇ ਦੋ ਨੌਜਵਾਨਾਂ ਨੇ ਉਸ ਦਾ ਪਿੱਛਾ ਕਰਦੇ ਹੋਏ ਉਸ ਨੂੰ ਟੱਕਰ ਮਾਰ ਕੇ ਡਿੱਗਾ ਦਿੱਤਾ। ਇਸ ਦੌਰਾਨ ਪਿੱਛੇ ਬੈਠੇ ਨੌਜਵਾਨ ਨੇ ਦਾਤਰ ਨਾਲ ਹਮਲਾ ਕਰਕੇ ਉਸ ਨੂੰ ਜ਼ਖ਼ਮੀ ਕਰ ਦਿੱਤਾ ਅਤੇ ਉਸ ਦਾ ਪਰਸ ਲੁੱਟ ਨੂੰ ਦੇਖਦਿਆਂ ਪੁਲਿਸ ਨੇ ਤੁਰੰਤ ਕਾਰਵਾਈ ਕਰਦਿਆਂ ਦੋਸ਼ੀਆਂ ਅਜੈ ਕੁਮਾਰ ਉਰਫ ਗੱਗੀ ਅਤੇ ਕਿਰਨਦੀਪ ਸਿੰਘ, ਵਾਸੀ ਪੱਤੜ ਕਲਾ (ਥਾਣਾ ਕਰਤਾਰਪੁਰ, ਜ਼ਿਲ੍ਹਾ ਜਲੰਧਰ)



ਕੇ ਫਰਾਰ ਹੋ ਗਏ। ਲੁੱਟੇ ਗਏ ਸਮਾਨ ਵਿੱਚ ਕਰੀਬ 10,500 ਰੁਪਏ ਨਕਦ, ਆਧਾਰ ਕਾਰਡ, ਪੈਨ ਕਾਰਡ, ਏ ਟੀ ਐਮ ਕਾਰਡ ਤੇ ਹੋਰ ਜ਼ਰੂਰੀ ਦਸਤਾਵੇਜ਼ ਸ਼ਾਮਲ ਸਨ। ਜ਼ਖ਼ਮੀ ਨੂੰ ਉਸ ਦੇ ਪਰਵਾਰ ਵੱਲੋਂ ਤੁਰੰਤ ਸਿਵਲ ਹਸਪਤਾਲ ਕਪੂਰਥਲਾ ਵਿੱਚ ਦਾਖ਼ਲ ਕਰਵਾਇਆ ਗਿਆ।ਮਾਮਲੇ ਦੀ ਗੰਭੀਰਤਾ ਨੂੰ 24 ਘੰਟਿਆਂ ਦੇ ਅੰਦਰ ਗ੍ਰਿਫ਼ਤਾਰ ਕਰ ਲਿਆ।ਪੁਲਿਸ ਨੇ ਦੋਸ਼ੀਆਂ ਪਾਸੋਂ ਵਾਰਦਾਤ ਵਿੱਚ ਵਰਤਿਆ ਮੋਟਰਸਾਈਕਲ, ਦਾਤਰ ਅਤੇ ਲੁੱਟੀ ਰਕਮ ਵਿੱਚੋਂ 1000 ਰੁਪਏ ਵੀ ਬਰਾਮਦ ਕੀਤੇ ਹਨ।ਦੋਸ਼ੀਆਂ ਖ਼ਿਲਾਫ ਪਹਿਲਾਂ ਵੀ ਵੱਖ-ਵੱਖ ਅਪਰਾਧਿਕ ਮਾਮਲੇ ਦਰਜ ਹਨ।

## ਡਾ. ਅੰਬੇਡਕਰ ਦਾ ਜਨਮ ਦਿਨ ਮਨਾਇਆ



**ਜਲੰਧਰ (ਸੁਰਿੰਦਰ ਕੁਮਾਰ)** ਇੱਥੇ ਨੂਰਪੁਰ ਕਾਲੋਨੀ 'ਚ ਭਾਰਤ ਦੇ ਮਹਾਨ ਸੰਵਿਧਾਨ ਨਿਰਮਾਤਾ ਅਤੇ ਸਮਾਜ ਸੁਧਾਰਕ ਡਾ. ਭੀਮ ਰਾਓ ਅੰਬੇਡਕਰ ਦਾ ਜਨਮ ਦਿਹਾੜਾ ਬੜੀ ਸ਼ਰਧਾ, ਉਤਸ਼ਾਹ ਅਤੇ ਧੂਮਧਾਮ ਨਾਲ ਮਨਾਇਆ ਗਿਆ। ਇਸ ਮੌਕੇ ਸਾਬਕਾ ਪੰਚ ਮਨਿੰਦਰ ਸਿੰਘ ਸੰਨੀ, ਸਾਬਕਾ ਸਰਪੰਚ ਦਿਲਾਵਰ ਸਿੰਘ, ਮਨਜੀਤ ਕੁਮਾਰ, ਬਲਜਿੰਦਰ ਸਿੰਘ ਸਮੇਤ ਹੋਰ ਨੂਰਪੁਰ ਕਾਲੋਨੀ ਦੇ ਪਤਵੰਤਿਆ ਨੇ ਉਨ੍ਹਾਂ ਦੇ ਜੀਵਨ ਸੰਘਰਸ਼ ਅਤੇ ਉਪਲਬਧੀਆਂ 'ਤੇ ਚਰਚਾ ਕੀਤੀ।ਇਸ ਮੌਕੇ ਸਾਬਕਾਂ ਪੰਚ ਮਨਿੰਦਰ ਸਿੰਘ ਤੇ ਸਾਬਕਾ ਸਰਪੰਚ ਦਿਲਾਵਰ ਸਿੰਘ, ਮਨਿੰਦਰ ਸਿੰਘ ਸੰਨੀ ਨੇ ਇਸ ਮੌਕੇ ਡਾ. ਅੰਬੇਡਕਰ ਨੇ ਸਮਾਜ ਵਿਚ ਪਿੱਛੜੇ ਵਰਗਾਂ ਨੂੰ ਹੱਕ ਦਿਵਾਉਣ ਲਈ ਆਪਣੀ ਪੂਰੀ ਜ਼ਿੰਦਗੀ ਸਮਰਪਿਤ ਕਰ ਦਿੱਤੀ।

ਉਨ੍ਹਾਂ ਨੇ ਸਿੱਖਿਆ ਨੂੰ ਸਭ ਤੋਂ ਵੱਡਾ ਹਥਿਆਰ ਦੱਸਦੇ ਹੋਏ ਨੌਜਵਾਨਾਂ ਨੂੰ ਪੜ੍ਹਾਈ ਅਤੇ ਜਾਗਰੂਕਤਾ ਵੱਲ ਪ੍ਰੇਰਿਤ ਕੀਤਾ।ਸਭਾ ਦੇ ਮੈਂਬਰਾਂ ਨੇ ਕਿਹਾ ਕਿ ਸਾਨੂੰ ਡਾ. ਅੰਬੇਡਕਰ ਜੀ ਦੇ ਦਰਸਾਏ ਮਾਰਗ 'ਤੇ ਚੱਲਦਿਆਂ ਸਮਾਜ ਵਿੱਚ ਬਰਾਬਰੀ ਅਤੇ ਭਾਈਚਾਰੇ ਨੂੰ ਵਧਾਉਣਾ ਚਾਹੀਦਾ ਹੈ ਅਤੇ ਨੌਜਵਾਨ ਪੀੜ੍ਹੀ ਨੂੰ ਉਨ੍ਹਾਂ ਦੇ ਵਿਚਾਰਾਂ ਨੂੰ ਅਪਨਾਉਣਾ ਚਾਹੀਦਾ ਹੈ ਤਾਂ ਜੋ ਇਕ ਨਿਆਂਪੂਰਨ ਸਮਾਜ ਦੀ ਸਿਰਜਣਾ ਹੋ ਸਕੇ।

## ਈਸਾਪੁਰ ਪ੍ਰੈੱਸ ਕਲੱਬ ਸਬ-ਡਵੀਜ਼ਨ ਡੇਰਾਬੱਸੀ ਦੇ ਪ੍ਰਧਾਨ ਬਣੇ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਪ੍ਰੈਸ ਕਲੱਬ ਸਬ-ਡਵੀਜ਼ਨ ਡੇਰਾਬੱਸੀ (ਰਜਿ.2589) ਦੀਆਂ ਸਾਲਾਨਾ ਚੋਣਾਂ ਵਿੱਚ ਗੁਰਜੀਤ ਸਿੰਘ ਈਸਾਪੁਰ ਨੂੰ ਸਰਬਸੰਮਤੀ ਨਾਲ ਪ੍ਰਧਾਨ ਚੁਣਿਆ ਗਿਆ। ਉਨ੍ਹਾਂ



ਦਾ ਨਾਮ ਸੁਖਵਿੰਦਰ ਸਿੰਘ ਸੈਣੀ ਨੇ ਪ੍ਰਸਤਾਵਿਤ ਕੀਤਾ, ਜਿਸ ਦੀ ਤਾਈਦ ਸੁਖਵਿੰਦਰ ਸਿੰਘ ਸੁੱਖੀ ਨੇ ਕੀਤੀ। ਪ੍ਰਧਾਨ ਦੇ ਅਹੁਦੇ ਲਈ ਕੋਈ ਹੋਰ ਉਮੀਦਵਾਰ ਪੇਸ਼ ਨਾ ਹੋਣ ਕਾਰਨ, ਗੁਰਜੀਤ ਸਿੰਘ ਈਸਾਪੁਰ ਨੂੰ ਸਰਬਸੰਮਤੀ ਨਾਲ ਪ੍ਰਧਾਨ ਚੁਣਿਆ ਗਿਆ।ਚੋਣ ਮੀਟਿੰਗ ਦੀ ਪ੍ਰਧਾਨਗੀ ਮੌਜੂਦਾ ਪ੍ਰਧਾਨ ਮਨੋਜ ਰਾਜਪੂਤ ਨੇ ਕੀਤੀ। ਚੋਣਾਂ ਕਰਵਾਉਣ ਲਈ ਮਨੋਜ ਰਾਜਪੂਤ , ਸਾਬਕਾ ਪ੍ਰਧਾਨ ਰਣਵੀਰ ਸਿੰਘ ਅਤੇ ਸਰਪ੍ਰਸਤ ਸ਼ਿਆਮ ਸਿੰਘ ਸੰਧੂ ਦੀ ਅਗਵਾਈ ਵਾਲੀ ਤਿੰਨ ਮੈਂਬਰੀ ਕਮੇਟੀ ਬਣਾਈ ਗਈ। ਚੋਣਾਂ ਤੋਂ ਪਹਿਲਾਂ, ਪ੍ਰੈਸ ਕਲੱਬ ਦੇ ਮੈਂਬਰਾਂ ਇਕਬਾਲ ਸਿੰਘ ਸੈਣੀ ਦੇ ਸਵਰਗੀ ਪਿਤਾ ਜਗਦੇਵ ਸਿੰਘ ਅਤੇ ਪ੍ਰਿਤਪਾਲ ਸਿੰਘ ਬਾਛਲ ਦੇ ਸਵਰਗੀ ਪਿਤਾ ਹਰਦਮ ਸਿੰਘ ਦੀਆਂ ਵਿਛੜੀਆਂ ਰੂਹਾਂ ਲਈ ਦੋ ਮਿੰਟ ਦਾ ਮੌਨ ਰੱਖਿਆ ਗਿਆ। ਮੀਟਿੰਗ ਵਿੱਚ ਵਿਦਿਆਸਾਗਰ ਲਾਲੜੂ, ਸੁਰਜੀਤ ਸਿੰਘ ਕੋਹਾੜ, ਰਾਜਬੀਰ ਸੈਣੀ, ਦਯਾਨੰਦ ਬਬਲੀ, ਪੁਸ਼ਪਿੰਦਰ ਕੌਰ, ਸੁਰਿੰਦਰ ਪੁਰੀ, ਇਕਬਾਲ ਸੈਣੀ, ਅਤਰ ਸਿੰਘ, ਚੰਦਰਪਾਲ ਅਤਰੀ, ਸੁਰਿੰਦਰ ਸਿੰਘ ਬਾਛਲ, ਪ੍ਰਿਤਪਾਲ ਬਾਛਲ, ਲੋਹਿਤ ਸੈਣੀ, ਸੰਜੀਵ ਸੈਣੀ, ਵਿਨੈ ਜੈਨ, ਰੋਹਿਤ ਗੁਪਤਾ, ਮਲਕੀਤ ਸਿੰਘ ਮਲਕਪੁਰ, ਸ਼ਿਵਮ ਧੀਮਾਨ ਅਤੇ ਡਾਕਟਰ ਦਿਨੇਸ਼ ਮਿਤਲ ਹਾਜ਼ਰ ਸਨ। ਨਵ-ਨਿਯੁਕਤ ਪ੍ਰਧਾਨ ਗੁਰਜੀਤ ਸਿੰਘ ਈਸਾਪੁਰ ਨੇ ਕਿਹਾ ਕਿ ਜਲਦੀ ਹੀ ਸਾਰਿਆਂ ਦੀ ਸਹਿਮਤੀ ਨਾਲ ਪ੍ਰਬੰਧਕੀ ਕਮੇਟੀ ਬਣਾਈ ਜਾਵੇਗੀ।

## ਸਮਾਜ ਸੇਵੀ ਅਸ਼ੀਸ਼ ਅੱਤਰੀ ਸਾਥੀਆਂ ਸਮੇਤ 'ਆਪ' ਚ ਸ਼ਾਮਿਲ

**ਨੰਗਲ/ਭਲਾਣ (ਹਰਭਜਨ ਸਿੰਘ ਢਿੱਲੋਂ)**- ਸ੍ਰੀ ਅਨੰਦਪੁਰ ਸਾਹਿਬ ਹਲਕੇ ਵਿੱਚ ਆਮ ਆਦਮੀ ਪਾਰਟੀ ਨੂੰ ਉਸ ਸਮੇਂ ਵੱਡਾ ਬਲ ਮਿਲਿਆ ਜਦੋਂ ਉੱਘੇ ਸਮਾਜ ਸੇਵੀ ਅਸ਼ੀਸ਼ ਅੱਤਰੀ ਨੇ ਆਪਣੇ ਸਾਥੀਆਂ ਸਮੇਤ ਪਾਰਟੀ ਵਿੱਚ ਸ਼ਾਮਿਲ ਹੋਣ ਦਾ ਐਲਾਨ ਕੀਤਾ। ਇਹ ਸ਼ਮੂਲੀਅਤ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਦੀ ਹਾਜ਼ਰੀ ਵਿੱਚ ਹੋਈ।



ਅਸ਼ੀਸ਼ ਅੱਤਰੀ ਨੇ ਕਿਹਾ ਕਿ ਉਹ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀਆਂ ਲੋਕ ਪੱਖੀ ਅਤੇ ਪਾਰਦਰਸ਼ੀ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਆਮ ਆਦਮੀ ਪਾਰਟੀ ਨਾਲ ਜੁੜੇ ਹਨ।ਅਸ਼ੀਸ਼ ਅੱਤਰੀ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਪੰਜਾਬ ਦੇ ਲੋਕਾਂ ਨੂੰ ਲੰਮੇ ਸਮੇਂ ਤੋਂ ਇੱਕ ਐਸੀ ਸਰਕਾਰ ਦੀ ਉਮੀਦ ਸੀ ਜੋ ਆਮ ਆਦਮੀ ਦੀ ਆਵਾਜ਼ ਨੂੰ ਸਮਝੇ ਅਤੇ ਉਸਦਾ ਹੱਲ ਕਰੇ। ਉਹਨਾਂ ਕਿਹਾ ਕਿ ਮਾਨ ਸਰਕਾਰ ਨੇ ਘਰੇਲੂ ਬਿਜਲੀ ਦੇ 300 ਯੂਨਿਟ ਮੁਫ਼ਤ ਦੇਣ, ਖੇਤਾਂ ਤੱਕ ਨਹਿਰੀ ਪਾਣੀ ਪਹੁੰਚਾਉਣ, ਮਹਿਲਾਵਾਂ ਲਈ ਸਨਮਾਨ ਯੋਜਨਾਵਾਂ ਲਾਗੂ ਕਰਨ ਅਤੇ ਸਿਹਤ ਬੀਮਾ ਯੋਜਨਾ ਦੇ ਤਹਿਤ 10 ਲੱਖ ਰੁਪਏ ਤੱਕ ਦੀ ਸਹੂਲਤ ਮੁਹੱਈਆ ਕਰਵਾ ਕੇ ਆਪਣੇ ਵਾਅਦੇ ਨਿਭਾਏ ਹਨ। ਉਹਨਾਂ ਦਾਅਵਾ ਕੀਤਾ ਕਿ ਸਰਕਾਰ ਨੇ ਸਿਰਫ਼ ਵਾਅਦੇ ਹੀ ਨਹੀਂ ਕੀਤੇ, ਸਗੋਂ ਉਨ੍ਹਾਂ ਤੋਂ ਵੱਧ ਕੰਮ ਕਰਕੇ ਦਿਖਾਇਆ ਹੈ।ਇਸ ਮੌਕੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਅਸ਼ੀਸ਼ ਅੱਤਰੀ ਅਤੇ ਉਹਨਾਂ ਦੇ ਸਾਥੀਆਂ ਦਾ ਦਿਲੋਂ ਸਵਾਗਤ ਕੀਤਾ।ਡਾ ਸੰਜੀਵ ਗੌਤਮ ਜ਼ਿਲਾਂ ਪ੍ਰਧਾਨ ਆਮ ਆਦਮੀ ਪਾਰਟੀ, ਸੁਨੀਤਾ ਮੌਜੋਵਾਲ, ਸੁਨੀਲ ਸੈਣੀ ਸਰਪੰਚ ਮੌਜੋਵਾਲ ਤੇ ਪਤਵੰਤੇ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

## ਕਿਸਾਨ ਯੂਨੀਅਨ ਲੱਖੋਵਾਲ ਵੱਲੋਂ ਰੋਸ ਮਾਰਚ ਭਲਕੇ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**- ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਬਲਾਕ ਡੇਰਾਬੱਸੀ ਦੀ ਇੱਕ ਅਹਿਮ ਮੀਟਿੰਗ ਜਥੇਬੰਦੀ ਦੇ ਦਫਤਰ ਵਿਖੇ ਸੂਬਾ ਮੀਤ ਪ੍ਰਧਾਨ ਮਨਪ੍ਰੀਤ ਸਿੰਘ ਅਮਲਾਲਾ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੇ ਵਿੱਚ ਜਥੇਬੰਦੀ ਦੇ ਇਕੱਠ ਵਿੱਚ ਕਈ ਕਿਸਮ ਦੀਆਂ ਵਿਚਾਰਾਂ ਹੋਈਆਂ ਜਿਹਨਾਂ ਦੇ ਵਿੱਚੋਂ ਇੱਕ ਸੁਖਮਨੀ ਸਕੂਲ ਡੇਰਾਬੱਸੀ ਵਿੱਚ ਚੱਲ ਰਹੇ ਧਰਨੇ ਪ੍ਰਦਰਸ਼ਨ ਦੇ ਬਾਰੇ ਵੀ ਵਿਚਾਰ ਵਟਾਂਦਰਾ ਕੀਤਾ ਗਿਆ ਜਿੱਥੇ ਕਿ ਸਕੂਲ ਦੇ ਪ੍ਰਸ਼ਾਸਨ ਵੱਲੋਂ ਡਰਾਈਵਰਾਂ ਅਤੇ ਹੋਰ ਕਾਮਿਆਂ ਨੂੰ ਨੌਕਰੀ ਤੋਂ ਬਿਨਾਂ ਕਿਸੇ ਕਾਰਨ ਦੱਸੇ ਕੱਢ ਦਿੱਤਾ ਗਿਆ ਹੈ। ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਇਸ ਦੇ ਵਿਰੋਧ ਵਿੱਚ ਸ਼ੁਰੂ ਤੋਂ ਹੀ ਸੰਘਰਸ਼ੀ ਯੂਨੀਅਨਾ ਤੇ ਕਿਰਤੀਆਂ ਦੇ ਨਾਲ ਧਰਨੇ ਵਿੱਚ ਸ਼ਾਮਿਲ ਹੈ।



ਮੀਟਿੰਗ ਵਿੱਚ ਜਥੇਬੰਦੀ ਵੱਲੋਂ ਸੰਘਰਸ਼ ਵਿੱਚ ਸ਼ਾਮਿਲ ਯੂਨੀਅਨ ਅਤੇ ਕਿਰਤੀ ਕਾਮਿਆਂ ਦੇ ਨਾਲ ਡੂੰਘੀ ਵਿਚਾਰ ਚਰਚਾ ਤੋਂ ਬਾਅਦ ਫੈਸਲਾ ਕੀਤਾ ਗਿਆ ਕਿ 21 ਅਪ੍ਰੈਲ ਨੂੰ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਅਤੇ ਸਹਿਯੋਗੀ ਜਥੇਬੰਦੀਆਂ ਅਤੇ ਕਿਰਤੀ ਕਾਮੇ ਆਪਣੇ ਪਰਵਾਰ ਸਮੇਤ ਮੇਨ ਬੱਸ ਸਟੈਂਡ ਡੇਰਾ ਬੱਸੀ ਤੋਂ ਸਵੇਰੇ 9 ਵਜੇ ਹਲਕਾ ਵਿਧਾਇਕ ਦੀ ਰਿਹਾਈ ਤੱਕ ਇੱਕ ਸ਼ਾਂਤਮਈ ਪੈਦਲ ਰੋਸ ਮਾਰਚ ਕੱਢਿਆ ਜਾਵੇਗਾ। ਜਥੇਬੰਦੀ ਵੱਲੋਂ ਇਸ ਰੋਸ ਮਾਰਚ ਵਿੱਚ ਸ਼ਾਮਿਲ ਹੋਣ ਲਈ ਸਾਰੀਆਂ ਸਹਿਯੋਗੀ ਜਥੇਬੰਦੀਆਂ ਧਾਰਮਿਕ ਤੇ ਸਮਾਜਿਕ ਜਥੇਬੰਦੀਆਂ ਅਤੇ ਇਲਾਕਾ ਨਿਵਾਸੀਆਂ ਨੂੰ ਵੱਧ ਚੜ ਕੇ ਸ਼ਾਮਿਲ ਹੋਣ ਦੀ ਅਪੀਲ ਕੀਤੀ ਗਈ। ਮੀਟਿੰਗ ਵਿੱਚ ਅਮਲਾਲਾ ਤੋਂ ਇਲਾਵਾ ਰਣਜੀਤ ਸਿੰਘ ਰਾਣਾ ਬਲਾਕ ਪ੍ਰਧਾਨ ਡੇਰਾਬੱਸੀ ਜਗਤਾਰ ਸਿੰਘ, ਹਰੀ ਸਿੰਘ, ਕੰਵਲਜੀਤ ਸਿੰਘ, ਹਰਨਾਮ ਸਿੰਘ, ਪਰਮਜੀਤ ਸਿੰਘ, ਗੁਰਪ੍ਰੀਤ ਸਿੰਘ, ਕੇਹਰ ਸਿੰਘ, ਗੁਲਾਬ ਸਿੰਘ, ਗੁਰਪਾਲ ਸਿੰਘ, ਧਰਮਪਾਲ ਸਿੰਘ, ਹਰਪਾਲ ਸਿੰਘ, ਛੱਜਾ ਸਿੰਘ, ਰਾਮ ਸਿੰਘ, ਕਰਨੈਲ ਸਿੰਘ, ਜਰਨੈਲ ਸਿੰਘ, ਸੁਰਜੀਤ ਸਿੰਘ, ਧਰਮ ਸਿੰਘ ਸਮੇਤ ਹੋਰ ਕਿਸਾਨ ਆਗੂ ਹਾਜ਼ਰ ਸਨ।

## ਸ਼ਿਵ ਸ਼ਕਤੀ ਸੇਵਾਦਾਰ ਮੰਡਲੀ ਪ੍ਰਬੰਧਕ ਕਮੇਟੀ ਦੀ ਚੋਣ

**ਬਲਾਚੌਰ (ਜਸਵਿੰਦਰ ਬੈਂਸ)**- ਸ਼ਹੀਦ ਭਗਤ ਸਿੰਘ ਨਗਰ ਦੇ ਬਲਾਚੌਰ (ਮਹਿੰਦੀ ਪੁਲ) ਵਿੱਚ ਸ਼ਿਵ ਸ਼ਕਤੀ ਸੇਵਾਦਾਰ ਮੰਡਲੀ ਪ੍ਰਬੰਧਕ ਕਮੇਟੀ ਦਾ ਸਾਲਾਨਾ ਇਜਲਾਸ ਬਹੁਤ ਹੀ ਉਤਸ਼ਾਹਪੂਰਵਕ ਮਾਹੌਲ ਵਿੱਚ ਹੋਇਆ। ਇਸ ਮੌਕੇ ਜਨਰਲ ਸਕੱਤਰ ਵੱਲੋਂ ਪਿਛਲੇ ਸਾਲ ਦੀ ਕਾਰਗੁਜ਼ਾਰੀ ਰਿਪੋਰਟ ਪੜ੍ਹ ਕੇ ਸੁਣਾਈ ਗਈ, ਜਿਸ ਤੋਂ ਬਾਅਦ ਸਰਬ ਸੰਮਤੀ ਨਾਲ ਨਵੀਂ ਕਮੇਟੀ ਦੀ ਚੋਣ ਪ੍ਰਕਿਰਿਆ ਮੁਕੰਮਲ ਕੀਤੀ ਗਈ।ਇਸ ਚੋਣ



ਵਿੱਚ ਰਾਣਾ ਸੁਰਿੰਦਰ ਕੁਮਾਰ ਨੂੰ ਸਰਬ ਸੰਮਤੀ ਨਾਲ ਸੰਸਥਾ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ। ਇਸ ਦੇ ਨਾਲ ਹੀ ਮਨਜੀਤ ਸਿੰਘ ਨੂੰ ਜਨਰਲ ਸਕੱਤਰ ਤੇ ਮਹੇਸ਼ ਰਾਣਾ ਕੈਸ਼ੀਅਰ ਅਤੇ ਪ੍ਰਵੀਨ ਕੁਮਾਰ ਉਪ ਕੈਸ਼ੀਅਰ ਦੀ ਜ਼ਿੰਮੇਵਾਰੀ ਸੌਂਪੀ ਗਈ।ਕਮੇਟੀ ਵਿੱਚ ਸਜੀਵ ਕੁਮਾਰ, ਨਰੇਸ਼ ਡੋਗਰਾਂ, ਅੱਛਰ ਸਿੰਘ, ਅਮਿਤ, ਰਾਜੀਵ ਕੁਮਾਰ, ਰਾਣਾ ਅਸ਼ੋਕ ਕੁਮਾਰ, ਸਿਕੰਦਰ, ਸਦੀਪ ਰਾਣਾ, ਧਰਾਨ ਸਿਜਰ, ਅਜੇ ਸੋਨੀ, ਵਿਪਨ ਕੁਮਾਰ, ਸੁਰਿੰਦਰ ਪਾਲ ਵਰਮਾ ਡਾ. ਤਜਿੰਦਰ ਸਿੰਘ ਜੋਤ, ਰਾਣਾ ਕਰਨ ਨੂੰ ਬਤੌਰ ਕਮੇਟੀ ਮੈਂਬਰ ਸ਼ਾਮਲ ਕੀਤਾ ਗਿਆ ਹੈ।ਨਿਯੁਕਤੀ ਤੋਂ ਬਾਅਦ ਪ੍ਰਧਾਨ ਰਾਣਾ ਸੁਰਿੰਦਰ ਕੁਮਾਰ ਨੇ ਸਮੂਹ ਮੈਂਬਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਤਨਦੇਹੀ ਨਾਲ ਭਗਵਾਨ ਸ਼ਿਵ ਭੋਲੇ ਦੀ ਸੇਵਾ ਕਰਨਗੇ। ਉਨ੍ਹਾਂ ਕਿਹਾ ਕਿ ਸ਼ਹਿਰ ਵਾਸੀਆਂ ਦੇ ਸਹਿਯੋਗ ਨਾਲ ਆਉਣ ਵਾਲੇ ਸਮੇਂ ਵਿੱਚ ਸ਼ਿਵਜੀ ਮਹਾਰਾਜ ਨਾਲ ਸਬੰਧਤ ਵੱਡੇ ਧਾਰਮਿਕ ਸਮਾਗਮ ਕਰਵਾਏ ਜਾਣਗੇ। ਹਰ ਮਹੀਨੇ ਦੀ ਸੰਗਰਾਂਦ ਵਾਲੇ ਦਿਨ ਸੁੰਦਰ ਕਾਂਡ ਦਾ ਪਾਠ ਕਰਵਾਇਆ ਜਾਵੇਗਾ। ਪਾਠ ਤੋਂ ਬਾਅਦ ਕੀਰਤਨ ਰਾਹੀਂ ਬੱਚਿਆਂ ਨੂੰ ਸ਼ਿਵ ਮਹਿਮਾ ਅਤੇ ਧਾਰਮਿਕ ਇਤਿਹਾਸ ਬਾਰੇ ਜਾਣਕਾਰੀ ਦਿੱਤੀ ਜਾਵੇਗੀ।

## ਮਹਿਲਾਵਾਂ ਚੋਣਾਂ 'ਚ ਸਬਕ ਸਿਖਾਉਣਗੀਆਂ : ਖੱਟਰ

**ਜਲੰਧਰ (ਸ਼ੈਲੀ ਐਲਬਰਟ)**- ਕਾਂਗਰਸ ਸਣੇ ਸਮੁੱਚੀ ਵਿਰੋਧੀ ਧਿਰ ਨੇ ਲੋਕ ਸਭਾ ਵਿੱਚ ਮਹਿਲਾ ਰਾਖਵਾਂਕਰਨ ਬਿੱਲ ਨੂੰ ਪਾਸ ਹੋਣ ਤੋਂ ਰੋਕ ਕੇ ਦੇਸ਼ ਦੀ ਅੱਧੀ ਅਬਾਦੀ ਖ਼ਿਲਾਫ਼ ਘਿਨਾਉਣੀ ਸ਼ਾਜਿਸ਼ ਕੀਤੀ ਹੈ, ਜੋ ਭਰੂਣ ਹੱਤਿਆ ਕਰਨ ਵਰਗਾ ਪਾਪ ਹੈ।ਇਸ ਦਾ ਖ਼ਮਿਆਜ਼ਾ ਇਨ੍ਹਾਂ ਮਹਿਲਾ ਵਿਰੋਧੀ



ਪਾਰਟੀਆਂ ਨੂੰ ਚੋਣ ਨਤੀਜਿਆਂ ਦੇ ਰੂਪ ਵਿੱਚ ਭੁਗਤਣਾ ਪਵੇਗਾ। ਇਹ ਸ਼ਬਦ ਕੇਂਦਰੀ ਮੰਤਰੀ ਮਨੋਹਰ ਲਾਲ ਖੱਟਰ ਦੇ ਹਨ।ਲੋਕ ਸਭਾ ਵਿੱਚ ਮਹਿਲਾ ਰਾਖਵਾਂਕਰਨ ਬਿੱਲ ਡੇਗਣ ਲਈ ਵਿਰੋਧੀ ਧਿਰਾਂ ਵਲੋਂ ਮਹਿਲਾਵਾਂ ਦੇ ਅਧਿਕਾਰਾਂ 'ਤੇ ਕੀਤੇ ਹਮਲੇ ਪ੍ਰਤੀ ਲੋਕ ਜਾਗਰੂਕਤਾ ਦੇ ਮੱਦੇਨਜ਼ਰ ਭਾਜਪਾ ਨੇ ਸਮੁੱਚੇ ਦੇਸ਼ ਵਿੱਚ ਜਨ-ਆਕਰੋਸ਼ ਮੁਹਿੰਮ ਵਿੱਢੀ ਹੈ। ਇਸੇ ਤਹਿਤ ਖੱਟਰ ਅਤੇ ਉੱਤਰ ਪ੍ਰਦੇਸ਼ ਦੀ ਕੈਬਨਿਟ ਮੰਤਰੀ ਬੇਬੀ ਮੌਰਿਆ ਵੀ ਜਲੰਧਰ ਪਹੁੰਚੇ ਹੋਏ ਸਨ। ਖੱਟਰ ਨੇ ਕਿਹਾ, "ਕਾਂਗਰਸ ਨੇ ਆਪਣੇ ਦਹਾਕਿਆਂ ਪੁਰਾਣੇ ਇਤਿਹਾਸ ਮੁਤਾਬਕ ਮਹਿਲਾਵਾਂ ਨੂੰ ਸਿਆਸੀ ਅਤੇ ਨੀਤੀ ਨਿਰਮਾਣ ਖੇਤਰ ਵਿੱਚ ਹਿੱਸੇਦਾਰੀ ਦੇਣ ਦੇ ਯਤਨਾਂ ਵਿੱਚ ਇੱਕ ਵਾਰ ਫੇਰ ਅੜਚਨ ਡਾਹੀ ਹੈ। ਇਹ ਬਿੱਲ ਪਾਸ ਕਰਵਾਉਣਾ ਮਹਿਲਾਵਾਂ ਉੱਤੇ ਕੋਈ ਅਹਿਸਾਨ ਨਹੀਂ ਸੀ, ਸਗੋਂ ਉਨ੍ਹਾਂ ਦਾ ਹੱਕ ਬਣਦਾ ਹੈ।"ਸ੍ਰੀ ਖੱਟਰ ਨੇ ਕਿਹਾ ਕਿ ਮੋਦੀ ਸਰਕਾਰ ਨੇ 2023 ਵਿੱਚ ਨਾਰੀ ਸ਼ਕਤੀ ਵੰਦਨ ਅਧਿਨਿਯਮ ਪਾਸ ਕਰਵਾਇਆ, ਜਿਸ ਨੂੰ 2029 ਦੀਆਂ ਲੋਕ ਸਭਾ ਚੋਣਾਂ ਤੋਂ ਪਹਿਲਾ ਲਾਗੂ ਕਰਨ ਦਾ ਵਾਅਦਾ ਸੀ। ਇਸ ਬਿੱਲ ਨੂੰ ਸਰਬਸੰਮਤੀ ਨਾਲ ਪਾਸ ਕੀਤਾ ਸੀ। ਇਸ ਲਈ ਵਿਰੋਧੀ ਧਿਰਾਂ ਵਲੋਂ ਇਸ ਵਾਰ ਵੀ ਸਮਰਥਨ ਦੀ ਆਸ ਕੀਤੀ ਜਾ ਰਹੀ ਸੀ।ਪਰ 2021 ਵਿੱਚ ਕੋਵਿਡ ਕਾਰਨ ਜਨਗਣਨਾ ਵਿੱਚ ਦੇਰੀ ਹੋਣ ਕਾਰਨ ਹੱਦਬੰਦੀ (ਡੀਲਿਮੀਟੇਸ਼ਨ) ਵੀ ਨਹੀਂ ਹੋ ਸਕੀ। ਹੁਣ ਭਾਵੇਂ ਜਨਗਣਨਾ ਦਾ ਕਾਰਜ ਸ਼ੁਰੂ ਹੈ, ਪਰ ਉਸ ਤੋਂ ਬਾਅਦ ਨਵੀਂ ਹੱਦਬੰਦੀ ਲਈ ਸਮਾਂ ਬਹੁਤ ਘੱਟ ਹੈ। ਇਸ ਲਈ ਸੰਵਿਧਾਨਕ ਸੋਧ ਦਾ ਬਿੱਲ ਲਿਆਂਦਾ ਗਿਆ ਸੀ। ਜਿਸ ਨੂੰ ਕਾਂਗਰਸ ਅਤੇ ਵਿਰੋਧੀ ਪਾਰਟੀਆਂ ਨੇ ਪਾਸ ਨਹੀਂ ਹੋਣ ਦਿੱਤਾ।

## ਵਿਧਾਇਕ ਨੇ 97 ਪਰਵਾਰਾਂ ਨੂੰ ਮਾਲਕੀ ਦੇ ਹੱਕਾਂ ਵਾਲੇ ਪ੍ਰਾਪਰਟੀ ਕਾਰਡ ਸੌਂਪੇ

**ਹੁਸ਼ਿਆਰਪੁਰ (ਓ ਪੀ ਰਾਣਾ)**- ਪੰਜਾਬ ਸਰਕਾਰ ਵਲੋਂ ਪਿੰਡਾਂ ਵਿਚ ਲਾਲ ਲਕੀਰ ਅੰਦਰ ਰਹਿੰਦੇ ਵਸਨੀਕਾਂ ਨੂੰ ਉਨ੍ਹਾਂ ਦੇ ਘਰਾਂ ਦੀ ਮਾਲਕੀ ਦੇ ਹੱਕ ਦੇਣ ਲਈ ਸ਼ੁਰੂ ਕੀਤੀ 'ਮੇਰਾ ਘਰ-ਮੇਰੇ ਨਾਮ' ਸਕੀਮ ਤਹਿਤ ਹਲਕਾ ਚੱਬੇਵਾਲ ਤੋਂ ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਨੇੜਲੇ ਪਿੰਡ ਗੋਹਗੜੋਂ ਵਿਖੇ 97 ਪਰਵਾਰਾਂ ਨੂੰ ਘਰਾਂ ਦੀ ਮਾਲਕੀ ਦੇ ਪ੍ਰਾਪਰਟੀ ਕਾਰਡ ਸੌਂਪਦਿਆਂ ਕਿਹਾ ਕਿ ਰਾਜ ਸਰਕਾਰ ਦੀ ਇਸ ਇਤਿਹਾਸਕ ਪਹਿਲਕਦਮੀ ਨਾਲ ਲੋਕਾਂ ਨੂੰ ਬਹੁਤ ਵੱਡਾ ਫਾਇਦਾ ਹੋਇਆ ਹੈ। ਪਰਵਾਰਾਂ ਨੂੰ ਪ੍ਰਾਪਰਟੀ ਕਾਰਡ ਸੌਂਪਦਿਆਂ ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਪੰਜਾਬ ਸਰਕਾਰ ਨੇ ਲਾਲ ਲਕੀਰ ਵਾਸੀਆਂ ਨੂੰ ਉਨ੍ਹਾਂ ਦੇ ਘਰਾਂ ਦੇ ਮਾਲਕੀ ਹੱਕਾਂ ਦੀ ਕਾਨੂੰਨੀ ਮਾਨਤਾ ਪ੍ਰਦਾਨ ਕੀਤੀ ਹੈ ਜਿਸ ਨਾਲ ਉਹ ਜ਼ਿੰਦਗੀ ਵਿਚ ਵੱਖ-ਵੱਖ ਤਰ੍ਹਾਂ ਦੀ ਤਰੱਕੀ ਲਈ ਆਪਣੀ ਜਾਇਦਾਦ ਵਰਤੋਂ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ 'ਮੇਰਾ ਘਰ-ਮੇਰੇ ਨਾਮ' ਸਕੀਮ ਲੋਕਾਂ ਨੂੰ ਨਾ ਸਿਰਫ ਮਾਲਕੀ ਪ੍ਰਦਾਨ ਕਰਦੀ ਹੈ ਸਗੋਂ ਉਨ੍ਹਾਂ ਦੇ ਆਤਮ-ਵਿਸ਼ਵਾਸ਼ ਅਤੇ ਮਨੋਬਲ ਨੂੰ ਵੀ ਮਜ਼ਬੂਤ ਕਰਦੀ ਹੈ। ਉਨ੍ਹਾਂ ਕਿਹਾ ਕਿ ਹੁਣ ਇਹ ਪਰਵਾਰ ਆਪਣੀ ਪ੍ਰਾਪਰਟੀ ਵੇਚ-ਖਰੀਦ ਸਕਦੇ ਹਨ ਅਤੇ ਇਨ੍ਹਾਂ ਪ੍ਰਾਪਰਟੀਆਂ ਦੀ ਰਜਿਸਟਰੀ ਦਾ ਰਾਹ ਪੂਰੀ ਤਰ੍ਹਾਂ ਪੱਧਰਾ ਹੋ ਗਿਆ ਹੈ। ਉਨ੍ਹਾਂ ਕਿਹਾ ਕਿ ਲਾਲ ਲਕੀਰ ਅੰਦਰ ਰਹਿੰਦੇ ਲੋਕਾਂ ਨੂੰ ਆਪਣੇ ਘਰਾਂ ਆਦਿ ਦੀ ਮਾਲਕੀ ਨੂੰ ਲੈ ਕੇ ਲੰਮੇਂ




ਸਮੇਂ ਤੋਂ ਵੱਖ-ਵੱਖ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈਂਦਾ ਸੀ ਜਿਸ ਦਾ ਪੰਜਾਬ ਸਰਕਾਰ ਨੇ ਪੱਕਾ ਹੱਲ ਕਰਕੇ ਇਨ੍ਹਾਂ ਵਸਨੀਕਾਂ ਦੀ ਚਿਰਾਂ ਤੋਂ ਚੱਲੀ ਆ ਰਹੀ ਮੰਗ ਨੂੰ ਪੂਰਾ ਕੀਤਾ ਹੈ।ਸਬੰਧਤ ਅਧਿਕਾਰੀਆਂ ਦੀ ਮੌਜੂਦਗੀ ਵਿਚ ਪਿੰਡ ਵਾਸੀਆਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਦੱਸਿਆ ਕਿ ਮਾਲਕੀ ਲਈ ਪ੍ਰਾਪਰਟੀ ਕਾਰਡ ਬਣਾਉਣ ਦੀ ਪ੍ਰਕਿਰਿਆ ਪੂਰੀ ਤਰ੍ਹਾਂ ਪਾਰਦਰਸ਼ੀ ਅਤੇ ਯੋਜਨਾਬੱਧ ਢੰਗ ਨਾਲ ਕੀਤੀ ਜਾ ਰਹੀ ਹੈ ਜਿਸ ਤਹਿਤ ਮਾਲ ਵਿਭਾਗ ਵਲੋਂ ਪਹਿਲਾਂ ਡਰੋਨ ਸਰਵੇਖਣ ਰਾਹੀਂ ਪਿੰਡ ਦੇ ਸਾਰੇ ਘਰਾਂ ਦਾ ਨਕਸ਼ਾ ਬਣਾਇਆ ਜਾਂਦਾ ਹੈ ਅਤੇ ਬਾਅਦ ਵਿਚ ਇੱਕ ਮੁੱਢਲਾ ਨਕਸ਼ਾ (ਨਕਸ਼ਾ-1) ਬਣਾ ਕੇ ਪਟਵਾਰੀ, ਸਰਪੰਚਾਂ, ਨੰਬਰਦਾਰਾਂ ਅਤੇ ਪਿੰਡ ਦੇ ਹੋਰ ਪਤਵੰਤਿਆਂ ਦੀ ਟੀਮ ਨਾਲ ਮੌਜੂਦਾ ਸਥਿਤੀ ਦਾ ਪਤਾ ਕੀਤਾ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਜ਼ਮੀਨੀ ਤਸਦੀਕ ਹੋਣ ਦੇ ਆਧਾਰ 'ਤੇ, ਸਰਵੇ ਆਫ਼ ਇੰਡੀਆ ਅੰਤਿਮ ਨਕਸ਼ਾ (ਨਕਸ਼ਾ-2) ਤਿਆਰ ਕਰਦਾ ਹੈ, ਜਿਸ ਵਿੱਚ ਘਰਾਂ ਦੀ ਨੰਬਰਿੰਗ ਕੀਤੀ ਜਾਂਦੀ ਹੈ ਜਿਸ ਉਪਰੰਤ ਮਾਲਕਾਂ ਦੇ ਵੇਰਵੇ ਦਰਜ ਕਰਕੇ ਨਕਸ਼ਾ ਪਿੰਡ ਵਿੱਚ ਜਨਤਕ ਕੀਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਜੇਕਰ ਨਕਸ਼ੇ 'ਤੇ ਕੋਈ ਇਤਰਾਜ਼ ਨਹੀਂ ਪਾਇਆ ਜਾਂਦਾ ਤਾਂ ਮਾਲਕੀ ਦੇ ਹੱਕ ਜਾਰੀ ਕੀਤੇ ਜਾਂਦੇ ਹਨ।ਇਸ ਮੌਕੇ ਤਹਿਸੀਲਦਾਰ ਮਨਦੀਪ ਸਿੰਘ, ਸਰਪੰਚ ਸੁਰਿੰਦਰ ਸਿੰਘ, ਪੰਚ ਪਰਦੀਪ ਸਿੰਘ, ਜਰਨੈਲ ਸਿੰਘ, ਜਗਦੀਪ ਸਿੰਘ, ਅਨੀਤਾ, ਸਾਬਕਾ ਸਰਪੰਚ ਉਂਕਾਰ ਸਿੰਘ, ਕੁਲਦੀਪ ਸਿੰਘ, ਚਰਨ ਸਿੰਘ, ਪਟਵਾਰੀ ਕਰਮਜੀਤ ਸਿੰਘ, ਹਰਭਜਨ ਸਿੰਘ, ਅਜੀਤ ਸਿੰਘ, ਹਰਪਾਲ ਸਿੰਘ, ਨਾਇਬ ਤਹਿਸੀਲਦਾਰ ਕੁਲਵਿੰਦਰ ਸਿੰਘ ਆਦਿ ਵੀ ਮੌਜੂਦ ਸਨ।

## ਪਰਸ਼ੂਰਾਮ ਜਨਮ ਉਤਸਵ ਮਨਾਇਆ

**ਲੋਹੀਆਂ ਖਾਸ (ਰੀਨਾ ਸ਼ਰਮਾ)**- ਬ੍ਰਹਮਲੀਨ ਮਹੰਤ ਸ੍ਰੀ ਸ਼ਾਂਤੀ ਗਿਰੀ ਮਹਾਰਾਜ ਤੇ ਬ੍ਰਹਮਲੀਨ ਮਹੰਤ ਸ੍ਰੀ ਰਵਿੰਦਰਾ ਗਿਰੀ ਮਹਾਰਾਜ ਦੀ ਅਪਾਰ ਕਿਰਪਾ ਸਦਕਾ ਪ੍ਰਾਚੀਨ ਸ਼ਿਵ ਮੰਦਿਰ ਲੋਹੀਆਂ ਖਾਸ ਦੇ ਗੱਦੀਨਸ਼ੀਨ ਸ੍ਰੀ ਸ੍ਰੀ 1008 ਮਹਾਂ ਮੰਡਲੇਸ਼ਵਰ ਮਹੰਤ ਸ੍ਰੀ ਸ਼ਿਪਰਾ ਗਿਰੀ ਜੀ ਮਹਾਰਾਜ ਦੇ ਅਸ਼ੀਰਵਾਦ ਤੇ ਮਹੰਤ ਸ੍ਰੀ ਜੈ ਰਾਮ ਗਿਰੀ ਜੀ ਮਹਾਰਾਜ ਦੀ ਅਗਵਾਈ ਹੇਠ ਮੰਦਿਰ 'ਚ ਬ੍ਰਾਹਮਣ ਸਭਾ ਲੋਹੀਆਂ ਖਾਸ ਵੱਲੋਂ ਭਗਵਾਨ ਪਰਸ਼ੂਰਾਮ ਜਨਮ ਉਤਸਵ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਬ੍ਰਾਹਮਣ ਸਭਾ ਦੇ ਸਰਪ੍ਰਸਤ



ਵਿਸ਼ਵਾ ਮਿੱਤਰ ਸ਼ਰਮਾ, ਕੁਲਭੂਸ਼ਨ ਸੱਦੀ, ਪ੍ਰਧਾਨ ਦਰਸ਼ਨ ਕੁਮਾਰ ਸੱਦੀ, ਵਾਈਸ ਪ੍ਰਧਾਨ ਸੁਰਿੰਦਰ ਕੁਮਾਰ ਸ਼ਰਮਾ, ਸੈਕਟਰੀ ਗੌਰਵ ਸੱਦੀ, ਕੈਸ਼ੀਅਰ ਖਜ਼ਾਨਚੀ ਦਾਸ ਸ਼ਰਮਾ, ਪ੍ਰੈਸ ਸਕੱਤਰ ਯੋਗੇਸ਼ਵਰ ਸ਼ਰਮਾ ਤੇ ਸੁਭਾਸ਼ ਸੱਦੀ ਦੀ ਸਰਪ੍ਰਸਤੀ ਹੇਠ ਸ਼ਹਿਰ ਦੀਆਂ ਸਮੂਹ ਸੰਗਤਾਂ ਵੱਲੋਂ ਸ਼ਰਧਾ ਨਾਲ ਮਨਾਏ ਗਏ ਇਸ ਸਮਾਗਮ ਵਿੱਚ ਕਰਵਾਏ ਗਏ ਸ੍ਰੀ ਸੁੰਦਰ ਕਾਂਡ ਦੇ ਪਾਠਾਂ ਦੇ ਭੋਗ ਪਾਏ ਗਏ ਤੇ ਆਰਤੀ ਵੀ ਕੀਤੀ ਗਈ। ਇਸ ਉਪਰੰਤ ਲੰਗਰ ਪ੍ਰਸ਼ਾਦ ਅਟੁੱਟ ਵਰਤਾਇਆ ਗਿਆ। ਇਸ ਮੌਕੇ ਮਹੰਤ ਸ੍ਰੀ ਜੈ ਰਾਮ ਗਿਰੀ ਜੀ ਮਹਾਰਾਜ ਵੱਲੋਂ ਭਗਵਾਨ ਪਰਸ਼ੂਰਾਮ ਦੇ ਜੀਵਨ ਬਾਰੇ ਦੱਸਿਆ ਗਿਆ ਤੇ ਇਸ ਸਮਾਗਮ ਵਿੱਚ ਵੱਡੀ ਗਿਣਤੀ 'ਚ ਸੰਗਤ ਮੰਦਿਰ ਪੁੱਜੀ ਤੇ ਭਗਵਾਨ ਪਰਸ਼ੂਰਾਮ ਜੀ ਦੀ ਮਹਿਮਾ ਦਾ ਗੁਣਗਾਨ ਕੀਤਾ। ਇਸ ਮੌਕੇ ਸੈਂਕੜਿਆਂ ਦੀ ਗਿਣਤੀ 'ਚ ਸੰਤ-ਮਹਾਤਮਾ ਮੰਦਿਰ 'ਚ ਪੁੱਜੇ ਸਨ, ਜਿਨ੍ਹਾਂ ਨੂੰ ਲੰਗਰ ਤੋਂ ਬਾਅਦ ਦਾਨ-ਦਕਸ਼ਿਣਾ ਦੇ ਕੇ ਵਿਦਾ ਕੀਤਾ ਗਿਆ। ਜਿਸ ਉਪਰੰਤ ਸ਼ਹਿਰ ਵਾਸੀਆਂ ਨੇ ਵੀ ਲੰਗਰ 'ਚ ਹਾਜ਼ਰੀ ਲਗਵਾਈ। ਪ੍ਰਾਚੀਨ ਸ਼ਿਵ ਮੰਦਿਰ ਲੋਹੀਆਂ ਖਾਸ ਦੇ ਗੱਦੀਨਸ਼ੀਨ ਸ੍ਰੀ ਸ੍ਰੀ 1008 ਮਹਾਂ ਮੰਡਲੇਸ਼ਵਰ ਮਹੰਤ ਸ੍ਰੀ ਸ਼ਿਪਰਾ ਗਿਰੀ ਜੀ ਮਹਾਰਾਜ, ਜੋ ਇਸ ਵੇਲੇ ਗੁਜਰਾਤ ਦੇ ਦੌਰੇ 'ਤੇ ਹਨ, ਤੇ ਮੰਦਿਰ 'ਚ ਹਾਜ਼ਰ ਸੰਗਤਾਂ ਨੂੰ ਆਸ਼ੀਰਵਾਦ ਦਿੱਤਾ। ਇਸ ਮੌਕੇ ਰੁਪੇਸ਼ ਕੁਮਾਰ ਸੱਦੀ, ਮੋਨੂੰ ਸ਼ਾਹ, ਮਾ. ਰਮੇਸ਼ ਚੰਦਰ ਸ਼ਰਮਾ, ਰਾਜਭਾਊ ਸ਼ਰਮਾ, ਅਸ਼ੋਕ ਕਾਲੀਆ, ਮੋਤੀ ਕਾਲੀਆ, ਪ੍ਰਦੀਪ ਕੁਮਾਰ ਮਹਿਤਾ, ਆਰਜੂ ਅਰੋੜਾ, ਤਿਲਕ ਰਾਜ ਸ਼ਰਮਾ, ਪਵਨ ਗਾਂਧੀ, ਸੰਜੀਵ ਕੰਡਾ, ਅਮਨ ਪਨੇਸਰ, ਅਮਨ ਜੱਸਲ, ਹਨੀ ਸ਼ਰਮਾ, ਸੁਰਿੰਦਰ ਕੁਮਾਰ ਸੱਦੀ ਨੀਟਾ, ਸ਼ਾਲੂ ਸੱਦੀ, ਰਾਜੇਸ਼ ਸ਼ਰਮਾ, ਸਾਹਿਲ ਸ਼ਰਮਾ, ਕਮਲ ਸ਼ਰਮਾ, ਪ੍ਰਮੋਦ ਸ਼ਰਮਾ, ਸੰਦੀਪ ਸ਼ਰਮਾ ਸਮੇਤ ਵੱਡੀ ਗਿਣਤੀ 'ਚ ਸ਼ਹਿਰ ਵਾਸੀ ਹਾਜ਼ਰ ਸਨ।

## ਪੰਜਾਬ ਪ੍ਰੈੱਸ ਕਲੱਬ 'ਚ ਗੈਰ-ਮੈਂਬਰਾਂ ਦੇ ਦਾਖਲੇ ਦੀ ਮਨਾਹੀ

**ਜਲੰਧਰ (ਸ਼ੈਲੀ ਐਲਬਰਟ, ਲਖਵਿੰਦਰ ਸਿੰਘ ਆਧੀ)**- ਪੰਜਾਬ ਪ੍ਰੈੱਸ ਕਲੱਬ ਦੇ ਗਵਰਨਿੰਗ ਕੌਂਸਲ ਵੱਲੋਂ ਕਲੱਬ ਦੀ ਚਾਰਦੀਵਾਰੀ ਅੰਦਰ ਗੈਰ-ਮੈਂਬਰਾਂ ਨਾਲ ਜੁੜੇ ਲੜਾਈ ਦੇ ਘਟਨਾ-ਚੱਕਰ ਨੂੰ ਬਹੁਤ ਗੰਭੀਰਤਾ ਨਾਲ ਲਿਆ ਗਿਆ ਹੈ। ਕੌਂਸਲ ਵੱਲੋਂ ਇਸ ਮਾਮਲੇ ਸਬੰਧੀ ਬੁਲਾਈ ਗਈ ਮੀਟਿੰਗ ਵਿਚ ਤੁਰੰਤ ਕਾਰਵਾਈ ਕਰਦੇ ਹੋਏ ਕਲੱਬ ਦੇ ਅਨੁਸ਼ਾਸਨ ਤੇ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਅਹਿਮ ਫ਼ੈਸਲੇ ਕੀਤੇ ਗਏ ਹਨ।ਕੌਂਸਲ ਵੱਲੋਂ ਤੈਅ ਕੀਤਾ ਗਿਆ ਹੈ ਕਿ ਅੱਜ ਤੋਂ ਕਲੱਬ ਵਿੱਚ ਗੈਰ-ਮੈਂਬਰਾਂ ਦੇ ਦਾਖਲੇ ਦੀ ਪੂਰੀ ਤਰ੍ਹਾਂ ਮਨਾਹੀ ਹੋਵੇਗੀ। ਇਸ ਦੇ ਨਾਲ ਹੀ ਸਾਰੇ ਮੈਂਬਰਾਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਕਲੱਬ ਵਿੱਚ ਆਉਣ ਸਮੇਂ ਆਪਣਾ ਮੈਂਬਰਸ਼ਿਪ ਸ਼ਨਾਖਤੀ ਕਾਰਡ ਨਾਲ ਲੈ ਕੇ ਆਉਣ ਤੇ ਲੋੜ ਪੈਣ 'ਤੇ ਸੁਰੱਖਿਆ ਕਰਮਚਾਰੀਆਂ ਨੂੰ ਦਿਖਾਉਣ। ਗਵਰਨਿੰਗ ਕੌਂਸਲ ਨੇ ਸਾਰੇ ਮੈਂਬਰਾਂ ਨੂੰ ਇਹ ਵੀ ਅਪੀਲ ਕੀਤੀ ਹੈ ਕਿ ਕਲੱਬ ਦੇ ਨਿਯਮਾਂ ਦੀ ਪਾਲਣਾ ਕਰਦੇ ਹੋਏ ਇਕ ਸੁਚੱਜਾ, ਸੁਰੱਖਿਅਤ ਤੇ ਪੇਸ਼ਾਵਰ ਮਾਹੌਲ ਬਣਾਈ ਰੱਖਣ ਵਿੱਚ ਸਹਿਯੋਗ ਦੇਣ। ਕੌਂਸਲ ਭਵਿੱਖ ਵਿੱਚ ਵੀ ਅਜਿਹੇ ਮਾਮਲਿਆਂ 'ਤੇ ਸਖ਼ਤ ਨਿਗਰਾਨੀ ਤੇ ਕਾਰਵਾਈ ਕਰਦੀ ਰਹੇਗੀ।

## ਮਹਿਲਾ ਸੰਸ਼ੋਧਨ ਬਿੱਲ ਦਾ ਵਿਰੋਧ ਕਰਕੇ ਵਿਰੋਧੀਆਂ ਨੇ ਆਪਣੀ ਛੋਟੀ ਸੋਚ ਨੂੰ ਉਜਾਗਰ ਕੀਤਾ: ਸੁਰਿੰਦਰ ਜਾਜਾ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਮਿਥਲੇਸ਼ ਗਰਗ)**- ਨਾਰੀ ਸ਼ਕਤੀ ਸਦੀਆਂ ਤੋਂ ਸਮਾਜ ਅਤੇ ਰਾਸ਼ਟਰ ਨਿਰਮਾਣ ਵਿੱਚ ਆਪਣਾ ਵਡਮੁੱਲਾ ਯੋਗਦਾਨ ਪਾਉਂਦੀ ਆ ਰਹੀ ਹੈ ਅਤੇ ਇਨ੍ਹਾਂ ਮਹਿਲਾਵਾਂ ਨੂੰ ਲੋਕ



ਸਭਾ ਤੇ ਵਿਧਾਨ ਸਭਾ ਵਿੱਚ ਰਾਖਵਾਂਪਨ ਪ੍ਰਦਾਨ ਕਰਨ ਲਈ ਮੋਦੀ ਸਰਕਾਰ ਨੇ ਲੋਕ ਸਭਾ ਵਿੱਚ ਸੰਵਿਧਾਨ ਸੋਧ ਬਿੱਲ ਪੇਸ਼ ਕੀਤਾ ਸੀ, ਪਰ ਕਾਂਗਰਸ ਅਤੇ ਆਮ ਆਦਮੀ ਪਾਰਟੀ ਤੋਂ ਇਲਾਵਾ ਹੋਰ ਵਿਰੋਧੀ ਪਾਰਟੀਆਂ ਵੱਲੋਂ ਇਸ ਬਿੱਲ ਨੂੰ ਪਾਸ ਨਾ ਹੋਣ ਦੇਣ ਵਿੱਚ ਵੋਟਿੰਗ ਕਰਕੇ ਮਹਿਲਾਵਾਂ ਨੂੰ ਉਨ੍ਹਾਂ ਦੇ ਅਧਿਕਾਰਾਂ ਤੋਂ ਵੰਚਿਤ ਕਰ ਦਿੱਤਾ ਹੈ। ਉਪਰੋਕਤ ਸ਼ਬਦਾਂ ਦਾ ਪ੍ਰਗਟਾਵਾ ਭਾਜਪਾ ਦਫਤਰ ਟਾਂਡਾ ਵਿਖੇ ਭਾਜਪਾ ਵਰਕਰਾਂ ਦੀ ਇੱਕ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਪੰਜਾਬ ਭਾਜਪਾ ਐਗਜ਼ੈਕਟਿਵ ਮੈਂਬਰ ਸੁਰਿੰਦਰ ਜਾਜਾ ਨੇ ਕਿਹਾ ਕਿ ਇਸ ਬਿੱਲ ਨੂੰ ਪਾਸ ਹੋਣ ਤੋਂ ਰੋਕ ਕੇ ਕਾਂਗਰਸ ਪਾਰਟੀ ਨੇ ਭਾਰਤ ਦੀਆਂ ਕਰੋੜਾਂ ਮਹਿਲਾਵਾਂ ਦੀਆਂ ਆਸ਼ਾਵਾਂ 'ਤੇ ਪਾਣੀ ਫੇਰ ਕੇ ਉਨ੍ਹਾਂ ਦੇ ਮਨਾਂ ਨੂੰ ਜਿਹੜੀ ਠੇਸ ਪਹੁੰਚਾਈ ਹੈ ਉਸ ਨੂੰ ਮਹਿਲਾਵਾਂ ਕਿਸੇ ਵੀ ਕੀਮਤ ਮਾਫ਼ ਨਹੀਂ ਕਰਨਗੀਆਂ। ਸੁਰਿੰਦਰ ਜਾਜਾ ਨੇ ਕਿਹਾ ਕਿ ਕਾਂਗਰਸ, ਟੀ.ਐਮ.ਸੀ, ਡੀ.ਐਮ.ਕੇ, ਸਮਾਜਵਾਦੀ ਪਾਰਟੀ, ਆਮ ਆਦਮੀ ਪਾਰਟੀ ਤੋਂ ਇਲਾਵਾ ਹੋਰ ਇੰਡੀਆ ਗਠਬੰਧਨ ਪਾਰਟੀਆਂ ਨੇ ਆਪਣੇ ਸਿਆਸੀ ਹਿੱਤਾਂ ਦੀ ਖਾਤਰ ਇਸ ਇਤਿਹਾਸਿਕ ਪਹਿਲ ਦਾ ਵਿਰੋਧ ਕਰਕੇ ਮਹਿਲਾਵਾਂ ਦੇ ਅਧਿਕਾਰਾਂ ਅਤੇ ਉਨ੍ਹਾਂ ਦੇ ਸੁਪਨਿਆਂ ਨੂੰ ਚਕਨਾਚੂਰ ਕਰ ਦਿੱਤਾ ਹੈ।ਉਨ੍ਹਾਂ ਕਿਹਾ ਕਿ ਆਉਣ ਵਾਲੀਆਂ ਵਿਧਾਨ ਸਭਾ ਅਤੇ ਲੋਕਫਸਭਾ ਚੋਣਾਂ ਵਿੱਚ ਮਹਿਲਾਵਾਂ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕਰਕੇ ਵਿਰੋਧੀ ਪਰਟੀਆਂ ਨੂੰ ਇਸ ਦਾ ਢੁਕਵਾਂ ਜਵਾਬ ਦੇਣਗੀਆਂ।ਇਸ ਮੌਕੇ ਬੋਬੀ ਰਾਜਪੁਰ, ਸੁਰਜੀਤ ਰਾਜਾ, ਰਾਜ ਕੁਮਾਰ, ਬਲਬੀਰ ਬਬਲੀ, ਸੁਰਜੀਤ ਗੀਤਾ, ਪਵਨਦੀਪ, ਜਸਵੀਰ ਸਿੰਘ ਤੋਂ ਇਲਾਵਾ ਹੋਰ ਭਾਜਪਾ ਵਰਕਰ ਹਾਜ਼ਰ ਸਨ।

## ਬਾਜਵਾ ਸਪੋਰਟਸ ਤੇ ਹੈਲਪਿੰਗ ਹੈਂਡ ਕਲੱਬ ਨੇ 461 ਬੱਚਿਆਂ ਨੂੰ ਕਾਪੀਆਂ ਤੇ ਸਟੇਸ਼ਨਰੀ ਵੰਡੀ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਬਾਜਵਾ ਸਪੋਰਟਸ ਐਂਡ ਹੈਲਪਿੰਗ ਹੈਂਡ ਕਲੱਬ ਮੋਰਿੰਡਾ ਵੱਲੋਂ ਪਿੰਡ ਮੰਡਾ, ਕਕਰਾਲੀ, ਮਾਨਖੇੜੀ, ਚਤਾਮਾਲਾ, ਦੁਮਣਾ, ਲੁਠੇੜੀ, ਰਾਮਗੜ੍ਹ, ਅਰਨੋਲੀ ਅਤੇ ਅਮਰਾਲੀ ਦੇ ਸਰਕਾਰੀ ਸਕੂਲਾਂ



ਵਿੱਚ ਪੜ੍ਹ ਰਹੇ ਬੱਚਿਆਂ ਨੂੰ ਕਾਪੀਆਂ ਅਤੇ ਸਟੇਸ਼ਨਰੀ ਵੰਡੀ ਗਈ। ਕਲੱਬ ਦੇ ਪ੍ਰਧਾਨ ਮਨਦੀਪ ਸਿੰਘ ਬਾਜਵਾ ਨੇ ਦੱਸਿਆ ਕਿ ਪਿਛਲੇ ਸਾਲ ਦੀ ਤਰ੍ਹਾਂ ਇਸ ਵਾਰ ਵੀ ਉਨ੍ਹਾਂ ਵੱਲੋਂ ਇੱਕ ਛੋਟੀ ਜਿਹੀ ਮੁਹਿੰਮ ਸ਼ੁਰੂ ਕੀਤੀ ਗਈ ਹੈ, ਜਿਸ ਤਹਿਤ ਇਨ੍ਹਾਂ ਪਿੰਡਾਂ ਦੇ ਸਰਕਾਰੀ ਸਕੂਲਾਂ ਦੇ ਬੱਚਿਆਂ ਨੂੰ ਕਾਪੀਆਂ ਅਤੇ ਸਟੇਸ਼ਨਰੀ ਮੁਹੱਈਆ ਕਰਵਾਈ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ 9 ਸਰਕਾਰੀ ਸਕੂਲਾਂ ਦੇ 461 ਬੱਚਿਆਂ ਨੂੰ ਕਾਪੀਆਂ ਅਤੇ ਸਟੇਸ਼ਨਰੀ ਵੰਡ ਕੇ ਇਸ ਮੁਹਿੰਮ ਨੂੰ ਅੱਗੇ ਵਧਾਇਆ ਗਿਆ ਹੈ ।ਉਨ੍ਹਾਂ ਕਿਹਾ ਕਿ ਹਰ ਵਿਅਕਤੀ ਨੂੰ ਆਪਣੀ ਸਮਰੱਥਾ ਅਨੁਸਾਰ ਲੋੜਵੰਦ ਲੋਕਾਂ ਦੀ ਮਦਦ ਕਰਨੀ ਚਾਹੀਦੀ ਹੈ। ਇਸ ਮੌਕੇ ਉਨ੍ਹਾਂ ਦੇ ਨਾਲ ਅਮਰਜੀਤ ਸਿੰਘ ਲੱਲਾ ਰੌਣੀ, ਮਨਜੀਤ ਸਿੰਘ ਥੇਰੀ ਅਤੇ ਜਸ਼ਨ ਵੀ ਮੌਜੂਦ ਸਨ। ਇਸ ਮੌਕੇ ਹਰਜਿੰਦਰ ਸਿੰਘ ਮਾਨਖੇੜੀ, ਹਰਵਿੰਦਰ ਕੌਰ ਸੰਧੂ (ਚੇਅਰਪਰਸਨ ਬਲਾਕ ਸੰਮਤੀ ਮੋਰਿੰਡਾ), ਦਰਸ਼ਨ ਸਿੰਘ ਸੰਧੂ, ਲਖਵੀਰ ਸਿੰਘ ਲੱਖਾ, ਸਰਪੰਚ ਗੁਰਜੀਤ ਸਿੰਘ ਮੰਡਾ, ਸੋਨਾ, ਜਵਿੰਦਰ ਸਿੰਘ ਫੌਜੀ, ਸਰਪੰਚ ਗੁਰਮੀਤ ਕੌਰ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੀਤ ਪ੍ਰਧਾਨ ਨਰ ਨਰਾਤਾ ਸਿੰਘ ਫੌਜੀ ਸਹੀਦ ਭਗਤ ਸਿੰਘ ਸਾਬਕਾ ਸਰਪੰਚ ਬਲਵਿੰਦਰ ਸਿੰਘ ਸੰਧੂ ਯੂਥ ਕਲੱਬ ਅਰਨੌਲੀ ਦੇ ਪ੍ਰਧਾਨ ਕਮਲਜੀਤ ਸਿੰਘ ਅਰਨੌਲੀ, ਮੀਤ ਪ੍ਰਧਾਨ ਬਚਿੱਤਰ ਸਿੰਘ, ਪਲਵਿੰਦਰ ਸਿੰਘ ਅਰਨੋਲੀ ਸਕੂਲ ਮੁਖੀ ਗੁਰਜੰਟ ਸਿੰਘ ਪੰਚਾਇਤ ਮੈਂਬਰ ਜਸਵੀਰ ਕੌਰ ਅਤੇ ਪਰਮਜੀਤ ਕੌਰ ਸਮੇਤ ਕਈ ਗਣਮਾਨਯ ਵਿਅਕਤੀ ਅਤੇ ਸਕੂਲ ਸਟਾਫ ਮੈਂਬਰ ਵੀ ਮੌਜੂਦ ਰਹੇ।

## ਜਸਵਿੰਦਰ ਸਿੰਘ ਲਾਂਬਾ ਬਣੇ ਫੋਟੋਗਰਾਫ਼ਰ ਐਸੋਸੀਏਸ਼ਨ ਦੇ ਪ੍ਰਧਾਨ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਨੂਰਮਹਿਲ ਫੋਟੋਗਰਾਫ਼ਰ ਐਸੋਸੀਏਸ਼ਨ ਦੀ ਇਕ ਜ਼ਰੂਰੀ ਮੀਟਿੰਗ ਹੋਈ ਜਿਸ ਵਿੱਚ ਜਸਵਿੰਦਰ ਸਿੰਘ ਲਾਂਬਾ ਨੂੰ ਸਰਬ ਸੰਮਤੀ ਨਾਲ ਐਸੋਸੀਏਸ਼ਨ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ।



ਇਸ ਤੋਂ ਇਲਾਵਾ ਬੀਰਬਲ ਨੀਟਾ ਸਕੱਤਰ, ਮਨਜੀਤ ਸਿੰਘ ਵਿਰਦੀ ਨੂੰ ਖਜਾਨਚੀ, ਬਲਜਿੰਦਰ ਕੁਮਾਰ ਰਿੰਕੂ ਨੂੰ ਪੀ ਆਰ ਓ, ਰਾਜ ਕੁਮਾਰ ਲਵਲੀ ਨੂੰ ਮੀਤ ਪ੍ਰਧਾਨ ਚੁਣਿਆ ਗਿਆ। ਇਸ ਤੋਂ ਇਲਾਵਾ ਚਾਰ ਡੈਲੀਗੇਟ ਵੀ ਚੁਣੇ ਗਏ ਜਿਸ ਵਿਚ ਪਰਮਜੀਤ ਬੱਧਣ, ਬਲਬੀਰ ਬੱਲੀ, ਸੁਖਵਿੰਦਰ ਛਿੰਦੀ, ਸਤਪਾਲ ਬਾਠ ਆਦਿ ਡੈਲੀਗੇਟ ਬਣੇ। ਟੀਮ ਦੇ ਅਸ਼ਵਨੀ ਕੁਮਾਰ ਨੂੰ ਚੇਅਰਮੈਨ ਨਿਯੁਕਤ ਕੀਤਾ ਗਿਆ। ਇਸ ਮੌਕੇ ਐਸੋਸੀਏਸ਼ਨ ਦੇ ਸਾਰੇ ਮੈਂਬਰਾਂ ਨੇ ਹਾਜ਼ਰੀ ਲਗਵਾਈ।

## ਸ੍ਰੀ ਗੁਰੂ ਰਵਿਦਾਸ ਦੀ ਵਿਚਾਰਧਾਰਾ ਨੂੰ ਸਮਰਪਤ ਸੰਤ ਸੰਮੇਲਨ ਕਰਵਾਇਆ

**ਅੱਡਾ ਸਰਾਂ (ਜਸਵੀਰ ਕਾਜਲ)**- ਸਤਿਗੁਰੂ ਰਵਿਦਾਸ ਮਹਾਰਾਜ ਜੀ ਦੀ ਵਿਚਾਰਧਾਰਾ ਨੂੰ ਸਮਰਪਿਤ ਪਿੰਡ ਸ਼ਹਾਬਦੀ ਵਿਖੇ ਪਹਿਲਾ ਮਹਾਨ ਸੰਤ ਸੰਮੇਲਨ ਧੰਨ-ਧੰਨ ਸ੍ਰੀ ਗੁਰੂ ਰਵਿਦਾਸ ਸੇਵਾ ਸੁਸਾਇਟੀ ਵੱਲੋਂ ਕਰਵਾਇਆ



ਗਿਆ। ਡੇਰਾ ਸੱਚਖੰਡ ਬੱਲਾਂ ਦੇ ਮੌਜੂਦਾ ਗੱਦੀ ਨਸ਼ੀਨ ਸੰਤ ਨਿਰੰਜਨ ਦਾਸ ਮਹਾਰਾਜ ਚੇਅਰਮੈਨ ਸ੍ਰੀ ਗੁਰੂ ਰਵਿਦਾਸ ਜਨਮ ਅਸਥਾਨ ਪਬਲਿਕ ਚੈਰੀਟੇਬਲ ਟਰੱਸਟ ਵਾਰਾਨਸੀ (ਯੂ ਪੀ) ਦੀ ਸਰਪਰਸਤੀ ਹੇਠ ਕਰਵਾਏ ਗਏ ਸੰਤ ਸੰਮੇਲਨ ਦੌਰਾਨ ਸਭ ਤੋਂ ਪਹਿਲਾਂ ਸਤਿਗੁਰੂ ਰਵਿਦਾਸ ਮਹਾਰਾਜ ਦੀ ਅੰਮ੍ਰਿਤ ਬਾਣੀ ਦੇ ਪਾਠ ਉਚਾਰਨ ਕੀਤੇ ਗਏ ਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਸੰਤ ਸੰਮੇਲਨ ਦੌਰਾਨ ਸੰਤ ਲੇਖ ਰਾਜ ਜੀ ਨੂਰਪੁਰ ਵਾਲੇ, ਸੰਤ ਸੁਖਵਿੰਦਰ ਦਾਸ ਕਡਿਆਣਾ, ਸੰਤ ਪ੍ਰਦੀਪ ਦਾਸ ਕਡਿਆਣਾ, ਸੰਤ ਸਤਨਾਮ ਸਿੰਘ ਕਪੂਰਥਲਾ ਤੇ ਹੋਰਨਾ ਰਾਗੀ ਢਾਡੀ ਜਥਿਆਂ ਨੇ ਸਮੂਹ ਸੰਗਤ ਨੂੰ ਗੁਰਬਾਣੀ ਕੀਰਤਨ ਦੁਆਰਾ ਨਿਹਾਲ ਕਰਦੇ ਹੋਏ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੀ ਮਹਾਨ ਤੇ ਕ੍ਰਾਂਤੀਕਾਰੀ ਵਿਚਾਰਧਾਰਾ ਨਾਲ ਜੋੜਦੇ ਹੋਏ ਉਹਨਾਂ ਵੱਲੋਂ ਦਰਸਾਏ ਗਏ ਮਾਰਗ ਤੇ ਚੱਲਣ ਲਈ ਪ੍ਰੇਰਿਤ ਕੀਤਾ। ਸਮਾਗਮ ਦੌਰਾਨ ਇਲਾਕੇ ਭਰ ਚੋਂ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰਦੇ ਹੋਏ ਸੰਤ ਨਿਰੰਜਨ ਦਾਸ ਮਹਾਰਾਜ ਤੋਂ ਆਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਸਾਬਕਾ ਸੰਸਦੀ ਸਕੱਤਰ ਦੇਸ ਰਾਜ ਸਿੰਘ ਧੁੱਗਾ, ਪ੍ਰਧਾਨ ਕੈਪਟਨ ਪਰਮਜੀਤ ਸਿੰਘ, ਸੂਬੇਦਾਰ ਮੋਹਨ ਲਾਲ, ਹੰਸਰਾਜ, ਹਰਬੰਸ ਲਾਲ, ਰੇਸ਼ਮ ਸਿੰਘ, ਰੋਹਿਤ ਕੁਮਾਰ ਸੀਕਰੀ, ਦਾਸ ਤਗੜਾ, ਗੁਲਸ਼ਨ ਪੰਡੋਰੀ ਬਾਵਾਦਾਸ, ਕਮਲਜੀਤ ਕੌਰ ਸ਼ਾਹਬਦੀ, ਕੁਲਦੀਪ ਸਿੰਘ ਮੰਗੀ, ਕੁਲਦੀਪ ਸਿੰਘ ਨਾਂਗਲੂ ਮਾਸਟਰ ਓਂਕਾਰ ਸਿੰਘ ਬਲਵਿੰਦਰ ਸਿੰਘ, ਡਾ. ਤਰਲੋਚਨ ਸਿੰਘ ਢੱਟ ਤੇ ਹੋਰ ਹਾਜ਼ਰ ਸਨ।

## ਏ ਜੀ ਆਈ ਵੀਕਲੀ ਕ੍ਰਿਕਟ ਲੀਗ ਚੈਂਪੀਅਨਸ਼ਿਪ



**ਜਲੰਧਰ (ਰਾਜੇਸ਼ ਥਾਪਾ)** ਏ ਜੀ ਆਈ ਵੀਕਲੀ ਕ੍ਰਿਕਟ ਲੀਗ ਨੌਜਵਾਨਾਂ ਵਿੱਚ ਖੇਡ ਭਾਵਨਾ ਅਤੇ ਸਿਹਤਮੰਦ ਮੁਕਾਬਲੇ ਨੂੰ ਲਗਾਤਾਰ ਪ੍ਰੋਤਸਾਹਿਤ ਕਰ ਰਹੀ ਹੈ। ਇਸ ਸਿਲਸਿਲੇ ਵਿੱਚ ਏ ਜੀ ਆਈ ਕ੍ਰਿਕਟ ਗ੍ਰਾਊਂਡ, ਜਲੰਧਰ ਹਾਈਟਸ-1, 66 ਫੁੱਟ ਰੋਡ, ਜਲੰਧਰ ਵਿਖੇ ਇੱਕ ਰੋਮਾਂਚਕ ਮੈਚ ਖੇਡਿਆ ਗਿਆ।ਮੈਚ ਵਿੱਚ ਏ ਜੀ ਆਈ ਸਕਾਈ ਗਾਰਡਨ ਕ੍ਰਿਕਟ ਟੀਮ ਨੇ ਏ ਜੀ ਆਈ ਸਮਾਰਟ ਹੋਮਜ਼ ਕ੍ਰਿਕਟ ਟੀਮ ਨੂੰ 38 ਰਨਾਂ ਦੇ ਵੱਡੇ ਅੰਤਰ ਨਾਲ ਹਰਾਕੇ ਸ਼ਾਨਦਾਰ ਜਿੱਤ ਦਰਜ ਕੀਤੀ।

ਟਾਸ ਜਿੱਤ ਕੇ ਪਹਿਲਾਂ ਬੱਲੇਬਾਜ਼ੀ ਕਰਦਿਆਂ ਏ ਜੀ ਆਈ ਸਕਾਈ ਗਾਰਡਨ ਨੇ 138 ਰਨਾਂ ਦਾ ਮੁਕਾਬਲੇ ਯੋਗ ਸਕੋਰ ਬਣਾਇਆ। ਵਿਸ਼ਾਲ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਭ ਤੋਂ ਵੱਧ 35 ਰਨ ਬਣਾਏ, ਜਿਸ ਵਿੱਚ ਦੋ ਛੱਕੇ ਅਤੇ ਤਿੰਨ ਚੌਕੇ ਸ਼ਾਮਲ ਸਨ। ਉਨ੍ਹਾਂ ਨੂੰ ਬਲਬੀਰ (21 ਰਨ), ਰੋਹਿਤ (19 ਰਨ) ਤੇ ਬਸੰਤ (18 ਰਨ) ਵੱਲੋਂ ਵਧੀਆ ਸਹਿਯੋਗ ਮਿਲਿਆ।ਜਵਾਬ ਵਿੱਚ ਏ ਜੀ ਆਈ ਸਮਾਰਟ ਹੋਮਜ਼ ਟੀਮ 100 ਰਨਾਂ ਤੱਕ ਹੀ ਸੀਮਿਤ ਰਹੀ। ਪ੍ਰਿੰਸ ਨੇ 27 ਰਨ ਬਣਾਕੇ ਸਭ ਤੋਂ ਵੱਧ ਯੋਗਦਾਨ ਦਿੱਤਾ, ਜਦਕਿ ਬਰਾਂਟ ਸਿੰਘ ਨੇ 26 ਰਨ ਤੇ ਬਸੰਤ ਸਿੰਘ ਨੇ 20 ਰਨ ਬਣਾਏ।ਗੇਂਦਬਾਜ਼ੀ ਵਿੱਚ ਏ ਜੀ ਆਈ ਸਕਾਈ ਗਾਰਡਨ ਦੇ ਬਸੰਤ ਸਿੰਘ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ 4 ਵਿਕਟਾਂ ਹਾਸਲ ਕੀਤੀਆਂ ਤੇ ਉਨ੍ਹਾਂ ਨੂੰ ਮੈਚ ਦਾ ਸਰਵੋਤਮ ਗੇਂਦਬਾਜ਼ ਘੋਸ਼ਿਤ ਕੀਤਾ ਗਿਆ।ਆਪਣੇ ਸ਼ਾਨਦਾਰ ਆਲਰਾਊਂਡ ਪ੍ਰਦਰਸ਼ਨ ਲਈ ਵਿਸ਼ਾਲ ਨੂੰ 'ਮੈਨ ਆਫ ਦ ਮੈਚ' ਚੁਣਿਆ ਗਿਆ। ਅਵਤਾਰ ਨੂੰ ਉਨ੍ਹਾਂ ਦੇ ਸਰਾਹਣਯੋਗ ਯੋਗਦਾਨ ਲਈ 'ਸਰਵੋਤਮ ਆਲਰਾਊਂਡਰ' ਦਾ ਸਨਮਾਨ ਦਿੱਤਾ ਗਿਆ।

## ਸ਼੍ਰੋਮਣੀ ਅਕਾਲੀ ਦਲ ਦੇ ਦਫ਼ਤਰ ਦਾ ਉਦਘਾਟਨ

**ਨਕੋਦਰ (ਮਨਜੀਤ ਮਾਨ)**- ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਅਤੇ ਸਾਬਕਾ ਵਿਧਾਇਕ ਜਥੇਦਾਰ ਗੁਰਪ੍ਰਤਾਪ ਸਿੰਘ ਵਡਾਲਾ ਵੱਲੋਂ ਨਕੋਦਰ ਵਿਖੇ ਪਾਰਟੀ ਦੇ ਨਵੇਂ ਦਫ਼ਤਰ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਹਲਕੇ ਦੇ ਕਈ ਪ੍ਰਮੁੱਖ ਅਕਾਲੀ ਆਗੂ, ਸਰਪੰਚ, ਪੰਚ, ਨੰਬਰਦਾਰ ਵੱਡੀ ਗਿਣਤੀ ਵਿੱਚ



ਵਰਕਰਾਂ ਸਮੇਤ ਹਾਜ਼ਰ ਸਨ। ਉਦਘਾਟਨ ਦੌਰਾਨ ਜਥੇਦਾਰ ਵਡਾਲਾ ਨੇ ਕਿਹਾ ਕਿ ਇਹ ਦਫ਼ਤਰ ਹਲਕੇ ਦੇ ਲੋਕਾਂ ਦੀਆਂ ਮੁਸ਼ਕਿਲਾਂ ਅਤੇ ਤਕਲੀਫ਼ਾਂ ਦਾ ਹਾਲ ਕਰਨ ਵਾਸਤੇ ਅਤੇ ਜਨਤਾ ਦੇ ਕੰਮਾਂ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜਨ ਲਈ ਕੰਮ ਕਰੇਗਾ ।

ਪਾਰਟੀ ਨੂੰ ਜ਼ਮੀਨੀ ਪੱਧਰ ਤੇ ਮਜ਼ਬੂਤ ਕਰਨ ਲਈ ਵਰਕਰਾਂ ਅਤੇ ਸੰਗਤਾਂ ਦੇ ਨਾਲ ਇਸ ਦਫ਼ਤਰ ਰਾਹੀਂ ਲਗਾਤਾਰ ਲੋਕ ਸੰਪਰਕ ਬਣਾਇਆ ਜਾਵੇਗਾ । ਉਨ੍ਹਾਂ ਕਿਹਾ ਕਿ ਅਕਾਲੀ ਦਲ ਹਮੇਸ਼ਾ ਪੰਜਾਬ ਅਤੇ ਪੰਜਾਬੀਅਤ ਦੀ ਰਾਖੀ ਲਈ ਵਚਨਬੱਧ ਰਿਹਾ ਹੈ ਅਤੇ ਪੰਥਕ ਪਰੰਪਰਾਵਾਂ ਅਤੇ ਸਿੱਧਾਂਤ ਉੱਪਰ ਤਕੜੇ ਹੋਕੇ ਪਹਿਰਾ ਦਿੱਤਾ ਹੈ ।

ਇਸ ਮੌਕੇ ਉਨ੍ਹਾਂ ਨੇ ਇਲਾਕਾ ਨਿਵਾਸੀਆਂ ਨੂੰ ਭਰੋਸਾ ਦਿਵਾਇਆ ਕਿ ਉਹ ਪਹਿਲਾਂ ਵਾਂਗ ਹੀ ਹਲਕੇ ਦੀ ਸੇਵਾ ਵਿੱਚ ਹਾਜ਼ਰ ਰਹਿਣਗੇ ਅਤੇ ਇਲਾਕੇ ਦੇ ਹਰ ਮਸਲੇ ਵਿੱਚ ਆਪਣਾ ਯੋਗਦਾਨ ਪਾਉਣਗੇ। ਇਸ ਮੌਕੇ ਤੇ ਸਰਵਣ ਸਿੰਘ ਫਿਲੌਰ, ਭੁਪਿੰਦਰ ਸਿੰਘ ਕੰਗ ਲਾਲੀ,ਅਵਤਾਰ ਸਿੰਘ ਕਲੇਰ, ਸੁਖਵੰਤ ਸਿੰਘ ਰੌਲੀ ਦਿਹਾਤੀ ਪ੍ਰਧਾਨ, ਅਮਰਜੀਤ ਸਿੰਘ ਕਿਸ਼ਨਪੁਰਾ ਸ਼ਹਿਰੀ ਪ੍ਰਧਾਨ, ਮਹਿੰਦਰ ਸਿੰਘ ਬਿਨਾਕਾ, ਜਰਨੈਲ ਸਿੰਘ ਗੜ੍ਹਦੀਵਾਲ,ਲਸ਼ਕਰ ਸਿੰਘ ਰਹੀਮਪੁਰ, ਗੁਰਨਾਮ ਸਿੰਘ ਕੰਦੋਲਾ, ਜਗਜੀਤ ਸਿੰਘ ਸੰਨੀ ਬਿਲਗਾ, ਸੁਰਤੇਜ ਸਿੰਘ ਬਾਸੀ, ਕੇਵਲ ਸਿੰਘ ਕੋਟ ਬਾਦਲ ਖਾਂ,ਹਰਪ੍ਰੀਤ ਸਿੰਘ ਡਿੰਪੀ, ਬਲਵਿੰਦਰ ਸਿੰਘ ਆਲੇਵਾਲੀ, ਹਰਭਜਨ ਸਿੰਘ ਹੁੰਦਲ, ਨਿਰਮਲ ਸਿੰਘ ਫੌਜੀ ਸਮੇਤ ਬੋਹਤ ਸਾਰੇ ਆਗੂ ਸ਼ਾਮਲ ਹੋਏ।

# ਮਾਨ ਦੀ ਅਗਵਾਈ 'ਚ ਪੰਜਾਬ ਦੇ ਬੁਨਿਆਦੀ ਢਾਂਚੇ ਦਾ ਕਾਇਆ-ਕਲਪ ਲਗਾਤਾਰ ਜਾਰੀ : ਈ ਟੀ ਓ

**ਚੰਡੀਗੜ੍ਹ**- ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਬੁਨਿਆਦੀ ਢਾਂਚੇ ਨੂੰ ਵਿਸ਼ਵ ਪੱਧਰੀ ਬਣਾਉਣ ਲਈ ਪੂਰੀ ਵਚਨਬੱਧਤਾ ਨਾਲ ਕੰਮ ਕਰ ਰਹੀ ਹੈ। ਪੰਜਾਬ ਦੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਸੜਕੀ ਵਿਕਾਸ ਕਾਰਜਾਂ ਦੀ ਪ੍ਰਗਤੀ ਸਾਂਝੀ ਕਰਦਿਆਂ ਦੱਸਿਆ ਕਿ ਰਾਜ ਵਿੱਚ ਸੜਕੀ ਨੈੱਟਵਰਕ ਨੂੰ ਮਜ਼ਬੂਤ ਕਰਨ ਲਈ 45,000 ਕਿਲੋਮੀਟਰ ਲੰਬੀਆਂ ਸੜਕਾਂ ਦੀ ਉਸਾਰੀ ਅਤੇ ਮੁਰੰਮਤ ਦਾ ਕੰਮ ਜੰਗੀ ਪੱਧਰ 'ਤੇ ਜਾਰੀ ਹੈ। ਸਰਕਾਰ ਦਾ ਮੁੱਖ ਟੀਚਾ ਪੰਜਾਬ ਦੇ ਹਰ ਪਿੰਡ ਨੂੰ ਬਿਹਤਰੀਨ ਸੜਕੀ ਨੈੱਟਵਰਕ ਨਾਲ ਜੋੜਨਾ ਹੈ ਤਾਂ ਜੋ ਪੇਂਡੂ ਆਰਥਿਕਤਾ ਨੂੰ ਹੁਲਾਰਾ ਮਿਲ ਸਕੇ।ਕੈਬਨਿਟ ਮੰਤਰੀ ਨੇ ਸੜਕਾਂ ਦੀ ਗੁਣਵੱਤਾ ਅਤੇ ਟਿਕਾਊਪਨ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਸਰਕਾਰ ਨੇ ਸਖ਼ਤ ਨਿਯਮ ਲਾਗੂ ਕੀਤੇ ਹਨ। ਉਨ੍ਹਾਂ ਸਪੱਸ਼ਟ ਕੀਤਾ ਕਿ ਸੜਕ ਬਣਨ ਤੋਂ ਬਾਅਦ ਅਗਲੇ 5 ਸਾਲਾਂ ਤੱਕ ਜੇਕਰ ਸੜਕ ਨੂੰ ਕਿਸੇ ਵੀ



ਤਰ੍ਹਾਂ ਦਾ ਨੁਕਸਾਨ ਹੁੰਦਾ ਹੈ, ਤਾਂ ਉਸ ਦੀ ਮੁਰੰਮਤ ਦੀ ਪੂਰੀ ਜ਼ਿੰਮੇਵਾਰੀ ਸਬੰਧਤ ਕੰਟਰੈਕਟਰ (ਠੇਕੇਦਾਰ) ਦੀ ਹੋਵੇਗੀ।ਉਨ੍ਹਾਂ ਦੱਸਿਆ ਕਿ ਨਿਰਮਾਣ ਕਾਰਜਾਂ ਵਿੱਚ ਪਾਰਦਰਸ਼ਤਾ ਅਤੇ ਉੱਚ ਗੁਣਵੱਤਾ ਯਕੀਨੀ ਬਣਾਉਣ ਲਈ ਮੁੱਖ ਮੰਤਰੀ ਫਲਾਇੰਗ ਸਕੁਐਡ ਦਾ ਗਠਨ ਕੀਤਾ ਗਿਆ ਹੈ, ਜੋ ਸਿੱਧੇ ਤੌਰ 'ਤੇ ਨਿਗਰਾਨੀ ਕਰ ਰਿਹਾ ਹੈ। ਇਸ ਦੇ ਨਾਲ ਹੀ ਇੱਕ ਵਿਸ਼ੇਸ਼ ਕੁਆਲਿਟੀ ਕੰਟਰੋਲ ਸੈੱਲ ਵੀ ਸਰਗਰਮ ਹੈ ਅਤੇ ਵਿਭਾਗ ਦੇ ਅਧਿਕਾਰੀ ਸਮੇਂ-ਸਮੇਂ 'ਤੇ ਅਚਨਚੇਤ ਨਿਰੀਖਣ ਕਰ ਰਹੇ ਹਨ।ਈਟੀਓ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਮਾਨ ਖੁਦ ਵਿਕਾਸ ਕਾਰਜਾਂ ਦੀ ਮਾਨੀਟਰਿੰਗ ਕਰ ਰਹੇ ਹਨ।ਸਰਕਾਰ ਦਾ ਸਪੱਸ਼ਟ ਸੰਦੇਸ਼ ਹੈ ਕਿ ਸੜਕ ਨਿਰਮਾਣ ਵਿੱਚ ਕਿਸੇ ਵੀ ਤਰ੍ਹਾਂ ਦੀ ਘਟੀਆ ਜਾਂ ਨੀਵੇਂ ਦਰਜੇ ਦੀ ਸਮੱਗਰੀ ਦੀ ਵਰਤੋਂ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਮੰਤਰੀ ਨੇ ਇਹ ਵੀ ਸਾਂਝਾ ਕੀਤਾ ਕਿ ਪਿਛਲੇ ਦਿਨੀਂ ਹੋਈ ਬੇਮੌਸਮੀ ਬਾਰਸ਼ ਕਾਰਨ ਨਿਰਮਾਣ ਕਾਰਜਾਂ ਵਿੱਚ ਕੁਝ ਦੇਰੀ ਜ਼ਰੂਰ ਹੋਈ ਹੈ, ਪਰ ਵਿਭਾਗ ਹੁਣ ਦੁੱਗਣੀ ਰਫ਼ਤਾਰ ਨਾਲ ਕੰਮ ਕਰ ਰਿਹਾ ਹੈ। ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਜੂਨ ਤੱਕ 45,000 ਕਿਲੋਮੀਟਰ ਸੜਕਾਂ ਦਾ ਮਿੱਥਿਆ ਟੀਚਾ ਪੂਰਾ ਕਰ ਲਿਆ ਜਾਵੇਗਾ, ਜਿਸ ਨਾਲ ਪੰਜਾਬ ਦੇ ਵਸਨੀਕਾਂ ਨੂੰ ਸੁਖਾਲੇ ਅਤੇ ਸੁਰੱਖਿਅਤ ਸਫ਼ਰ ਦੀ ਸਹੂਲਤ ਮਿਲੇਗੀ।

# ਟਾਂਡਾ ਸ਼ਹਿਰ ਦੇ ਵਿਕਾਸ ਤੇ ਸੁੰਦਰੀਕਰਨ ਲਈ ਹਰ ਸੰਭਵ ਕੋਸ਼ਿਸ਼ ਕੀਤੀ ਜਾ ਰਹੀ : ਰਾਜਾ ਗਿੱਲ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਟਾਂਡਾ ਸ਼ਹਿਰ ਦੇ ਵਿਕਾਸ ਤੇ ਸੁੰਦਰੀਕਰਨ ਲਈ ਹਰ ਸੰਭਵ ਕੋਸ਼ਿਸ਼ ਕੀਤੀ ਜਾ ਰਹੀ ਹੈ। ਇਨ੍ਹਾਂ ਵਿਚਾਰਾਂ ਦਾ



ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੂਬਾ ਮੀਤ ਪ੍ਰਧਾਨ ਤੇ ਹਲਕਾ ਵਿਧਾਇਕ ਉੜਮੁੜ ਟਾਂਡਾ ਜਸਵੀਰ ਸਿੰਘ ਰਾਜਾ ਗਿੱਲ ਨੇ ਟਾਂਡਾ ਸ਼ਹਿਰ ਵਿੱਚ ਲੱਖਾਂ ਰੁਪਏ ਦੀ ਲਾਗਤ ਨਾਲ ਲੱਗਣ ਜਾ ਰਹੀਆਂ ਨਵੀਆਂ ਸਟਰੀਟ ਲਾਈਟਾਂ ਦੇ ਸ਼ੁਰੂਆਤੀ ਕੰਮ ਦਾ ਉਦਘਾਟਨ ਕਰਦਿਆਂ ਕੀਤਾ । ਇਸ ਮੌਕੇ ਉਨ੍ਹਾਂ ਨਾਲ ਕਾਰਜ ਸਾਧਕ ਅਫਸਰ ਟਾਂਡਾ ਰਾਮ ਪ੍ਰਕਾਸ਼ ਵੀ ਹਾਜ਼ਰ ਸਨ । ਵਿਧਾਇਕ ਰਾਜਾ ਗਿੱਲ ਨੇ ਕਿਹਾ ਕਿ ਕਰੀਬ 70 ਲੱਖ ਰੁਪਏ ਦੀ ਗ੍ਰਾਂਟ ਰਾਸ਼ੀ ਨਾਲ ਟਾਂਡਾ ਸ਼ਹਿਰ ਵਿੱਚ ਲੱਗਣ ਜਾਂ ਰਹੀਆਂ ਇਨ੍ਹਾਂ ਸਟਰੀਟ ਲਾਈਟਾਂ ਬਹੁਤ ਜਲਦੀ ਲੱਗ ਜਾਣਗੀਆਂ। ਗਿੱਲ ਨੇ ਕਿਹਾ ਕਿ ਇਹ ਲੱਖਾਂ ਰੁਪਏ ਦੀ ਗ੍ਰਾਂਟ ਰਾਸ਼ੀ ਮੁੱਖ ਮੰਤਰੀ ਕੋਟੇ ਵਿੱਚੋਂ ਲਿਆਂਦੀ ਗਈ ਹੈ। ਵਿਧਾਇਕ ਨੇ ਕਿਹਾ ਕਿ 15 ਅਪ੍ਰੈਲ ਨੂੰ ਮੁੱਖ ਮੰਤਰੀ ਭਗਵੰਤ ਮਾਨ ਟਾਂਡਾ ਫੇਰੀ ਦੌਰਾਨ ਟਾਂਡਾ ਇਲਾਕੇ ਨੂੰ ਕਰੋੜਾਂ ਰੁਪਏ ਦੇ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ ਹੈ ਤੇ ਮੁੱਖ ਮੰਤਰੀ ਭਗਵੰਤ ਮਾਨ ਸ਼ੁਰੂ ਕਰਵਾਏ ਇਹ ਪ੍ਰੋਜੈਕਟ ਬਹੁਤ ਜਲਦ ਮੁਕੰਮਲ ਹੋ ਜਾਣਗੇ ।ਉਨ੍ਹਾਂ ਕਿਹਾ ਕਿ ਭਗਵੰਤ ਮਾਨ ਸਰਕਾਰ ਨੇ ਸਿੱਖਿਆ, ਹੈਲਥ ਸਹੂਲਤਾਂ ਤੇ ਮਹਿਲਾਵਾਂ ਲਈ ਸ਼ੁਰੂ ਕੀਤੀ ਮਾਵਾਂ ਭੈਣਾਂ ਸਤਿਕਾਰ ਯੋਜਨਾ ਲਾਗੂ ਕਰਕੇ ਪੰਜਾਬ ਦੇ ਲੋਕਾਂ ਨਾਲ ਕੀਤਾ ਹਰ ਵਾਅਦਾ ਪੂਰਾ ਕੀਤਾ ਹੈ । ਉਨ੍ਹਾ ਕਿਹਾ ਕਿ ਮਾਂਵਾਂ ਭੈਣਾਂ ਸਤਿਕਾਰ ਯੋਜਨਾ ਦੀ ਸ਼ੁਰੂਆਤ ਹੋ ਚੁੱਕੀ ਹੈ ਤੇ ਉਨ੍ਹਾਂ ਮਾਵਾਂ ਭੈਣਾਂ ਤੇ ਧੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਆਪਣੇ ਆਪਣੇ ਏਰੀਏ ਵਿੱਚ ਹੋ ਰਹੀ ਰਜਿਸਟ੍ਰੇਸ਼ਨ ਵਿਚ ਆਪਣਾ ਫਾਰਮ ਭਰਵਾ ਲੈਣ ਤਾਂ ਜੋ ਮੁੱਖ ਮੰਤਰੀ ਭਗਵੰਤ ਮਾਨ ਵਲੋਂ ਸ਼ੁਰੂ ਕੀਤੀ ਇਸ ਯੋਜਨਾ ਦਾ ਫਾਇਦਾ ਉਠਾਇਆ ਜਾ ਸਕੇ।

ਇਸ ਮੌਕੇ ਉਨ੍ਹਾਂ ਨਾਲ ਕੌਂਸਲਰ ਹਰੀਕ੍ਰਿਸ਼ਨ ਸੈਣੀ, ਆਪ ਆਗੂ ਸੋਨੂੰ ਖੰਨਾ, ਬਲਾਕ ਸੰਮਤੀ ਚੇਅਰਮੈਨ ਸੁਖਵਿੰਦਰ ਸਿੰਘ ਝਾਵਰ, ਆਪ ਦੇ ਸ਼ਹਿਰੀ ਪ੍ਰਧਾਨ ਜਸਪ੍ਰੀਤ ਸਿੰਘ ਜੱਸੀ, ਸਾਬਕਾ ਕੌਂਸਲਰ ਲਖਵਿੰਦਰ ਸਿੰਘ ਮੁਲਤਾਨੀ, ਹਰਮੀਤ ਸਿੰਘ ਵੜੈਚ, ਅਨਿਲ ਗੋਰਾ, ਅਮਨ ਘੁੰਮਣ, ਰਾਜਨ ਸੋਂਧੀ, ਸੇਠਰਾਮ ਸੇਠੀ, ਗੁਰਮੀਤ ਬਿੱਟੂ ਤੇ ਰਾਜੇਸ਼ ਲਾਡੀ ਆਦਿ ਵੀ ਹਾਜ਼ਰ ਸਨ ।

# ਹੈਰੋਇਨ ਸਮੇਤ ਨਸ਼ਾ ਤਸਕਰ ਗ੍ਰਿਫ਼ਤਾਰ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿਦਰ ਸੰਧੂ,)**- ਟਾਂਡਾ ਪੁਲਸ ਨੇ ਇੱਕ ਵਿਅਕਤੀ ਨੂੰ 10 ਗ੍ਰਾਮ ਹੈਰੋਇਨ ਸਮੇਤ ਗ੍ਰਿਫਤਾਰ ਕੀਤਾ ਹੈ।ਟਾਂਡਾ ਪੁਲਸ ਦੇ ਏ ਐਸ ਆਈ ਲੋਕ ਰਾਮ



ਦੀ ਟੀਮ ਵੱਲੋਂ ਧੁਸੀਂ ਬੰਨ ਨਜ਼ਦੀਕ ਗ੍ਰਿਫਤਾਰ ਕੀਤੇ ਗਏ ਮੁਲਜ਼ਮ ਦੀ ਪਹਿਚਾਣ ਰਣਜੀਤ ਸਿੰਘ ਪੁੱਤਰ ਸਤਵਿੰਦਰ ਸਿੰਘ ਵਾਸੀ ਪਿੰਡ ਜਲਾਲਪੁਰ ਵਜੋਂ ਹੋਈ ਹੈ।ਉਹਨਾਂ ਹੋਰ ਦੱਸਿਆ ਕਿ ਦੋਸ਼ੀ ਖਿਲਾਫ ਐਨ.ਡੀ.ਪੀ.ਐਸ ਐਕਟ ਦੀ ਧਾਰਾ ਅਧੀਨ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ ਅਤੇ ਨਸ਼ਾ ਤਸਕਰ ਦੀ ਸਪਲਾਈ ਲਾਈਨ ਸਬੰਧੀ ਵੀ ਪਤਾ ਲਗਾਇਆ ਜਾ ਰਿਹਾ ਹੈ।

# ਡਾ. ਅੰਬੇਡਕਰ ਜੈਅੰਤੀ ਤੇ ਵਿਸਾਖੀ ਦਾ ਤਿਉਹਾਰ ਮਨਾਇਆ

**ਆਦਮਪੁਰ, (ਪਰਮਜੀਤ ਸਿੰਘ)**- ਰੇਨਬੋ ਪਬਲਿਕ ਸਕੂਲ ਸਤੋਵਾਲੀ ਆਦਮਪੁਰ ਅਤੇ ਰੇਨਬੋ ਸਟਾਰਸ ਸਕੂਲ ਦੇ ਪ੍ਰਬੰਧਕ ਅਨਿਲ ਕੁਮਾਰ ਸ਼ਰਮਾ ਦੇ ਦਿਸ਼ਾ- ਨਿਰਦੇਸ਼ ਅਨੁਸਾਰ ਸੰਵਿਧਾਨ



ਨਿਰਮਾਤਾ ਡਾਕਟਰ ਬੀ ਆਰ ਅੰਬੇਡਕਰ ਜੈਯੰਤੀ ਅਤੇ ਵੈਸਾਖੀ ਦਾ ਆਯੋਜਨ ਕੀਤਾ ਗਿਆ।ਇਸ ਪ੍ਰੋਗਰਾਮ ਦੀ ਮੇਜਵਾਨੀ ਪ੍ਰਿੰਸੀਪਲ ਜੋਧ ਸਿੰਘ ਡੋਗਰਾ ਦੁਆਰਾ ਕੀਤੀ ਗਈ।ਸਕੂਲ ਦੇ ਚਾਰਾਂ ਸਦਨਾ ਦੇ ਵਿਦਿਆਰਥੀਆਂ ਨੇ ਡਾ. ਬੀ. ਆਰ. ਅੰਬੇਡਕਰ ਦੁਆਰਾ ਸੰਵਿਧਾਨ ਨਿਰਮਾਣ ਕਰਨ ਲਈ ਕੀਤੀਆਂ ਉਪਲਬਧੀਆਂ ਅਤੇ ਉਹਨਾਂ ਦੇ ਸਰਲ ਸੁਭਾਅ ਅਤੇ ਉੱਚੇ ਵਿਚਾਰਾਂ ਦੇ ਬਾਰੇ ਦੱਸਿਆ ਗਿਆ।ਪ੍ਰਿੰਸੀਪਲ ਨੇ ਸ਼ੁਭਕਾਮਨਾਵਾਂ ਦਿੰਦਿਆਂ ਹੋਇਆਂ ਦੱਸਿਆ ਕਿ ਬਾਬਾ ਸਾਹਿਬ ਦੀ ਜੈਯੰਤੀ ਜਾਤੀਗਤ ਭੇਦ ਭਾਵ ਅਤੇ ਸਮਾਜਿਕ ਬੁਰਾਈਆਂ ਨੂੰ ਲੜਨ ਦੇ ਰੂਪ ਵਿੱਚ ਮਨਾਈ ਜਾਂਦੀ ਹੈ।

# ਮਹਿਲਾ ਕਵੀ ਦਰਬਾਰ ਕਰਵਾਇਆ



**ਚੰਡੀਗੜ੍ਹ (ਸੁਰਜੀਤ ਸੁਮਨ)**- ਚੰਡੀਗੜ੍ਹ ਸਾਹਿਤ ਅਕਾਦਮੀ ਨੇ ਰਾਣੀ ਲਕਸ਼ਮੀ ਬਾਈ ਭਵਨ, ਸੈਕਟਰ 38, ਚੰਡੀਗੜ੍ਹ ਵਿਖੇ ਸਰਵ ਭਾਸ਼ੀ ਮਹਿਲਾ ਕਵੀ ਦਰਬਾਰ ਦਾ ਆਯੋਜਨ ਕੀਤਾ, ਜਿਸ ਵਿੱਚ ਵੀਹ ਤੋਂ ਵੱਧ ਕਵਿਤਰੀਆਂ ਨੇ ਵੱਖ-ਵੱਖ ਵਿਸ਼ਿਆਂ 'ਤੇ ਵੱਖ-ਵੱਖ ਭਾਸ਼ਾਵਾਂ ਵਿੱਚ ਆਪਣੀਆਂ ਕਵਿਤਾਵਾਂ ਪੇਸ਼ ਕੀਤੀਆਂ। ਅਕਾਦਮੀ ਦੇ ਸਕੱਤਰ ਸੁਭਾਸ਼ ਭਾਸਕਰ ਨੇ ਦਰਸ਼ਕਾਂ ਦਾਸਵਾਗਤ ਕੀਤਾ। ਚੇਅਰਮੈਨ ਡਾ. ਮਨਮੋਹਨ ਸਿੰਘ ਨੇ ਸਾਰੀਆਂ ਕਵਿਤਰੀਆਂ ਦੀ ਜਾਣ-ਪਛਾਣ ਕਰਵਾਈ ਤੇ ਅਕਾਦਮੀ ਦੀਆਂ ਨੀਤੀਆਂ ਵੀ ਦਰਸ਼ਕਾਂ ਨਾਲ ਸਾਂਝੀਆਂ ਕੀਤੀਆਂ।ਕਮਲ ਦੋਸਾਂਝ ਸਮਾਗਮ ਦੇ ਮੁੱਖ ਮਹਿਮਾਨ ਸਨ ਤੇ ਬਰਿੰਦਰ ਕੌਰ ਨੇ ਸਮਾਗਮ ਦੀ ਪ੍ਰਧਾਨਗੀ ਕੀਤੀ।ਰਚਨਾ ਸਿੰਘ ਇਸ ਮੌਕੇ ਵਿਸ਼ੇਸ਼ ਮਹਿਮਾਨ ਸਨ। ਪ੍ਰੋਗਰਾਮ ਦਾ ਸੰਚਾਲਨ ਕੁਲਵਿੰਦਰ ਸਰਾਂ ਨੇ ਬਹੁਤ ਸੋਹਣੇ ਢੰਗ ਨਾਲ ਕੀਤਾ। ਪ੍ਰੋਗਰਾਮ ਦੀ ਸ਼ੁਰੂਆਤ ਹਰਲੀਨ ਦੀ ਇੱਕ ਕਵਿਤਾ ਨਾਲ ਹੋਈ, ਜਿਸ ਦੀ ਸਭ ਨੇ ਸ਼ਲਾਘਾ ਕੀਤੀ। ਇਸ ਤੋਂ ਬਾਅਦ ਤੋਸ਼, ਸੰਤੋਸ਼ ਗਰਗ, ਜੈਸਮੀਨ ਆਨੰਦ, ਸਿਮਰਨਜੋਤ ਮਾਨ, ਲਿਲੀ ਸਵਰਨ, ਜਸ਼ਨਪ੍ਰੀਤ, ਕੁਲਵਿੰਦਰ ਸਰਾਂ, ਸੰਤੋਸ਼ ਧੀਮਾਨ, ਅਨੁ ਬਾਲਾ, ਅਲਕਾ ਕਾਂਸਰਾ, ਸ਼ੀਨੂੰ ਵਾਲੀਆ, ਸਤਿਆ ਭਾਮਾ, ਤੇਜਿੰਦਰ ਅਦਾ, ਰਾਜਵੰਤੀ ਮਾਨ,ਪੂਨਮ, ਪ੍ਰੇਮ ਲਤਾ, ਰਸ਼ਮੀ ਸ਼ਰਮਾ ਅਤੇ ਕਮਲ ਬੇਦਵਾਨ ਨੇ ਕਵਿਤਾਵਾਂ ਪੇਸ਼ ਕੀਤੀਆਂ। ਇਸ ਮੌਕੇ 'ਤੇ ਤੁਸ਼ਾਰ ਅੰਸ਼ੂ, ਬਲੀਜੀਤ ਸਿੰਘ, ਗੁਲ ਚੌਹਾਨ, ਗਿਰਵਰ ਸ਼ਰਮਾ, ਦਲਜੀਤ ਕੌਰ, ਪਰਮਜੀਤ ਮਾਨ, ਸੁਰਜੀਤ ਸੁਮਨ, ਅਵਤਾਰ ਸਿੰਘ ਪਤੰਗ, ਰਜਿੰਦਰ ਕੌਰ ਸਰਾਓ, ਸੰਗੀਤਾ ਕੁੰਦਰਾ ਆਦਿ ਹਾਜ਼ਰ ਸਨ।

# ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨੰਗਲ ਖੁਰਦ ਵਿਖੇ ਡਿਪਟੀ ਸਪੀਕਰ ਵੱਲੋਂ ਨਵੇਂ ਕਲਾਸ ਰੂਮ ਦਾ ਉਦਘਾਟਨ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)** ਹਲਕਾ ਗੜ੍ਹਸ਼ੰਕਰ, ਜ਼ਿਲ੍ਹਾ ਹੁਸ਼ਿਆਰਪੁਰ ਵਿੱਚ ਸਿੱਖਿਆ ਦੇ ਮਿਆਰ ਨੂੰ ਨਵੀਆਂ ਉਚਾਈਆਂ ਤੱਕ ਲਿਜਾਣ ਲਈ ਜੈ ਕ੍ਰਿਸ਼ਨ ਸਿੰਘ ਰੌੜੀ ਡਿਪਟੀ ਸਪੀਕਰ ਅਤੇ ਹਲਕਾ



ਵਿਧਾਇਕ ਵੱਲੋਂ ਵੱਡੇ ਪੱਧਰ 'ਤੇ ਵਿਕਾਸ ਕਾਰਜ ਕੀਤੇ ਜਾ ਰਹੇ ਹਨ।ਉਨ੍ਹਾਂ ਦੀ ਅਗਵਾਈ ਹੇਠ ਸਿੱਖਿਆ ਖੇਤਰ ਵਿੱਚ ਲਗਾਤਾਰ ਹੋ ਰਹੇ ਉਪਰਾਲੇ ਇਲਾਕੇ ਲਈ ਇੱਕ ਮਿਸਾਲ ਬਣ ਰਹੇ ਹਨ।ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨੰਗਲ ਖੁਰਦ ਵਿਖੇ ਡਿਪਟੀ ਸਪੀਕਰ ਵੱਲੋਂ ਤਿੰਨ ਆਧੁਨਿਕ ਲੈਬਾਂ ਅਤੇ ਇੱਕ ਨਵੇਂ ਕਲਾਸ ਰੂਮ ਦਾ ਸ਼ਾਨਦਾਰ ਉਦਘਾਟਨ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਲਗਭਗ 50 ਲੱਖ ਰੁਪਏ ਦੀ ਗ੍ਰਾਂਟ ਪ੍ਰਦਾਨ ਕੀਤੀ ਗਈ ਹੈ, ਜਿਸ ਨਾਲ ਸਕੂਲ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕੀਤਾ ਗਿਆ ਹੈ ਅਤੇ ਵਿਦਿਆਰਥੀਆਂ ਨੂੰ ਆਧੁਨਿਕ ਸਹੂਲਤਾਂ ਮੁਹੱਈਆ ਕਰਵਾਈਆਂ ਗਈਆਂ ਹਨ। ਇਸ ਮੌਕੇ ਬਲਦੀਪ ਸਿੰਘ ਚੇਅਰਮੈਨ ਮਾਰਕੀਟ ਕਮੇਟੀ ਗੜ੍ਹਸ਼ੰਕਰ, ਚਰਨਜੀਤ ਸਿੰਘ ਚੰਨੀ ਓ.ਐਸ.ਡੀ, ਸੋਹਣ ਸਿੰਘ ਸਿੱਖਿਆ ਕੋਆਰਡੀਨੇਟਰ, ਪ੍ਰਿੰਸੀਪਲ ਸੁਰਜੀਤ ਸਿੰਘ ਸਮੇਤ ਕਈ ਪ੍ਰਮੁੱਖ ਸ਼ਖ਼ਸੀਅਤਾਂ ਹਾਜ਼ਰ ਰਹੀਆਂ। ਪਿੰਡ ਮਜਾਰਾ ਡੀਗਰੀਆਂ ਵਿੱਚ ਵੀ ਡਿਪਟੀ ਸਪੀਕਰ ਵੱਲੋਂ ਵੱਡਾ ਵਿਕਾਸੀ ਕਦਮ ਚੁੱਕਦੇ ਹੋਏ 3 ਸਾਇੰਸ ਲੈਬਾਂ, 1 ਇੰਟੀਗ੍ਰੇਟਿਡ ਸਾਇੰਸ ਲੈਬ ਅਤੇ 2 ਨਵੇਂ ਕਲਾਸ ਰੂਮਾ ਦਾ ਉਦਘਾਟਨ ਕੀਤਾ ਗਿਆ। ਇਨ੍ਹਾਂ ਪ੍ਰੋਜੈਕਟਾਂ 'ਤੇ ਕਰੀਬ 62.92 ਲੱਖ ਰੁਪਏ ਦੀ ਲਾਗਤ ਆਈ ਹੈ, ਜੋ ਸਿੱਖਿਆ ਦੇ ਢਾਂਚੇ ਨੂੰ ਹੋਰ ਮਜ਼ਬੂਤ ਕਰੇਗੀ।

# ਵਿਦਿਆਰਥੀਆਂ ਵੱਲੋਂ ਆਪਣੇ ਸੀਨੀਅਰਜ਼ ਲਈ ਵਿਦਾਇਗੀ ਪਾਰਟੀ



**ਫਿਲੌਰ (ਨਿਰਮਲ)**- ਫਿਲੌਰ ਦੇ ਨਜ਼ਦੀਕ ਪਿੰਡ ਤੇਹਿੰਗ ਵਿਖੇ ਸਥਿਤ ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ, ਫਿਲੌਰ ਵਿੱਚ ਬੀ ਸੀ ਏ, ਬੀ ਕਾਮ ਅਤੇ ਐੱਮ.ਕਾਮ ਦੇ ਵਿਦਿਆਰਥੀਆਂ ਵੱਲੋਂ ਆਪਣੇ ਸੀਨੀਅਰਜ਼ ਲਈ ਵਿਦਾਇਗੀ ਪਾਰਟੀ ਦਾ ਪ੍ਰੋਗਰਾਮ ਅਯੋਜਿਤ ਕੀਤੀ। ਇਸ ਮੌਕੇ ਵਿਦਿਆਰਥੀਆਂ ਨੇ ਸੱਭਿਆਚਾਰਕ ਰੰਗਾ-ਰੰਗ ਪ੍ਰੋਗਰਾਮ ਵਿੱਚ ਸੁਆਗਤੀ ਭਾਸ਼ਣ, ਡਾਂਸ, ਮਾਡਲਿੰਗ, ਮਨੋਰੰਜਕ ਖੇਡਾਂ ਅਤੇ ਵਿਸ਼ੇਸ਼ ਯਾਦਾਂ ਨੂੰ ਪੀ.ਪੀ.ਟੀ ਦੁਆਰਾ ਪੇਸ਼ ਕੀਤਾ। ਇਹ ਸਾਰਾ ਪ੍ਰੋਗਰਾਮ ਕਾਲਜ ਦੇ ਪ੍ਰਿੰਸੀਪਲ ਡਾ. ਰਾਜਵਿੰਦਰ ਕੌਰ ਹੁੰਦਲ ਜੀ ਦੀ ਰਹਿਨੁਮਾਈ ਹੇਠ ਅਤੇ ਸੰਬੰਧਤ ਸਟਾਫ ਮੈਂਬਰਾਂ ਦੇ ਸਹਿਯੋਗ ਨਾਲ ਬਹੁਤ ਅਨੁਸ਼ਾਸ਼ਨ-ਬੱਧ ਰਿਹਾ। ਪ੍ਰਿੰਸੀਪਲ ਮੈਡਮ ਨੇ ਆਪਣੇ ਵਿਚਾਰਾਂ ਰਾਹੀਂ ਵਿਦਾਇਗੀ ਲੈ ਰਹੇ ਵਿਦਿਆਰਥੀਆਂ ਨੂੰ ਸ਼ੁੱਭ ਇੱਛਾਵਾਂ ਦਿੱਤੀਆਂ ਅਤੇ ਦੁਆ ਦਿੱਤੀ ਕਿ ਉਹ ਆਪਣੀ ਆਉਣ ਵਾਲੀ ਜਿੰਦਗੀ ਵਿੱਚ ਤਰੱਕੀਆਂ ਕਰਨ ਅਤੇ ਬੁਲੰਦੀਆਂ ਨੂੰ ਛੂਹਣ। ਇਸ ਮੌਕੇ ਕੰਪਿਊਟਰ ਵਿਭਾਗ ਵਿੱਚੋਂ ਮਿਸ ਫੇਅਰਵਲ ਲਵਪ੍ਰੀਤ ਕੌਰ, ਮਿਸਟਰ ਫੇਅਰਵਲ ਵਨੀਸ਼, ਮਿਸ ਬਿਊਟੀਫੁੱਲ ਈਸ਼ਾ ਅਤੇ ਮਿਸਟਰ ਹੈਂਡਸਮ ਨਰਵਿੰਦਰ ਸਿੰਘ ਰਹੇ ਅਤੇ ਕਾਮਰਸ ਵਿਭਾਗ ਵਿੱਚੋਂ ਮਿਸ ਫੇਅਰਵਲ ਤਨਵੀ, ਮਿਸਟਰ ਫੇਅਰਵਲ ਅਰਮਾਨ ਸੁਮਨ, ਮਿਸ ਪ੍ਰਿੰਸਿਸ ਅਮਨਦੀਪ ਕੌਰ ਅਤੇ ਮਿਸਟਰ ਹੈਂਡਸਮ ਕੁਨਾਲ ਰਹੇ। ਜੇਤੂ ਵਿਦਿਆਰਥੀਆਂ ਨੂੰ ਪ੍ਰਿੰਸੀਪਲ ਮੈਡਮ ਤੇ ਸਮੂਹ ਸਟਾਫ਼ ਨੇ ਸ਼ੈਸ਼ੇ ਅਤੇ ਗਿਫ਼ਟ ਦੇਣ ਦੀ ਰਸਮ ਅਦਾ ਕੀਤੀ।

# ਨਵ-ਨਿਯੁਕਤ ਅਧਿਆਪਕਾ ਨੂੰ ਅਹੁਦਾ ਸੰਭਾਲਣ 'ਤੇ ਸਨਮਾਨਤ ਕੀਤਾ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)** ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਅਤੇ ਗੌਰਮਿੰਟ ਟੀਚਰਜ਼ ਯੂਨੀਅਨ ਬਲਾਕ ਕੋਟ ਫਤੂਹੀ ਵਲੋਂ ਨਵ-ਨਿਯੁਕਤ 5994 ਈ.ਟੀ.ਟੀ ਅਧਿਆਪਕਾ ਮਨਪ੍ਰੀਤ ਕੌਰ ਖਨੌਰੀ ਨੂੰ ਬਲਾਕ ਕੋਟ ਫਤੂਹੀ ਦੇ ਸਰਕਾਰੀ ਐਲੀਮੈਂਟਰੀ ਸਕੂਲ ਖੈਰੜ-



ਰਾਵਲ ਬਸੀ ਅਹੁਦਾ ਸੰਭਾਲਣ 'ਤੇ ਬਲਾਕ ਪ੍ਰਧਾਨ ਨਰਿੰਦਰ ਅਜਨੋਹਾ, ਪ੍ਰਿੰਸੀਪਲ ਪਰਮਜੀਤ ਸਿੰਘ, ਸੀ.ਐੱਚ.ਟੀ ਇੰਚਾਰਜ ਬਲਜਿੰਦਰ ਪਾਲ ਅਤੇ ਹੈਡ-ਟੀਚਰ ਹਰਦੇਵ ਗਿੱਲ ਵਲੋਂ ਮੈਡਮ ਨੂੰ ਜੀ ਆਇਆਂ ਨੂੰ ਕਿਹਾ ਗਿਆ ਅਤੇ ਇੱਕ ਯਾਦਗਾਰੀ ਚਿੰਨ੍ਹ ਨਾਲ ਸਨਮਾਨਤ ਕੀਤਾ। ਇਸ ਮੌਕੇ ਨਰਿੰਦਰ ਅਜਨੋਹਾ, ਪ੍ਰਿੰਸੀਪਲ ਪਰਮਜੀਤ ਸਿੰਘ, ਉਂਕਾਰ ਸਿੰਘ, ਸੀ.ਐੱਚ.ਟੀ ਇੰਚਾਰਜ ਬਲਜਿੰਦਰ ਪਾਲ, ਹੈਡ-ਟੀਚਰ ਹਰਦੇਵ ਗਿੱਲ, ਸੱਤਿਆਵਾਨ ਸਿੰਘ, ਸਗਲੀ ਰਾਮ, ਨਰੇਸ਼ ਕੁਮਾਰ, ਸੁਦਾਗਰ ਸਿੰਘ ਅਤੇ ਲਖਵੀਰ ਸਿੰਘ ਆਦਿ ਹਾਜ਼ਰ ਸਨ ।

# ਨਕੋਦਰ ਵਿਖੇ ਸ਼੍ਰੋਮਣੀ ਅਕਾਲੀ ਦਲ ਦੇ ਦਫ਼ਤਰ ਦਾ ਉਦਘਾਟਨ

**ਨਕੋਦਰ (ਮਨਜੀਤ ਮਾਨ)** ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਅਤੇ ਸਾਬਕਾ ਵਿਧਾਇਕ ਜਥੇਦਾਰ ਗੁਰਪ੍ਰਤਾਪ ਸਿੰਘ ਵਡਾਲਾ ਵੱਲੋਂ ਨਕੋਦਰ ਵਿਖੇ ਪਾਰਟੀ ਦੇ ਨਵੇਂ ਦਫ਼ਤਰ ਦਾ ਉਦਘਾਟਨ ਕੀਤਾ ਗਿਆ।ਇਸ ਮੌਕੇ ਹਲਕੇ ਦੇ ਕਈ ਪ੍ਰਮੁੱਖ ਅਕਾਲੀ ਆਗੂ, ਸਰਪੰਚ, ਪੰਚ, ਨੰਬਰਦਾਰ ਵੱਡੀ ਗਿਣਤੀ ਵਿੱਚ ਵਰਕਰਾਂ ਸਮੇਤ ਹਾਜ਼ਰ ਸਨ। ਉਦਘਾਟਨ ਦੌਰਾਨ ਜਥੇਦਾਰ



ਵਡਾਲਾ ਨੇ ਕਿਹਾ ਕਿ ਇਹ ਦਫ਼ਤਰ ਹਲਕੇ ਦੇ ਲੋਕਾਂ ਦੀਆਂ ਮੁਸ਼ਕਲਾਂ ਅਤੇ ਤਕਲੀਫ਼ਾਂ ਦਾ ਹਾਲ ਕਰਨ ਵਾਸਤੇ ਅਤੇ ਜਨਤਾ ਦੇ ਕੰਮਾਂ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜਨ ਲਈ ਕੰਮ ਕਰੇਗਾ।ਪਾਰਟੀ ਨੂੰ ਜ਼ਮੀਨੀ ਪੱਧਰ ਤੇ ਮਜ਼ਬੂਤ ਕਰਨ ਲਈ ਵਰਕਰਾਂ ਅਤੇ ਸੰਗਤਾਂ ਦੇ ਨਾਲ ਇਸ ਦਫ਼ਤਰ ਰਾਹੀਂ ਲਗਾਤਾਰ ਲੋਕ ਸੰਪਰਕ ਬਣਾਇਆ ਜਾਵੇਗਾ । ਇਸ ਮੌਕੇ ਸਰਵਣ ਸਿੰਘ ਫਿਲੌਰ, ਭੁਪਿੰਦਰ ਸਿੰਘ ਕੰਗ ਲਾਲੀ,ਅਵਤਾਰ ਸਿੰਘ ਕਲੇਰ, ਸੁਖਵੰਤ ਸਿੰਘ ਰੌਲੀ ਦਿਹਾਤੀ ਪ੍ਰਧਾਨ, ਅਮਰਜੀਤ ਸਿੰਘ ਕਿਸ਼ਨਪੁਰਾ ਸ਼ਹਿਰੀ ਪ੍ਰਧਾਨ, ਮਹਿੰਦਰ ਸਿੰਘ ਬਿਨਾਕਾ, ਜਰਨੈਲ ਸਿੰਘ ਗੜ੍ਹਦੀਵਾਲ ਸਮੇਤ ਬੋਹਤ ਸਾਰੇ ਆਗੂ ਸ਼ਾਮਲ ਹੋਏ।

# ਪੇਂਡੂ ਮਜ਼ਦੂਰ ਯੂਨੀਅਨ ਦੇ ਵਫ਼ਦ ਨੇ ਮੰਗਾਂ ਨੂੰ ਲੈ ਡੀ ਸੀ ਨੂੰ ਦਿੱਤਾ ਮੰਗ ਪੱਤਰ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)** ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦਾ ਇੱਕ ਵਫਦ ਯੂਨੀਅਨ ਦੇ ਸੂਬਾ ਪ੍ਰਧਾਨ ਤਰਸੇਮ ਪੀਟਰ ਦੀ ਅਗਵਾਈ ਹੇਠ ਡਿਪਟੀ ਕਮਿਸ਼ਨਰ ਜਲੰਧਰ ਨੂੰ ਮਿਲ ਕੇ ਜਿਲ੍ਹੇ ਤੇ ਵੱਖ-ਵੱਖ ਬਲਾਕਾਂ ਦੇ



ਅਧਿਕਾਰੀਆਂ ਵੱਲੋਂ ਮਜ਼ਦੂਰਾਂ ਦੇ ਰੁਜ਼ਗਾਰ ਅਤੇ ਸਿਰ ਢੱਕਣ ਲਈ ਛੱਤ ਦੀ ਬੁਨਿਆਦੀ ਮੰਗ ਨੂੰ ਅਣਗੌਲਿਆਂ ਕਰਨ ਵਾਲੇ ਅਧਿਕਾਰੀਆਂ ਵਿਰੁੱਧ ਪ੍ਰਸ਼ਾਸਨਿਕ ਕਾਰਵਾਈ ਕਰਨ ਦੀ ਮੰਗ ਕੀਤੀ। ਯੂਨੀਅਨ ਦੇ ਜ਼ਿਲ੍ਹਾ ਆਗੂ ਕਸ਼ਮੀਰ ਮੰਡਿਆਲਾ ਅਤੇ ਬਖਸ਼ੋ ਖਰਸੈਦਪੁਰ ਨੇ ਲਿਖਤੀ ਮੰਗ ਪੱਤਰ ਵਿੱਚ ਕਿਹਾ ਕਿ ਪ੍ਰਧਾਨ ਮੰਤਰੀ ਆਵਾਜ ਯੋਜਨਾ ਤਹਿਤ ਜਿਨ੍ਹਾਂ ਲੋੜਵੰਦ ਮਜ਼ਦੂਰਾਂ ਦੀ ਗਰਾਂਟ ਜਿਹਦੇ ਤੇ ਵੱਖ ਵੱਖ ਪਿੰਡਾਂ ਵਿੱਚ ਮਨਜ਼ੂਰ ਹੋ ਗਈਆਂ ਹਨ।ਇਹ ਗਰਾਂਟ ਮਕਾਨ ਬਣਾਉਣ ਲਈ ਕਿਸ਼ਤਾਂ ਵਿੱਚ ਦਿੱਤੀ ਜਾਣੀ ਹੈ ਪਰ ਇੱਕ ਕਿਸ਼ਤ ਦੇਣ ਤੋਂ ਬਾਅਦ ਸੰਬੰਧਤ ਅਧਿਕਾਰੀਆਂ ਦੀ ਗਰੀਬਾਂ ਵੱਲੋਂ ਜੇਬ ਗਰਮ ਨਾ ਕੀਤੇ ਜਾਣ ਤੇ ਅਗਲੀ ਕਿਸ਼ਤਾਂ ਊਠ ਦੇ ਬੁੱਲ ਵਾਂਗੂੰ ਲਟਕੀਆਂ ਪਈਆਂ ਹਨ। ਅਤੇ ਮਜਬੂਰੀ ਬਸ ਇਹ ਲੋਕ ਨੀਲੀ ਛੱਤ ਥੱਲੇ ਰਹਿਣ ਲਈ ਮਜਬੂਰ ਹਨ। ਵਫਦ ਵਿੱਚ ਸ਼ਾਮਲ ਯੂਨੀਅਨ ਦੇ ਆਗੂਆਂ ਨੇ ਰਸੋਈ ਗੈਸ ਦੀ ਹੋ ਰਹੀ ਚੋਰ ਬਾਜ਼ਾਰੀ ਕਾਰਨ ਲੋਕਾਂ ਦੀ ਗੈਸ ਏਜੰਸੀਆਂ ਵਿੱਚ ਹੋ ਰਹੀ ਖੱਜਲ ਖਰਾਬੀ ਦਾ ਮਾਮਲਾ ਡਿਪਟੀ ਕਮਿਸ਼ਨਰ ਕੋਲ ਉਠਾਇਆ। ਡਿਪਟੀ ਕਮਿਸ਼ਨਰ ਵੱਲੋਂ ਵਿਸ਼ਵਾਸ ਦਿਵਾਇਆ ਗਿਆ ਕਿ ਉਹ ਮੇਟਾਂ ਦੀ ਮੰਗ ਸੰਬੰਧੀ ਸਰਕਾਰ ਨੂੰ ਸਿਫਾਰਿਸ਼ ਕਰਨਗੇ। ਅਤੇ ਜਿਲੇ ਨਾਲ ਸੰਬੰਧਿਤ ਮੰਗਾਂ ਲਈ ਫੌਰੀ ਕਾਰਵਾਈ ਲਈ ਅਧਿਕਾਰੀਆਂ ਨੂੰ ਲਿਖਿਆ ਜਾਵੇਗਾ।ਇਸ ਵਫਦ ਵਿੱਚ ਯੂਨੀਅਨ ਦੇ ਆਗੂ ਵਿਜੇ ਬਾਠ, ਨੀਲਮ, ਰਾਜਵਿੰਦਰ ਕੌਰ, ਕਮਲਜੀਤ ਆਦੀ ਸ਼ਾਮਲ ਸਨ।

# ਵੋਟਰ ਸੂਚੀਆਂ ਦੀ ਸੁਧਾਈ ਸੰਬੰਧੀ ਸ਼ਡਿਊਲ ਜਾਰੀ

**ਜਲੰਧਰ (ਸ਼ੈਲੀ ਐਲਬਰਟ)** : ਰਾਜ ਚੋਣ ਕਮਿਸ਼ਨ, ਪੰਜਾਬ ਵੱਲੋਂ ਨਗਰ ਨਿਗਮ/ਨਗਰ ਕੌਂਸਲਾਂ/ਨਗਰ ਪੰਚਾਇਤਾਂ ਦੀਆਂ ਆਮ/ਜ਼ਿਮਨੀ ਚੋਣਾਂ-2026 ਲਈ ਵੋਟਰ ਸੂਚੀਆਂ ਦੀ ਸੁਧਾਈ ਲਈ ਸ਼ਡਿਊਲ ਜਾਰੀ ਕੀਤਾ ਗਿਆ ਹੈ। ਇਸ ਸੰਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ)-ਕਮ-ਵਧੀਕ ਜ਼ਿਲ੍ਹਾ ਚੋਣਕਾਰ ਅਫ਼ਸਰ ਦਿਵਿਯਾ ਪੀ. ਨੇ ਦੱਸਿਆ ਕਿ ਨਗਰ ਕੌਂਸਲ ਆਦਮਪੁਰ, ਕਰਤਾਰਪੁਰ, ਨਕੋਦਰ, ਨੂਰਮਹਿਲ, ਫਿਲੌਰ ਅਤੇ ਨਗਰ ਪੰਚਾਇਤ, ਮਹਿਤਪੁਰ, ਲੋਹੀਆਂ ਖਾਸ ਦੀਆਂ ਚੋਣਾਂ ਹੋਣੀਆਂ ਹਨ। ਇਨ੍ਹਾਂ ਚੋਣਾਂ ਲਈ ਵੋਟਰ ਸੂਚੀਆਂ ਯੋਗਤਾ ਮਿਤੀ 23 ਅਪ੍ਰੈਲ 2026 ਅਨੁਸਾਰ ਅਪਡੇਟ ਕੀਤੀਆਂ ਜਾਣੀਆਂ ਹਨ। ਉਨ੍ਹਾਂ ਦੱਸਿਆ ਕਿ ਵੋਟਰ ਸੂਚੀਆਂ ਦੀ ਮੁੱਢਲੀ ਪ੍ਰਕਾਸ਼ਨਾ 15 ਅਪ੍ਰੈਲ 2026 ਨੂੰ ਕੀਤੀ ਜਾ ਚੁੱਕੀ ਹੈ, ਜਿਸ 'ਤੇ ਦਾਅਵੇ ਅਤੇ ਇਤਰਾਜ਼ 23 ਅਪ੍ਰੈਲ 2026 ਤੱਕ ਲਏ ਜਾਣਗੇ। ਉਨ੍ਹਾਂ ਅੱਗੇ ਦੱਸਿਆ ਕਿ ਦਾਅਵੇ ਤੇ ਇਤਰਾਜ਼ਾਂ ਦਾ ਨਿਪਟਾਰਾ 30 ਅਪ੍ਰੈਲ 2026 ਤੱਕ ਕੀਤਾ ਜਾਵੇਗਾ ਅਤੇ ਵੋਟਰ ਸੂਚੀਆਂ ਦੀ ਅੰਤਿਮ ਪ੍ਰਕਾਸ਼ਨਾ 5 ਮਈ 2026 ਨੂੰ ਪ੍ਰਕਾਸ਼ਿਤ ਕੀਤੀ ਜਾਵੇਗੀ।ਇਸ ਤੋਂ ਇਲਾਵਾ 20 ਅਤੇ 21 ਅਪ੍ਰੈਲ 2026 ਨੂੰ ਵੋਟਰ ਰਜਿਸਟ੍ਰੇਸ਼ਨ ਲਈ ਇੱਕ ਵਿਸ਼ੇਸ਼ ਮੁਹਿੰਮ ਵੀ ਚਲਾਈ ਜਾਵੇਗੀ।

# ਆਧੁਨਿਕ ਕਲਾਸ ਰੂਮ ਵਿਦਿਆਰਥੀਆਂ ਨੂੰ ਸਮਰਪਤ

**ਨਕੋਦਰ (ਮਨਜੀਤ ਮਾਨ)** ਪੰਜਾਬ ਸਿੱਖਿਆ ਕ੍ਰਾਂਤੀ ਮਿਸ਼ਨ ਤਹਿਤ ਪੰਜਾਬ ਸਰਕਾਰ ਵੱਲੋਂ ਪਿੰਡ ਨੱਥੂ ਚਾਹਲ ਦੇ ਸਰਕਾਰੀ ਐਲੀਮੈਂਟਰੀ ਸਕੂਲ ਨੂੰ ਮਿਲੀ 9 ਲੱਖ 55 ਹਜ਼ਾਰ ਰੁਪਏ ਦੀ ਗਰਾਂਟ ਨਾਲ ਐਲ ਈ ਡੀ ਪੈਨਲ ਅਤੇ ਫਰਨੀਚਰ ਨਾਲ ਲੈਸ ਨਵੇਂ ਉਸਾਰੇ ਆਧੁਨਿਕ ਕਲਾਸ ਰੂਮ ਦਾ ਉਦਘਾਟਨੀ ਸਮਾਗਮ ਹੋਇਆ। ਮੁੱਖ ਮਹਿਮਾਨ ਕੰਵਰ ਇਕਬਾਲ ਸਿੰਘ ਜ਼ਿਲ੍ਹਾ ਚੇਅਰਮੈਨ, ਜ਼ਿਲ੍ਹਾ ਟ੍ਰੇਡਰਜ਼ ਕਮਿਸ਼ਨ ਐਕਸਾਈਜ਼ ਅਤੇ ਟੈਕਸੇਸ਼ਨ ਵਿਭਾਗ ਕਪੂਰਥਲਾ ਨੇ ਆਪਣੇ



ਸਾਥੀਆਂ ਨਾਲ ਪੁੱਜ ਕੇ ਆਧੁਨਿਕ ਕਲਾਸ ਰੂਮ ਵਿਦਿਆਰਥੀਆਂ ਨੂੰ ਸਮਰਪਿਤ ਕੀਤਾ। ਇਸ ਮੌਕੇ ਜ਼ਿਲ੍ਹਾ ਸਿੱਖਿਆ ਅਫ਼ਸਰ ਸ਼੍ਰੀਮਤੀ ਮਮਤਾ ਬਜਾਜ, ਹੈਡ ਟੀਚਰ ਦੀਪਕ ਕੁਮਾਰ, ਪ੍ਰਿੰਸੀਪਲ ਗੁਰਚਰਨ ਸਿੰਘ ਚਾਹਲ, ਗੁਰਦੇਵ ਸਿੰਘ ਚਾਹਲ ਅਤੇ ਸਰਪੰਚ ਦਲਵਿੰਦਰ ਸਿੰਘ ਸਮੇਤ ਸਮਾਗਮ ਵਿੱਚ ਸ਼ਾਮਿਲ ਹੋਰ ਸ਼ਖਸ਼ੀਅਤਾਂ ਨੇ ਫੁੱਲਾਂ ਦੇ ਬੁੱਕੇ ਨਾਲ ਮੁੱਖ ਮਹਿਮਾਨ ਕੰਵਰ ਇਕਬਾਲ ਸਿੰਘ ਦਾ ਸਵਾਗਤ ਕੀਤਾ। ਸਰਪੰਚ ਦਲਵਿੰਦਰ ਸਿੰਘ ਅਤੇ ਗੁਰਦੇਵ ਸਿੰਘ ਚਾਹਲ ਨੇ ਸਰਕਾਰ ਦੀ ਮਦਦ ਨਾਲ ਚਲਾਏ ਜਾ ਰਹੇ ਸਕੂਲ ਦੀਆਂ ਪ੍ਰਾਪਤੀਆਂ ਦਾ ਵਿਸ਼ੇਸ਼ ਵਰਨਣ ਕੀਤਾ। ਗ੍ਰਾਮ ਪੰਚਾਇਤ ਨੱਥੂ ਚਾਹਲ ਅਤੇ ਪਤਵੰਤੇ ਸੱਜਣਾਂ ਨੇ ਅਤੇ ਜ਼ਿਲ੍ਹਾ ਸਿੱਖਿਆ ਅਫ਼ਸਰ ਸ਼੍ਰੀਮਤੀ ਮਮਤਾ ਬਜਾਜ, ਬਲਾਕ ਸਿੱਖਿਆ ਅਫਸਰ ਕਪੂਰਥਲਾ -1 ਸ਼੍ਰੀ ਰਾਜੇਸ਼ ਕੁਮਾਰ, ਸੀ ਐਚ ਟੀ, ਮੈਡਮ ਨੀਰੂ ਬਾਲਾ, ਜੈਮਲ ਸਿੰਘ, ਗੁਰਿੰਦਰ ਸਿੰਘ , ਬਲਾਕ ਕਪੂਰਥਲਾ ਦੇ ਸਮੂਹ ਅਧਿਆਪਕਾਂ ਨੇ ਵੱਡੇ ਪੱਧਰ 'ਤੇ ਪ੍ਰੋਗਰਾਮ ਵਿੱਚ ਸ਼ਿਰਕਤ ਕੀਤੀ।ਹੈੱਡ ਟੀਚਰ ਦੀਪਕ ਕੁਮਾਰ, ਸਮੂਹ ਸਟਾਫ਼ ਅਤੇ ਐਸ ਐਮ ਸੀ ਕਮੇਟੀ ਮੈਂਬਰਾਂ ਨੇ ਆਏ ਹੋਏ ਸਾਰੇ ਹੀ ਪਤਵੰਤੇ ਸੱਜਣਾਂ ਦਾ ਹਾਰਦਿਕ ਸਵਾਗਤ ਕੀਤਾ। ਪ੍ਰਿੰਸੀਪਲ ਗੁਰਚਰਨ ਸਿੰਘ ਚਾਹਲ ਨੇ ਨੇ ਮੁੱਖ ਮਹਿਮਾਨ ਕੌਮਾਂਤਰੀ ਸ਼ਾਇਰ ਅਤੇ ਚੇਅਰਮੈਨ ਕੰਵਰ ਇਕਬਾਲ ਸਿੰਘ ਸਮੇਤ ਆਈਆਂ ਹੋਈਆਂ ਸ਼ਖ਼ਸੀਅਤਾਂ ਵਿੱਚ ਸ਼ਾਮਲ ਪਤਵੰਤਿਆਂ ਦਾ ਧੰਨਵਾਦ ਕੀਤਾ।

# ਗਲੋਬਲ ਵਿਜ਼ਡਮ ਸਕੂਲ ਨੇ ਪੋਕਸੋ ਤੇ ਧੱਕੇਸ਼ਾਹੀ ਵਿਰੋਧੀ ਜਾਗਰੂਕਤਾ ਸੈਸ਼ਨ ਦੀ ਮੇਜ਼ਬਾਨੀ ਕੀਤੀ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਵਿਦਿਆਰਥੀਆਂ ਦੀ ਸੁਰੱਖਿਆ ਅਤੇ ਭਾਵਨਾਤਮਕ ਤੰਦਰੁਸਤੀ ਪ੍ਰਤੀ ਆਪਣੀ ਵਚਨਬੱਧਤਾ ਨੂੰ ਮਜ਼ਬੂਤ ?ਕਰਨ ਲਈ ਗਲੋਬਲ ਵਿਜ਼ਡਮ ਇੰਟਰਨੈਸ਼ਨਲ ਸਕੂਲ ਨੇ ਅੱਜ ਸਵੇਰ ਦੀ ਸਭਾ ਦੌਰਾਨ ਜਿਨਸੀ ਅਪਰਾਧਾਂ ਤੋਂ ਬੱਚਿਆਂ ਦੀ ਸੁਰੱਖਿਆ (ਪੋਕਸੋ) ਐਕਟ ਅਤੇ ਧੱਕੇਸ਼ਾਹੀ ਵਿਰੋਧੀ ਉਪਾਵਾਂ ਬਾਰੇ ਇੱਕ ਵਿਆਪਕ ਜਾਗਰੂਕਤਾ



ਸੈਸ਼ਨ ਦਾ ਆਯੋਜਨ ਕੀਤਾ।ਜਮਾਤ ਛੇਵੀਂ ਤੋਂ ਬਾਰ੍ਹਵੀਂ ਦੇ ਵਿਦਿਆਰਥੀਆਂ ਦੁਆਰਾ ਭਾਗ ਲਿਆ ਗਿਆ। ਇਸ ਸੈਸ਼ਨ ਵਿੱਚ ਐਡਵੋਕੇਟ ਹਰਦੀਪ ਸਿੰਘ ਮੁੱਖ ਬੁਲਾਰੇ ਵਜੋਂ ਸ਼ਾਮਲ ਹੋਏ।ਐਡਵੋਕੇਟ ਹਰਦੀਪ ਸਿੰਘ ਨੇ ਪੋਕਸੋ ਕਾਨੂੰਨ ਦੀ ਜਾਣਕਾਰੀ ਤੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਅਧਿਕਾਰਾਂ ਅਤੇ ਉਨ੍ਹਾਂ ਨੂੰ ਗਾਰੰਟੀਸ਼ੁਦਾ ਸੁਰੱਖਿਆ ਨੂੰ ਸਮਝਣ ਵਿੱਚ ਕਾਨੂੰਨੀ ਪੇਚੀਦਗੀਆਂ ਨੂੰ ਸਰਲ ਬਣਾਇਆ।ਜ਼ੀਰੋ-ਡਰ ਰਿਪੋਰਟਿੰਗ ਵਾਤਾਵਰਨ ਨੂੰ ਯਕੀਨੀ ਬਣਾਉਣ ਲਈ ਸਕੂਲ ਨੇ ਇੱਕ ਸਮਰਪਤ ਸ਼ਿਕਾਇਤੀ ਬਾਕਸ ਪੇਸ਼ ਕੀਤਾ। ਸਮਾਗਮ ਦੀ ਸਮਾਪਤੀ ਕਰਦੇ ਹੋਏ, ਸਕੂਲ ਪ੍ਰਿੰਸੀਪਲ ਡਾ. ਬਸੁੰਧਰਾ ਨੇ ਵਿਦਿਆਰਥੀਆਂ ਨੂੰ ਆਪਣੀ ਭਾਸ਼ਾ ਪ੍ਰਤੀ ਸੁਚੇਤ ਰਹਿਣ ਦੀ ਅਪੀਲ ਕੀਤੀ।

# ਡਾ. ਅਰਵਿੰਦਰ ਕੌਰ ਤੇ ਵਿਦਿਆਰਥਣ ਆਰਤੀ ਕੁਮਾਰੀ ਸਨਮਾਨਤ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**- ਬੱਬਰ ਅਕਾਲੀ ਮੈਮੋਰੀਅਲ ਖ਼ਾਲਸਾ ਕਾਲਜ ਗੜ੍ਹਸ਼ੰਕਰ ਦੇ ਰੈੱਡ ਰਿਬਨ ਕਲੱਬ ਇੰਚਾਰਜ ਡਾ. ਅਰਵਿੰਦਰ ਕੌਰ ਅਤੇ ਕਾਲਜ ਵਿਦਿਆਰਥਣ ਆਰਤੀ ਕੁਮਾਰੀ ਨੂੰ ਪੰਜਾਬ ਸਰਕਾਰ, ਪੰਜਾਬ ਸਟੇਟ ਏਡਜ਼ ਕੰਟਰੋਲ ਸੁਸਾਇਟੀ ਅਤੇ ਯੁਵਕ ਸੇਵਾਵਾਂ ਵਿਭਾਗ ਪੰਜਾਬ ਵਲੋਂ ਸਨਮਾਨਿਤ ਕੀਤਾ ਗਿਆ ਹੈ। ਇਹ ਸਨਮਾਨ ਉਨ੍ਹਾਂ ਵਲੋਂ



ਸਾਲ 2025-26 ਲਈ ਯੁਵਕ ਸੇਵਾਵਾਂ ਵਿਭਾਗ ਹੁਸ਼ਿਆਰਪੁਰ ਦੀ ਅਗਵਾਈ ਹੇਠ ਰੈੱਡ ਰਿਬਨ ਕਲੱਬ ਇੰਚਾਰਜ ਵਜੋਂ ਉਨ੍ਹਾਂ ਦੇ ਕਾਰਜ ਨੂੰ ਮਾਨਤਾ ਦੇਣ ਲਈ ਦਿੱਤਾ ਗਿਆ। ਇਹ ਸਨਮਾਨ ਰਾਜ ਪੱਧਰੀ ਰੈੱਡ ਰਿਬਨ ਕਲੱਬ ਦੇ ਯੁਵਾ ਲੀਡਰਸ਼ਿਪ ਅਤੇ ਜਾਗਰੂਕਤਾ ਪ੍ਰੋਗਰਾਮ ਚੰਡੀਗੜ੍ਹ ਯੂਨੀਵਰਸਿਟੀ ਘੜੂੰਆਂ (ਮੋਹਾਲੀ) ਵਿਖੇ ਆਯੋਜਿਤ ਸਮਾਗਮ ਦੌਰਾਨ ਕੀਤਾ ਗਿਆ। ਕਾਲਜ ਪ੍ਰਿੰਸੀਪਲ ਡਾ. ਅਮਨਦੀਪ ਹੀਰਾ ਨੇ ਰੈੱਡ ਰਿਬਨ ਕਲੱਬ ਦੇ ਇੰਚਾਰਜ ਡਾ. ਅਰਵਿੰਦਰ ਕੌਰ ਅਤੇ ਪੀਅਰ ਐਜੂਕੇਟਰ ਆਰਤੀ ਕੁਮਾਰੀ ਨੂੰ ਵਧਾਈ ਦਿੱਤੀ ਅਤੇ ਭਵਿੱਖ ਵਿਚ ਵੀ ਇਸ ਤਰ੍ਹਾਂ ਦੇ ਕਾਰਜ ਕਰਦੇ ਰਹਿਣ ਲਈ ਉਤਸ਼ਾਹਿਤ ਕੀਤਾ।

# ਚਰਨ ਕਮਲ ਅਕੈਡਮੀ ਨੂੰ ਕਿੱਟਾਂ ਭੇਟ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਚੌਧਰੀ ਗਿਆਨ ਸਿੰਘ ਵੈਲਫ਼ੇਅਰ ਐਸੋਸ਼ੀਏਸ਼ਨ (ਪੰਜਾਬ) ਸੰਸਥਾ ਵਲੋਂ ਕੰਢੀ 'ਚ ਸਥਿਤ ਸ੍ਰੀ ਚਰਨ ਕਮਲ ਅਕੈਡਮੀ (ਕਮਾਹੀ ਦੇਵੀ) 'ਚ ਸਿਖਲਾਈ ਪ੍ਰਾਪਤ ਕਰਨ ਆਉਂਦੇ ਨੌਜਵਾਨਾਂ ਨੂੰ ਕਿਟਾਂ ਭੇਟ ਕੀਤੀਆਂ। ਸੰਸਥਾ ਸੂਬਾ ਪ੍ਰਧਾਨ ਪ੍ਰਿੰਸ ਪਲਿਆਲ ਨੇ ਸ਼੍ਰੀ ਚਰਨ ਕਮਲ ਅਕੈਡਮੀ (ਕਮਾਹੀ ਦੇਵੀ) ਸੰਸਥਾਪਕ ਚੌਧਰੀ ਦਰਸ਼ਨ ਸਿੰਘ ਫੌਜੀ ਦੀ ਨਿਸ਼ਕਾਮ ਸਮਾਜ ਸੇਵਾ ਤੋਂ ਪ੍ਰਭਾਵਿਤ ਐਕਡਮੀ ਵਿਚ 60 ਲੜਕੀਆਂ ਤੇ 40 ਲੜਕੇ ਸਰਹੱਦਾਂ ਤੇ ਦੇਸ਼ ਸੇਵਾ ਦਾ ਜਜ਼ਬਾ ਰੱਖਣ ਵਾਲੇ ਨੌਜਵਾਨਾਂ ਨੂੰ ਨਿਸ਼ਕਾਮ ਸੇਵਾਵਾਂ ਦੇਣ ਲਈ ਚੌਧਰੀ ਦਰਸ਼ਨ ਸਿੰਘ ਫੌਜੀ ਦੀ ਸ਼ਲਾਘਾ ਕਰਦਿਆਂ ਅਕੈਡਮੀ ਵਿੱਚ ਫਿਜ਼ੀਕਲ ਤੇ ਵਿਦਿਅਕ ਟੈਸਟ ਦੀ ਸਿਖਲਾਈ ਪ੍ਰਾਪਤ ਕਰ ਰਹੇ ਯੁਵਾਵਾਂ ਨੂੰ ਕਿਟਾਂ ਭੇਂਟ ਮੌਕੇ ਯੁਵਾਵਾਂ ਦੇ ਚੰਗੇ ਭਵਿੱਖ ਲਈ ਸ਼ੁਭ ਕਾਮਨਾਵਾਂ ਦਿੱਤੀਆਂ। ਨਿਸਵਾਰਥ ਭਾਵਨਾ ਤੋਂ ਉੱਪਰ ਉੱਠ ਕੇ ਨੌਜਵਾਨਾਂ ਦੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਦਰਸ਼ਨ ਸਿੰਘ ਫੌਜੀ ਦੇ ਨੇਕ ਉਪਰਾਲੇ ਤੋਂ ਪ੍ਰਭਾਵਿਤ ਸੰਸਥਾ ਨੇ ਸ਼੍ਰੀ ਚਰਨ ਕਮਲ ਅਕੈਡਮੀ (ਕਮਾਹੀ ਦੇਵੀ) ਨੂੰ ਭਵਿੱਖ ਵਿੱਚ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਪ੍ਰਿਸ ਪਲਿਆਲ ਨੇ ਕਿਹਾ ਕਿ ਭਵਿੱਖ ਵਿੱਚ ਸੰਸਥਾ ਵਲੋਂ ਯੁਵਾਵਾਂ ਲਈ ਖੇਡਾਂ ਕਿੱਟਾਂ, ਖੂਨ ਦਾਨ ਕੈਂਪ, ਜ਼ਰੂਰਤਮੰਦ ਵਿਦਿਆਰਥੀਆਂ ਲਈ ਸਟੇਸ਼ਨਰੀ ਤੇ ਸਮੂਹਿਕ ਆਨੰਦ ਕਾਰਜ ਅਰੰਭੇ ਜਾਣਗੇ। ਇਸ ਮੌਕੇ ਸੰਸਥਾ ਦੇ ਉੱਘੇ ਮੈਂਬਰ ਦੇਸ ਰਾਜ ਪੱਤਰਕਾਰ, ਸੰਦੀਪ ਸਿੰਘ, ਦਰਸ਼ਨ ਸਿੰਘ ਫੌਜੀ ਤੇ ਅਕੈਡਮੀ ਦੇ ਯੁਵਾ ਹਾਜ਼ਰ ਸਨ ।

# ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਦਾ ਜਨਮ ਦਿਹਾੜਾ ਮਨਾਇਆ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)** ਸੰਵਿਧਾਨ ਨਿਰਮਾਤਾ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਦੇ ਜਨਮ ਦਿਨ ਦੇ ਸੰਬੰਧ ਵਿੱਚ ਇੱਕ ਵਿਸ਼ੇਸ਼ ਸਮਾਗਮ ਡਾਕਟਰ ਅੰਬੇਡਕਰ ਵੈਲਫੇਅਰ ਸੁਸਾਇਟੀ ਧਰਮਸ਼ਾਲਾ ਵਾਰਡ ਨੰਬਰ ਛੇ



ਸੱਤ ਮਾਹਿਲਪੁਰ ਵਿਖੇ ਵਾਰਡ ਨਿਵਾਸੀਆਂ ਵੱਲੋਂ ਉਤਸ਼ਾਹ ਪੂਰਵਕ ਢੰਗ ਨਾਲ ਕੀਤਾ ਗਿਆ।ਇਸ ਮੌਕੇ ਸਭ ਤੋਂ ਪਹਿਲਾਂ ਬਾਬਾ ਸਾਹਿਬ ਦੀ ਤਸਵੀਰ ਅੱਗੇ ਫੁੱਲ ਮਲਾਵਾਂ ਅਰਪਿਤ ਕੀਤੀਆਂ ਗਈਆਂ ਅਤੇ ਬਾਅਦ ਵਿੱਚ ਕੇਕ ਕੱਟ ਕੇ ਖੁਸ਼ੀ ਦਾ ਪ੍ਰਗਟਾਵਾ ਕੀਤਾ ਗਿਆ।ਇਸ ਮੌਕੇ ਸੁਸਾਇਟੀ ਦੀ ਪ੍ਰਧਾਨ ਗੀਨਾ ਰਾਣੀ, ਸਤਿਆ ਦੇਵੀ, ਨਿਰਮਲਾ ਦੇਵੀ, ਗੁਰਮੀਤ ਚੰਦ, ਤੀਰਥ ਰਾਮ, ਨਿਰਮਲ ਦੇਵੀ, ਤਰਸੇਮ ਲਾਲ, ਮਲਕੀਤ ਸਿੰਘ, ਬਲਵੀਰ ਸਿੰਘ, ਕੁਲਦੀਪ ਕੌਰ, ਗੁਰਜੀਤ ਕੌਰ, ਕਮਲਾ ਦੇਵੀ, ਰਣਧੀਰ ਸਿੰਘ, ਸਵਰਨ, ਸੋਨੂ, ਹਰਮਨ ਕੁਮਾਰ, ਕਿਰਨਾ ਦੇਵੀ, ਨਿਰਮਲ ਦਾਸ, ਰਮਨ ਕੁਮਾਰੀ, ਸਵਰਨ ਕੌਰ, ਭਗਵੰਤ ਰਾਏ, ਕਸ਼ਮੀਰ ਕੌਰ, ਰਾਮ ਲਾਲ ਅਤੇ ਹੋਰ ਵਾਰਡ ਨਿਵਾਸੀ ਹਾਜ਼ਰ ਸਨ। ਇਨਾਂ ਤੋਂ ਇਲਾਵਾ ਇਸ ਸਮਾਗਮ ਵਿੱਚ ਚਰਨਜੀਤ ਸਿੰਘ ਚੰਨੀ ਓ.ਐਸ.ਡੀ. ਡਿਪਟੀ ਸਪੀਕਰ ਪੰਜਾਬ ਵਿਧਾਨ ਸਭਾ ਸਰਦਾਰ ਜੈ ਸਿੰਘ ਰੌੜੀ, ਰੇਖਾ ਰਾਣੀ ਪ੍ਰਧਾਨ ਜੈ ਭੀਮ ਕਾਰਵਾਂ ਚੈਰੀਟੇਬਲ ਸੁਸਾਇਟੀ ਰਜਿ. ਮਾਹਿਲਪੁਰ, ਨਿਰਮਲ ਸਿੰਘ ਮੁੱਗੋਵਾਲ ਸੰਚਾਲਕ ਨਿਰਵਾਣੁ ਕੁਟੀਆ ਮਾਹਿਲਪੁਰ, ਦਵਿੰਦਰ ਸਿੰਘ ਸੈਣੀ ਪ੍ਰਧਾਨ ਨਗਰ ਪੰਚਾਇਤ ਮਾਹਿਲਪੁਰ, ਸ਼ਸ਼ੀ ਬੰਗੜ ਮੀਤ ਪ੍ਰਧਾਨ ਨਗਰ ਪੰਚਾਇਤ ਮਾਹਿਲਪੁਰ, ਬਲਦੇਵ ਸਿੰਘ ਐਮ.ਸੀ, ਨਿਰਮਲ ਕੌਰ ਬੋਧ, ਸੁਖਵਿੰਦਰ ਕੁਮਾਰ ਰਿਟਾਇਰਡ ਬੈਂਕ ਅਧਿਕਾਰੀ, ਡਾਕਟਰ ਪਰਮਿੰਦਰ ਸਿੰਘ, ਡਾਕਟਰ ਰਣਜੀਤ ਸਿੰਘ ਸਮੇਤ ਹੋਰ ਸਨਮਾਨਯੋਗ ਸ਼ਖ਼ਸ਼ੀਅਤਾਂ ਹਾਜ਼ਰ ਸਨ। ਇਸ ਮੌਕੇ ਸੁਸਾਇਟੀ ਦੀ ਪ੍ਰਧਾਨ ਗੀਨਾ ਰਾਣੀ ਨੇ ਕਿਹਾ ਕਿ ਸੰਵਿਧਾਨ ਨਿਰਮਾਤਾ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਜੀ ਨੇ ਭਾਰਤੀ ਸੰਵਿਧਾਨ ਦੇ ਮਾਧਿਅਮ ਰਾਹੀਂ ਸਦੀਆਂ ਤੋਂ ਲਤਾੜੇ ਗਏ ਸਮਾਜ ਦੇ ਲੋਕਾਂ ਅਤੇ ਔਰਤ ਜਾਤੀ ਨੂੰ ਜੋ ਸੰਵਿਧਾਨਿਕ ਤੌਰ ਤੇ ਬਰਾਬਰਤਾ ਦੇ ਹੱਕ ਦਿਵਾਏ ਉਸ ਕਾਰਨ ਉਨਾਂ ਨੂੰ ਰਹਿੰਦੀ ਦੁਨੀਆਂ ਤੱਕ ਯਾਦ ਕੀਤਾ ਜਾਂਦਾ ਰਹੇਗਾ।

# ਸਰਕਾਰ 'ਤੇ ਵੋਟਰ ਸੂਚੀਆਂ 'ਚ ਵੱਡੀ ਪੱਧਰ 'ਤੇ ਹੇਰਾਫੇਰੀ ਕਰਨ ਦੇ ਦੋਸ਼

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਹੁਸ਼ਿਆਰਪੁਰ ਦੇ ਇੰਚਾਰਜ ਸੰਜੀਵ ਤਲਵਾੜ ਨੇ ਮੌਜੂਦਾ ਸਰਕਾਰ 'ਤੇ ਤਿੱਖਾ ਹਮਲਾ ਕਰਦਿਆਂ ਵੋਟਰ ਸੂਚੀਆਂ ਵਿੱਚ ਵੱਡੀ ਪੱਧਰ 'ਤੇ ਹੇਰਾਫੇਰੀ ਕਰਨ ਦੇ ਗੰਭੀਰ ਆਰੋਪ ਲਗਾਏ ਹਨ। ਉਨ੍ਹਾਂ ਕਿਹਾ ਕਿ ਪਹਿਲਾਂ ਹੀ ਘਪਲਿਆਂ ਵਿੱਚ ਘਿਰੀ ਇਹ ਸਰਕਾਰ ਹੁਣ ਲੋਕਤੰਤਰ ਦੀ ਬੁਨਿਆਦ ਯਾਨੀ ਵੋਟਰ ਸੂਚੀਆਂ ਨਾਲ ਖਿਲਵਾੜ ਕਰਕੇ ਚੋਣਾਂ ਜਿੱਤਣ ਦੀ ਨਾਕਾਮ ਕੋਸ਼ਿਸ਼ ਕਰ ਰਹੀ ਹੈ। ਸੰਜੀਵ ਤਲਵਾੜ ਨੇ ਦੱਸਿਆ ਕਿ ਵਾਰਡਾਂ ਦੇ ਤੈਅ ਕੀਤੇ ਗਏ ਅਧਿਕਾਰਤ ਨਕਸ਼ਿਆਂ ਨੂੰ ਛਿੱਕੇ ਟੰਗ ਕੇ ਸੈਂਕੜੇ ਵੋਟਾਂ ਇੱਕ ਵਾਰਡ ਤੋਂ ਦੂਜੇ ਵਾਰਡ ਵਿੱਚ ਤਬਦੀਲ ਕਰ ਦਿੱਤੀਆਂ ਗਈਆਂ ਹਨ। ਉਹਨਾਂ ਕਿਹਾ ਕਿ ਪ੍ਰਸ਼ਾਸਨਿਕ ਮਸ਼ੀਨਰੀ ਦੀ ਦੁਰਵਰਤੋਂ ਕਰਕੇ ਵਿਰੋਧੀ ਧਿਰ ਦੇ ਸਮਰਥਕਾਂ ਦੀਆਂ ਵੋਟਾਂ ਨੂੰ ਜਾਣਬੁੱਝ ਕੇ ਖ਼ਰਾਬ ਕੀਤਾ ਜਾ ਰਿਹਾ ਹੈ।ਉਹਨਾਂ ਇਲਜ਼ਾਮ ਲਗਾਇਆ ਕਿ ਵੋਟਰ ਸੂਚੀਆਂ ਵਿੱਚ ਕੀਤੀ ਗਈ ਇਹ ਅਦਲਾ-ਬਦਲੀ ਸਿੱਧੇ ਤੌਰ 'ਤੇ ਵੋਟਰਾਂ ਦੇ ਅਧਿਕਾਰਾਂ 'ਤੇ ਡਾਕਾ ਹੈ। ਤਲਵਾੜ ਨੇ ਚੋਣ ਕਮਿਸ਼ਨ ਤੋਂ ਮੰਗ ਕੀਤੀ ਹੈ ਕਿ ਇਨ੍ਹਾਂ ਵੋਟਰ ਸੂਚੀਆਂ ਦੀ ਤੁਰੰਤ ਪੜਤਾਲ ਕੀਤੀ ਜਾਵੇ ਅਤੇ ਦੋਸ਼ੀ ਅਧਿਕਾਰੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਵਪਾਰ ਸੈੱਲ ਦੇ ਜ਼ਿਲ੍ਹਾ ਪ੍ਰਧਾਨ ਸੰਤੋਖ ਸਿੰਘ ਔਜਲਾ, ਅਨੁਸੂਚਿਤ ਜਾਤੀ ਮੋਰਚੇ ਦੇ ਸ਼ਹਿਰੀ ਪ੍ਰਧਾਨ ਸੰਜੀਵ ਥਾਪਰ, ਸਾਹਿਲ ਮੱਟੂ ਅਤੇ ਬਾਕੀ ਕਾਰਕਰਤਾ ਵੀ ਮੌਜੂਦ ਸਨ।

# 'ਵਰਸਿਟੀ ਕਾਲਜ ਜੰਡਿਆਲਾ ਦੇ ਆਰਟਸ ਵਿਭਾਗ ਦੇ ਪਹਿਲੇ ਸਮੈਸਟਰ ਦਾ ਨਤੀਜਾ ਸ਼ਾਨਦਾਰ

**ਗੁਰਾਇਆ (ਬਿੰਦਰ ਸੁਮਨ)**- ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਵੱਲੋਂ ਐਲਾਨੇ ਗਏ ਨਤੀਜਿਆਂ ਵਿੱਚ ਗੁਰੂ ਗੋਬਿੰਦ ਸਿੰਘ ਯੂਨੀਵਰਸਿਟੀ ਕਾਲਜ ਜੰਡਿਆਲਾ ਦੇ ਬੀ.ਏ.ਪਹਿਲੇ ਸਮੈਸਟਰ ਦੇ ਵਿਦਿਆਰਥੀਆਂ ਦਾ ਨਤੀਜਾ ਸ਼ਾਨਦਾਰ ਰਿਹਾ। ਇਸ ਨਤੀਜੇ ਵਿੱਚ ਵਿਦਿਆਰਥਣ ਸੀਮਾ (8.13 ਐੱਸ.ਜੀ.ਪੀ.ਏ.) ਨੇ ਪਹਿਲਾ, ਜਦਕਿ ਕੋਮਲ (7.61ਐੱਸ.ਜੀ.ਪੀ. ਏ.), ਖ਼ੁਸ਼ੀ



(7.61 ਐੱਸ.ਜੀ.ਪੀ. ਏ.) ਨੇ ਦੂਸਰਾ ਅਤੇ ਪ੍ਰਤੀਕਸ਼ਾ (7.35 ਐੱਸ.ਜੀ.ਪੀ.ਏ.) ਨੇ ਤੀਸਰਾ ਸਥਾਨ ਹਾਸਲ ਕਰਕੇ ਵਿਭਾਗ ਦਾ ਮਾਣ ਵਧਾਇਆ।ਕਾਲਜ ਇੰਚਾਰਜ ਜਸ਼ਨਜੋਤ ਸਿੰਘ ਜੌਹਲ ਨੇ ਵਿਦਿਆਰਥੀਆਂ ਅਤੇ ਅਧਿਆਪਕ ਮੈਡਮ ਰਾਜਵਿੰਦਰ ਕੌਰ, ਮਨਜੀਤ ਕੌਰ, ਅੰਜਲੀ ਯਾਦਵ, ਗੌਰਵ ਸ਼ਰਮਾ, ਡਾ.ਤਰਨਪ੍ਰੀਤ ਕੌਰ ਅਤੇ ਡਾ. ਸੂਰਜ ਭਗਤ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਸ਼ਾਨਦਾਰ ਨਤੀਜੇ ਸਖ਼ਤ ਮਿਹਨਤ, ਅਨੁਸ਼ਾਸਨ, ਅਧਿਆਪਕਾਂ ਦੀ ਸਮਰਪਿਤ ਰਹਿਨੁਮਾਈ ਅਤੇ ਸਹੀ ਮਾਰਗਦਰਸ਼ਨ ਦਾ ਪ੍ਰਤੀਕ ਹਨ। ਉਨ੍ਹਾਂ ਨੇ ਕਿਹਾ ਕਿ ਕਾਲਜ ਵੱਲੋਂ ਲੋੜਵੰਦ ਅਤੇ ਮੈਰਿਟ ਸੂਚੀ ਵਿੱਚ ਆਉਣ ਵਾਲੇ ਵਿਦਿਆਰਥੀਆਂ ਲਈ ਵੱਖ-ਵੱਖ ਕਿਸਮ ਦੀ ਸਕਾਲਰਸ਼ਿਪ ਵੀ ਉਪਲੱਬਧ ਕਰਵਾਈ ਜਾਂਦੀ ਹੈ।

# ਡਾ. ਅੰਬੇਡਕਰ ਦਾ ਬੁੱਤ ਤੋੜਨ ਵਾਲੇ ਦੋਸ਼ੀ ਗ੍ਰਿਫ਼ਤਾਰ, ਮੋਰਚਾ ਫ਼ਤਿਹ : ਕਰੀਮਪੁਰੀ

**ਗੜ੍ਹਸ਼ੰਕਰ/ਹੁਸ਼ਿਆਰਪੁਰ (ਓ ਪੀ ਰਾਣਾ)**- ਬਹੁਜਨ ਸਮਾਜ ਪਾਰਟੀ ਵੱਲੋਂ ਸੰਵਿਧਾਨ ਨਿਰਮਾਤਾ ਬਾਬਾ ਸਾਹਿਬ ਡਾਕਟਰ ਬੀ.ਆਰ. ਅੰਬੇਡਕਰ ਦੇ ਅਪਮਾਨ ਵਿਰੁੱਧ ਗੜ੍ਹਸ਼ੰਕਰ ਵਿਖੇ ਚਲਾਇਆ ਜਾ ਰਿਹਾ ਦਿਨ-ਰਾਤ ਦਾ ਨਿਰੰਤਰ ਧਰਨਾ ਅੱਜ ਇੱਕ ਇਤਿਹਾਸਕ ਜਿੱਤ ਦੇ ਨਾਲ ਸਮਾਪਤ ਹੋਇਆ। ਪ੍ਰਸ਼ਾਸਨ ਨੇ ਬਸਪਾ ਦੇ ਧਰਨਾ ਸਥਾਨ 'ਤੇ ਪਹੁੰਚ ਕੇ ਦੋਸ਼ੀਆਂ ਦੀ ਗ੍ਰਿਫ਼ਤਾਰੀ ਦੀ ਪੁਸ਼ਟੀ ਕੀਤੀ। ਬਸਪਾ ਦੇ ਧਰਨੇ ਵਿੱਚ ਜ਼ਿਲ੍ਹਾ ਹੁਸ਼ਿਆਰਪੁਰ ਦੇ ਐਸ. ਪੀ. (ਡੀ) ਅਤੇ ਡੀ.ਐਸ.ਪੀ. ਗੜ੍ਹਸ਼ੰਕਰ ਨੇ ਪ੍ਰਦਰਸ਼ਨਕਾਰੀਆਂ ਨੂੰ



ਜਾਣਕਾਰੀ ਦਿੱਤੀ ਕਿ ਬਾਬਾ ਸਾਹਿਬ ਦੇ ਬੁੱਤ ਦੀ ਬੇਅਦਬੀ ਕਰਨ ਵਾਲੇ ਅਸਲ ਦੋਸ਼ੀਆਂ ਨੂੰ ਪੁਲਸ ਨੇ ਗ੍ਰਿਫ਼ਤਾਰ ਕਰ ਲਿਆ ਹੈ। ਇਸ ਐਲਾਨ ਤੋਂ ਬਾਅਦ ਬਸਪਾ ਲੀਡਰਸ਼ਿਪ ਨੇ ਇਸ ਨੂੰ ਪਾਰਟੀ ਦੀ ਇਤਿਹਾਸਕ ਜਿੱਤ ਐਲਾਨਦਿਆਂ ਧਰਨੇ ਨੂੰ ਜੇਤੂ ਧਰਨਾ ਐਲਾਨ ਕੇ ਸਮਾਪਤ ਕੀਤਾ।ਧਰਨੇ ਨੂੰ ਸੰਬੋਧਨ ਕਰਦਿਆਂ ਸੂਬਾ ਪ੍ਰਧਾਨ ਡਾ. ਅਵਤਾਰ ਸਿੰਘ ਕਰੀਮਪੁਰੀ ਨੇ ਇਸ ਜਿੱਤ 'ਤੇ ਵਰਕਰਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਬਾਬਾ ਸਾਹਿਬ ਦੇ ਸਨਮਾਨ ਲਈ ਬਸਪਾ ਹਮੇਸ਼ਾ ਮੈਦਾਨ ਵਿੱਚ ਡਟ ਕੇ ਖੜ੍ਹੀ ਹੈ। ਇਹ ਜਿੱਤ ਕੇਵਲ ਇੱਕ ਧਰਨੇ ਦੀ ਨਹੀਂ, ਸਗੋਂ ਉਸ ਸੋਚ ਦੀ ਜਿੱਤ ਹੈ ਜੋ ਮਹਾਂਪੁਰਸ਼ਾਂ ਦੇ ਸਨਮਾਨ ਨੂੰ ਸਰਵਉੱਚ ਮੰਨਦੀ ਹੈ।ਕਰੀਮਪੁਰੀ ਨੇ ਕਿਹਾ ਕਿ ਸੂਬੇ ਵਿੱਚ ਸਾਰੇ ਅੰਬੇਡਕਰ ਭਵਨਾਂ ਅਤੇ ਮਹਾਂਪੁਰਸ਼ਾਂ ਦੇ ਬੁੱਤਾਂ ਦੀ ਸੁਰੱਖਿਆ ਤੁਰੰਤ ਯਕੀਨੀ ਬਣਾਈ ਜਾਵੇ।ਉਨ੍ਹਾਂ ਕਿਹਾ ਕੇਂਦਰ ਅਤੇ ਪੰਜਾਬ ਸਰਕਾਰ ਦੇ ਮਨਾਂ ਅੰਦਰ ਅੰਬੇਡਕਰ ਪ੍ਰਤੀ ਨਫਰਤ ਦੀ ਭਾਵਨਾ ਹੈ, ਇਸੇ ਕਰਕੇ ਅੰਬੇਡਕਰ ਦੀ ਵਿਚਾਰਧਾਰਾ ਨੂੰ ਖਤਮ ਕਰਨ ਦੇ ਮਨਸੂਬਿਆਂ ਤਹਿਤ ਡਾ. ਅੰਬੇਡਕਰ ਦੇ ਬੁੱਤਾਂ ਦੀ ਸੁਰੱਖਿਆ ਨਹੀਂ ਕੀਤੀ ਜਾ ਰਹੀ।ਉਨ੍ਹਾਂ ਕਿਹਾ ਸ੍ਰੀ ਖੁਰਾਲਗੜ੍ਹ ਸਾਹਿਬ, ਜੋ ਕਿ ਸ੍ਰੀ ਗੁਰੂ ਰਵਿਦਾਸ ਜੀ ਦੀ ਚਰਨ-ਛੋਹ ਪ੍ਰਾਪਤ ਪਵਿੱਤਰ ਧਰਤੀ ਹੈ, ਦੇ ਨੇੜਿਓਂ ਸ਼ਰਾਬ ਦੇ ਠੇਕੇ ਅਤੇ ਨਜਾਇਜ਼ ਬ੍ਰਾਂਚਾਂ ਤੁਰੰਤ ਬੰਦ ਕੀਤੇ ਜਾਣ।ਇਸ ਮੌਕੇ ਸਟੇਟ ਕੋਆਰਡੀਨੇਟਰ ਅਜੀਤ ਸਿੰਘ ਭੈਣੀ, ਬਸਪਾ ਵਿਧਾਇਕ ਅਤੇ ਜ਼ੋਨ ਕੋਆਰਡੀਨੇਟਰ ਡਾਕਟਰ ਨਛੱਤਰ ਪਾਲ, ਜ਼ੋਨ ਕੋਆਰਡੀਨੇਟਰ ਚੌਧਰੀ ਗੁਰਨਾਮ ਸਿੰਘ, ਤੀਰਥ ਰਾਜਪੁਰਾ ਮਹਿਰਾ ਜ਼ੋਨ ਕੋਆਰਡੀਨੇਟਰ, ਸਟੇਟ ਜਨਰਲ ਸੈਕਟਰੀ ਠੇਕੇਦਾਰ ਹਰਭਜਨ ਸਿੰਘ ਬਜਹੇੜੀ , ਪਰਵੀਨ ਬੰਗਾ ਸਟੇਟ ਜਨਰਲ ਸੈਕਟਰੀ, ਬਲਵਿੰਦਰ ਬਿੱਟਾ ਸਟੇਟ ਜਨਰਲ ਸੈਕਟਰੀ, ਦਲਜੀਤ ਰਾਏ ਜ਼ਿਲ੍ਹਾ ਪ੍ਰਧਾਨ, ਸਰਬਜੀਤ ਜਾਫਰਪੁਰ ਪ੍ਰਧਾਨ ਨਵਾਂ ਸ਼ਹਿਰ, ਜਨਰਲ ਸੈਕਟਰੀ ਰਜਿੰਦਰ ਸਿੰਘ ਨਨੇੜੀਆਂ, ਸਟੇਟ ਜਨਰਲ ਸੈਕਟਰੀ ਹਰਭਜਨ ਬੁਲਾਲੋਂ, ਜਲੰਧਰ ਜ਼ਿਲ੍ਹੇ ਦੇ ਪ੍ਰਧਾਨ ਸਲਿੰਦਰ ਕੁਮਾਰ, ਸਥਾਨਕ ਲੀਡਰਸ਼ਿਪ ਹਾਜ਼ਰ ਸੀ।

# ਰਾਜਪੁਰ ਭਾਈਆਂ 'ਚ ਵਿਸ਼ਾਲ ਭਗਵਤੀ ਜਾਗਰਣ ਕਰਵਾਇਆ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪਿੰਡ ਰਾਜਪੁਰ ਭਾਈਆਂ ਮਾਂ ਅੰਬਿਕਾ ਮੰਦਰ ਵਿਖੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਸਦਕਾ ਮਾਂ ਅੰਬਿਕਾ ਜਾਗਰਣ ਕਮੇਟੀ ਵੱਲੋਂ ਸਲਾਨਾ ਵਿਸ਼ਾਲ ਭਗਵਤੀ ਜਾਗਰਣ ਧੂਮਧਾਮ ਨਾਲ ਕਰਵਾਇਆ ਗਿਆ। ਮੰਦਰ ਦੇ ਮੁੱਖ ਸੇਵਾਦਾਰ ਬਾਬਾ ਰਾਜ ਕੁਮਾਰ ਟੋਨੀ ਰਾਜਪੁਰ ਭਾਈਆਂ ਨੇ ਦੱਸਿਆ ਕਿ ਜਾਗਰਣ ਮੌਕੇ ਪਹਿਲਾਂ ਮਹਾਮਾਈ ਦੀ ਪੂਜਾ ਅਰਚਨਾ ਕੀਤੀ ਗਈ ਉਪਰੰਤ ਕੰਜਕਾਂ ਦੀ ਪੂਜਾ ਕੀਤੀ ਗਈ। ਇਸ ਮੌਕੇ ਡਾਕਟਰ ਇਸ਼ਾਂਕ ਕੁਮਾਰ ਹਲਕਾ ਵਿਧਾਇਕ ਚੱਬੇਵਾਲ ਨੇ ਹਾਜ਼ਰੀ ਭਰੀ।ਇਸ ਮੌਕੇ ਪ੍ਰਬੰਧਕਾਂ ਵਲੋਂ ਸਹਿਯੋਗੀਆਂ ਨੂੰ ਸਿਰਪਾਓ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਮੰਦਰ ਦੇ ਮੁੱਖ ਰਾਜ ਕੁਮਾਰ ਟੋਨੀ, ਪੰਡਤ ਰਾਮ ਅਵਤਾਰ, ਮੰਜੂ ਬਾਲਾ, ਰਾਜੇਸ਼ ਕੁਮਾਰ, ਮਮਤਾ ਰਾਣੀ, ਸਾਹਿਲ ਗੁਪਤਾ, ਮੀਨੂੰ ਗੁਪਤਾ, ਦੀਪਕ ਗੁਪਤਾ, ਜਤਿਨ ਕੁਮਾਰ,



ਅਜੈ ਕੁਮਾਰ, ਵਿਕਾਸ ਗੁਪਤਾ, ਵਿਸ਼ਾਲ ਗੁਪਤਾ, ਵੰਸ਼ ਗੁਪਤਾ, ਅਵਤਾਰ ਸਿੰਘ, ਸੁਰਜੀਤ ਸਿੰਘ ਬਿੱਲਾ, ਡਾਕਟਰ ਗੌਰਵ ਕੁਮਾਰ ਬੱਡਲਾ, ਨਵਜੋਤ ਸਿੰਘ ਸੰਘਾ, ਬੀਬੀ ਹਰਬੰਸ ਕੌਰ, ਸਰਬਜੀਤ ਸਿੰਘ, ਲਵਪ੍ਰੀਤ ਸਿੰਘ, ਰਿੱਕੀ, ਡਾਕਟਰ ਗੌਰਵ ਕੁਮਾਰ ਬੱਡਲਾ, ਨਵਜੋਤ ਸਿੰਘ ਸੰਘਾ, ਰਜਿੰਦਰ ਕੁਮਾਰ ਹੈਪੀ, ਅਸ਼ਵਨੀ ਕੁਮਾਰ, ਕਪਿਲ ਕੁਮਾਰ, ਮਨਜੀਤ ਕੁਮਾਰ, ਸੋਹਣ ਸਿੰਘ, ਸੰਨੀ, ਤਰਲੋਚਨ ਸਿੰਘ ਸੰਘਾ, ਬਿੱਲਾ ਲੰਬਰਦਾਰ, ਸਤਨਾਮ ਸਿੰਘ, ਰਾਜੂ ਅਰੋੜਾ, ਜਸਵਿੰਦਰ ਸਿੰਘ ਤੋਤੂ, ਕੇਵਲ ਰਾਮ ਆਦਿ ਹਾਜ਼ਰ ਸਨ। ਇਸ ਮੌਕੇ ਮਹਾਮਾਈ ਜੀ ਦੇ ਲੰਗਰ ਅਟੁੱਟ ਵਰਤਾਏ ਗਏ।

# ਪਟਾਕੇ ਚਲਾਉਣ 'ਤੇ ਨਾੜ ਨੂੰ ਅੱਗ, ਟਰੈਕਟਰ ਵੀ ਆਇਆ ਲਪੇਟ 'ਚ

**ਕਪੂਰਥਲਾ (ਮਨਜੀਤ ਮਾਨ)**- ਵਿਦੇਸ਼ 'ਚ ਮੁੰਡੇ ਦੇ ਪੱਕੇ ਹੋਣ ਦੀ ਖ਼ੁਸ਼ੀ 'ਚ ਪਰਵਾਰ ਦੇ ਜੁਆਈ ਨੇ ਪਟਾਕੇ ਚਲਾਏ ਤੇ ਕਪੂਰਥਲਾ ਦੇ ਪਿੰਡ ਲੰਮਿਆਂ ਦੇ ਖੇਤਾਂ 'ਚ ਲੱਗੀ ਅੱਗ ਨਾਲ



ਕਿਸਾਨਾਂ ਦੀਆਂ ਕਣਕਾਂ ਅਤੇ ਨਾੜ ਸੜ ਕੇ ਸੁਆਹ ਹੋ ਗਿਆ। ਮੌਕੇ 'ਤੇ ਪਿੰਡ ਅਤੇ ਨੇੜਲੇ ਪਿੰਡਾਂ ਦੇ ਕਿਸਾਨਾਂ ਨੇ ਬੜੀ ਮੁਸ਼ੱਕਤ ਨਾਲ ਅੱਗ 'ਤੇ ਕਾਬੂ ਪਾਇਆ ਅਤੇ ਮੌਕੇ 'ਤੇ ਫਾਇਰ ਬ੍ਰਿਗੇਡ ਦੀਆਂ ਦੋ ਗੱਡੀਆਂ ਵੀ ਪਹੁੰਚੀਆਂ। ਅੱਗ 'ਤੇ ਕਾਬੂ ਪਾਉਂਦੇ ਕਿਸਾਨਾਂ ਦਾ ਟਰੈਕਟਰ ਵੀ ਅੱਗ ਦੀ ਲਪੇਟ ਵਿਚ ਆ ਗਿਆ ਅਤੇ ਵਾਲ ਵਾਲ ਬਚੇ ਟਰੈਕਟਰ ਚਾਲਕ ਨੇ ਕਿਸਾਨਾਂ ਦੇ ਹੋਏ ਨੁਕਸਾਨ ਦੀ ਭਰਪਾਈ ਕਰਨ ਲਈ ਪ੍ਰਸ਼ਾਸਨ ਕੋਲੋਂ ਲਗਾਈ ਗੁਹਾਰ ਲਗਾਈ। ਮੌਕੇ 'ਤੇ ਪਹੁੰਚੀ ਬੇਗੋਵਾਲ ਪੁਲਸ ਵੱਲੋਂ ਹੋਏ ਨੁਕਸਾਨ ਦਾ ਜਾਇਜ਼ਾ ਲਿਆ ਗਿਆ।

## ਗੁਰਦੁਆਰਾ ਮੈਹਦੇਆਣਾ ਸਾਹਿਬ ਵਿਖੇ ਅੰਮ੍ਰਿਤ ਸੰਚਾਰ



ਜਗਰਾਉਂ (ਸੰਜੀਵ ਅਰੋੜਾ)-ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਚਰਨ ਛੋਹ ਪ੍ਰਾਪਤ ਧਰਤੀ 'ਤੇ ਸੁਸ਼ੋਭਿਤ ਸੰਸਾਰ ਪ੍ਰਸਿੱਧ ਗੁਰਦੁਆਰਾ ਮੈਹਦੇਆਣਾ ਸਾਹਿਬ ਵਿਖੇ ਮੁੱਖ ਸੇਵਾਦਾਰ ਬਾਬਾ ਕੁਲਵੰਤ ਸਿੰਘ ਲੱਖਾ ਦੀ ਦੇਖ-ਰੇਖ 'ਚ ਮੱਸਿਆ ਦਾ ਪਵਿੱਤਰ ਦਿਹਾੜਾ ਮਨਾਇਆ ਤੇ ਧਾਰਮਿਕ ਸਮਾਗਮ ਕਰਵਾਇਆ ਗਿਆ। ਮੱਸਿਆ ਦੇ ਦਿਹਾੜੇ 'ਤੇ ਕਰਵਾਏ ਗਏ ਅੰਮ੍ਰਿਤ ਸੰਚਾਰ ਮੌਕੇ 120 ਪ੍ਰਾਣੀ ਖੰਡੇ ਬਾਟੇ ਦੀ ਪਾਹੁਲ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣੇ, ਜਿਨ੍ਹਾਂ ਨੂੰ ਪੰਜ ਪਿਆਰਿਆਂ ਵੱਲੋਂ ਖਾਲਸਾ ਪੰਥ 'ਚ ਆਉਣ 'ਤੇ 'ਜੀ ਆਇਆਂ ਨੂੰ' ਕਿਹਾ ਤੇ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਇਸ ਮੌਕੇ ਬਾਬਾ ਕੁਲਵੰਤ ਸਿੰਘ ਲੱਖਾ, ਸੈਕਟਰੀ ਗੁਰਮੀਤ ਸਿੰਘ ਲੱਖਾ, ਅਜੈਬ ਸਿੰਘ ਯੂ.ਪੀ., ਬਲਵੀਰ ਸਿੰਘ ਲੱਖਾ, ਹੈੱਡ ਗ੍ਰੰਥੀ ਬਲਵਿੰਦਰ ਸਿੰਘ ਸ਼ਿੰਦਾ, ਜੋਗਿੰਦਰ ਸਿੰਘ, ਭਾਈ ਬੇਅੰਤ ਸਿੰਘ, ਦਿਲਬਾਗ ਸਿੰਘ ਤੇ ਜਗਤਾਰ ਸਿੰਘ ਆਦਿ ਹਾਜ਼ਰ ਸਨ।

## ਮਹਿਕ ਸ਼ਰਮਾ ਗੋਲਡ ਮੈਡਲ ਨਾਲ ਸਨਮਾਨਤ



ਸਮਾਣਾ (ਇਕਬਾਲ ਸਿੰਘ ਬੱਲ)-ਪਬਲਿਕ ਕਾਲਜ ਸਮਾਣਾ ਦੀ ਸਾਇੰਸ ਵਿਭਾਗ ਦੀ ਵਿਦਿਆਰਥਣ ਮਹਿਕ ਸ਼ਰਮਾ ਨੇ ਆਪਣੀ ਮਿਹਨਤ ਤੇ ਕਾਲਜ ਅਧਿਆਪਕ ਸਾਹਿਬਾਨ ਦੇ ਯੋਗ ਮਾਰਗ ਦਰਸ਼ਨ ਸਦਕਾ ਬੀ.ਐੱਸ.ਸੀ. ਨਾਨ-ਮੈਡੀਕਲ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ 9 ਅਪ੍ਰੈਲ 2026 ਨੂੰ ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਯੂਨੀਵਰਸਿਟੀ ਕੈਂਪਸ ਵਿਖੇ ਆਯੋਜਿਤ ਕਰਵਾਈ ਗਈ 41ਵੀਂ ਕਨਵੋਕੇਸ਼ਨ ਦੌਰਾਨ ਗੋਲਡ ਮੈਡਲ ਆਪਣੇ ਨਾਮ ਕੀਤਾ।ਵਿਦਿਆਰਥਣ ਦੀ ਇਸ ਸ਼ਾਨਦਾਰ ਪ੍ਰਾਪਤੀ ਲਈ ਸ਼ਨੀਵਾਰ ਨੂੰ ਮਾਨਯੋਗ ਐੱਮ.ਐੱਲ.ਏ. ਹਲਕਾ ਸਮਾਣਾ ਤੇ ਸਾਬਕਾ ਕੈਬਨਿਟ ਮੰਤਰੀ ਪੰਜਾਬ ਚੇਤਨ ਸਿੰਘ ਜੌੜਾਮਾਜਰਾ, ਕਾਲਜ ਮੈਨੇਜਮੈਂਟ, ਪ੍ਰਿੰਸੀਪਲ ਤੇ ਸਟਾਫ ਵੱਲੋਂ ਸਨਮਾਨਤ ਕੀਤਾ ਗਿਆ। ਉਸ ਦੇ ਉੱਜਵਲ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।ਵਿਦਿਆਰਥਣ ਨੇ ਆਪਣੀ ਸ਼ਾਨਦਾਰ ਪ੍ਰਾਪਤੀ ਨਾਲ ਜਿੱਥੇ ਕਾਲਜ, ਸਾਇੰਸ ਵਿਭਾਗ, ਆਪਣੇ ਮਾਪਿਆਂ ਤੇ ਇਲਾਕੇ ਦਾ ਨਾਂਅ ਰੋਸ਼ਨ ਕੀਤਾ ਹੈ, ਉੱਥੇ ਹੋਰਨਾਂ ਵਿਦਿਆਰਥੀਆਂ ਲਈ ਮਿਹਨਤ ਦਾ ਪ੍ਰੇਰਨਾ ਸਰੋਤ ਵੀ ਬਣੀ।

## ਬਲਾਕ ਸੰਮਤੀ ਦੇ ਨਵ-ਨਿਯੁਕਤ ਚੇਅਰਪਰਸਨ ਤੇ ਵਾਈਸ-ਚੇਅਰਪਰਸਨ ਦਾ ਸਨਮਾਨ



ਮੋਗਾ (ਇਕਬਾਲ ਸਿੰਘ ਖਹਿਰਾ)-ਬਲਾਕ ਸੰਮਤੀ ਮੋਗਾ ਦੀ ਨਵ-ਨਿਯੁਕਤ ਚੇਅਰਪਰਸਨ ਹਰਪ੍ਰੀਤ ਕੌਰ ਚੁਪਕੀਤੀ ਤੇ ਵਾਈਸ-ਚੇਅਰਮੈਨ ਨਾਰਾਇਣ ਸਿੰਘ ਮੰਗੇਵਾਲਾ ਦਾ ਸਨਮਾਨ ਸਮਾਰੋਹ ਕੀਤਾ ਗਿਆ।ਇਸ ਸਨਮਾਨ ਸਮਾਰੋਹ ਵਿੱਚ ਮੋਗਾ ਹਲਕਾ ਦੀ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਇਸ ਮੌਕੇ ਨਵ-ਨਿਯੁਕਤ ਚੇਅਰਪਰਸਨ, ਵਾਈਸ- ਚੇਅਰਮੈਨ ਬਲਾਕ ਸੰਮਤੀ ਅਧਿਕਾਰੀਆਂ ਤੇ ਅਹੁਦੇਦਾਰਾਂ ਗੁਲਦਸਤੇ ਭੇਟ ਕਰਕੇ ਸਵਾਗਤ ਕੀਤਾ ਗਿਆ।ਇਸ ਸਮਾਗਮ ਦੌਰਾਨ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਨਵ-ਨਿਯੁਕਤ ਚੇਅਰਪਰਸਨ ਹਰਪ੍ਰੀਤ ਕੌਰ ਚੁਪਕੀਤੀ, ਵਾਈਸ-ਚੇਅਰਮੈਨ ਨਾਰਾਇਣ ਸਿੰਘ ਮੰਗੇਵਾਲਾ ਤੇ ਅਹੁਦੇਦਾਰਾਂ ਨੂੰ ਸਿਰੋਪਾ ਤੇ ਹਾਰ ਪਾ ਕੇ ਸਨਮਾਨਤ ਕੀਤਾ।ਆਪਣੀਆਂ ਸ਼ੁੱਭ-ਕਾਮਨਾਵਾਂ ਦਿੰਦੇ ਹੋਏ ਉਨ੍ਹਾਂ ਉਮੀਦ ਪ੍ਰਗਟ ਕੀਤੀ ਕਿ ਉਹ ਆਪਣੀਆਂ ਜ਼ਿੰਮੇਵਾਰੀਆਂ ਨੂੰ ਤਨਦੇਹੀ ਨਾਲ ਨਿਭਾਉਣਗੇ ਤੇ ਖੇਤਰ ਦੇ ਵਿਕਾਸ ਲਈ ਹੋਰ ਵੀ ਵੱਡੇ ਯਤਨ ਕਰਨਗੇ।ਇਸ ਮੌਕੇ ਬੋਲਦਿਆਂ ਨਵ-ਨਿਯੁਕਤ ਚੇਅਰਪਰਸਨ ਹਰਪ੍ਰੀਤ ਕੌਰ ਚੁਪਕੀਤੀ, ਵਾਈਸ- ਚੇਅਰਮੈਨ ਨਰਾਇਣ ਸਿੰਘ ਮੰਗੇਵਾਲਾ ਤੇ ਸਾਰੇ ਮੈਂਬਰਾਂ ਨੇ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਤੇ ਇਲਾਕੇ ਦੀ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਦਾ ਉਨ੍ਹਾਂ ਨੂੰ ਦਿੱਤੇ ਗਏ ਸਨਮਾਨ ਤੇ ਸਤਿਕਾਰ ਲਈ ਧੰਨਵਾਦ ਕੀਤਾ, ਆਪਣੀਆਂ ਸੌਂਪੀਆਂ ਗਈਆਂ ਜ਼ਿੰਮੇਵਾਰੀਆਂ ਨੂੰ ਪੂਰੀ ਤਨਦੇਹੀ ਨਾਲ ਨਿਭਾਉਣ ਦਾ ਪ੍ਰਣ ਲਿਆ।

## ਕੈਂਬ੍ਰਿਜ ਸਕੂਲ ਦਾ ਆਸਟ੍ਰੇਲੀਆ ਦੇ ਮਿਨੀਸਟਰ ਕੌਂਸਲਰ ਵੱਲੋਂ ਸਨਮਾਨ



ਕੋਟ ਈਸੇ ਖਾਂ (ਅਰੋੜਾ)-ਕੈਂਬ੍ਰਿਜ ਕਾਨਵੈਂਟ ਸਕੂਲ ਨੇ ਇੱਕ ਵਾਰ ਫਿਰ ਮੋਗਾ ਜ਼ਿਲ੍ਹੇ ਦਾ ਨਾਮ ਰੌਸ਼ਨ ਕਰਦਿਆਂ ਅੰਤਰਰਾਸ਼ਟਰੀ ਪੱਧਰ 'ਤੇ ਵੱਡੀ ਉਪਲਬਧੀ ਹਾਸਲ ਕੀਤੀ ਹੈ।ਆਸਟ੍ਰੇਲੀਆ ਅੰਬੈਸੀ ਵਿਖੇ ਆਸਟ੍ਰੇਲੀਆ ਦੇ ਮਿਨੀਸਟਰ ਕੌਂਸਲਰ ਮਿਸਟਰ ਜੌਰਜ ਥਿਵਿਓਸ ਵੱਲੋਂ ਸਕੂਲ ਨੂੰ ਸਨਮਾਨਤ ਕੀਤਾ ਗਿਆ, ਜੋ ਮੋਗਾ ਜ਼ਿਲ੍ਹੇ ਹੀ ਨਹੀਂ ਸਗੋਂ ਪੂਰੇ ਪੰਜਾਬ ਲਈ ਮਾਣ ਵਾਲੀ ਗੱਲ ਹੈ।ਇਹ ਸਨਮਾਨ ਸਕੂਲ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਕੀਤੀਆਂ ਜਾ ਰਹੀਆਂ ਨਵੀਆਂ ਪਹਿਲਕਦਮੀਆਂ, ਉੱਚ ਮਿਆਰੀ ਪੜ੍ਹਾਈ ਤੇ ਵਿਦਿਆਰਥੀਆਂ ਲਈ ਇੰਟਰਨੈਸ਼ਨਲ ਮੌਕਿਆਂ ਦੇ ਦਰਵਾਜ਼ੇ ਖੋਲ੍ਹਣ ਲਈ ਦਿੱਤਾ ਗਿਆ ਹੈ।ਕੈਂਬ੍ਰਿਜ ਕਾਨਵੈਂਟ ਸਕੂਲ ਆਸਟ੍ਰੇਲੀਆ ਦੀ ਪੜ੍ਹਾਈ ਪ੍ਰਦਾਨ ਕਰਨ ਵਾਲਾ ਇਕਲੌਤਾ ਸਕੂਲ ਬਣ ਕੇ ਉੱਭਰਿਆ ਹੈ, ਜਿਸ ਨਾਲ ਵਿਦਿਆਰਥੀਆਂ ਲਈ ਵਿਸ਼ਵ ਪੱਧਰੀ ਸਿੱਖਿਆ ਦੇ ਨਵੇਂ ਰਸਤੇ ਖੁੱਲ੍ਹੇ ਹਨ।ਇਸ ਉਪਲਬਧੀ ਨਾਲ ਬੱਚਿਆਂ ਨੂੰ ਇੰਟਰਨੈਸ਼ਨਲ ਕਰੀਕੁਲਮ, ਵਿਦੇਸ਼ੀ ਯੂਨੀਵਰਸਿਟੀਆਂ ਨਾਲ ਜੁੜਨ ਤੇ ਭਵਿੱਖ ਵਿੱਚ ਗਲੋਬਲ ਕਰੀਅਰ ਦੇ ਮੌਕੇ ਮਿਲਣ ਦੀਆਂ ਸੰਭਾਵਨਾਵਾਂ ਹੋਰ ਵੱਧ ਗਈਆਂ ਹਨ।ਸਕੂਲ ਵੱਲੋਂ ਵਿਦਿਆਰਥੀਆਂ ਨੂੰ ਆਧੁਨਿਕ ਸਿੱਖਿਆ ਦੇ ਨਾਲ-ਨਾਲ ਗਲੋਬਲ ਐਕਸਪੋਜ਼ਰ ਦੇਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ।ਸਕੂਲ ਪ੍ਰਬੰਧਕਾਂ ਨੇ ਕਿਹਾ ਕਿ ਇਹ ਸਨਮਾਨ ਸਿਰਫ ਸਕੂਲ ਲਈ ਨਹੀਂ, ਸਗੋਂ ਮੋਗਾ ਤੇ ਪੰਜਾਬ ਦੀ ਸਿੱਖਿਆ ਪ੍ਰਣਾਲੀ ਲਈ ਵੀ ਇੱਕ ਮਾਣਯੋਗ ਪਲ ਹੈ।

## ਪੀ ਜੀ ਆਈ ਨੂੰ ਮਰੀਜ਼ ਸੇਵਾ ਤੇ ਕਾਰਗੁਜ਼ਾਰੀ ਸੁਧਾਰ ਲਈ 25 ਬਾਰਕੋਡ ਪ੍ਰਿੰਟਰ ਭੇਟ



ਸਮਰਾਲਾ (ਸੁਰਜੀਤ ਸਿੰਘ)-ਮਰੀਜ਼ਾਂ ਦੀ ਸੇਵਾ ਤੇ ਹਸਪਤਾਲ ਦੀ ਕਾਰਗੁਜ਼ਾਰੀ ਨੂੰ ਮਜ਼ਬੂਤ ਕਰਨ ਵੱਲ ਇਕ ਮਹੱਤਵਪੂਰਨ ਕਦਮ ਦੇ ਤੌਰ 'ਤੇ 'ਨੋਅ ਦਾਇਸੈਲਫ ਐਜ ਸੋਲ ਫਾਊਂਡੇਸ਼ਨ' ਵੱਲੋਂ ਪੀਜੀਆਈ ਚੰਡੀਗੜ੍ਹ ਨੂੰ 25 ਬਾਰਕੋਡ ਪ੍ਰਿੰਟਰ ਭੇਟ ਕੀਤੇ ਗਏ।ਜਾਣਕਾਰ ਸੂਤਰਾਂ ਅਨੁਸਾਰ ਇਹ ਦਾਨ ਪੀਜੀਆਈ ਵਿੱਚ ਨਵੀਂ ਲਾਗੂ ਕੀਤੀ ਗਈ ਬਾਰਕੋਡ ਅਧਾਰਤ ਲੈਬੋਰੇਟਰੀ ਤੇ ਰੇਡੀਓਲੋਜੀ ਸੇਵਾਵਾਂ ਨੂੰ ਸਮਰਥਨ ਦਿੰਦਾ ਹੈ, ਜਿਸ ਦਾ ਉਦੇਸ਼ ਪ੍ਰਕਿਰਿਆਵਾਂ ਨੂੰ ਸੁਚਾਰੂ ਬਣਾਉਣਾ, ਉਡੀਕ ਸਮਾਂ ਘਟਾਉਣਾ ਤੇ ਮੈਡੀਕਲ ਰਿਕਾਰਡ ਕਾਊਂਟਰਾਂ 'ਤੇ ਭੀੜ ਘਟਾਉਣਾ ਹੈ।ਵਾਰਡ ਪੱਧਰ 'ਤੇ ਇਨ੍ਹਾਂ ਪ੍ਰਿੰਟਰਾਂ ਦੀ ਸਥਾਪਨਾ ਨਾਲ ਮਰੀਜ਼ਾਂ ਲਈ ਸਹੂਲਤ ਤੇ ਹਸਪਤਾਲ ਦੀ ਕਾਰਗੁਜ਼ਾਰੀ ਵਿੱਚ ਵੱਡਾ ਸੁਧਾਰ ਆਉਣ ਦੀ ਉਮੀਦ ਹੈ।ਆਭਾਰ ਪ੍ਰਗਟਾਉਂਦੇ ਹੋਏ ਪ੍ਰੋ. ਵਿਵੇਕ ਲਾਲ ਡਾਇਰੈਕਟਰ ਪੀਜੀਆਈ ਨੇ ਕਿਹਾ ਕਿ ਇਹ ਸੁਚੱਜਾ ਯੋਗਦਾਨ ਉਨ੍ਹਾਂ ਦੇ ਮਰੀਜ਼-ਕੇਂਦ੍ਰਿਤ ਪ੍ਰਬੰਧਾਂ ਨੂੰ ਮਜ਼ਬੂਤੀ ਪ੍ਰਦਾਨ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਹੈ।ਉਨ੍ਹਾਂ ਕਿਹਾ ਕਿ ਵਾਰਡ ਪੱਧਰ 'ਤੇ ਬਾਰਕੋਡ ਤਕਨਾਲੋਜੀ ਦੀ ਸ਼ਮੂਲੀਅਤ ਕਾਰਗੁਜ਼ਾਰੀ ਵਿੱਚ ਵੱਡਾ ਸੁਧਾਰ ਲਿਆਵੇਗੀ, ਉਡੀਕ ਸਮਾਂ ਘਟਾਏਗੀ ਤੇ ਮਰੀਜ਼ਾਂ ਨੂੰ ਹੋਰ ਸੁਚੱਜਾ ਅਨੁਭਵ ਦੇਵੇਗੀ।ਪੰਕਜ ਰਾਏ ਡਿਪਟੀ ਡਾਇਰੈਕਟਰ (ਪ੍ਰਸ਼ਾਸਨ) ਪੀਜੀਆਈ ਨੇ ਕਿਹਾ ਕਿ ਇਨ੍ਹਾਂ ਬਾਰਕੋਡ ਪ੍ਰਿੰਟਰਾਂ ਦੀ ਸ਼ਮੂਲੀਅਤ ਨਾਲ ਖਾਸ ਕਰਕੇ ਲੈਬ ਤੇ ਰੇਡੀਓਲੋਜੀ ਸੇਵਾਵਾਂ ਵਿੱਚ ਕਾਰਜ ਪ੍ਰਵਾਹ ਵਿੱਚ ਵੱਡਾ ਸੁਧਾਰ ਆਵੇਗਾ। ਉਨ੍ਹਾਂ ਕਿਹਾ ਕਿ ਹਸਪਤਾਲ ਪ੍ਰਸ਼ਾਸਨ ਤੇ ਮਰੀਜ਼ ਸੇਵਾ ਨੂੰ ਅੱਗੇ ਵਧਾਉਣ ਲਈ ਕੀਤੇ ਕੀਮਤੀ ਯੋਗਦਾਨ ਲਈ ਸਵੈ ਸੇਵੀ ਸੰਸਥਾ ਦਾ ਧੰਨਵਾਦ ਕਰਦੇ ਹਾਂ।

## ਜ਼ਿਲ੍ਹਾ ਬੈਡਮਿੰਟਨ ਚੈਂਪੀਅਨਸ਼ਿਪ 'ਚ ਮੁਹੰਮਦ ਆਰਿਫ ਨੇ ਪਹਿਲਾ ਸਥਾਨ ਜਿੱਤਿਆ



ਮਾਲੇਰਕੋਟਲਾ (ਅਸਗਰ ਪਰਿਹਾਰ)-ਜ਼ਿਲ੍ਹਾ ਬੈਡਮਿੰਟਨ ਐਸੋਸੀਏਸ਼ਨ ਮਾਲੇਰਕੋਟਲਾ ਵੱਲੋਂ ਡਾ. ਜਾਕਿਰ ਹੁਸੈਨ ਸਟੇਡੀਅਮ 'ਚ ਖੁੱਲ੍ਹੀ ਜ਼ਿਲ੍ਹਾ ਬੈਡਮਿੰਟਨ ਚੈਂਪੀਅਨਸ਼ਿਪ ਕਰਵਾਈ ਗਈ।ਇਸ ਮੁਕਾਬਲੇ 'ਚ 7 ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਨੇ ਭਾਗ ਲਿਆ ਤੇ ਆਪਣੇ ਹੁਨਰ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਅੰਡਰ-13 ਵਰਗ 'ਚ ਮੁਹੰਮਦ ਬਿਨ ਆਰਿਫ ਪੁੱਤਰ ਆਰਿਫ ਸਲੀਮ ਤੇ ਓ-ਏਸਿਸ ਪਬਲਿਕ ਸਕੂਲ ਦੇ ਵਿਦਿਆਰਥੀ ਨੇ ਬਿਹਤਰੀਨ ਖੇਡ ਦਿਖਾਉਂਦੇ ਹੋਏ ਇਕੱਲੇ ਤੇ ਜੋੜੀ ਦੋਵਾਂ ਮੁਕਾਬਲਿਆਂ ਵਿੱਚ ਪਹਿਲਾ ਸਥਾਨ ਹਾਸਲ ਕੀਤਾ।ਉਸ ਨੇ ਪੂਰੇ ਮੁਕਾਬਲੇ ਦੌਰਾਨ ਸਭ ਨੂੰ ਆਪਣੇ ਸ੍ਰੇਸ਼ਠ ਖੇਡ ਪ੍ਰਦਰਸ਼ਨ ਨਾਲ ਪ੍ਰਭਾਵਿਤ ਕੀਤਾ।ਸਕੂਲ ਦੀ ਡਾਇਰੈਕਟਰ ਮੈਡਮ ਰੇਹਾਨਾ ਸਲੀਮ, ਚੇਅਰਮੈਨ ਮੁਹੰਮਦ ਸਲੀਮ, ਪ੍ਰਿੰਸੀਪਲ ਤੇ ਸਟਾਫ ਮੈਂਬਰਾਂ ਨੇ ਇਸ ਉਪਲਬਧੀ 'ਤੇ ਖੁਸ਼ੀ ਜਤਾਉਂਦੇ ਹੋਏ ਵਿਦਿਆਰਥੀ ਨੂੰ ਵਧਾਈ ਦਿੱਤੀ ਤੇ ਉਸ ਦੇ ਚੰਗੇ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।

# ਪੈਨਸ਼ਨ ਪੋਰਟਲ ਬਜ਼ੁਰਗ ਪੈਨਸ਼ਨਰਾਂ ਲਈ ਬਣਿਆ ਸਿਰਦਰਦੀ : ਐਸੋਸੀਏਸ਼ਨ

### ਮਜ਼ਦੂਰ ਦਿਵਸ 'ਤੇ ਭਰਵੀਂ ਸ਼ਮੂਲੀਅਤ ਕਰੇਗੀ ਜਥੇਬੰਦੀ



ਮੋਗਾ (ਇਕਬਾਲ ਸਿੰਘ ਖਹਿਰਾ)-ਪੰਜਾਬ ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਮੋਗਾ ਇਕਾਈ ਦੀ ਮੀਟਿੰਗ ਸੁਤੰਤਰਤਾ ਸੈਨਾਨੀ ਭਵਨ ਵਿੱਚ ਸੁਖਮੰਦਰ ਸਿੰਘ ਜ਼ਿਲ੍ਹਾ ਪ੍ਰਧਾਨ ਦੀ ਅਗਵਾਈ ਵਿੱਚ ਹੋਈ।ਮੀਟਿੰਗ ਦੀ ਕਾਰਵਾਈ ਜ਼ਿਲ੍ਹਾ ਸਕੱਤਰ ਸਰਬਜੀਤ ਸਿੰਘ ਦੌਧਰ ਨੇ ਬਾਖੂਬੀ ਨਿਭਾਈ ਤੇ ਦੱਸਿਆ ਕਿ ਮੀਟਿੰਗ ਦੇ ਸ਼ੁਰੂ ਵਿੱਚ ਸੂਬਾ ਪ੍ਰਧਾਨ ਭਜਨ ਸਿੰਘ ਗਿੱਲ ਨੇ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਦੀ ਮੀਟਿੰਗ ਵਿੱਚ ਹੋਏ ਫੈਸਲਿਆਂ ਦੀ ਵਿਸਥਾਰ ਨਾਲ ਜਾਣਕਾਰੀ ਦਿੱਤੀ।ਜ਼ਿਲ੍ਹਾ ਪ੍ਰਧਾਨ ਸੁਖਮੰਦਰ ਸਿੰਘ ਨੇ ਦੱਸਿਆ ਕਿ ਸਾਂਝਾ ਫਰੰਟ ਦੇ ਫੈਸਲਿਆ ਅਨੁਸਾਰ ਮੋਗਾ ਜ਼ਿਲ੍ਹੇ ਦੇ ਸਮੂਹ ਪੈਨਸ਼ਨਰ ਵੱਡੀ ਗਿਣਤੀ ਵਿੱਚ, ਮਈ ਦਿਵਸ 'ਤੇ ਸ਼ਿਕਾਗੋ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਨ ਲਈ ਨਛੱਤਰ ਸਿੰਘ ਭਵਨ ਵਿੱਚ 11 ਵਜੇ ਇਕੱਤਰ ਹੋਣਗੇ ਤੇ ਸ਼ਹਿਰ ਵਿੱਚ ਰੋਹ ਭਰਪੂਰ ਮਾਰਚ ਕਰਕੇ ਸ਼ਹੀਦਾਂ ਦੀ ਸੋਚ 'ਤੇ ਚੱਲਣ ਤੇ ਇਸ ਨੂੰ ਅੱਗੇ ਤੋਰਨ ਦਾ ਪ੍ਰਣ ਲਿਆ ਜਾਵੇਗਾ। ਦਰਸ਼ਨ ਸਿੰਘ ਮੱਲ੍ਹੀ, ਬਿੱਕਰ ਸਿੰਘ ਮਾਛੀਕੇ, ਸੁਖਮੰਦਰ ਸਿੰਘ ਗੱਜਣ ਵਾਲਾ, ਕਿਹਰ ਸਿੰਘ ਕਿਸ਼ਨਪੁਰਾ ਪ੍ਰੈੱਸ ਸਕੱਤਰ ਗਿਆਨ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਦੇ ਪੈਨਸ਼ਨਰਾਂ ਤੇ ਪੈਨਸ਼ਨ ਪੋਰਟਲ ਥੋਪ ਕੇ ਬਜ਼ੁਰਗ ਪੈਨਸ਼ਨਰਾਂ ਲਈ ਸਿਰਦਰਦੀ ਖੜ੍ਹੀ ਕਰ ਦਿੱਤੀ ਹੈ, ਉਹ ਵਡੇਰੀ ਉਮਰ ਵਿੱਚ ਵਾਰ ਵਾਰ ਬੈਂਕਾਂ, ਕੈਫਿਆਂ, ਸੁਵਿਧਾ ਕੇਂਦਰਾਂ ਤੇ ਖਜ਼ਾਨਾ ਦਫ਼ਤਰਾ ਦੇ ਗੇੜੇ ਮਾਰਨ ਲਈ ਮਜਬੂਰ ਹਨ, ਲਾਈਵ ਸਾਰਟੀਫਿਕੇਟ ਦੇਣ ਤੇ ਸਫ਼ਰੀ ਭੱਤਾ ਲੈਣ ਲਈ ਉਹ ਪ੍ਰੇਸ਼ਾਨ ਹੋ ਰਹੇ ਹਨ, ਜਦੋਂ ਕਿ ਉਨ੍ਹਾਂ ਕੋਲ ਇਸ ਪ੍ਰਕਿਰਿਆ ਨੂੰ ਪੂਰਾ ਕਰਨ ਲਈ ਅਨਰਾਇਡ ਮੋਬਾਇਲ ਹੀ ਨਹੀਂ ਜਾਂ ਉਨ੍ਹਾਂ ਨੂੰ ਚਲਾਉਣੇ ਹੀ ਨਹੀਂ ਆਉਂਦੇ। ਇਸ ਲਈ ਜਥੇਬੰਦੀ ਪੰਜਾਬ ਸਰਕਾਰ ਤੋਂ ਮੰਗ ਕਰਦੀ ਹੈ ਕਿ ਪੈਨਸ਼ਨ ਨਾਲ ਸਬੰਧਤ ਕ੍ਰਿਆਵਾਂ ਨੂੰ ਪਹਿਲਾਂ ਵਾਂਗ ਚਾਲੂ ਕੀਤਾ ਜਾਵੇਗਾ ਤੇ ਅਜਿਹੇ ਪੋਰਟਲ ਨੂੰ ਰੱਦ ਕੀਤਾ ਜਾਵੇ ਜੋ ਬਜ਼ੁਰਗ, ਬਿਮਾਰ ਤੇ ਉਮਰ ਹੰਢਾ ਚੁੱਕੇ ਆਖਰੀ ਸਾਹਾਂ 'ਤੇ ਵਿਚਰ ਰਹੇ ਪੈਨਸ਼ਨਰਾਂ ਲਈ ਮੁਸੀਬਤ ਬਣੀ ਹੋਈ ਹੈ।

ਸੂਬਾ ਜਨਰਲ ਸਕੱਤਰ ਸੁਰਿੰਦਰ ਰਾਮ ਕੁੱਸਾ ਨੇ ਮਹਿੰਗਾਈ ਭੱਤੇ (ਡੀ ਏ) ਸਬੰਧੀ ਮਾਨਯੋਗ ਹਾਈਕੋਰਟ ਦੇ ਫੈਸਲੇ ਨੂੰ ਪੰਜਾਬ ਸਰਕਾਰ ਮਾਨ ਬਖਸ਼ੇ ਤੇ ਪੰਜਾਬ ਦੇ ਮੁਲਾਜ਼ਮਾਂ, ਪੈਨਸ਼ਨਰਾਂ ਨੂੰ ਫੈਸਲੇ ਮੁਤਾਬਕ ਡੀ ਏ 58% ਜਾਰੀ ਕਰੇ ਅਤੇ ਬਣਦਾ ਬਕਾਇਆ ਤੁਰੰਤ ਜਾਰੀ ਕਰੇ।ਚਮਕੌਰ ਸਿੰਘ ਸਰਾਂ, ਮਨਜੀਤ ਸਿੰਘ, ਬਲੌਰ ਸਿੰਘ, ਬਚਿੱਤਰ ਸਿੰਘ ਮਟਵਾਣੀ, ਬਲਵਿੰਦਰ ਸਿੰਘ ਗਿੱਲ, ਨਾਇਬ ਸਿੰਘ, ਪ੍ਰੇਮ ਕੁਮਾਰ, ਸਮਸ਼ੇਰ ਸਿੰਘ, ਪ੍ਰੀਤਮ ਸਿੰਘ ਕੈਂਥ, ਇੰਦਰਜੀਤ ਸਿੰਘ, ਤੇਜਾ ਸਿੰਘ ਘੱਲ ਕਲਾਂ, ਜਗਦੀਪ ਸਿੰਘ, ਬਲਬੀਰ ਸਿੰਘ, ਬ੍ਰਿਜ ਲਾਲ ਨੇ ਅਮਰੀਕਨ ਸਾਮਰਾਜ ਤੇ ਇਜ਼ਰਾਈਲ ਵੱਲੋਂ ਈਰਾਨ ਦੇ ਲੋਕਾਂ ਉੱਪਰ ਵਰ੍ਹਾਏ ਗਏ ਗੋਲੇ ਤੇ ਮਿਜ਼ਾਈਲਾਂ ਨਾਲ ਮਾਰੇ ਗਏ ਹਜ਼ਾਰਾਂ ਲੋਕਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਅਤੇ ਸਾਮਰਾਜ ਖ਼ਿਲਾਫ਼ ਆਪਣੇ ਵਿਚਾਰ ਪ੍ਰਗਟ ਕੀਤੇ।ਅੰਤ ਵਿੱਚ ਸਰਬਜੀਤ ਦੌਧਰ ਨੇ ਨੋਇਡਾ ਵਿਖੇ ਆਪਣੇ ਸੰਵਿਧਾਨਕ ਹੱਕਾਂ ਲਈ ਮੁਜ਼ਾਹਰਾ ਕਰ ਰਹੇ ਮਜ਼ਦੂਰਾਂ 'ਤੇ ਹੋਏ ਲਾਠੀਚਾਰਜ ਦੀ ਨਿਖੇਧੀ ਕਰਦਾ ਮਤਾ ਪੇਸ਼ ਕਰਦਿਆਂ ਮਜ਼ਦੂਰ ਵਿਰੋਧੀ ਚਾਰ ਕੋਡ ਰੱਦ ਕਰਕੇ ਪਹਿਲਾਂ ਵਾਲੇ ਉਨੱਤੀ ਕਿਰਤ ਕਾਨੂੰਨ ਬਹਾਲ ਕਰਨ ਦੀ ਮੰਗ ਕੀਤੀ। ਮੀਟਿੰਗ ਵਿੱਚ ਗੁਰਮੇਲ ਸਿੰਘ, ਜਰਨੈਲ ਕੌਰ ਬਿਲਾਸਪੁਰ, ਸੁਰਿੰਦਰ ਸਿੰਘ ਮੋਗਾ ਤੇ ਹੋਰ ਆਗੂ ਸ਼ਾਮਲ ਹੋਏ।

## ਬੇਅਦਬੀ ਵਿਰੁੱਧ ਸਖ਼ਤ ਬਿੱਲ ਲਿਆਉਣਾ ਪੰਜਾਬ ਸਰਕਾਰ ਦਾ ਸ਼ਲਾਘਾਯੋਗ ਕਦਮ : ਡਾ. ਮਾਛੀਕੇ

ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਵਿਰੁੱਧ ਸਖ਼ਤ ਕਾਨੂੰਨ ਲਿਆਂਦਾ ਜਾਣਾ ਬਹੁਤ ਹੀ ਜ਼ਰੂਰੀ ਤੇ ਸ਼ਲਾਘਾਯੋਗ ਕਦਮ ਹੈ।ਇਹ ਵਿਚਾਰ ਆਮ ਆਦਮੀ ਪਾਰਟੀ ਦੇ ਸੋਸ਼ਲ ਮੀਡੀਆ ਹਲਕਾ ਇੰਚਾਰਜ ਡਾ. ਬੱਬੂ ਮਾਛੀਕੇ ਵੱਲੋਂ ਪ੍ਰਗਟ ਕੀਤੇ ਗਏ।ਉਨ੍ਹਾਂ ਕਿਹਾ ਕਿ ਪੰਜਾਬ ਦੀ ਧਰਤੀ ਗੁਰੂਆਂ, ਪੀਰਾਂ ਤੇ ਸ਼ਹੀਦਾਂ ਦੀ ਚਰਨ ਛੋਹ ਨਾਲ ਪਵਿੱਤਰ ਹੋਈ ਹੈ ਤੇ ਸਾਡੇ ਲਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਮਰਿਆਦਾ ਤੇ ਸਤਿਕਾਰ ਜਾਨ ਤੋਂ ਵੀ ਵੱਧ ਹੈ।ਉਨ੍ਹਾਂ ਦੱਸਿਆ ਕਿ ਪਿਛਲੇ ਸਮੇਂ ਦੌਰਾਨ ਪੰਜਾਬ ਨੇ ਬੇਅਦਬੀ ਵਰਗੀਆਂ ਬਹੁਤ ਹੀ ਦੁਖਦਾਈ ਤੇ ਮਨ ਨੂੰ ਝੰਝੋੜ ਦੇਣ ਵਾਲੀਆਂ ਘਟਨਾਵਾਂ ਦੇਖੀਆਂ ਹਨ, ਜਿਨ੍ਹਾਂ ਨਾਲ ਨਾਨਕ ਨਾਮ ਲੇਵਾ ਸੰਗਤ ਦੇ ਦਿਲਾਂ 'ਤੇ ਗਹਿਰੀ ਚੋਟ ਪਈ ਹੈ।ਡਾ. ਮਾਛੀਕੇ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਪੰਜਾਬ ਵਿਧਾਨ ਸਭਾ ਵਿੱਚ ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਬਿੱਲ ਪੇਸ਼ ਕਰਨਾ ਇੱਕ ਇਤਿਹਾਸਕ ਕਦਮ ਹੈ, ਜੋ ਭਵਿੱਖ ਵਿੱਚ ਅਜਿਹੀਆਂ ਘਟਨਾਵਾਂ ਨੂੰ ਰੋਕਣ ਲਈ ਮਜ਼ਬੂਤ ਨਿਯਮ ਤੈਅ ਕਰੇਗਾ।ਉਨ੍ਹਾਂ ਆਸ ਜਤਾਈ ਕਿ ਇਹ ਸਖ਼ਤ ਕਾਨੂੰਨ ਲਾਗੂ ਹੋਣ ਨਾਲ ਧਾਰਮਿਕ ਅਸਥਾਵਾਂ ਤੇ ਗੁਰੂ ਘਰਾਂ ਦੀ ਪਵਿੱਤਰਤਾ ਬਣਾਈ ਰੱਖਣ ਵਿੱਚ ਵੱਡੀ ਮਦਦ ਮਿਲੇਗੀ ਤੇ ਦੋਸ਼ੀਆਂ ਖ਼ਿਲਾਫ਼ ਕੜੀ ਕਾਰਵਾਈ ਯਕੀਨੀ ਬਣੇਗੀ।

# ਚੇਅਰਮੈਨ ਤੇਜਿੰਦਰ ਮਹਿਤਾ ਵੱਲੋਂ ਕਾਲਜਾਂ ਦੇ ਮੁਖੀਆਂ ਨਾਲ ਮੀਟਿੰਗ



ਨਾਭਾ (ਵਰਿੰਦਰ ਵਰਮਾ)

ਜ਼ਿਲ੍ਹਾ ਯੋਜਨਾ ਕਮੇਟੀ ਪਟਿਆਲਾ ਦੇ ਚੇਅਰਮੈਨ ਤੇਜਿੰਦਰ ਮਹਿਤਾ ਵੱਲੋਂ ਜ਼ਿਲ੍ਹਾ ਯੋਜਨਾ ਕਮੇਟੀ ਦੇ ਦਫ਼ਤਰ ਵਿੱਚ ਸਰਕਾਰੀ ਤੇ ਸਰਕਾਰੀ ਸਹਾਇਤਾ ਪ੍ਰਾਪਤ ਕਾਲਜਾਂ ਦੇ ਪ੍ਰਿੰਸੀਪਲਾਂ, ਪ੍ਰਤੀਨਿਧੀਆਂ ਤੇ ਸੰਬੰਧਤ ਅਧਿਕਾਰੀਆਂ ਨਾਲ ਇਕ ਮਹੱਤਵਪੂਰਨ ਮੀਟਿੰਗ ਕੀਤੀ ਗਈ।ਮੀਟਿੰਗ ਦੌਰਾਨ ਉੱਚ ਸਿੱਖਿਆ ਦੇ ਖੇਤਰ ਵਿੱਚ ਹੋ ਰਹੇ ਵਿਕਾਸ ਕਾਰਜਾਂ ਦੀ ਸਮੀਖਿਆ ਕੀਤੀ ਗਈ ਤੇ ਵਿਦਿਆਰਥੀਆਂ ਲਈ ਹੋਰ ਵਧੀਆ ਮੌਕੇ ਪੈਦਾ ਕਰਨ ਲਈ ਨਵੀਆਂ ਯੋਜਨਾਵਾਂ 'ਤੇ ਵਿਸਥਾਰ ਨਾਲ ਚਰਚਾ ਹੋਈ।ਇਸ ਦੇ ਨਾਲ ਹੀ ਵੱਖ-ਵੱਖ ਸਰਕਾਰੀ ਯੋਜਨਾਵਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਸਬੰਧੀ ਵੀ ਵਿਚਾਰ ਵਟਾਂਦਰਾ ਕੀਤਾ ਗਿਆ।ਚੇਅਰਮੈਨ ਤੇਜਿੰਦਰ ਮਹਿਤਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਕਾਲਜ ਪ੍ਰਬੰਧਨ ਤੇ ਅਧਿਆਪਕ ਵਰਗ ਮਿਲ ਕੇ ਅਜਿਹਾ ਮਾਹੌਲ ਤਿਆਰ ਕਰਨ, ਜਿਸ ਵਿੱਚ ਵਿਦਿਆਰਥੀ ਆਪਣੀ ਯੋਗਤਾ ਨੂੰ ਪੂਰੀ ਤਰ੍ਹਾਂ ਨਿਖਾਰ ਸਕਣ ਤੇ ਰੋਜ਼ਗਾਰ ਦੇ ਵੱਧ ਤੋਂ ਵੱਧ ਮੌਕੇ ਪ੍ਰਾਪਤ ਕਰ ਸਕਣ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਯੋਜਨਾਵਾਂ ਦਾ ਲਾਭ ਵਿਦਿਆਰਥੀਆਂ ਤੱਕ ਪਹੁੰਚਾਉਣਾ ਬਹੁਤ ਜ਼ਰੂਰੀ ਹੈ, ਤਾਂ ਜੋ ਉਨ੍ਹਾਂ ਨੂੰ ਸਿੱਖਿਆ ਦੇ ਨਾਲ-ਨਾਲ ਹੁਨਰ ਵਿਕਾਸ ਤੇ ਰੋਜ਼ਗਾਰ ਦੇ ਖੇਤਰ ਵਿੱਚ ਵੀ ਅੱਗੇ ਵਧਣ ਦੇ ਮੌਕੇ ਮਿਲ ਸਕਣ।ਮੀਟਿੰਗ ਵਿੱਚ ਇਕਬਾਲ ਸਿੰਘ ਪਬਲਿਕ ਕਾਲਜ ਸਮਾਣਾ, ਰਜਨੀਸ਼ ਕੁਮਾਰ ਸਰਕਾਰੀ ਮੋਹਿੰਦਰਾ ਕਾਲਜ ਪਟਿਆਲਾ, ਨਿਧੀ ਸਰਕਾਰੀ ਰਿਪੁਦਮਨ ਕਾਲਜ ਨਾਭਾ, ਡਾ. ਸੋਹਨ ਸਿੰਘ ਪੀ.ਐੱਮ.ਐੱਨ. ਕਾਲਜ ਰਾਜਪੁਰਾ, ਪਰਮਜੀਤ ਸਿੰਘ ਸਰਕਾਰੀ ਰਿਪੁਦਮਨ ਕਾਲਜ ਨਾਭਾ, ਅਰੁਣ ਬੰਸਲ ਤੇ ਅਰੁਣ ਸ਼ਰਮਾ ਪੰਜਾਬੀ ਯੂਨੀਵਰਸਿਟੀ ਪਟਿਆਲਾ, ਜਗਦੀਪ ਕੁਮਾਰ ਤੇ ਕੁਲਿੰਦਰ ਕੌਰ ਸਮਾਜਿਕ ਨਿਆਂ ਤੇ ਅਧਿਕਾਰਤਾ ਵਿਭਾਗ ਦਫ਼ਤਰ, ਮੂਰਤੀ ਕੌਰ ਤੇ ਜਸਵਿੰਦਰ ਕੌਰ ਸਟੇਟ ਕਾਲਜ ਆਫ਼ ਐਜੂਕੇਸ਼ਨ ਪਟਿਆਲਾ ਅਤੇ ਰਤਨ ਸਿੰਘ ਸਰਕਾਰੀ ਬਿਕਰਮ ਕਾਲਜ ਆਫ਼ ਕਾਮਰਸ ਪਟਿਆਲਾ ਸਮੇਤ ਹੋਰ ਮੈਂਬਰ ਹਾਜ਼ਰ ਸਨ।

# ਬਹਾਵਲਪੁਰੀ ਭਾਈਚਾਰੇ ਦਾ ਦੇਸ਼ ਦੀ ਤਰੱਕੀ 'ਚ ਅਹਿਮ ਯੋਗਦਾਨ : ਹਰਪਾਲ ਜੁਨੇਜਾ

### ਬਹਾਵਲਪੁਰੀ ਦਿਵਸ ਮੌਕੇ ਸਮਾਣਾ 'ਚ ਵਿਸ਼ੇਸ਼ ਸਮਾਗਮ

ਸਮਾਣਾ (ਇਕਬਾਲ ਸਿੰਘ ਬੱਲ)

ਅਖਿਲ ਭਾਰਤੀ ਬਹਾਵਲਪੁਰ ਮਹਾਸੰਘ ਵੱਲੋਂ ਬਹਾਵਲਪੁਰੀ ਦਿਵਸ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਸਮਾਗਮ ਵਿੱਚ ਪੀ.ਆਰ.ਟੀ.ਸੀ. ਦੇ ਚੇਅਰਮੈਨ ਹਰਪਾਲ ਜੁਨੇਜਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।

ਸਮਾਗਮ ਨੂੰ ਸੰਬੋਧਨ ਕਰਦਿਆਂ ਚੇਅਰਮੈਨ ਜੁਨੇਜਾ ਨੇ ਕਿਹਾ ਕਿ ਬਹਾਵਲਪੁਰੀ ਭਾਈਚਾਰਾ ਆਪਣੀ ਮਿਹਨਤ ਤੇ ਦਿਆਨਤਦਾਰੀ ਲਈ ਜਾਣਿਆ ਜਾਂਦਾ ਹੈ।ਉਨ੍ਹਾਂ ਕਿਹਾ ਕਿ ਦੇਸ਼ ਦੀ ਆਰਥਿਕ ਤੇ ਸਮਾਜਿਕ ਉੱਨਤੀ ਵਿੱਚ ਇਸ ਭਾਈਚਾਰੇ ਦਾ ਬਹੁਤ ਵੱਡਾ ਤੇ ਅਹਿਮ ਯੋਗਦਾਨ ਹੈ।ਵੰਡ ਦੇ ਸੰਤਾਪ ਨੂੰ ਹੰਢਾਉਣ ਦੇ ਬਾਵਜੂਦ ਇਸ ਭਾਈਚਾਰੇ ਨੇ ਆਪਣੀ ਹਿੰਮਤ ਨਾਲ ਸਮਾਜ ਵਿੱਚ ਇੱਕ ਸਤਿਕਾਰਯੋਗ ਮੁਕਾਮ ਹਾਸਲ ਕੀਤਾ ਹੈ। ਉਨ੍ਹਾਂ ਭਾਈਚਾਰੇ ਦੇ ਸ਼ਾਨਾਮੱਤੇ ਇਤਿਹਾਸ ਦੀ ਸ਼ਲਾਘਾ ਕਰਦਿਆਂ ਸਾਰਿਆਂ ਨੂੰ ਏਕਤਾ ਦੇ ਸੂਤਰ ਵਿੱਚ ਬੱਝੇ ਰਹਿਣ ਦਾ ਸੱਦਾ ਦਿੱਤਾ।ਇਸ ਸਬੰਧੀ ਜਾਣਕਾਰੀ ਦਿੰਦਿਆਂ ਮਹਾਸੰਘ ਦੇ ਪੰਜਾਬ ਪ੍ਰਧਾਨ ਰਾਜ ਕੁਮਾਰ ਸਚਦੇਵਾ ਨੇ ਦੱਸਿਆ ਕਿ ਇਹ ਦਿਨ ਬਹਾਵਲਪੁਰੀ ਭਾਈਚਾਰੇ ਲਈ ਬਹੁਤ ਮਹੱਤਵਪੂਰਨ ਹੈ ਤੇ ਇਸ ਵਾਰ ਵੀ ਇਹ ਦਿਹਾੜਾ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਯਾਦਗਾਰੀ ਬਣਾਇਆ ਗਿਆ। ਸਮਾਗਮ ਦੌਰਾਨ ਭਾਈਚਾਰੇ ਦੀ ਚੜ੍ਹਦੀ ਕਲਾ ਤੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਗਈ।

ਮਹਾਸੰਘ ਦੇ ਮੁੱਖ ਸਰਪ੍ਰਸਤ ਡਾ. ਮਦਨ ਲਾਲ ਹਸੀਜਾ ਤੇ ਗਿਆਨ ਚੰਦ ਕਟਾਰੀਆ ਨੇ ਕਿਹਾ ਕਿ ਅਜਿਹੇ ਸਮਾਗਮਾਂ ਦਾ ਮੁੱਖ ਮਕਸਦ ਨਵੀਂ ਪੀੜ੍ਹੀ ਨੂੰ ਆਪਣੀਆਂ ਜੜ੍ਹਾਂ ਤੇ ਸੱਭਿਆਚਾਰ ਨਾਲ ਜੋੜਨਾ ਹੈ। ਚੇਅਰਮੈਨ ਜਗਦੀਸ਼ ਕੁਮਾਰ, ਪ੍ਰਧਾਨ ਸੁਸ਼ੀਲ ਪੋਪਲੀ ਤੇ ਕਾਰਜਕਾਰੀ ਪ੍ਰਧਾਨ ਰਾਮ ਚੰਦ ਰਾਮਾ ਨੇ ਆਈਆਂ ਹੋਈਆਂ ਸ਼ਖ਼ਸੀਅਤਾਂ ਦਾ ਸਵਾਗਤ ਕੀਤਾ।ਸਮਾਗਮ ਦੇ ਅਖੀਰ ਵਿੱਚ ਪ੍ਰਧਾਨ ਰਾਜ ਕੁਮਾਰ ਸਚਦੇਵਾ ਤੇ ਸਮੂਹ ਮੈਂਬਰਾਂ ਵੱਲੋਂ ਹਰਪਾਲ ਜੁਨੇਜਾ ਤੇ ਹੋਰ ਮਹਿਮਾਨਾਂ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਤ ਕੀਤਾ ਗਿਆ।

## ਚੇਅਰਮੈਨ ਜੱਸੀ ਨੇ ਸੁੰਦਰ ਦਸਤਾਰ ਤੇ ਦੁਮਾਲਾ ਸਜਾਉਣ ਮੁਕਾਬਲੇ ਦੇ ਜੇਤੂਆਂ ਨੂੰ ਇਨਾਮ ਵੰਡੇ

ਨਾਭਾ (ਵਰਿੰਦਰ ਵਰਮਾ)-ਗੁਰਦੁਆਰਾ ਸੰਗਤਸਰ ਸਾਹਿਬ ਜਸਪਾਲ ਕਲੋਨੀ ਵਿਖੇ ਸੰਤ ਬਾਬਾ ਰਣਜੀਤ ਸਿੰਘ ਮੁਹਾਲੀ ਵਾਲਿਆਂ ਦੇ ਅਸ਼ੀਰਵਾਦ ਸਦਕਾ ਲੋਕਲ ਗੁਰਦੁਆਰਾ ਕਮੇਟੀ ਤੇ ਸ੍ਰੀ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਦੇ ਸਹਿਯੋਗ ਨਾਲ ਸ੍ਰੀਮਾਨ ਸੰਤ ਬਾਬਾ ਨਰੈਣ ਸਿੰਘ ਮੋਨੀ ਵੈੱਲਫੇਅਰ ਯੂਥ ਕਲੱਬ ਵੱਲੋਂ ਵਿਸਾਖੀ ਤੇ ਖਾਲਸਾ ਪੰਥ ਦੇ ਸਾਜਣਾ ਦਿਵਸ ਨੂੰ ਸਮਰਪਤ ਦਸਤਾਰ ਤੇ ਦੁਮਾਲਾ ਸਜਾਉਣ ਦੇ ਮੁਕਾਬਲੇ ਕਰਵਾਏ ਗਏ, ਜਿਸ ਵਿੱਚ ਆਮ ਆਦਮੀ ਪਾਰਟੀ ਵਿਰਾਸਤ ਸੇਵਾ ਸੰਗਠਨ ਪੰਜਾਬ ਦੇ ਸਟੇਟ ਸੈਕਟਰੀ ਤੇ ਇੰਪਰੂਵਮੈਂਟ ਟਰੱਸਟ ਨਾਭਾ ਦੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਮੁੱਖ ਮਹਿਮਾਨ ਵਜੋਂ ਸ਼ਾਮਲ ਹੋ ਕੇ ਸੁੰਦਰ ਦਸਤਾਰ ਤੇ ਦੁਮਾਲਾ ਸਜਾਉਣ ਵਾਲੇ ਬੱਚਿਆਂ ਨੂੰ ਇਨਾਮਾਂ ਦੀ ਵੰਡ ਕੀਤੀ।ਇਸ ਮੌਕੇ ਹੋਰਨਾਂ ਤੋਂ ਇਲਾਵਾ ਕਲੱਬ ਪ੍ਰਧਾਨ ਪਰਮਜੀਤ ਸਿੰਘ, ਸੀਨੀਅਰ ਮੀਤ ਪ੍ਰਧਾਨ ਅਵਤਾਰ ਸਿੰਘ, ਪਵਨ ਸਿੰਘ ਗੁਰ. ਕਮੇਟੀ ਪ੍ਰਧਾਨ, ਅਮਰੀਕ ਸਿੰਘ ਗਿੱਲ ਪ੍ਰਧਾਨ ਫੋਕਲ ਪੁਆਇੰਟ, ਪਰਮਜੀਤ ਸਿੰਘ, ਮਾ. ਰਾਮ ਕ੍ਰਿਸ਼ਨ, ਦਰਸ਼ਨ ਸਿੰਘ ਸਾਬਕਾ ਕੌਂਸਲਰ, ਜਤਿੰਦਰ ਸਿੰਘ ਕਕਰਾਲਾ, ਧੀਰਜ ਠਾਕੁਰ, ਹੈਪੀ ਅਰੋੜਾ, ਜਸਕਰਨਵੀਰ ਸਿੰਘ ਤੇਜੇ, ਜੋਰਾ ਸਿੰਘ ਕੌਲ, ਅਮਰਿੰਦਰ ਸਿੰਘ, ਹਰਿੰਦਰ ਸਿੰਘ ਸਹੌਲੀ, ਜਗਸੀਰ ਸਿੰਘ ਜੱਗੂ ਆਦਿ ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਮੌਜੂਦ ਸਨ।



# ਮਨੁੱਖੀ ਅਧਿਕਾਰ ਕਮਿਸ਼ਨ ਦੇ ਦਖ਼ਲ ਤੋਂ ਬਾਅਦ ਸ਼ਹਿਰ 'ਚ ਸਫਾਈ ਦਾ ਕੰਮ ਸ਼ੁਰੂ : ਨਦੀਮ ਅਨਵਾਰ ਖਾਂ

### ਸ਼ਹਿਰ 'ਚ ਵੱਖ-ਵੱਖ ਥਾਵਾਂ 'ਤੇ ਬਣੇ ਕੂੜਾ ਕਰਕਟ ਦਾ ਲਿਆ ਜਾਇਜ਼ਾ



ਮਾਲੇਰਕੋਟਲਾ (ਅਸਗਰ ਪਰਿਹਾਰ)-ਹਾਲ ਹੀ ਵਿੱਚ ਜ਼ਿਲ੍ਹਾ ਮਾਲੇਰਕੋਟਲਾ ਦੇ ਮਨੁੱਖੀ ਅਧਿਕਾਰ ਕੋਰ ਗਰੁੱਪ ਮੈਂਬਰਾਂ ਨੇ ਬੱਸ ਸਟੈਂਡ ਦੇ ਨਾਲ ਤੇ ਖੰਨਾ ਰੋਡ 'ਤੇ ਬਾਬਾ ਬੋਦਲੇ ਸਾਹਿਬ ਦਰਗਾਹ ਨੇੜੇ ਬਣੇ ਕੂੜਾ ਡੰਪ ਦਾ ਦੌਰਾ ਕਰਕੇ ਸਥਿਤੀ ਦਾ ਜਾਇਜ਼ਾ ਲਿਆ।ਇਸ ਮੌਕੇ ਉਨ੍ਹਾਂ ਨਾਲ ਪਰਮਜੀਤ ਸਿੰਘ ਸੈਨਟਰੀ ਇੰਸਪੈਕਟਰ ਵੀ ਮੌਜੂਦ ਸਨ।ਅੱਜ ਤੋਂ ਦੋ ਮਹੀਨੇ ਪਹਿਲਾਂ ਜਤਿੰਦਰ ਸਿੰਘ ਸ਼ੰਟੀ ਮੈਂਬਰ ਮਨੁੱਖੀ ਅਧਿਕਾਰੀ ਕਮਿਸ਼ਨ ਨੇ ਇਨ੍ਹਾਂ ਥਾਵਾਂ ਦਾ ਦੌਰਾ ਕੀਤਾ ਸੀ, ਜਿੱਥੇ ਬਹੁਤ ਬੁਰੇ ਹਾਲਾਤ ਸਨ। ਮੈਂਬਰ ਵੱਲੋਂ ਕਾਰਜ ਸਾਧਕ ਅਫਸਰ ਮਾਲੇਰਕੋਟਲਾ ਨੂੰ ਨਿਰਦੇਸ਼ ਦਿੱਤੇ ਗਏ ਸਨ ਕਿ 10 ਦਿਨਾਂ ਦੇ ਅੰਦਰ ਕੂੜਾ ਸਾਫ ਕੀਤਾ ਜਾਵੇ ਤੇ ਸਹੀ ਪ੍ਰਬੰਧ ਕੀਤੇ ਜਾਣ।ਦੋ-ਤਿੰਨ ਅਲਟੀਮੇਟਮ ਤੋਂ ਬਾਅਦ ਤੇ ਵਾਰ ਵਾਰ ਯਾਦ ਪੱਤਰ ਦੇਣ ਤੋਂ ਬਾਅਦ ਅੱਜ ਉਸ ਜਗ੍ਹਾ ਤੇ ਰਾਸਤਾ ਸਾਫ ਹੈ, ਦੀਵਾਰ ਕੀਤੀ ਗਈ ਹੈ, ਚਾਦਰਾਂ ਲਾਈਆਂ ਗਈਆਂ ਹਨ ਤੇ ਦੂਸਰੇ ਰਸਤੇ ਤੋਂ ਸਫਾਈ ਦਾ ਕੰਮ ਚੱਲ ਰਿਹਾ ਹੈ ਅਤੇ ਜੇਸੀਬੀ ਨਾਲ ਸਾਫ ਸਫਾਈ ਦਾ ਕੰਮ ਚੱਲ ਰਿਹਾ ਹੈ।ਇਲਾਕੇ ਦੇ ਲੋਕਾਂ ਵੱਲੋਂ ਇਸ ਕੰਮ ਦੀ ਸ਼ਲਾਘਾ ਕੀਤੀ ਗਈ ਤੇ ਹੋ ਰਹੇ ਕੰਮ 'ਤੇ ਸੰਤੁਸ਼ਟੀ ਕੀਤੀ ਗਈ।ਇਸ ਮੌਕੇ ਨਦੀਮ ਅਨਵਾਰ ਖਾਂ ਮੈਂਬਰ ਪੰਜਾਬ ਸਟੇਟ ਮਾਇਨੋਰਟੀ ਕਮਿਸ਼ਨ ਤੇ ਕੋਰ ਗਰੁੱਪ ਮੈਂਬਰ ਨੇ ਕਿਹਾ ਕਿ ਉਨ੍ਹਾਂ ਵੱਲੋਂ ਕਾਰਜ ਸਾਧਕ ਅਫਸਰ ਮਾਲੇਰਕੋਟਲਾ ਨੂੰ ਕਈ ਯਾਦ ਪੱਤਰ ਦੇਣ ਤੋਂ ਬਾਅਦ ਸ਼ੰਟੀ ਦੀਆਂ ਨਿੱਜੀ ਕੋਸ਼ਿਸ਼ਾਂ ਤੋਂ ਬਾਅਦ ਇਹ ਕੰਮ ਹੋਇਆ ਹੈ।ਉਨ੍ਹਾਂ ਕਿਹਾ ਕਿ ਸਾਨੂੰ ਸਿਹਤ ਤੇ ਸਫਾਈ ਨੂੰ ਤਰਜੀਹ ਦੇਣੀ ਚਾਹੀਦੀ ਹੈ।ਸ਼ਹਿਰ ਨੂੰ ਸਾਫ ਸੁਥਰਾ ਰੱਖਣ ਲਈ ਤੇ ਬਿਮਾਰੀਆਂ ਤੋਂ ਬਚਣ ਲਈ ਸਭ ਨੂੰ ਸਾਥ ਦੇਣਾ ਪਏਗਾ।ਇਸ ਮੌਕੇ ਨਦੀਮ ਅਨਵਾਰ ਖਾਂ ਨੇ ਕਾਰਜ ਸਾਧਕ ਅਫਸਰ ਮਾਲੇਰਕੋਟਲਾ ਨਾਲ ਫੋਨ ਤੇ ਗੱਲਬਾਤ ਕੀਤੀ ਤੇ ਪ੍ਰਸ਼ਾਸਨ ਨੂੰ ਜਲਦੀ ਕੰਮ ਮੁਕੰਮਲ ਕਰਨ ਲਈ ਕਿਹਾ।ਇਸ ਮੌਕੇ ਧਰਨੇ 'ਤੇ ਬੈਠੇ ਪ੍ਰਵੇਜ ਖਾਂ ਤੇ ਹੋਰ ਧਰਨਕਾਰੀਆਂ ਨੂੰ ਵੀ ਤਸੱਲੀ ਦਿਲਵਾਈ ਕਿ ਉਹ ਪ੍ਰਸ਼ਾਸਨ ਨੂੰ ਬਣਦਾ ਸਹਿਯੋਗ ਦੇਣ ਤੇ ਧਰਨਾ ਚੁੱਕ ਲੈਣ, ਕਿਉਂਕਿ ਕੰਮ ਸ਼ੁਰੂ ਹੋ ਚੁੱਕਾ ਹੈ ਤੇ ਛੇਤੀ ਹੀ ਮੁਕੰਮਲ ਹੋ ਜਾਵੇਗਾ।ਇਸ ਮੌਕੇ ਉਨ੍ਹਾਂ ਨਾਲ ਮਨੁੱਖੀ ਅਧਿਕਾਰ ਕਮਿਸ਼ਨ ਦੇ ਜ਼ਿਲ੍ਹਾ ਕੋਰ ਗਰੁੱਪ ਮੈਂਬਰ ਸੁਹੈਬ ਅਹਿਮਦ ਖਾਂ ਸ਼ੈਬੀ, ਜ਼ਿਸ਼ਾਨ ਕੁਰੈਸ਼ੀ, ਮੰਜੂ ਹਰਕਿਰਨ, ਅਜ਼ਹਰ ਖਾਂ, ਹਰਬੰਸ ਸਿੰਘ, ਬੇਅੰਤ ਸਿੰਘ, ਨਵਦੀਪ ਸਿੰਘ, ਸ਼ਾਹਿਦ ਤੇ ਸਾਦੀਆ ਆਦਿ ਮੌਜੂਦ ਸਨ।

# ਬਰਸਟ ਦੀ ਅਗਵਾਈ 'ਚ ਬਜਰੰਗ ਦਲ ਹਿੰਦ ਦੇ ਵਾਈਸ ਪ੍ਰਧਾਨ ਸਾਥੀਆਂ ਸਮੇਤ 'ਆਪ' 'ਚ ਸ਼ਾਮਲ



ਸਮਾਣਾ (ਗੁਰਪਿਆਰ ਸਿੰਘ ਬੱਲ)-ਆਮ ਆਦਮੀ ਪਾਰਟੀ ਨੂੰ ਹਲਕਾ ਸਮਾਣਾ ਵਿਖੇ ਉਸ ਸਮੇਂ ਵੱਡੀ ਮਜ਼ਬੂਤੀ ਮਿਲੀ, ਜਦੋਂ ਵੱਡੀ ਗਿਣਤੀ ਵਿੱਚ ਨੌਜਵਾਨ ਰਸਮੀ ਤੌਰ 'ਤੇ ਪਾਰਟੀ ਵਿੱਚ ਸ਼ਾਮਲ ਹੋਏ।ਹਲਕਾ ਸਮਾਣਾ ਵਿਖੇ ਇੱਕ ਸਮਾਗਮ ਵਿੱਚ ਸ੍ਰ. ਹਰਚੰਦ ਸਿੰਘ ਬਰਸਟ ਸੂਬਾ ਜਨਰਲ ਸਕੱਤਰ ਆਮ ਆਦਮੀ ਪਾਰਟੀ ਪੰਜਾਬ ਤੇ ਚੇਅਰਮੈਨ ਪੰਜਾਬ ਮੰਡੀ ਬੋਰਡ ਦੀ ਅਗਵਾਈ ਹੇਠ ਬਜਰੰਗ ਦਲ ਹਿੰਦ ਦੇ ਵਾਈਸ ਪ੍ਰਧਾਨ ਦੀਪਕ ਗਰਗ ਆਪਣੇ ਸਾਥੀਆਂ ਸਮੇਤ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ, ਜਿਨ੍ਹਾਂ ਦਾ ਸ੍ਰ. ਬਰਸਟ ਵੱਲੋਂ ਸਵਾਗਤ ਕੀਤਾ ਗਿਆ।ਇਸ ਦੌਰਾਨ ਸੋਹਨ ਲਾਲ, ਮਾਹੀ ਸ਼ਰਮਾ, ਰਵੀ ਸਿੰਘ, ਜੱਸਾ ਬਾਬਾ, ਰਾਣੀ, ਅਰਪਣ, ਮਨਜੀਤ ਕੌਰ, ਜਸਵੀਰ, ਜਸਵੀਰ ਕੌਰ ਸਮੇਤ ਹੋਰ ਲੋਕ ਵੀ ਪਾਰਟੀ ਵਿੱਚ ਸ਼ਾਮਲ ਹੋਏ।ਉਪਰੰਤ ਚੇਅਰਮੈਨ ਵੱਲੋਂ ਹਲਕਾ ਸਮਾਣਾ ਦਫਤਰ ਵਿਖੇ ਲੋਕ ਮਿਲਣੀ ਦੌਰਾਨ ਵੱਖ-ਵੱਖ ਪਿੰਡਾਂ ਤੋਂ ਪਹੁੰਚੀਆਂ ਪੰਚਾਇਤਾਂ ਤੇ ਆਮ ਲੋਕਾਂ ਨਾਲ ਮੁਲਾਕਾਤ ਕੀਤੀ ਗਈ ਤੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ ਗਈਆਂ, ਜਿਨ੍ਹਾਂ ਦਾ ਮੌਕੇ 'ਤੇ ਹੀ ਨਿਪਟਾਰਾ ਕੀਤਾ ਗਿਆ।

ਸਮਾਗਮ ਦੌਰਾਨ ਲੋਕਾਂ ਦੇ ਵੱਡੇ ਇਕੱਠ ਨੂੰ ਸੰਬੋਧਨ ਕਰਦਿਆਂ ਸ੍ਰ. ਹਰਚੰਦ ਸਿੰਘ ਬਰਸਟ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਸਦਕਾ ਨੌਜਵਾਨ ਲਗਾਤਾਰ 'ਆਪ' ਨਾਲ ਜੁੜ ਰਹੇ ਹਨ।ਉਨ੍ਹਾਂ ਕਿਹਾ ਕਿ ਦੀਪਕ ਗਰਗ ਵਰਗੇ ਮਿਹਨਤੀ ਆਗੂ ਦੇ ਆਉਣ ਨਾਲ ਸਮਾਣਾ ਖੇਤਰ ਵਿੱਚ ਪਾਰਟੀ ਹੋਰ ਮਜ਼ਬੂਤ ਹੋਵੇਗੀ।ਚੇਅਰਮੈਨ ਨੇ ਕਿਹਾ ਕਿ ਵਿਧਾਨ ਸਭਾ ਹਲਕਾ ਸਮਾਣਾ ਦਾ ਚਹੁਪੱਖੀ ਵਿਕਾਸ ਹੀ ਉਨ੍ਹਾਂ ਦੀ ਤਰਜੀਹ ਹੈ ਤੇ ਹਲਕਾ ਸਮਾਣਾ ਦੇ ਵਿਕਾਸ ਵਿੱਚ ਕੋਈ ਕਸਰ ਬਾਕੀ ਨਹੀਂ ਰਹਿਣ ਦਿੱਤੀ ਜਾਵੇਗੀ।ਇਸ ਮੌਕੇ ਜਸਬੀਰ ਸਿੰਘ ਜ਼ਿਲ੍ਹਾ ਪ੍ਰੀਸ਼ਦ ਮੈਂਬਰ, ਦਰਬਾਰਾ ਸਿੰਘ ਬਲਾਕ ਸੰਮਤੀ ਮੈਂਬਰ ਤੁੱਲੇਵਾਲ, ਸ਼ੰਕਰ ਸਿੰਘ ਸਰਪੰਚ ਖੇੜਕੀ, ਸੋਮ ਚੰਦ ਸੋਨੀ ਸਰਪੰਚ ਤਰਖਾਣ ਮਾਜਰਾ, ਜੱਸੀ ਸਰਪੰਚ ਖੇੜਾ, ਅਵਤਾਰ ਸਿੰਘ ਸਰਪੰਚ ਸਾਧੂਗੜ੍ਹ, ਗੁਰਦੀਪ ਸਿੰਘ ਸਰਪੰਚ ਦੁਦੱੜ, ਸੂਬਾ ਸਿੰਘ ਸਰਪੰਚ ਢੈਂਠਲ, ਨਿਸ਼ਾਨ ਸਿੰਘ ਸਰਪੰਚ ਲਾਲਗੜ੍ਹ (ਬਹਾਦਰਗੜ੍ਹ), ਗੁਰਜੀਤ ਸਿੰਘ ਸਰਪੰਚ ਚੁਪਕੀ, ਨਰਿੰਦਰ ਸਿੰਘ ਸਰਪੰਚ ਬਰਸਟ, ਜਗਤਾਰ ਸਿੰਘ ਸਰਪੰਚ ਬੁਜਰਕ, ਗੁਰਚਰਨ ਸਿੰਘ ਰੁਪਾਣਾ ਸਮੇਤ ਵੱਡੀ ਗਿਣਤੀ ਵਿੱਚ ਲੋਕ ਮੌਜੂਦ ਸਨ।

## ਕਲਰਕ ਭੁਪਿੰਦਰ ਸਿੰਘ ਪਦਉੱਨਤ ਹੋ ਕੇ ਸੈਨੇਟਰੀ ਇੰਸਪੈਕਟਰ ਬਣੇ



ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਮਾਛੀਵਾੜਾ ਸਾਹਿਬ ਨਗਰ ਕੌਂਸਲ ਵਿਖੇ ਬਤੌਰ ਕਲਰਕ ਵਜੋਂ ਸੇਵਾਵਾਂ ਨਿਭਾਅ ਰਹੇ ਭੁਪਿੰਦਰ ਸਿੰਘ ਨੂੰ ਸਥਾਨਕ ਸਰਕਾਰਾਂ ਵਿਭਾਗ ਵੱਲੋਂ ਤਰੱਕੀ ਦਿੰਦਿਆਂ ਸੈਨੇਟਰੀ ਅਫ਼ਸਰ ਨਿਯੁਕਤ ਕੀਤਾ ਗਿਆ ਹੈ। ਵਿਭਾਗ ਵੱਲੋਂ ਜਾਰੀ ਨੋਟੀਫਿਕੇਸ਼ਨ ਅਨੁਸਾਰ ਭੁਪਿੰਦਰ ਸਿੰਘ ਨੂੰ ਨਗਰ ਕੌਂਸਲ ਮਾਛੀਵਾੜਾ ਸਾਹਿਬ ਦਾ ਚਾਰਜ ਦਿੱਤਾ ਗਿਆ ਹੈ। ਭੁਪਿੰਦਰ ਸਿੰਘ ਦੀ ਤਰੱਕੀ ਤੇ ਨਵੀਂ ਜ਼ਿੰਮੇਵਾਰੀ 'ਤੇ ਸ਼ੁੱਭ-ਕਾਮਨਾਵਾਂ ਦਿੰਦੇ ਹੋਏ ਨਗਰ ਕੌਂਸਲ ਦੇ ਪ੍ਰਧਾਨ ਮੋਹਿਤ ਕੁੰਦਰਾ ਨੇ ਉਮੀਦ ਪ੍ਰਗਟਾਈ ਕਿ ਉਹ ਆਪਣੀ ਨਵੀਂ ਜ਼ਿੰਮੇਵਾਰੀ ਨੂੰ ਵੀ ਵਧੀਆ ਤਰੀਕੇ ਨਾਲ ਨਿਭਾਉਣਗੇ।

ਨਵ-ਨਿਯੁਕਤ ਸੈਨੇਟਰੀ ਇੰਸਪੈਕਟਰ ਭੁਪਿੰਦਰ ਸਿੰਘ ਨੇ ਕਿਹਾ ਕਿ ਉਹ ਪੂਰੀ ਈਮਾਨਦਾਰੀ ਨਾਲ ਦਸਮੇਸ਼ ਪਿਤਾ ਦੀ ਚਰਨ ਛੋਹ ਪ੍ਰਾਪਤ ਇਤਿਹਾਸਕ ਨਗਰੀ ਮਾਛੀਵਾੜਾ ਸਾਹਿਬ ਨੂੰ ਸੁੰਦਰ ਤੇ ਸਾਫ਼ ਸੁਥਰਾ ਬਣਾਉਣ ਲਈ ਕੰਮ ਕਰਨਗੇ।

## ਦਸਤਾਰ ਸੰਭਾਲ ਲਹਿਰ ਵੱਲੋਂ ਦਸਤਾਰਾਂ ਦਾ ਲੰਗਰ



ਜਗਰਾਉਂ (ਸੰਜੀਵ ਅਰੋੜਾ)-ਖਾਲਸਾ ਸਾਜਨਾ ਦਿਵਸ ਨੂੰ ਸਮਰਪਤ ਗੁਰੂ ਨਾਨਕ ਨਾਮ ਲੇਵਾ ਸੰਗਤ ਸੰਸਥਾ ਵੱਲੋਂ ਦਸਤਾਰ ਸੰਭਾਲ ਲਹਿਰ ਦੇ ਤਹਿਤ ਗੁਰਦੁਆਰਾ ਬਹਿਲਾ ਪੱਤੀ ਕਾਉਂਕੇ ਕਲਾਂ ਵਿਖੇ ਦਸਤਾਰਾਂ ਦਾ ਲੰਗਰ ਲਗਾਇਆ ਗਿਆ, ਜਿਸ ਵਿੱਚ ਕਾਉਂਕੇ ਕਲਾਂ ਦੇ 5 ਸਕੂਲਾਂ ਵਿੱਚ 185 ਸਾਬਤ ਸੂਰਤ, ਅੰਮ੍ਰਿਤਧਾਰੀ ਬੱਚਿਆਂ ਨੂੰ ਗੁਰਸਿੱਖੀ ਨਾਲ ਜੋੜਨ ਲਈ ਬੱਚਿਆਂ ਨੂੰ ਮਨਪਸੰਦ ਰੰਗ ਦੀਆਂ ਦਸਤਾਰਾਂ ਨਾਲ ਸਨਮਾਨ ਕੀਤਾ ਗਿਆ। ਪਹਿਲਾਂ ਸਾਰੇ ਸਕੂਲਾਂ ਦਾ ਦੌਰਾ ਕੀਤਾ ਗਿਆ, ਜਿਸ ਤੋਂ ਬਾਅਦ ਸਾਰੇ ਟੀਚਰ ਸਾਹਿਬਾਨ ਵੱਲੋਂ ਬੱਚਿਆਂ ਦੀਆਂ ਲਿਸਟਾਂ ਤਿਆਰ ਕਰਕੇ ਸਹਿਯੋਗ ਕੀਤਾ ਗਿਆ। ਇਸ ਸਮਾਗਮ ਨੂੰ ਨੇਪਰੇ ਚਾੜ੍ਹਨ ਲਈ ਜਿਨ੍ਹਾਂ ਸਨਮਾਨਯੋਗ ਸ਼ਖ਼ਸੀਅਤਾਂ ਨੇ ਸਹਿਯੋਗ ਕੀਤਾ, ਉਨ੍ਹਾਂ ਦਾ ਸਮੂਹ ਨਾਨਕ ਨਾਮ ਲੇਵਾ ਸੰਗਤ ਸੰਸਥਾਂ ਦੇ ਵਲੰਟੀਅਰ ਵੱਲੋਂ ਧੰਨਵਾਦ ਕੀਤਾ ਗਿਆ। ਇਸ ਮੌਕੇ ਸਾਰੇ ਸਕੂਲਾਂ ਦੇ ਟੀਚਰ ਸਾਹਿਬਾਨ ਗੁਰਪ੍ਰੀਤ ਸਿੰਘ ਛਪਾਰ, ਜੱਗਾ ਸਿੰਘ, ਪ੍ਰਿਤਪਾਲ ਸਿੰਘ, ਸਤਪਾਲ ਸਿੰਘ ਦੇਹੜਕਾ, ਮਾਸਟਰ ਹਰਨਾਰਾਇਣ ਸਿੰਘ ਮੱਲੇਆਣਾ, ਮੇਜਰ ਸਿੰਘ ਛੀਨਾ, ਮਾਸਟਰ ਗੁਰਪ੍ਰੀਤ ਸਿੰਘ, ਹੈੱਡ ਮਾਸਟਰ ਰਜਿੰਦਰ ਸਿੰਘ, ਗੁਰਦੁਆਰਾ ਸਾਹਿਬ ਬਹਿਲਾ ਪੱਤੀ ਦੇ ਪ੍ਰਧਾਨ ਤੇ ਹੈੱਡ ਗ੍ਰੰਥੀ ਸਾਹਿਬਾਨ ਤੇ ਰੁਪਿੰਦਰ ਸਿੰਘ ਆਦਿ ਹਾਜ਼ਰ ਸਨ।

## ਸੀ ਬੀ ਐੱਸ ਈ ਪ੍ਰੀਖਿਆ 'ਚ ਸਾਕਸ਼ੀ ਮਿੱਤਲ ਦਾ ਸ਼ਾਨਦਾਰ ਪ੍ਰਦਰਸ਼ਨ



ਸਮਾਣਾ (ਗੁਰਪਿਆਰ ਸਿੰਘ ਬੱਲ, ਇਕਬਾਲ ਸਿੰਘ ਬੱਲ)-ਸੀਬੀਐੱਸਈ ਬੋਰਡ ਦੇ ਦਸਵੀਂ ਜਮਾਤ ਦੇ ਐਲਾਨੇ ਗਏ ਨਤੀਜਿਆਂ ਵਿੱਚ ਸਮਾਣਾ ਦੀ ਹੋਣਹਾਰ ਵਿਦਿਆਰਥਣ ਸਾਕਸ਼ੀ ਮਿੱਤਲ ਨੇ 95.20 ਫੀਸਦੀ ਅੰਕ ਪ੍ਰਾਪਤ ਕਰਕੇ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ।ਉਹ ਨਾਮੀ ਪੱਤਰਕਾਰ ਜੌਹਰੀ ਮਿੱਤਲ ਦੀ ਧੀ ਹੈ, ਜਿਸ ਨਾਲ ਪਰਿਵਾਰ ਵਿੱਚ ਖੁਸ਼ੀ ਦਾ ਮਾਹੌਲ ਹੈ।ਸਾਕਸ਼ੀ ਮਿੱਤਲ ਦੀ ਇਸ ਕਾਮਯਾਬੀ ਨਾਲ ਨਾ ਸਿਰਫ ਉਸ ਦੇ ਮਾਪਿਆਂ ਦਾ ਸਿਰ ਮਾਣ ਨਾਲ ਉੱਚਾ ਹੋਇਆ ਹੈ, ਸਗੋਂ ਸਕੂਲ ਦਾ ਨਾਮ ਵੀ ਰੌਸ਼ਨ ਹੋਇਆ ਹੈ।ਡੀਏਵੀ ਪਬਲਿਕ ਸਕੂਲ ਕਕਰਾਲਾ ਦੇ ਅਧਿਆਪਕਾਂ ਤੇ ਸਟਾਫ਼ ਵੱਲੋਂ ਵੀ ਵਿਦਿਆਰਥਣ ਨੂੰ ਵਧਾਈ ਦਿੱਤੀ ਗਈ ਤੇ ਉਸ ਦੀ ਮਿਹਨਤ ਦੀ ਸਰਾਹਨਾ ਕੀਤੀ ਗਈ।ਇਸ ਮੌਕੇ ਸਾਕਸ਼ੀ ਮਿੱਤਲ ਨੇ ਆਪਣੀ ਕਾਮਯਾਬੀ ਦਾ ਸਿਹਰਾ ਆਪਣੇ ਮਾਪਿਆਂ ਤੇ ਅਧਿਆਪਕਾਂ ਨੂੰ ਦਿੱਤਾ ਅਤੇ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਮਿਹਨਤ ਕਰਕੇ ਉੱਚੀਆਂ ਉਡਾਣਾਂ ਭਰਨ ਦੀ ਇੱਛਾ ਜਤਾਈ।

## ਹੈਰੀਟੇਜ ਪਬਲਿਕ ਸਕੂਲ ਦਾ ਨਤੀਜਾ ਸ਼ਾਨਦਾਰ



ਭਵਾਨੀਗੜ੍ਹ (ਰਾਜ ਖੁਰਮੀ)-ਸਥਾਨਕ ਹੈਰੀਟੇਜ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ ਸੀ.ਬੀ.ਐੱਸ.ਈ. ਦਸਵੀਂ ਜਮਾਤ ਦੇ ਨਤੀਜਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ।ਇਸ ਸਾਲ ਸਕੂਲ ਦਾ ਨਤੀਜਾ ਬੇਹੱਦ ਪ੍ਰਭਾਵਸ਼ਾਲੀ ਰਿਹਾ, ਜਿਸ ਨਾਲ ਸਕੂਲ ਪ੍ਰਬੰਧਕਾਂ ਤੇ ਅਧਿਆਪਕਾਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਹੈ।ਨਤੀਜਿਆਂ ਅਨੁਸਾਰ ਵਿਦਿਆਰਥਣ ਏਕਮਦੀਪ ਕੌਰ ਨੇ 99 ਫੀਸਦੀ ਅੰਕ ਹਾਸਲ ਕਰਕੇ ਪਹਿਲਾ ਸਥਾਨ ਪ੍ਰਾਪਤ ਕੀਤਾ।ਬਾਹੁਲ ਕਾਂਸਲ ਨੇ 97.4 ਫੀਸਦੀ ਨਾਲ ਦੂਜਾ ਸਥਾਨ, ਜਦਕਿ ਅਰਪਣਾ ਸ਼ਰਮਾ ਤੇ ਕੁਲਜੀਤ ਸਿੰਘ ਨੇ 96.4 ਫੀਸਦੀ ਅੰਕ ਲੈ ਕੇ ਤੀਜਾ ਸਥਾਨ ਸਾਂਝਾ ਕੀਤਾ।ਇਸ ਤੋਂ ਇਲਾਵਾ ਹਰਨੂਰ ਕੌਰ (93.4%), ਚੈਤੰਨਯ ਸ਼ਰਮਾ (92.4%), ਗੁਨਤਾਸ਼ (92.2%), ਡਾਲਸੀ (90.6%), ਅਭਿਸ਼ੇਕ ਸ਼ਰਮਾ ਤੇ ਸੁਖਮਨਦੀਪ ਕੌਰ (90.4%) ਨੇ ਵੀ ਉੱਚ ਅੰਕ ਪ੍ਰਾਪਤ ਕਰਕੇ ਆਪਣੀ ਕਾਬਲੀਅਤ ਦਾ ਲੋਹਾ ਮਨਵਾਇਆ।ਇਸ ਮੌਕੇ ਸਕੂਲ ਪ੍ਰਬੰਧਕ ਸ੍ਰੀ ਅਨਿਲ ਮਿੱਤਲ ਤੇ ਸ਼੍ਰੀਮਤੀ ਆਸ਼ਿਮਾ ਮਿੱਤਲ ਨਾਲ ਹੀ ਮੁੱਖ ਅਧਿਆਪਕਾ ਡਾ. ਗੁਰਪ੍ਰੀਤ ਕੌਰ ਨੇ ਸਾਰੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਕਾਮਯਾਬੀ ਵਿਦਿਆਰਥੀਆਂ ਦੀ ਲਗਨ, ਅਧਿਆਪਕਾਂ ਦੀ ਨਿਸ਼ਠਾ ਤੇ ਮਾਪਿਆਂ ਦੇ ਸਹਿਯੋਗ ਦਾ ਸਾਂਝਾ ਨਤੀਜਾ ਹੈ।ਅੰਤ ਵਿੱਚ ਸਕੂਲ ਪਰਿਵਾਰ ਵੱਲੋਂ ਸਾਰੇ ਸਫਲ ਵਿਦਿਆਰਥੀਆਂ ਦੇ ਚਮਕਦਾਰ ਭਵਿੱਖ ਲਈ ਸ਼ੁੱਭ-ਕਾਮਨਾਵਾਂ ਪ੍ਰਗਟ ਕੀਤੀਆਂ ਗਈਆਂ।

## ਅਣੂ ਮੰਚ ਵੱਲੋਂ ਪ੍ਰਾਇਮਰੀ ਸਕੂਲ ਬੁਟਾਹਰੀ ਦੇ ਹੋਣਹਾਰ ਵਿਦਿਆਰਥੀ ਸਨਮਾਨਤ



ਲੁਧਿਆਣਾ (ਰੈਕਟਰ ਕਥੂਰੀਆ)-ਅਦਾਰਾ ਅਣੂ ਮੰਚ ਤੇ ਅਣੂ (ਪੱਤ੍ਰਿਕਾ) ਵੱਲੋਂ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਬੁਟਾਹਰੀ (ਲੁਧਿਆਣਾ) ਦੇ ਵਿਦਿਆਰਥੀਆਂ ਦੇ ਸਨਮਾਨ ਲਈ ਸਮਾਗਮ ਕੀਤਾ ਗਿਆ, ਜਿਸ ਵਿੱਚ 30 ਵਿਦਿਆਰਥੀਆਂ ਨੂੰ ਗਿਆਨ, ਵਿਗਿਆਨ ਤੇ ਸਾਹਿਤ ਦੀਆਂ ਬਾਲ ਪੁਸਤਕਾਂ ਦਿੱਤੀਆਂ ਗਈਆਂ।ਸਮਾਗਮ ਦੀ ਪ੍ਰਧਾਨਗੀ ਸਤੀਸ਼ ਧਵਨ ਸਰਕਾਰੀ ਕਾਲਜ ਲੁਧਿਆਣਾ ਦੇ ਪੁਰਾਣੇ ਵਿਦਿਆਰਥੀ ਜਥੇਬੰਦੀ ਦੇ ਸਕੱਤਰ ਸ੍ਰੀ ਬ੍ਰਿਜ ਭੂਸ਼ਨ ਗੋਇਲ, ਰਾਸ਼ਟਰੀ ਸਨਮਾਨ ਪ੍ਰਾਪਤ ਅਧਿਆਪਕ ਕਰਮਜੀਤ ਸਿੰਘ ਗਰੇਵਾਲ, ਕਾਰੋਬਾਰੀ ਅਪਿੰਦਰ ਸਿੰਘ ਕੈਲੇ, ਮੁੱਖ ਅਧਿਆਪਕ ਸਟੇਟ ਐਵਾਰਡੀ ਜਸਵਿੰਦਰ ਸਿੰਘ ਤੇ ਸੁਰਿੰਦਰ ਕੈਲੇ ਨੇ ਕੀਤੀ।ਸਵਾਗਤੀ ਸ਼ਬਦ ਕਹਿੰਦਿਆਂ ਮੁੱਖ ਅਧਿਆਪਕ ਜਸਵਿੰਦਰ ਸਿੰਘ ਨੇ ਕਿਹਾ ਕਿ ਪਿੰਡ ਦੇ ਸਾਬਕਾ ਸਰਪੰਚ ਸ੍ਰੀ ਸੁਰਿੰਦਰ ਕੈਲੇ ਪਿਛਲੇ ਬਹੁਤ ਸਾਲਾਂ ਤੋਂ ਨਿਰੰਤਰ ਗਿਆਨ ਭਰਪੂਰ ਪੁਸਤਕਾਂ ਦੇ ਕੇ ਵਿਦਿਆਰਥੀਆਂ ਦੀ ਸਲੇਬਸ ਤੋਂ ਬਾਹਰੀ ਜਾਣਕਾਰੀ ਤੇ ਸੋਚ ਨੂੰ ਵਿਕਸਤ ਕਰਨ 'ਚ ਯੋਗਦਾਨ ਪਾਉਂਦੇ ਆ ਰਹੇ ਹਨ।ਸਾਡੇ ਸਕੂਲ ਦੇ ਵਿਦਿਆਰਥੀ ਪੜ੍ਹਾਈ ਤੋਂ ਬਿਨਾਂ ਹੋਰ ਗਤੀਵਿਧੀਆਂ ਵਿੱਚ ਵੀ ਵੱਧ ਚੜ੍ਹ ਕੇ ਹਿੱਸਾ ਲੈਂਦੇ ਹਨ।ਇਸ ਵਾਰੀ ਵੀ ਸਾਡੇ ਬੱਚੇ ਬਲਾਕ ਪੱਧਰ ਦੇ ਮੁਕਾਬਲਿਆਂ ਵਿੱਚੋਂ ਅੱਵਲ ਆਏ ਹਨ।ਕਰਮਜੀਤ ਸਿੰਘ ਗਰੇਵਾਲ ਨੇ ਵਿਦਿਆਰਥੀਆਂ ਨੂੰ ਉਤਸ਼ਾਹਤ ਕਰਨ ਵਾਲੇ ਗੀਤ ਗਾਏ।ਸ੍ਰੀ ਬ੍ਰਿਜ ਭੂਸ਼ਨ ਗੋਇਲ ਨੇ ਆਪਣੇ ਬਚਪਨ ਦੀਆਂ ਯਾਦਾਂ ਸਾਂਝੀਆਂ ਕਰਦਿਆਂ ਵਿਦਿਆਰਥੀਆਂ ਨਾਲ ਮਿਲ ਕੇ ਗਾਇਕੀ ਦੀ ਮਹਿਫ਼ਲ ਸਜਾਈ।ਸੁਰਿੰਦਰ ਕੈਲੇ ਨੇ ਹਾਜ਼ਰ ਮਹਿਮਾਨਾਂ ਤੇ ਸਕੂਲ ਸਟਾਫ਼ ਦਾ ਧੰਨਵਾਦ ਕੀਤਾ।ਸਮੁੱਚੀ ਕਾਰਵਾਈ ਦਵਿੰਦਰ ਸਿੰਘ ਨੇ ਬਾਖੂਬੀ ਨਿਭਾਈ।

## ਆਤਮਾ ਰਾਮ ਸਕੂਲ ਦਾ ਨਤੀਜਾ 100 ਫੀਸਦੀ



ਬਰੇਟਾ (ਰੀਤਵਾਲ)-ਆਤਮਾ ਰਾਮ ਮੈਮੋਰੀਅਲ ਕਾਨਵੈਂਟ ਸਕੂਲ ਦੇ ਦਸਵੀਂ ਜਮਾਤ ਦੇ ਵਿਦਿਆਰਥੀਆਂ ਦਾ ਨਤੀਜਾ ਬਹੁਤ ਹੀ ਸ਼ਾਨਦਾਰ ਰਿਹਾ।ਸੀਬੀਐੱਸਈ ਵੱਲੋਂ ਐਲਾਨੇ ਗਏ ਨਤੀਜੇ ਅਨੁਸਾਰ ਸਕੂਲ ਦਾ ਨਤੀਜਾ 100 ਪ੍ਰਤੀਸ਼ਤ ਰਿਹਾ।ਦਸਵੀਂ ਜਮਾਤ ਵਿੱਚ ਜੈਨਿਕਾ ਨੇ 96.8 ਪ੍ਰਤੀਸ਼ਤ, ਨਿਤਿਕਾ ਨੇ 95.2 ਪ੍ਰਤੀਸ਼ਤ, ਪ੍ਰਾਚੀ ਨੇ 93 ਪ੍ਰਤੀਸ਼ਤ, ਕ੍ਰਿਸ਼ਿਕਾ ਬਾਲੀ ਨੇ 89.6 ਪ੍ਰਤੀਸ਼ਤ, ਜਾਨਵੀ ਨੇ 88.2 ਪ੍ਰਤੀਸ਼ਤ, ਕੁਸੁਮ ਬਾਂਸਲ ਨੇ 86.4 ਪ੍ਰਤੀਸ਼ਤ, ਨਵਜੋਤ ਕੌਰ ਨੇ 83.8 ਪ੍ਰਤੀਸ਼ਤ, ਕੈਸ਼ਵ ਨੇ 82.2 ਪ੍ਰਤੀਸ਼ਤ ਤੇ ਸਿਮਰਨਜੀਤ ਕੌਰ ਨੇ 80 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ।ਇਸ ਮੌਕੇ ਸਕੂਲ ਦੇ ਚੇਅਰਮੈਨ ਸ਼ੈਰੀਕ ਗਰਗ, ਪ੍ਰਿੰਸੀਪਲ ਮੋਨਿਕਾ ਗਰਗ ਤੇ ਸਮੂਹ ਸਟਾਫ ਵੱਲੋਂ ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਤਾ-ਪਿਤਾ ਨੂੰ ਦਿਲੋਂ ਵਧਾਈਆਂ ਦਿੱਤੀਆਂ ਗਈਆਂ।ਪ੍ਰਿੰਸੀਪਲ ਨੇ ਕਿਹਾ ਕਿ ਇਹ ਸਫਲਤਾ ਅਧਿਆਪਕਾਂ ਤੇ ਵਿਦਿਆਰਥੀਆਂ ਦੀ ਸਖ਼ਤ ਮਿਹਨਤ ਦਾ ਨਤੀਜਾ ਹੈ।ਉਨ੍ਹਾਂ ਦੱਸਿਆ ਕਿ ਪਿਛਲੇ ਪੰਜ ਸਾਲਾਂ ਦੀ ਤਰ੍ਹਾਂ ਇਸ ਸਾਲ ਵੀ 100 ਪ੍ਰਤੀਸ਼ਤ ਨਤੀਜਾ ਹਾਸਲ ਕਰਕੇ ਸਕੂਲ ਨੇ ਆਪਣੀ ਉੱਚ ਪੜ੍ਹਾਈ ਮਿਆਰ ਨੂੰ ਬਰਕਰਾਰ ਰੱਖਿਆ ਹੈ।ਆਖਰ ਵਿੱਚ ਪ੍ਰਿੰਸੀਪਲ ਗਰਗ ਨੇ ਸਮੂਹ ਸਟਾਫ, ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਤਾ-ਪਿਤਾ ਨੂੰ ਵਧਾਈਆਂ ਦਿੱਤੀਆਂ।

## ਜੰਗਲਾਤ ਵਿਭਾਗ ਦੇ ਡੇਲੀਵੇਜਿਜ਼ ਕਾਮਿਆਂ ਦੀ ਸਬ ਕਮੇਟੀ ਦਾ ਪੁਨਰਗਠਨ




ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਦੀ ਕਲਾਸ ਫੋਰਥ ਗੌਰਮਿੰਟ ਇੰਪਲਾਈਜ਼ ਯੂਨੀਅਨ ਪੰਜਾਬ (1680) ਦੀ ਜ਼ਿਲ੍ਹਾ ਸਬ ਕਮੇਟੀ ਜੰਗਲਾਤ, ਜੰਗਲੀ ਜੀਵ, ਜੰਗਲਾਤ ਨਿਗਮ, ਜ਼ਿਲ੍ਹਾ ਸਬ ਕਮੇਟੀ ਦਾ ਪੁਨਰਗਠਨ ਕੀਤਾ ਗਿਆ।ਇਸ ਦੀ ਅਗਵਾਈ ਸੂਬਾ ਪ੍ਰਧਾਨ ਦਰਸ਼ਨ ਸਿੰਘ ਲੁਬਾਣਾ, ਫੈਡਰੇਸ਼ਨ ਦੇ ਵਰਕਿੰਗ ਜ਼ਿਲ੍ਹਾ ਪ੍ਰਧਾਨ ਸੂਰਜ ਪਾਲ ਯਾਦਵ ਨੇ ਕੀਤੀ। ਇਸ ਮੌਕੇ ਵਿਭਾਗ ਵਿਚਲੇ ਰਹਿੰਦੇ ਕਾਮਿਆਂ ਨੂੰ ਰੈਗੂਲਰ ਕਰਨ, ਰਹਿੰਦੀਆਂ ਤਨਖਾਹਾਂ ਜਾਰੀ ਕਰਨ, ਕੰਮਾਂ ਤੋਂ ਹਟਾਏ ਵਰਕਰਾਂ ਨੂੰ ਕੰਮਾਂ 'ਤੇ ਹਾਜ਼ਰ ਕਰਨ ਆਦਿ ਇਸ਼ੂਆਂ 'ਤੇ ਵਿਚਾਰ ਕੀਤਾ ਗਿਆ ਤੇ ਫੈਸਲਾ ਕੀਤਾ ਕਿ ਮੰਗਾਂ ਸਮੇਤ ਮਹਿੰਗਾਈ ਭੱਤਾ, ਪੁਰਾਣੀ ਪੈਨਸ਼ਨ ਪ੍ਰਾਪਤੀ ਆਦਿ ਇਸ਼ੂਆਂ 'ਤੇ ਵਣ ਭਵਨ ਮੋਹਾਲੀ ਵਿਖੇ ਮਈ ਵਿੱਚ ਧਰਨਾ ਦਿੱਤਾ ਜਾਵੇਗਾ।ਕਮੇਟੀ ਵਿੱਚ ਪ੍ਰਧਾਨ ਤਰਲੋਚਨ ਗਿਰ ਮਾੜੂ ਪਟਿਆਲਾ, ਜਨਰਲ ਸਕੱਤਰ ਬਲਵਿੰਦਰ ਸਿੰਘ ਸਾਮਲਾ ਨਾਭਾ, ਸੀਨੀਅਰ ਮੀਤ ਪ੍ਰਧਾਨ ਤਰਲੋਚਨ ਮੰਡੋਲੀ ਰਾਜਪੁਰਾ, ਸੀਨੀਅਰ ਮੀਤ ਪ੍ਰਧਾਨ ਨਿਸ਼ਾਨ ਰਾਣਾ ਡੇਰਾਬਸੀ, ਐਡੀਸ਼ਨਲ ਜਨਰਲ ਸਕੱਤਰ ਚੰਦਰ ਭਾਨ ਮੋਹਾਲੀ/ਪਟਿਆਲਾ, ਮੀਤ ਪ੍ਰਧਾਨ ਸੱਤਪਾਲ ਲੰਗ ਪਟਿਆਲਾ, ਖਜ਼ਾਨਚੀ ਸੋਮ ਦੱਤ ਜੰਗਲੀ ਜੀਵ ਪਟਿਆਲਾ, ਪ੍ਰਚਾਰ ਸਕੱਤਰ ਕੁਲਵਿੰਦਰ ਸਿੰਘ ਕਾਲਵਾ ਜੰਗਲੀ ਜੀਵ ਪਟਿਆਲਾ, ਮੁੱਖ ਸਲਾਹਕਾਰ ਨਛੱਤਰ ਸਿੰਘ ਲਾਛੜੂ ਰਾਜਪੁਰਾ, ਸਹਾਇਕ ਸਕੱਤਰ ਹਰਜਿੰਦਰ ਸਿੰਘ ਅਮਲੋਹ, ਜਥੇਬੰਦਕ ਸਕੱਤਰ ਨਿਰਮਲ ਸਿੰਘ ਭਾਦਸੋਂ, ਦਫ਼ਤਰ ਸਕੱਤਰ ਲਖਵੀਰ ਸਿੰਘ ਛੱਤਬੀੜ ਬਨੂੜ, ਸਹਾਇਕ ਸਕੱਤਰ ਬਲਵਿੰਦਰ ਸਿੰਘ ਛੱਤਬੀੜ ਬਨੂੜ, ਸਹਾਇਕ ਸਕੱਤਰ ਜਸਵਿੰਦਰ ਸਿੰਘ ਭਾਦਸੋਂ ਆਦਿ ਚੁਣੇ ਗਏ।

# ਕਾਮਰਸ-ਫੈਸਟ 2025-26 ਪ੍ਰੋਗਰਾਮ 'ਚ ਪ੍ਰਤਿਭਾ ਪ੍ਰਦਰਸ਼ਨ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)- ਖਾਲਸਾ ਕਾਲਜ ਦੇ ਕਾਮਰਸ ਐਂਡ ਬਿਜ਼ਨਸ ਐਡਮਿਨਿਸਟ੍ਰੇਸ਼ਨ ਵਿਭਾਗ ਦੀ ਕਾਮਰਸ ਸੋਸਾਇਟੀ ਵੱਲੋਂ ਕਾਮਰਸ-ਫੈਸਟ ਪ੍ਰੋਗਰਾਮ ਕਰਵਾਇਆ ਗਿਆ। ਪ੍ਰੋਗਰਾਮ ਦਾ ਮਕਸਦ ਵਿਦਿਆਰਥੀਆਂ ਦੀ ਪ੍ਰਤਿਭਾ, ਰਚਨਾਤਮਕਤਾ ਅਤੇ ਪ੍ਰਬੰਧਕੀ ਹੁਨਰ ਨੂੰ ਪ੍ਰਦਰਸ਼ਿਤ ਕਰਨ ਲਈ ਮੰਚ ਪ੍ਰਦਾਨ ਕਰਨਾ ਸੀ, ਜਿਸ 'ਚ ਉਨ੍ਹਾਂ ਨੇ ਉਤਸ਼ਾਹ ਨਾਲ ਭਾਗ ਲਿਆ।ਇਸ ਪ੍ਰੋਗਰਾਮ ਮੌਕੇ ਖ਼ਾਲਸਾ ਯੂਨੀਵਰਸਿਟੀ ਦੇ ਉਪ ਕੁਲਪਤੀ ਡਾ. ਮਹਿਲ ਸਿੰਘ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਵਿਭਾਗ ਦੇ ਯਤਨਾਂ ਦੀ ਸ਼ਲਾਘਾ ਕੀਤੀ।ਪ੍ਰਿੰ. ਡਾ. ਆਤਮ ਸਿੰਘ ਰੰਧਾਵਾ ਨੇ ਡਾ. ਸਵਰਾਜ ਕੌਰ ਨਾਲ ਮਿਲ ਕੇ ਡਾ. ਮਹਿਲ ਸਿੰਘ ਦਾ ਸਵਾਗਤ ਕੀਤਾ।ਉਪਰੰਤ ਪ੍ਰੋਗਰਾਮ ਕੋ-ਕਨਵੀਨਰ ਅਤੇ ਡਿਪਟੀ ਰਜਿਸਟਰਾਰ ਡਾ. ਦੀਪਕ ਦੇਵਗਨ ਨੇ ਡਾ. ਮਹਿਲ ਸਿੰਘ ਦੀ ਰਸਮੀ ਤੌਰ 'ਤੇ ਜਾਣ-ਪਛਾਣ ਕਰਵਾਉਂਦਿਆਂ ਫੈਸਟ ਦੇ ਆਯੋਜਨ ਦੇ ਉਦੇਸ਼ 'ਤੇ ਚਾਨਣਾ ਪਾਇਆ।ਪ੍ਰੋਗਰਾਮ ਦੌਰਾਨ ਭਾਸ਼ਣ, ਬਹਿਸ, ਕਵਿਤਾ, ਪੋਸਟਰ ਮੇਕਿੰਗ, ਬੀ-ਪਲਾਨ ਮੁਕਾਬਲਾ, ਕੁਇਜ਼, ਐਡ-ਮੈਡ, ਸੋਲੋ ਡਾਂਸ, ਗਰੁੱਪ ਡਾਂਸ, ਸਿੰਗਿੰਗ, ਫੈਸ਼ਨਸਟਾ, ਰੰਗੋਲੀ ਅਤੇ ਫੋਟੋਗ੍ਰਾਫੀ ਵਰਗੇ ਵੱਖ-ਵੱਖ ਮੁਕਾਬਲੇ ਕਾਬਿਲੇ-ਤਾਰੀਫ ਸਨ।ਇਸ ਮੌਕੇ ਕਾਲਜ ਰਜਿਸਟਰਾਰ ਡਾ. ਦਵਿੰਦਰ ਸਿੰਘ, ਡੀਨ ਅਕਾਦਮਿਕ ਮਾਮਲੇ ਡਾ. ਤਮਿੰਦਰ ਭਾਟੀਆ ਨੇ ਸਾਂਝੇ ਤੌਰ 'ਤੇ ਡਾ. ਸਵਰਾਜ ਕੌਰ ਅਤੇ ਡਾ. ਦੇਵਗਨ ਨੂੰ ਸ਼ਾਨਦਾਰ ਸਮਾਗਮ ਕਰਵਾਉਣ ਲਈ ਵਧਾਈ ਦਿੱਤੀ।ਉਕਤ ਮੁਕਾਬਲਿਆਂ ਦੌਰਾਨ ਡਾ. ਸੁਰਜੀਤ ਕੌਰ, ਡਾ. ਗੁਰਸ਼ਰਨ ਕੌਰ, ਡਾ. ਰਣਦੀਪ ਸਿੰਘ, ਪ੍ਰੋ. ਦਵਿੰਦਰ ਕੌਰ, ਪ੍ਰੋ. ਜਸਮੀਤ ਕੌਰ, ਪ੍ਰੋ. ਦਲਜੀਤ ਸਿੰਘ, ਪ੍ਰੋ. ਗੁਰਪ੍ਰੀਤ ਸਿੰਘ, ਪ੍ਰੋ. ਹਰਮਨ ਸਿੰਘ, ਪ੍ਰੋ. ਹਰਮਨਦੀਪ ਕੌਰ, ਪ੍ਰੋ. ਜਗਦੀਪ ਕੌਰ, ਪ੍ਰੋ. ਨੇਹਾ, ਪ੍ਰੋ. ਨਵਜੋਤ ਕੌਰ, ਪ੍ਰੋ. ਵਿਸ਼ਾਲ ਸ਼ਰਮਾ, ਪ੍ਰੋ. ਸੁਖਬੀਰ ਨੇ ਜੱਜਾਂ ਦੀ ਭੂਮਿਕਾ ਬਾਖੂਬੀ ਨਿਭਾਈ।ਇਸ ਮੌਕੇ ਜੇਤੂ ਵਿਦਿਆਰਥੀਆਂ ਡਾ. ਦਵਿੰਦਰ ਸਿੰਘ ਨੇ ਇਨਾਮ ਤਕਸੀਮ ਕੀਤੇ।ਇਸ ਮੌਕੇ ਡੀਨ ਵਿਦਿਆਰਥੀ ਭਲਾਈ ਡਾ. ਦਲਜੀਤ ਸਿੰਘ, ਡਾ. ਪੂਨਮ ਸ਼ਰਮਾ, ਪ੍ਰੋ. ਰੀਮਾ ਸਚਦੇਵਾ, ਡਾ. ਸਾਕਸ਼ੀ ਸ਼ਰਮਾ, ਡਾ. ਮਨੀਸ਼ਾ ਬਹਿਲ, ਪ੍ਰੋ. ਪੂਜਾ ਪੁਰੀ, ਅਮਿਤੋਜ ਸਿੰਘ ਸੰਧੂ, ਦਾਨਿਸ਼ ਬੱਬਰ, ਅਪਰਨਾ ਸਲਵਾਨ ਅਤੇ ਹੋਰ ਫੈਕਲਟੀ ਮੈਂਬਰ ਵੀ ਮੌਜੂਦ ਸਨ।

## ਬੀਰਪ੍ਰਤਾਪ ਸਿੰਘ ਨੇ ਸੰਜੋਇਆ ਪਾਇਲਟ ਜਾਂ ਨੇਵੀ ਅਫਸਰ ਬਣਨਾ ਦਾ ਸੁਪਨਾ



**ਛੇਹਰਟਾ/ਖਾਸਾ, (ਮਨੋਜ ਕੁਮਾਰ/ ਸ਼ਸ਼ਪਾਲ ਸਿੰਘ)** : ਸ੍ਰੀ ਗੁਰੂ ਹਰਿਕ੍ਰਿਸ਼ਨ ਇੰਟਰਨੈਸ਼ਨਲ ਸਕੂਲ, ਡੀ ਬਲਾਕ, ਰਣਜੀਤ ਐਵੀਨਿਊ, ਅੰਮ੍ਰਿਤਸਰ ਦੇ ਵਿਦਿਆਰਥੀ ਬੀਰਪ੍ਰਤਾਪ ਸਿੰਘ ਨੇ ਸੀਬੀਐੱਸਸੀ ਵੱਲੋਂ ਐਲਾਨੇ 10ਵੀਂ ਜਮਾਤ ਦੇ ਨਤੀਜੇ ਵਿਚ 80.2 ਫ਼ੀਸਦੀ ਅੰਕ ਪ੍ਰਾਪਤ ਕਰਕੇ ਆਪਣੇ ਸਕੂਲ, ਜ਼ਿਲ੍ਹੇ ਤੇ ਮਾਪਿਆਂ ਦਾ ਨਾਂ ਰੌਸ਼ਨ ਕੀਤਾ ਹੈ। ਇਸ ਮੌਕੇ ਗੱਲਬਾਤ ਕਰਦਿਆਂ ਬੀਰਪ੍ਰਤਾਪ ਸਿੰਘ ਦੇ ਪਿਤਾ ਪੱਤਰਕਾਰ ਕ੍ਰਿਸ਼ਨ ਸਿੰਘ ਦੁਸਾਂਝ ਤੇ ਮਾਤਾ ਅਧਿਆਪਿਕਾ ਰਾਜਬੀਰ ਕੌਰ ਨੇ ਕਿਹਾ ਕਿ ਉਹ ਸ੍ਰੀ ਹਰਿਕ੍ਰਿਸ਼ਨ ਇੰਟਰਨੈਸ਼ਨਲ ਸਕੂਲ ਡੀ ਬਲਾਕ ਦੇ ਸਮੂਹ ਅਧਿਆਪਕਾਂ ਤੇ ਪ੍ਰਿੰਸੀਪਲ ਦਪਿੰਦਰ ਕੌਰ ਦੇ ਤਹਿ ਦਿਲੋਂ ਧੰਨਵਾਦੀ ਹਨ, ਜਿਨ੍ਹਾਂ ਨੇ ਵਿਦਿਆਰਥੀਆਂ ਦੀ ਸਮੇਂ-ਸਮੇਂ 'ਤੇ ਯੋਗ ਦਿਸ਼ਾ ਨਿਰਦੇਸ਼ ਦੇ ਕੇ ਹੌਸਲਾ ਅਫ਼ਜ਼ਾਈ ਕੀਤੀ ਹੈ। ਬੀਰਪ੍ਰਤਾਪ ਸਿੰਘ ਨੇ ਦੱਸਿਆ ਕਿ ਉਹ 12ਵੀਂ ਜਮਾਤ ਨਾਨ-ਮੈਡੀਕਲ ਦੇ ਵਿਸ਼ਿਆਂ ਵਿਚ ਕਰਨਾ ਚਾਹੁੰਦਾ ਹੈ। ਉਸ ਨੇ ਦੱਸਿਆ ਕਿ ਉਸ ਦਾ ਸੁਫ਼ਨਾ ਐੱਨਡੀਏ ਦੀ ਪ੍ਰੀਖਿਆ ਪਾਸ ਕਰਕੇ ਏਅਰ ਫੋਰਸ ਵਿਚ ਪਾਇਲਟ ਜਾਂ ਨੇਵੀ ਵਿਚ ਅਫਸਰ ਬਣਨਾ ਚਾਹੁੰਦਾ ਹੈ; ਤਾਂ ਜੋ ਦੇਸ਼ ਦੀ ਸੇਵਾ ਕਰਕੇ ਆਪਣੇ ਸੂਬੇ, ਜ਼ਿਲ੍ਹੇ ਤੇ ਮਾਪਿਆਂ ਦਾ ਨਾਂ ਰੌਸ਼ਨ ਕਰ ਸਕੇ। ਉਸ ਨੇ ਦੱਸਿਆ ਕਿ ਉਹ ਆਪਣੇ ਦਾਦਾ ਸਵ. ਗੁਰਚਰਨ ਸਿੰਘ ਜੋ ਕਿ ਟੈਰੀਟੋਰੀਅਲ ਆਰਮੀ ਤੇ ਰੇਲਵੇ ਵਿਚੋਂ ਜੇਈ-9 ਸੇਵਾ ਮੁਕਤ ਹੋਏ ਸਨ, ਨੂੰ ਆਪਣਾ ਪ੍ਰੇਰਨਾ ਸਰੋਤ ਮੰਨਦਾ ਹੈ।

# ਵਾਤਾਵਰਣਿਕ ਜਾਗਰੂਕਤਾ ਫੈਲਾਉਣ ਲਈ ਪਿੰਗਲਵਾੜਾ ਨੇ ਕੱਢੀ ਵਿਸ਼ਾਲ ਰੈਲੀ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਭਗਤ ਪੂਰਨ ਸਿੰਘ ਜੀ ਨੇ ਸੰਨ 1927 ਵਿੱਚ ਵਾਤਾਵਰਨ ਦੀ ਸੰਭਾਲ ਅਤੇ ਜਾਗਰੂਕਤਾ ਲਈ ਕੰਮ ਕਰਨਾ ਸ਼ੁਰੂ ਕੀਤਾ ਸੀ।ਇਸ ਸੰਬੰਧ ਵਿੱਚ ਆਲ ਇੰਡੀਆ ਪਿੰਗਲਵਾੜਾ ਚੈਰੀਟੇਬਲ ਸੋਸਾਇਟੀ ਵੱਲੋਂ ਭਗਤ ਪੂਰਨ ਸਿੰਘ ਦੇ ਵਾਤਾਵਰਨ ਸੰਭਾਲ ਸੰਬੰਧੀ ਸੰਨ 2027 ਵਿੱਚ 100 ਸਾਲ ਪੂਰੇ ਹੋਣ ਤੋਂ ਪਹਿਲਾਂ ਸੰਸਥਾ ਵੱਲੋਂ ਕਈ ਸਮਾਗਮ ਕੀਤੇ ਜਾ ਰਹੇ ਹਨ।ਇਸੇ ਸੰਬੰਧ ਵਿੱਚ ਡਾ. ਇੰਦਰਜੀਤ ਕੌਰ ਮੁੱਖ ਸੇਵਾਦਾਰ ਪਿੰਗਲਵਾੜਾ ਸੋਸਾਇਟੀ ਦੀ ਅਗਵਾਈ ਹੇਠ ਪਿੰਗਲਵਾੜਾ ਪਰਿਵਾਰ ਵੱਲੋਂ ਵਾਤਾਵਰਨ ਜਾਗਰੂਕਤਾ ਵਿਸ਼ਾਲ ਰੈਲੀ ਕੱਢੀ ਗਈ, ਜਿਸ ਵਿੱਚ ਪਾਣੀ ਬਚਾਓ, ਪਲਾਸਟਿਕ ਦੇ ਥੈਲਿਆਂ ਦੀ ਜਗ੍ਹਾ ਕੱਪੜੇ ਦੇ ਥੈਲੇ, ਪਲਾਸਟਿਕ ਦੀਆਂ ਬੋਤਲਾਂ ਦੀ ਜਗ੍ਹਾ ਮਿੱਟੀ ਦੇ ਕਸੋਰੇ, ਤਾਂਬੇ-ਪਿੱਤਲ ਦੇ ਭਾਂਡਿਆਂ ਦੀ ਵਰਤੋਂ ਘਰਾਂ ਵਿੱਚ ਭਿਆਨਕ ਬਿਮਾਰੀਆਂ ਤੋਂ ਛੁਟਕਾਰਾ ਪਾਉਣ ਲਈ ਲੋਕਾਂ ਨੂੰ ਜਾਗਰੂਕ ਕੀਤਾ ਅਤੇ ਨਾਲ ਹੀ ਰਸਤੇ ਵਿੱਚ ਜਿਨ੍ਹਾਂ ਵਿਅਕਤੀਆਂ ਕੋਲ ਪਲਾਸਟਿਕ ਦੇ ਲਿਫ਼ਾਫ਼ਿਆਂ ਦੇ ਥੈਲੇ ਸਨ, ਉਨ੍ਹਾਂ ਨੂੰ ਕੱਪੜੇ ਦੇ ਥੈਲੇ ਦੇ ਕੇ ਅੱਗੇ ਤੋਂ ਕੱਪੜੇ ਦੇ ਥੈਲੇ ਵਰਤਣ ਦੀ ਪੁਰਜ਼ੋਰ ਅਪੀਲ ਕੀਤੀ।ਇਹ ਰੈਲੀ ਪਿੰਗਲਵਾੜਾ ਮੁੱਖ ਦਫ਼ਤਰ ਅੰਮ੍ਰਿਤਸਰ ਤੋਂ ਸ਼ੁਰੂ ਹੋ ਕੇ ਜੀ ਟੀ ਰੋਡ, ਹੁਸੈਨਪੁਰਾ ਚੌਕ ਤੋਂ ਹੁੰਦੀ ਹੋਈ ਨੰਦਨ ਸਿਨੇਮਾ ਚੌਕ ਤੋਂ ਰਾਮਬਾਗ ਚੌਕ ਥਾਣਾ ਰਾਮਬਾਗ ਤੋਂ ਹਾਲ ਗੇਟ, ਗੋਲ ਹੱਟੀ ਤੋਂ ਲੰਘਦੀ ਹੋਈ ਰਾਮਬਾਗ ਬਾਜ਼ਾਰ ਅਤੇ ਸਬਜ਼ੀ ਮੰਡੀ ਰਾਮਬਾਗ, ਆਈ. ਡੀ. ਐੱਚ. ਮਾਰਕੀਟ ਬੱਸ ਸਟੈਂਡ, ਚੌਕ ਮਾਹਣਾ ਸਿੰਘ, ਸ਼ੇਰਾ ਵਾਲਾ ਗੇਟ, ਘਿਉ ਮੰਡੀ, ਅਕਾਲੀ ਫੂਲਾ ਸਿੰਘ ਰੋਡ ਤੋਂ ਰਾਮ ਤਲਾਈ ਤੰਦੂਰਾਂ ਵਾਲਾ ਚੌਕ ਜੀ. ਟੀ. ਰੋਡ ਤੋਂ ਹੁੰਦੀ ਹੋਈ ਵਾਪਸ ਪਿੰਗਲਵਾੜਾ ਮੁੱਖ ਦਫ਼ਤਰ ਵਿਖੇ ਸੰਪੰਨ ਕੀਤੀ ਗਈ।ਰੈਲੀ ਵਿੱਚ ਲਗਪਗ 800 ਵੱਖ-ਵੱਖ ਸਕੂਲੀ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਅਧਿਆਪਕਾਂ ਨੇ ਭਾਗ ਲਿਆ ਜਿਨ੍ਹਾਂ ਵਿੱਚ ਪਿੰਗਲਵਾੜਾ ਦੇ ਭਗਤ ਪੂਰਨ ਸਿੰਘ ਆਦਰਸ਼ ਸੀਨੀਅਰ ਸਕੈਂਡਰੀ ਸਕੂਲ, ਸਕੂਲ ਫ਼ਾਰ ਡੈੱਫ਼, ਸਪੈਸ਼ਲ ਸਕੂਲ, ਇੰਸਟੀਚਿਊਟ ਫ਼ਾਰ ਸਪੈਸ਼ਲ ਨੀਡਜ਼, ਚੀਫ਼ ਖਾਲਸਾ ਦੀਵਾਨ, ਸ਼ਹੀਦ ਉਧਮ ਸਿੰਘ ਯਤੀਮਖਾਨਾ ਦੇ ਵਿਦਿਆਰਥੀਆਂ ਅਤੇ ਸਟਾਫ਼ ਵੱਲੋਂ ਡਾ. ਆਤਮਜੀਤ ਸਿੰਘ ਬਸਰਾ ਦੀ ਅਗਵਾਈ ਹੇਠ ਭਾਗ ਲਿਆ ਗਿਆ। ਬੱਚਿਆਂ ਵੱਲੋਂ ਬੂੰਦ-ਬੂੰਦ, ਪਾਣੀ ਬਚਾਓ, ਪਲਾਸਟਿਕ ਦੀ ਜਗ੍ਹਾ, ਕੱਪੜੇ ਦੇ ਥੈਲੇ ਵਰਤੋਂ, ਵਾਤਾਵਰਨ ਸ਼ੁੱਧ ਕਰਨ ਦੇ ਨਾਅਰੇ ਲਗਾ ਕੇ ਪੈਦਾ ਹੋਣ ਵਾਲੇ ਗੰਭੀਰ ਰੋਗਾਂ ਤੋਂ ਜਨਤਾ ਨੂੰ ਸੰਦੇਸ਼ ਦਿੱਤਾ।ਇਸ ਮੌਕੇ ਗਿਆਨੀ ਸੁਰਜੀਤ ਸਿੰਘ ਸਭਰਾ (ਹੈੱਡ ਗ੍ਰੰਥੀ, ਗੁਰਦੁਆਰਾ ਸ਼ਹੀਦ ਗੰਜ ਬਾਬਾ ਦੀਪ ਸਿੰਘ), ਡਾ. ਇੰਦਰਬੀਰ ਸਿੰਘ ਨਿੱਜਰ, ਇੰਜੀ. ਰਾਜੇਸ਼ ਸ਼ਰਮਾ (ਡੀਈਓ ਅੰਮ੍ਰਿਤਸਰ), ਡਾ. ਜਗਦੀਪਕ ਸਿੰਘ ਮੀਤ-ਪ੍ਰਧਾਨ, ਮੁਖਤਾਰ ਸਿੰਘ, ਆਨਰੇਰੀ ਸਕੱਤਰ, ਰਾਜਬੀਰ ਸਿੰਘ, ਮੈਂਬਰ ਪਿੰਗਲਵਾੜਾ ਸੋਸਾਇਟੀ, ਡਾ. ਨਿਰਮਲ ਸਿੰਘ ਮੈਂਬਰ ਪਿੰਗਲਵਾੜਾ ਸੋਸਾਇਟੀ, ਰਜਿੰਦਰ ਸਿੰਘ ਪ੍ਰਸ਼ਾਸਕ ਮਾਨਾਂਵਾਲਾ, ਤਿਲਕ ਰਾਜ ਜਨਰਲ ਮੈਨੇਜਰ, ਗੁਰਨੈਬ ਸਿੰਘ, ਕੁਲਵੰਤ ਸਿੰਘ ਅਣਖੀ ਅੰਮ੍ਰਿਤਸਰ ਵਿਕਾਸ ਮੰਚ, ਹਰਪਾਲ ਸਿੰਘ ਸੰਧੂ ਕੇਅਰ ਟੇਕਰ, ਮਾਸਟਰ ਅਜੀਤ ਸਿੰਘ, ਅਮਰਜੀਤ ਸਿੰਘ, ਪਵਨ ਸ਼ਰਮਾ, ਮੈਡਮ ਰਾਜਵਿੰਦਰ ਕੌਰ ਬਾਜਵਾ, ਨਰਿੰਦਰਪਾਲ ਸਿੰਘ ਸੋਹਲ, ਤਜਿੰਦਰਭਾਨ ਸਿੰਘ ਬੇਦੀ, ਪ੍ਰਿੰਸੀਪਲ ਨਰੇਸ਼ ਕਾਲੀਆ, ਪ੍ਰਿੰ. ਅਨੀਤਾ ਬੱਤਰਾ, ਪ੍ਰਿੰ. ਦਲਜੀਤ ਕੌਰ, ਗੁਲਸ਼ਨ ਰੰਜਨ, ਸੋਸ਼ਲ ਵਰਕਰ ਆਦਿ ਸ਼ਾਮਲ ਸਨ।ਡਾ. ਕੁੰਵਰ ਵਿਜੇ ਪ੍ਰਤਾਪ ਸਿੰਘ ਦੀ ਸਪੁੱਤਰੀ ਵਿਦਿਸ਼ਾ ਸਿੰਘ ਵੱਲੋਂ ਪੂਰਾ ਸਹਿਯੋਗ ਦਿੱਤਾ ਗਿਆ।ਰੈਲੀ ਉਪਰੰਤ ਸਾਰਿਆਂ ਨੂੰ ਲੰਗਰ ਵੀ ਛਕਾਇਆ ਗਿਆ।ਲੰਗਰ ਦੀ ਸੇਵਾ ਸ੍ਰੀ ਦਰਬਾਰ ਸਾਹਿਬ ਵੱਲੋਂ ਕੀਤੀ ਗਈ।ਡਾ. ਇੰਦਰਜੀਤ ਕੌਰ ਵੱਲੋਂ ਸਾਰਿਆਂ ਦਾ ਰੈਲੀ ਵਿੱਚ ਸ਼ਾਮਲ ਹੋਣ ਲਈ ਧੰਨਵਾਦ ਕੀਤਾ ਗਿਆ।

## ਪੱਤਰਕਾਰ ਬਲਵਿੰਦਰ ਬਾਲਮ ਦੀ ਪਤਨੀ ਦਾ ਦਿਹਾਂਤ



ਗੁਰਦਾਸਪੁਰ (ਜਨਕ ਮਹਾਜਨ)-ਸੀਨੀਅਰ ਪੱਤਰਕਾਰ ਬਲਵਿੰਦਰ ਬਾਲਮ ਦੀ ਧਰਮ ਪਤਨੀ ਬਲਬੀਰ ਕੌਰ (ਸੇਵਾਮੁਕਤ ਸੈਂਟਰ ਹੈੱਡ ਟੀਚਰ) ਦਾ ਸੰਖੇਪ ਬੀਮਾਰੀ ਪਿੱਛੋਂ ਦਿਹਾਂਤ ਹੋ ਗਿਆ। ਉਹ 67 ਵਰ੍ਹਿਆਂ ਦੇ ਸਨ। ਉਹ ਆਪਣੇ ਪਿੱਛੇ ਦੋ ਲੜਕੇ ਛੱਡ ਗਏ ਹਨ, ਜੋ ਕੈਨੇਡਾ ਰਹਿੰਦੇ ਹਨ। ਉਨ੍ਹਾਂ ਦਾ ਅੰਤਿਮ ਸੰਸਕਾਰ 20 ਅਪ੍ਰੈਲ ਦਿਨ ਸੋਮਵਾਰ ਦੁਪਹਿਰ 12 ਵਜੇ ਸਥਾਨਕ ਮੇਹਰ ਚੰਦ ਰੋਡ ਸਥਿਤ ਚਾਨਣ ਸ਼ਾਹ ਦੇ ਸ਼ਮਸ਼ਾਨਘਾਟ ਵਿੱਚ ਹੋਵੇਗਾ।

## ਹਲਕਾ ਇੰਚਾਰਜ ਸੇਖਵਾਂ ਵੱਲੋਂ ਸਰਕਾਰੀ ਸਮਾਰਟ ਸਕੂਲ 'ਚ ਨਵੇਂ ਬਣੇ ਕਮਰਿਆਂ ਦਾ ਉਦਘਾਟਨ



ਗੁਰਦਾਸਪੁਰ, ਧਾਰੀਵਾਲ (ਜਨਕ ਮਹਾਜਨ, ਮਨਦੀਪ ਵਿੱਕੀ)-ਕਾਦੀਆਂ ਦੇ ਹਲਕਾ ਇੰਚਾਰਜ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਪਿੰਡ ਰਣੀਆ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਵਿੱਚ ਨਵੇਂ ਕਮਰਿਆਂ ਦਾ ਉਦਘਾਟਨ ਕੀਤਾ। ਇਸ ਮੌਕੇ ਸਕੂਲ ਸਟਾਫ ਅਤੇ ਹਲਕੇ ਦੀਆਂ ਮੋਹਤਬਰ ਸ਼ਖ਼ਸੀਅਤਾਂ ਮੌਜੂਦ ਸਨ।ਇਸ ਮੌਕੇ ਸੇਖਵਾਂ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸਿੱਖਿਆ ਕ੍ਰਾਂਤੀ ਤਹਿਤ ਸਰਕਾਰੀ ਸਕੂਲਾਂ ਵਿੱਚ ਸਿੱਖਿਆ ਅਤੇ ਬੁਨਿਆਦੀ ਢਾਂਚਾ ਮਜ਼ਬੂਤ ਕੀਤਾ ਗਿਆ ਹੈ।ਵਿਦਿਆਰਥੀ ਅਤੇ ਵਿਦਿਆਰਥਣਾਂ ਸਰਕਾਰੀ ਸਕੂਲਾਂ ਵਿੱਚ ਟ੍ਰਾਂਸਪੋਰਟ, ਸੁਰੱਖਿਆ ਦੀ ਸਹੂਲਤ ਨਾਲ ਸਿੱਖਿਆ ਗ੍ਰਹਿਣ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰਨ ਲਈ ਸੂਬਾ ਭਰ ਵਿੱਚ 'ਸਕੂਲ ਆਫ ਐਮੀਨੈਂਸ' ਸਥਾਪਤ ਕੀਤੇ ਗਏ ਹਨ।ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪਹਿਲੇ ਦਿਨ ਤੋਂ ਸਿੱਖਿਆ ਨੂੰ ਤਰਜੀਹ ਦਿੰਦਿਆਂ ਸਰਕਾਰੀ ਸਕੂਲਾਂ ਦੀ ਨੁਹਾਰ ਬਦਲੀ ਹੈ।ਪੰਜਾਬ ਸਰਕਾਰ ਵੱਲੋਂ ਜਿਥੇ ਸਰਕਾਰੀ ਸਕੂਲਾਂ ਵਿਚਲੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕੀਤਾ ਜਾ ਰਿਹਾ ਹੈ ਉਥੇ ਵਿਦਿਆਰਥੀਆਂ ਨੂੰ ਡਿਜੀਟਲ ਤਕਨੀਕ ਨਾਲ ਸਮੇਂ ਦੀ ਹਾਣ ਦੀ ਸਿੱਖਿਆ ਮੁਹੱਈਆ ਕਰਵਾਈ ਜਾ ਰਹੀ ਹੈ।

## ਤਰਸੇਮ ਰਾਜ ਦੀ ਰਸਮ ਕਿਰਿਆ 25 ਨੂੰ



ਅਜਨਾਲਾ (ਸੁਖਤਿੰਦਰ ਸਿੰਘ ਰਾਜੂ)-ਨਗਰ ਪੰਚਾਇਤ ਅਜਨਾਲਾ ਦੇ ਸਾਬਕਾ ਪ੍ਰਧਾਨ ਦੀਪਕ ਕੁਮਾਰ ਅਰੋੜਾ ਦੇ ਪਿਤਾ ਤਰਸੇਮ ਰਾਜ ਦੀ ਰਸਮ ਕਿਰਿਆ ਅਜਨਾਲਾ ਦੇ ਪ੍ਰਾਚੀਨ ਸ਼ਿਵ ਮੰਦਰ ਅਜਨਾਲਾ ਵਿਖੇ 25 ਅਪ੍ਰੈਲ ਨੂੰ ਦੁਪਹਿਰ 1 ਤੋਂ 2 ਵਜੇ ਤੱਕ ਹੋਵੇਗੀ ਜਿੱਥੇ ਵੱਖ-ਵੱਖ ਰਾਜਨੀਤਿਕ ਪਾਰਟੀਆਂ, ਸਮਾਜਿਕ, ਧਾਰਮਿਕ ਸੰਸਥਾਵਾਂ ਦੇ ਆਗੂ ਅਤੇ ਇਲਾਕੇ ਦੀਆਂ ਨਾਮਵਰ ਸ਼ਖ਼ਸੀਅਤਾਂ ਵਿੱਛੜੀ ਰੂਹ ਨੂੰ ਸ਼ਰਧਾ ਦੇ ਫੁੱਲ ਭੇਟ ਕਰਨਗੀਆਂ।

## ਆਰ. ਡੀ. ਖੋਸਲਾ ਸਕੂਲ 'ਚ ਮਨਾਇਆ ਵਿਸ਼ਵ ਵਿਰਾਸਤ ਦਿਹਾੜਾ



ਬਟਾਲਾ (ਡਾ. ਮਲਵਿੰਦਰ ਸਿੰਘ)-ਆਰ. ਡੀ. ਖੋਸਲਾ ਡੀਏਵੀ ਮਾਡਲ ਸੀਨੀਅਰ ਸੈਕੰਡਰੀ ਸਕੂਲ, ਬਟਾਲਾ ਵਿਖੇ ਵਿਸ਼ਵ ਵਿਰਾਸਤ ਦਿਵਸ ਬੜੇ ਉਤਸ਼ਾਹ ਅਤੇ ਖੁਸ਼ੀ ਨਾਲ ਮਨਾਇਆ ਗਿਆ।ਇਸ ਮੌਕੇ ਵਿਦਿਆਰਥੀਆਂ ਨੇ ਵੱਖ-ਵੱਖ ਗਤੀਵਿਧੀਆਂ ਰਾਹੀਂ ਭਾਰਤੀ ਸੱਭਿਆਚਾਰਕ ਅਤੇ ਇਤਿਹਾਸਕ ਵਿਰਾਸਤ ਦੀ ਮਹੱਤਤਾ ਨੂੰ ਉਜਾਗਰ ਕੀਤਾ।ਇਸ ਮੌਕੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਸਕੂਲ ਦੀ ਪ੍ਰਿੰਸੀਪਲ ਡਾ. ਬਿੰਦੂ ਭੱਲਾ ਨੇ ਕਿਹਾ ਕਿ ਸਾਡੀ ਵਿਰਾਸਤ ਸਿਰਫ ਸਮਾਰਕਾਂ ਤੱਕ ਸੀਮਤ ਨਹੀਂ ਹੈ; ਸਾਡੀ ਸੰਸਕ੍ਰਿਤੀ, ਪਰੰਪਰਾਵਾਂ ਅਤੇ ਕਦਰਾਂ-ਕੀਮਤਾਂ ਵੀ ਸਾਡੀ ਵਿਰਾਸਤ ਹਨ।ਇਨ੍ਹਾਂ ਨੂੰ ਸੰਭਾਲਣਾ ਹਰ ਨਾਗਰਿਕ ਦਾ ਫਰਜ਼ ਹੈ।ਉਨ੍ਹਾਂ ਨੇ ਸਾਰੇ ਵਿਦਿਆਰਥੀਆਂ ਅਤੇ ਅਧਿਆਪਕਾਂ, ਖਾਸ ਕਰਕੇ ਹੈਰੀਟੇਜ ਕਲੱਬ ਦੇ ਮੈਂਬਰਾਂ ਨੂੰ ਇਸ ਸਫਲ ਸਮਾਗਮ ਲਈ ਵਧਾਈ ਦਿੱਤੀ ਅਤੇ ਭਵਿੱਖ ਵਿੱਚ ਅਜਿਹੇ ਜਾਣਕਾਰੀ ਭਰਪੂਰ ਪ੍ਰੋਗਰਾਮਾਂ ਵਿੱਚ ਹਿੱਸਾ ਲੈਣ ਲਈ ਉਤਸ਼ਾਹਿਤ ਕੀਤਾ।ਚੇਅਰਮੈਨ ਅਰਵਿੰਦ ਖੋਸਲਾ ਅਤੇ ਪ੍ਰਧਾਨ ਅਜੇ ਖੋਸਲਾ ਨੇ ਵੀ ਵਿਸ਼ਵ ਵਿਰਾਸਤ ਦਿਵਸ 'ਤੇ ਆਪਣੀਆਂ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਸਾਰਿਆਂ ਨੂੰ ਆਪਣੇ ਭਾਰਤੀ ਸੱਭਿਆਚਾਰ ਅਤੇ ਵਿਰਾਸਤ ਲਈ ਪਿਆਰ ਪੈਦਾ ਕਰਨ ਲਈ ਉਤਸ਼ਾਹਿਤ ਕੀਤਾ।

## ਮਹਿਤਾ ਤੇ ਉਦੋਨੰਗਲ ਦੇ ਕਿਸਾਨਾਂ ਨੂੰ ਫਸਲੀ ਮੁਆਵਜ਼ਾ ਦੇਣ ਦੀ ਮੰਗ



**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**-ਪਿੰਡ ਮਹਿਤਾ ਤੇ ਉਦੋਨੰਗਲ ਦੇ ਰਕਬੇ ਅੰਦਰ ਬਿਲਕੁਲ ਪੱਕੀ ਹੋਈ ਤਕਰੀਬਨ 14 ਏਕੜ ਕਣਕ ਅਤੇ ਡੇਢ ਦੋ ਏਕੜ ਨਾੜ ਜੋ ਬਿਲਕੁਲ ਸੜ ਕੇ ਸੁਆਹ ਹੋ ਗਏ ਸਨ, ਦਾ ਮੌਕਾ ਵੇਖਣ ਵਾਸਤੇ ਹਲਕਾ ਖਡੂਰ ਸਾਹਿਬ ਦੇ ਐਮ ਪੀ ਭਾਈ ਅੰਮ੍ਰਿਤਪਾਲ ਸਿੰਘ ਦੇ ਪਿਤਾ ਬਾਪੂ ਤਰਸੇਮ ਸਿੰਘ ਵਿਸ਼ੇਸ਼ ਤੌਰ 'ਤੇ ਮੌਕੇ ਤੇ ਪੁੱਜੇ।ਇਸ ਮੌਕੇ ਪੀੜਤ ਕਿਸਾਨ ਚਰਨ ਸਿੰਘ ਪੁੱਤਰ ਬਾਵਾ ਸਿੰਘ, ਕਸ਼ਮੀਰ ਸਿੰਘ ਪੁੱਤਰ ਬਾਵਾ ਸਿੰਘ,ਮੁਖਤਾਰ ਸਿੰਘ ਪੁੱਤਰ ਜੋਗਿੰਦਰ ਸਿੰਘ, ਗੁਰਮੁਖ ਸਿੰਘ ਪੁੱਤਰ ਸੰਤੋਖ ਸਿੰਘ, ਹਰੀ ਸਿੰਘ ਪੁੱਤਰ ਅਨੋਖ ਸਿੰਘ, ਜੈਮਲ ਸਿੰਘ ਪੁੱਤਰ ਇੰਦਰ ਸਿੰਘ, ਕੁਲਦੀਪ ਸਿੰਘ ਪੁੱਤਰ ਗੁਰਨਾਮ ਸਿੰਘ, ਕਸ਼ਮੀਰ ਸਿੰਘ ਪੁੱਤਰ ਬਾਵਾ ਸਿੰਘ, ਸੰਤੋਖ ਸਿੰਘ ਪੁੱਤਰ ਕੁੰਦਨ ਸਿੰਘ, ਗੁਰਮੁਖ ਸਿੰਘ ਪੁੱਤਰ ਕੁੰਦਨ ਸਿੰਘ, ਜਿਨਾਂ ਕੋਲ ਬੜੀ ਮੁਸ਼ਕਿਲ ਨਾਲ ਦੋ ਜਾਂ ਤਿੰਨ ਏਕੜ ਜਮੀਨ ਦੀ ਮਾਲਕੀ ਹੈ, ਅੱਗ ਕਾਰਨ ਉਨ੍ਹਾਂ ਦਾ ਬਹੁਤ ਵੱਡਾ ਨੁਕਸਾਨ ਹੋਇਆ ਹੈ।ਕਿਸਾਨਾਂ ਨੇ 60 ਹਜ਼ਾਰ ਰੁਪਏ ਪ੍ਰਤੀ ਏਕੜ ਦੇ ਹਿਸਾਬ ਨਾਲ ਮੁਆਵਜ਼ਾ ਦੇਣ ਦੀ ਮੰਗ ਕੀਤੀ। ਬਾਪੂ ਤਰਸੇਮ ਸਿੰਘ ਨੇ ਆਪਣੀ ਜਥੇਬੰਦੀ ਦੇ ਸਿੰਘਾਂ ਨੂੰ ਕਿਸਾਨਾਂ ਨੂੰ ਕਣਕ, ਤੂੜੀ ਤੇ ਹੋਰ ਕਿਸੇ ਪ੍ਰਕਾਰ ਦੀ ਮਦਦ ਦੇਣ ਲਈ ਵੀ ਆਖਿਆ। ਇਸ ਸਮੇਂ ਉਨ੍ਹਾਂ ਨਾਲ ਚਾਚਾ ਪਲਵਿੰਦਰ ਸਿੰਘ, ਸਾਬਕਾ ਸਰਪੰਚ ਬਲਵਿੰਦਰ ਸਿੰਘ ਧਰਦਿਓ, ਬਲਦੇਵ ਸਿੰਘ ਬਿੱਟਾ, ਪਰਮਜੀਤ ਸਿੰਘ ਪੰਮਾ, ਸੁਖਚੈਨ ਸਿੰਘ, ਜਤਿੰਦਰ ਸਿੰਘ ਮਹਿਤਾ, ਯੂਥ ਆਗੂ ਯੁਵਰਾਜ ਰਾਜ ਸਿੰਘ ਉਦੋਂ ਨੰਗਲ, ਗੁਰਜੰਟ ਸਿੰਘ ਯੋਧਾ ਮਹਿਤਾ, ਕੇਵਲ ਸਿੰਘ ਪ੍ਰਧਾਨ, ਸਾਬਕਾ ਬਲਾਕ ਸੰਮਤੀ ਮੈਂਬਰ ਮਨਜੀਤ ਸਿੰਘ ਮੰਨਾ,ਸੁੱਖ ਵਿਰਕ, ਦੇਸ਼ਾਂ ਸਿੰਘ ਚੁੰਗ,ਹਰਜੀਤ ਸਿੰਘ ਬੂੜੇ ਨੰਗਲ, ਸੋਨੂੰ ਸੈਦੋਕੇ,ਬਲਕਾਰ ਸਿੰਘ ਨੰਗਲੀ, ਰਵਿੰਦਰਪਾਲ ਸਿੰਘ ਰਵੀ, ਸੁਖਚੈਨ ਸਿੰਘ ਨਵਾਬਪੁਰ, ਅੰਗਰੇਜ਼ ਸਿੰਘ ਜਾਲੀਆਂ, ਪ੍ਰੇਮ ਸਿੰਘ, ਸਕੱਤਰ ਸਿੰਘ ਜਲਾਲ, ਬਾਪੂ ਗਿਆਨ ਸਿੰਘ ਜਲਾਲ, ਆਦਿ ਹਾਜ਼ਰ ਸਨ।

## ਤਰਸਪ੍ਰੀਤ ਸਿੰਘ ਦੀ ਮੌਤ 'ਤੇ ਦੁੱਖ ਦਾ ਪ੍ਰਗਟਾਵਾ



ਚੇਤਨਪੁਰਾ (ਸੁਖਵੰਤ ਚੇਤਨਪੁਰੀ)-ਆਪ ਆਗੂ ਗੁਰਮੁੱਖ ਸਿੰਘ ਮੋਹਣ ਭੰਡਾਰੀਆਂ ਦੇ ਭਤੀਜੇ ਤਰਸਪ੍ਰੀਤ ਸਿੰਘ ਪੁੱਤਰ ਗੁਰਪ੍ਰੀਤ ਸਿੰਘ (15) ਦੀ ਹੋਈ ਬੇਵਕਤੀ ਮੌਤ 'ਤੇ ਪੱਤਰਕਾਰ ਯੂਨੀਅਨ ਬਲਾਕ ਅਜਨਾਲਾ ਵਲੋਂ ਡੂੰਘੇ ਦੁੱਖ ਦਾ ਇਜ਼ਹਾਰ ਕਰਦਿਆਂ ਪਰਿਵਾਰ ਨਾਲ ਹਮਦਰਦੀ ਜ਼ਾਹਿਰ ਕੀਤੀ ਹੈ।ਵਿਛੜੀ ਰੂਹ ਨਮਿਤ ਅੰਤਿਮ ਅਰਦਾਸ ਪਿੰਡ ਮੋਹਨ ਭੰਡਾਰੀਆਂ ਦੇ ਗੁਰਦੁਆਰਾ ਸਾਹਿਬ ਵਿਖੇ 22 ਅਪ੍ਰੈਲ ਨੂੰ ਹੋਵੇਗੀ।ਪੱਤਰਕਾਰ ਯੂਨੀਅਨ ਨੇ ਦੋ ਮਿੰਟ ਦਾ ਮੌਨ ਰੱਖ ਕੇ ਵਿਛੜੀ ਰੂਹ ਨੂੰ ਸ਼ਰਧਾਂਜਲੀ ਭੇਟ ਕੀਤੀ। ਦੁੱਖ ਦਾ ਪ੍ਰਗਟਾਵਾ ਕਰਨ ਵਾਲਿਆਂ ਵਿੱਚ ਸਾਂਸਦ ਗੁਰਜੀਤ ਸਿੰਘ ਔਜਲਾ, ਸਾਬਕਾ ਵਿਧਾਇਕ ਹਰਪ੍ਰਤਾਪ ਸਿੰਘ ਅਜਨਾਲਾ, ਕੰਵਰ ਪ੍ਰਤਾਪ ਅਜਨਾਲਾ, ਅਸ਼ੋਕ ਮੰਨਣ, ਜੋਧ ਸਿੰਘ ਸਮਰਾ, ਅਮਰਬੀਰ ਸਿੰਘ ਢੋਟ, ਹਰਜੋਤ ਸਿੰਘ ਸੰਧੂ, ਗੁਰ ਇਕਬਾਲ ਸਿੰਘ ਪੰਨੂ, ਬਲਦੇਵ ਸਿੰਘ ਬੱਬੂ ਚੇਤਨਪੁਰਾ, ਮੇਜਰ ਸਿੰਘ ਆੜ੍ਹਤੀ, ਸਰਵਣ ਸਿੰਘ ਨਿਜਾਮਪੁਰਾ ਅਤੇ ਪੱਤਰਕਾਰ ਯੂਨੀਅਨ ਦੇ ਸੁਖਵੰਤ ਚੇਤਨਪੁਰੀ, ਨਿਰਵੈਰ ਗਿਲ, ਮਹਾਂਬੀਰ ਗਿੱਲ, ਸੁਖਦੇਵ ਸਿੰਘ ਖਾਲਸਾ, ਰਕੇਸ਼ ਭੱਟੀ, ਰਣਬੀਰ ਸਿੰਘ ਮਿੰਟੂ, ਕੁਲਦੀਪ ਸੰਤੂ ਨੰਗਲ, ਜਸਵਿੰਦਰ ਸੰਧੂ, ਸ਼ਰਨਜੀਤ ਸਿੰਘ ਗਿੱਲ, ਸਾਬਕਾ ਬਲਾਕ ਸੰਮਤੀ ਮੈਂਬਰ ਗੁਰਪਿੰਦਰ ਸਿੰਘ ਪਾਖਰਪੁਰਾ, ਸਰਪੰਚ ਸਤਨਾਮ ਸਿੰਘ ਪਾਖਰਪੁਰਾ, ਦਲਜੀਤ ਸਿੰਘ ਪਾਖਰਪੁਰਾ, ਸੁਖਵਿੰਦਰ ਸਿੰਘ ਢਿੱਲੋਂ ਪਾਖਰਪੁਰਾ, ਕਾਮਰੇਡ ਟਹਿਲ ਸਿੰਘ ਚੇਤਨਪੁਰਾ, ਸਾਬਕਾ ਸਰਪੰਚ ਅਮਰਜੀਤ ਸਿੰਘ, ਸਾਬਕਾ ਬਲਾਕ ਸੰਮਤੀ ਮੈਂਬਰ ਗੁਰਜੀਤ ਸਿੰਘ, ਕਾ: ਬਲਕਾਰ ਸਿੰਘ ਦੁਧਾਲਾ, ਕਾ: ਬਲਵਿੰਦਰ ਸਿੰਘ ਦਧਾਲਾ, ਰਘਬੀਰ ਸਿੰਘ ਸਰਪੰਚ ਤਲਵੰਡੀ ਖੁੰਬਣ, ਹਰਅੰਮ੍ਰਿਤ ਪਾਲ ਸਿੰਘ ਸਾਬਕਾ ਸਰਪੰਚ ਤਲਵੰਡੀ ਖੁੰਮਣ, ਪਰਮਿੰਦਰ ਸਿੰਘ ਬੱਲ ਤਲਵੰਡੀ ਖੁੰਮਣ, ਸੁਖ ਸਿਮਰਤ ਸਿੰਘ ਬੱਲ, ਰਜਿੰਦਰ ਸਿੰਘ ਪ੍ਰਧਾਨ, ਗੁਰਸ਼ਰਨ ਸਿੰਘ ਬਾਠ, ਕੁਲਵੰਤ ਸਿੰਘ ਕਾਹਲੋਂ,ਪੱਤਰਕਾਰ ਜਗਦੀਸ਼ ਬਮਰਾ, ਸੋਇਮ ਆਨੰਦ, ਜਸਪਾਲ ਗਿੱਲ, ਮਨਿੰਦਰ ਸਿੰਘ ਸੌਖੀ, ਦਿਲਬਾਗ ਰਾਣੇ ਵਾਲੀ, ਗੁਰਪ੍ਰੀਤ ਸਿੰਘ, ਜਗਤਾਰ ਸਿੰਘ ਸਹਿਮੀ ਆਦਿ ਸ਼ਾਮਿਲ ਹਨ।

## ਸ੍ਰੀ ਗੁਰੂ ਨਾਨਕ ਦੇਵ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦਾ ਅੱਠਵੀਂ ਜਮਾਤ ਦਾ ਨਤੀਜਾ ਸ਼ਾਨਦਾਰ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਪੰਜਾਬ ਸਕੂਲ ਸਿੱਖਿਆ ਬੋਰਡ ਵਲੋਂ ਸਾਲ 2025-26 ਦੇ ਐਲਾਨੇ ਗਏ 8ਵੀਂ ਜਮਾਤ ਦੇ ਨਤੀਜਿਆਂ 'ਚ ਸ੍ਰੀ ਗੁਰੂ ਨਾਨਕ ਦੇਵ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਜੌੜੀਆਂ ਕਲਾਂ ਡੇਰਾ ਬਾਬਾ ਨਾਨਕ ਦਾ ਨਤੀਜਾ ਸ਼ਾਨਦਾਰ ਰਿਹਾ।ਇਸ ਸੰਬੰਧੀ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਸਕੂਲ ਦੇ ਪ੍ਰਿੰਸੀਪਲ ਮੈਡਮ ਪਲਵਿੰਦਰ ਕੌਰ ਬੇਦੀ ਨੇ ਦੱਸਿਆ ਕਿ ਅੱਠਵੀਂ ਜਮਾਤ ਦੀ ਵਿਦਿਆਰਥਣ ਸਮਰੀਨ ਕੌਰ ਅਤੇ ਕਸ਼ਿਸ਼ ਮੀਨੀਆ ਨੇ 94 ਫੀਸਦੀ ਅੰਕ ਪ੍ਰਾਪਤ ਕਰਕੇ ਕ੍ਰਮਵਾਰ ਪਹਿਲਾ, ਅਨਮੋਲ ਨੇ 92 ਫ਼ੀਸਦੀ ਅੰਕਾਂ ਨਾਲ ਦੂਜਾ ਅਤੇ ਤਰੁਨਪ੍ਰੀਤ ਕੌਰ ਨੇ 90 ਫ਼ੀਸਦੀ ਅੰਕ ਪ੍ਰਾਪਤ ਕਰਕੇ ਤੀਸਰਾ ਸਥਾਨ ਹਾਸਲ ਕੀਤਾ ਹੈ।ਉਨ੍ਹਾਂ ਦੱਸਿਆ ਕਿ 8ਵੀਂ ਜਮਾਤ ਦੇ ਬਾਕੀ ਵਿਦਿਆਰਥੀਆਂ ਦਾ ਨਤੀਜਾ ਵੀ ਬਹੁਤ ਸ਼ਾਨਦਾਰ ਰਿਹਾ ਹੈ।ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਸਕੂਲ ਦੇ ਡਾਇਰੈਕਟਰ ਸ: ਰਵੀਕਰਨ ਸਿੰਘ ਕਾਹਲੋਂ ਅਤੇ ਮੈਡਮ ਨਵਜੋਤ ਕੌਰ ਕਾਹਲੋਂ ਨੇ 8ਵੀਂ ਦੇ ਨਤੀਜਿਆਂ ਵਿੱਚ ਚੰਗੀਆਂ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਬੱਚਿਆਂ, ਉਨ੍ਹਾਂ ਦੇ ਮਾਪਿਆਂ ਤੋਂ ਇਲਾਵਾ ਸਕੂਲ ਦੀ ਪ੍ਰਿੰਸੀਪਲ ਮੈਡਮ ਪਲਵਿੰਦਰ ਕੌਰ ਬੇਦੀ ਅਤੇ ਸਕੂਲ ਦੇ ਸਮੁੱਚੇ ਸਮੂਹ ਸਟਾਫ ਨੂੰ ਵਧਾਈ ਦਿੱਤੀ ਅਤੇ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ ।ਇਸ ਮੌਕੇ ਵਾਈਸ ਪ੍ਰਿੰਸੀਪਲ ਮਨਦੀਪ ਕੌਰ, ਜਸਵੰਤ ਸਿੰਘ, ਹਰਵਿੰਦਰ ਕੌਰ, ਸੀਮਾ ਬੇਦੀ, ਰਿੰਕੂ ਬਾਲਾ, ਕਰਮਜੀਤ ਕੌਰ, ਰੀਨਾ ਕੁਮਾਰੀ, ਆਰਤੀ ਸਰਨਾ, ਪਿੰਦਰ ਜੀਤ ਕੌਰ, ਜੀਵਨ ਜੋਤੀ, ਮੈਡਮ ਜੀਵਨ, ਮੈਡਮ ਸਿਮਰਨ ਵੀਸ਼ਾਲੀ ਸ਼ਰਮਾ, ਰਜਵੰਤ ਕੌਰ, ਮੋਨਿਕਾ ਕੁਮਾਰੀ, ਜਤਿੰਦਰ ਕੌਰ, ਨਵਨੀਤ ਕੌਰ, ਰਮਨਜੀਤ ਕੌਰ ਸਟਾਫ਼ ਮੈਂਬਰ ਆਦਿ ਹਾਜ਼ਰ ਸਨ ।

## ਬੇਅਦਬੀਆਂ ਖਿਲਾਫ ਕਾਨੂੰਨ ਬਣਾਉਣਾ ਮਾਨ ਸਰਕਾਰ ਦਾ ਇਤਿਹਾਸਕ ਫੈਸਲਾ: ਸ਼ਮਸ਼ੇਰ ਸਿੰਘ

ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਸੂਬੇ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸ੍ਰੀ ਗੁਰੂ ਗ੍ਰੰਥ ਸਾਹਿਬ ਦੀਆਂ ਬੇਅਦਬੀ ਦੀਆਂ ਘਟਨਾਵਾਂ ਨੂੰ ਰੋਕਣ ਲਈ ਕੀਤੇ ਗਏ ਸੁਹਿਰਦ ਯਤਨਾਂ ਸਦਕਾ ਹੀ ਪੰਜਾਬ ਵਿਧਾਨ ਸਭਾ ਵਿਚ ਪਾਸ ਕੀਤਾ ਗਿਆ ਬਿੱਲ ਕਾਨੂੰਨੀ ਰੂਪ ਲੈ ਸਕਿਆ ਹੈ ਅਤੇ ਇਸ ਕਾਨੂੰਨ ਦੇ ਬਣਨ ਨਾਲ ਪੰਜਾਬ ਦੇ ਲੋਕਾਂ ਦੀ ਆਪਸੀ ਭਾਈਚਾਰਕ ਸਾਂਝ ਨੂੰ ਤੋੜਨ ਦੀਆਂ ਕੋਸ਼ਿਸ਼ਾਂ ਵਿਚ ਲੱਗੇ ਲੋਕਾਂ ਦੇ ਮਨਸੂਬਿਆਂ ਨੂੰ ਵੱਡੀ ਸੱਟ ਵੱਜੀ ਹੈ।ਇਹ ਗੱਲਾਂ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਕਹੀਆਂ।ਉਨ੍ਹਾਂ ਕਿਹਾ ਕਿ ਇਸ ਕਾਨੂੰਨ ਦੇ ਬਣਨ ਨਾਲ ਹੀ ਸਿੱਖ ਸੰਗਤ ਦੀ ਬਹੁਤ ਪੁਰਾਣੀ ਮੰਗ ਵੀ ਪੂਰੀ ਹੋ ਗਈ ਹੈ ਅਤੇ ਇਹ ਪੰਜਾਬ ਦੇ ਲੋਕਾਂ ਲਈ ਇਕ ਇਤਿਹਾਸਕ ਦਿਨ ਹੈ।ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਸਮੁੱਚੀ ਕੈਬਨਿਟ ਦਾ ਧੰਨਵਾਦ ਕਰਦਿਆਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਬੇਅਦਬੀਆਂ ਦੇ ਖਿਲਾਫ ਸਖਤ ਕਾਨੂੰਨ ਬਣਾ ਕੇ ਦੋਸ਼ੀਆਂ ਲਈ ਸਖਤ ਸਜ਼ਾਵਾਂ, ਜੁਰਮਾਨੇ, ਜਾਇਦਾਦਾਂ ਜ਼ਬਤ ਕਰਨ ਅਤੇ ਪਰਦੇ ਪਿਛਲੇ ਚਿਹਰਿਆਂ ਦੀ ਮਾਨਕਿਸਤਾ ਨੂੰ ਉਜਾਗਰ ਕਰਨ ਸਬੰਧੀ ਬਣਾਏ ਗਏ ਸਖਤ ਕਾਨੂੰਨ ਨਾਲ, ਚਿਰਾਂ ਤੋਂ ਵਲੂੰਧਰੇ ਜਾ ਰਹੇ ਸਿੱਖ ਸੰਗਤਾਂ ਦੇ ਹਿਰਦਿਆਂ ਨੂੰ ਠੰਢ ਪਈ ਹੈ।

## ਕਣਕ ਦੀ ਖਰੀਦ ਦੇ ਮਾਪਦੰਡਾਂ 'ਚ ਛੋਟ ਦੇਣ ਨਾਲ ਕਿਸਾਨਾਂ ਨੂੰ ਵੱਡੀ ਰਾਹਤ ਮਿਲੀ : ਹੀਰਾ ਵਾਲੀਆ



ਬਟਾਲਾ, (ਤਰਲੋਕ ਬੱਗਾ)- ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਹਰਸਿਮਰਨ ਸਿੰਘ ਹੀਰਾ ਵਾਲੀਆ ਦੀ ਅਗਵਾਈ ਹੇਠ ਭਾਜਪਾ ਦੇ ਬਟਾਲਾ ਦੇ ਦਫਤਰ ਵਿਖੇ ਇਕ ਪ੍ਰੈੱਸ ਕਾਨਫਰੰਸ ਦਾ ਆਯੋਜਨ ਕੀਤਾ ਗਿਆ ਜਿਸ ਵਿਚ ਭਾਜਪਾ ਪੰਜਾਬ ਦੇ ਉਪ ਪ੍ਰਧਾਨ ਰਵੀਕਰਨ ਸਿੰਘ ਕਾਹਲੋਂ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪਿਛਲੇ ਦਿਨੀਂ ਜੋ ਪੰਜਾਬ ਅੰਦਰ ਬੇਮੌਸਮੀ ਬਾਰਿਸ਼ ਹੋਈ ਸੀ ਉਸ ਨੂੰ ਮੱਦੇਨਜ਼ਰ ਰੱਖਦੇ ਹੋਏ ਮੋਦੀ ਸਰਕਾਰ ਨੇ ਕਿਸਾਨਾਂ ਨੂੰ ਇਕ ਵੱਡੀ ਰਾਹਤ ਦਿੰਦੇ ਹੋਏ ਕਣਕ ਦੀ ਖਰੀਦ ਦੇ ਮਾਪਦੰਡਾਂ ਵਿਚ ਵੱਡੀ ਛੋਟ ਦੇਣ ਦਾ ਐਲਾਨ ਕੀਤਾ ਹੈ ਜਿਸ ਲਈ ਅਸੀਂ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਦੇਸ਼ ਦੇ ਕ੍ਰਿਸ਼ੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਦਾ ਧੰਨਵਾਦ ਕਰਦੇ ਹਾਂ ਜਿਨ੍ਹਾਂ ਨੇ ਇਸ ਔਖੇ ਸਮੇਂ ਵਿਚ ਪੰਜਾਬ ਦੇ ਕਿਸਾਨਾਂ ਦੀ ਬਾਂਹ ਫੜੀ।ਰਵੀਕਰਨ ਸਿੰਘ ਕਾਹਲੋਂ ਨੇ ਕਿਹਾ ਕਿ ਬੇਮੌਸਮੀ ਬਾਰਿਸ਼ ਕਾਰਨ ਫਸਲਾਂ ਦੀ ਕੁਆਲਿਟੀ ਵਿਚ ਕੁਝ ਕਮੀ ਆਈ ਹੈ ਜਿਸ ਨੂੰ ਦੇਖਦੇ ਹੋਏ ਕੇਂਦਰ ਦੀ ਭਾਜਪਾ ਸਰਕਾਰ ਵੱਲੋਂ ਇਹ ਫੈਸਲਾ ਲਿਆ ਗਿਆ ਹੈ ਕਿ ਪੰਜਾਬ ਦੇ ਕਿਸਾਨਾਂ ਨੂੰ ਕਣਕ ਦੀ ਖਰੀਦ ਵਿਚ ਛੋਟ ਦਿੱਤੀ ਜਾਵੇ।ਪੰਜਾਬ ਸਰਕਾਰ ਦੀ ਆਲੋਚਨਾ ਕਰਦਿਆਂ ਰਵੀਕਰਨ ਕਾਹਲੋਂ ਨੇ ਕਿਹਾ ਕਿ ਕਿਸਾਨਾਂ ਦੀ ਫਸਲਾਂ ਦੀ ਖਰੀਦ ਨੂੰ ਲੈ ਕੇ ਭਗਵੰਤ ਮਾਨ ਸਰਕਾਰ ਗੰਭੀਰ ਨਹੀਂ ਸੀ ਕਿਉਂਕਿ ਬਾਕੀ ਸੂਬਿਆਂ ਦੀ ਸਰਕਾਰਾਂ ਨੇ ਅੱਜ ਤੋਂ ਕਈ ਦਿਨ ਪਹਿਲਾਂ ਹੀ ਫਸਲਾਂ ਦੀ ਖਰੀਦ ਨੂੰ ਲੈ ਕੇ ਕੇਂਦਰ ਸਰਕਾਰ ਨੂੰ ਪੱਤਰ ਲਿਖ ਦਿੱਤੇ ਸਨ ਲੇਕਿਨ ਪੰਜਾਬ ਦੀ ਸਰਕਾਰ ਨੇ 17 ਅਪ੍ਰੈਲ ਨੂੰ ਕੇਂਦਰ ਸਰਕਾਰ ਨੂੰ ਪੱਤਰ ਲਿਖਿਆ ਲੇਕਿਨ ਉਸ ਤੋਂ ਪਹਿਲਾ ਹੀ ਪੰਜਾਬ ਭਾਜਪਾ ਦੇ ਲੀਡਰਾਂ ਨੇ ਇਹ ਮਸਲਾ ਕੇਂਦਰੀ ਖੇਤਰੀ ਮੰਤਰੀ ਦੇ ਧਿਆਨ ਵਿਚ ਲਿਆਂਦਾ ਜਿਨ੍ਹਾਂ ਨੇ ਤੁਰੰਤ ਕਾਰਵਾਈ ਕਰਦੇ ਹੋਏ ਪੰਜਾਬ ਦੇ ਕਿਸਾਨਾਂ ਨੂੰ ਵੱਡੀ ਛੋਟ ਦਿੱਤੀ। ਇਸ ਮੌਕੇ ਜ਼ਿਲ੍ਹਾ ਜਨਰਲ ਸੈਕਟਰੀ ਰੋਸ਼ਨ ਲਾਲ, ਜ਼ਿਲ੍ਹਾ ਵਾਈਸ ਪ੍ਰਧਾਨ ਸ਼ਕਤੀ ਸ਼ਰਮਾ, ਭੂਸ਼ਣ ਬਜਾਜ, ਅਨੀਸ਼ ਅਗਰਵਾਲ, ਗੁਰਿੰਦਰ ਸਿੰਘ, ਬਲਵਿੰਦਰ ਕੁਮਾਰ, ਰਾਜ ਕੁਮਾਰ ਕਾਲੀ, ਵਿਜੇ ਭਾਟੀਆ ਆਦਿ ਹਾਜ਼ਰ ਸਨ।

## 'ਪੈਰਾਂ ਹੇਠਲਾ ਅੰਬਰ' ਕਾਵਿ ਪੁਸਤਕ ਲਈ ਅਨੰਤ ਗਿੱਲ ਨੂੰ ਮੁਬਾਰਕਬਾਦ



ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)-ਅਨੰਤ ਗਿੱਲ ਸਾਹਿਤਕ ਹਲਕਿਆਂ ਵਿਚ ਬੜਾ ਚਰਚਿੱਤ ਨਾਮ ਹੈ। ਕਰੀਬ ਦੋ ਦਹਾਕਿਆਂ ਤੋਂ ਪਾਠਕ ਉਸਦੀਆਂ ਕਵਿਤਾਵਾਂ ਵੱਖ-ਵੱਖ ਪੰਜਾਬੀ ਅਖਬਾਰਾਂ ਤੇ ਰਸਾਲਿਆਂ ਵਿਚ ਪੜ੍ਹਦੇ ਆ ਰਹੇ ਹਨ।

ਅਨੰਤ ਗਿੱਲ ਕਵਿਤਾ ਲਿਖਣ ਤੇ ਫਿਰ ਪਾਠਕਾਂ ਦੇ ਮਨਾਂ ਵਿਚ ਆਪਣੀ ਥਾਂ ਬਣਾਉਣ ਦਾ ਹੁਨਰ ਬਾਖੂਬੀ ਜਾਣਦੀ ਹੈ।ਉਹ ਆਪਣੀ ਕਵਿਤਾ ਵਿਚ ਭ੍ਰਿਸ਼ਟ ਸਿਸਟਮ, ਸਮਾਜਿਕ ਕੁਰੀਤੀਆਂ ਤੇ ਔਰਤਾਂ ਦੇ ਹੱਕਾਂ ਦੀ ਬਾਤ ਪਾਉਣ ਵਾਲੇ ਵਿਸ਼ਿਆਂ ਨੂੰ ਬੜੀ ਦਲੇਰੀ ਨਾਲ ਚੁਣਦੀ ਹੈ।ਜਿੱਥੇ ਉਸਦੀਆਂ ਕਵਿਤਾਵਾਂ ਨਾਮਵਰ ਅਖਬਾਰਾਂ ਮੈਗਜ਼ੀਨਾਂ ਵਿਚ ਛਪਦੀਆਂ ਨੇ ਉਥੇ ਹੀ ਉਹ ਅਨੇਕਾਂ ਸਾਹਿਤਕ ਸੰਸਥਾਵਾਂ ਤੇ ਸਾਹਿਤਕ ਅਕਾਦਮੀਆਂ ਦੇ ਵੱਡੇ ਮੰਚਾਂ 'ਤੇ ਆਪਣੀ ਕਵਿਤਾ ਪੇਸ਼ ਕਰਦੀ ਰਹਿੰਦੀ ਹੈ।ਅਨੇਕਾਂ ਨਾਮਵਰ ਸੰਸਥਾਵਾਂ ਵੱਲੋਂ ਉਸਨੂੰ ਸਨਮਾਨਿਤ ਵੀ ਕੀਤਾ ਜਾ ਚੁੱਕਾ।

'ਪੈਰਾਂ ਹੇਠਲਾ ਅੰਬਰ' ਅਨੰਤ ਗਿੱਲ ਦੀ ਪਲੇਠੀ ਕਾਵਿ ਪੁਸਤਕ ਹੈ।ਉਸਦੀ ਇਸ ਕਿਤਾਬ ਲਈ ਅਦਾਰਾ ਸ਼ਬਦ ਸਾਂਝ ਲਾਇਬ੍ਰੇਰੀ ਮਾਨ ਸੈਂਡਵਾਲ ਉਸਨੂੰ ਮੁਬਾਰਕਬਾਦ ਆਖਦਾ ਹੈ।

## ਰਾਜਪਾਲ ਕਟਾਰੀਆ ਵੱਲੋਂ ਸਰਹੱਦੀ ਖੇਤਰ ਦੇ ਸਕੂਲ ਪ੍ਰਿੰਸੀਪਲਾਂ ਨਾਲ ਵਿਸ਼ੇਸ਼ ਮੀਟਿੰਗ



ਪਠਾਨਕੋਟ, (ਦਵਿੰਦਰ ਸਿੰਘ)- ਮਾਨਯੋਗ ਰਾਜਪਾਲ ਪੰਜਾਬ ਗੁਲਾਬ ਚੰਦ ਕਟਾਰੀਆ ਵੱਲੋਂ ਸ੍ਰੀ ਸਾਈਂ ਕਾਲਜ ਬਧਾਨੀ ਪਠਾਨਕੋਟ ਵਿਖੇ ਜ਼ਿਲ੍ਹਾ ਪਠਾਨਕੋਟ ਦੇ ਸਰਹੱਦੀ ਖੇਤਰਾਂ ਅੰਦਰ ਸਥਿਤ ਸਕੂਲਾਂ ਦੇ ਪ੍ਰਿੰਸੀਪਲਾਂ ਨਾਲ ਇੱਕ ਵਿਸ਼ੇਸ਼ ਮੀਟਿੰਗ ਆਯੋਜਿਤ ਕੀਤੀ ਗਈ ਅਤੇ ਬੱਚਿਆਂ ਨੂੰ ਨਸ਼ੇ ਤੋਂ ਕਿਵੇਂ ਦੂਰ ਰੱਖਿਆ ਜਾ ਸਕਦਾ ਹੈ, ਸਬੰਧੀ ਬੱਚਿਆਂ ਨੂੰ ਪ੍ਰੇਰਿਤ ਕਰਨ ਲਈ ਦਿਸ਼ਾ ਨਿਰਦੇਸ਼ ਵੀ ਜਾਰੀ ਕੀਤੇ।

ਜ਼ਿਕਰਯੋਗ ਹੈ ਕਿ ਰਾਜਪਾਲ ਪੰਜਾਬ ਗੁਲਾਬ ਚੰਦ ਕਟਾਰੀਆ ਪਿਛਲੇ 3 ਦਿਨਾਂ ਤੋਂ ਪਠਾਨਕੋਟ ਦੇ ਵਿਸ਼ੇਸ਼ ਦੌਰੇ 'ਤੇ ਹਨ। ਇਸ ਦੌਰੇ ਦੌਰਾਨ ਜਿੱਥੇ ਉਨ੍ਹਾਂ ਵੱਲੋਂ ਜ਼ਿਲ੍ਹਾ ਪਠਾਨਕੋਟ ਅੰਦਰ ਵੱਖ-ਵੱਖ ਪਿੰਡਾਂ ਅਤੇ ਬਲਾਕ ਪੱਧਰ 'ਤੇ ਬਣਾਈਆਂ ਗਈਆਂ ਬੀਡੀਸੀਜ਼ ਕਮੇਟੀਆਂ ਦੇ ਮੈਂਬਰਾਂ ਨਾਲ ਮੀਟਿੰਗਾਂ ਕੀਤੀਆਂ ਉਥੇ ਹੀ ਨਸ਼ਾ ਮੁਕਤੀ ਅਭਿਆਨ ਯੁੱਧ ਨਸ਼ਿਆਂ ਵਿਰੁੱਧ ਅਧੀਨ ਸਿਟੀ ਪਠਾਨਕੋਟ ਅੰਦਰ ਇੱਕ ਪੈਦਲ ਯਾਤਰਾ ਵੀ ਕੱਢੀ ਅਤੇ ਨੌਜਵਾਨਾਂ ਨੂੰ ਨਸ਼ੇ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਵਿਵੇਕ ਪ੍ਰਤਾਪ ਸਿੰਘ ਸਕੱਤਰ ਪੰਜਾਬ ਰਾਜਪਾਲ, ਸ਼ਿਵ ਦੁਲਾਰ ਸਿੰਘ ਢਿੱਲੋਂ ਸਕੱਤਰ ਰੈੱਡ ਕਰਾਸ ਪੰਜਾਬ, ਇੰਜ. ਐੱਸ. ਕੇ. ਪੁੰਜ ਚੇਅਰਮੈਨ, ਤ੍ਰਿਪਤਾ ਪੁੰਜ ਮੈਨੇਜਿੰਗ ਡਾਇਰੈਕਟਰ, ਤੁਸ਼ਾਰ ਪੁੰਜ ਚੇਅਰਮੈਨ ਅਤੇ ਮੈਨੇਜਿੰਗ ਡਾਇਰੈਕਟਰ, ਰੀਆ ਪੁੰਜ ਵਾਈਸ ਪ੍ਰੈਜ਼ੀਡੈਂਟ, ਡਾਇਰੈਕਟਰ/ਮੈਂਬਰ ਰਣਜੀਤ ਸਿੰਘ ਡਾਇਰੈਕਟਰ, ਡਾ. ਵਿਪਿਨ ਗੁਪਤਾ ਡਾਇਰੈਕਟਰ, ਸੁਲਕਸ਼ੈ ਕੁਮਾਰ ਮੁਰਗਈ ਡਾਇਰੈਕਟਰ, ਕਰਨਲ ਡੀ. ਐੱਸ. ਠਾਕੁਰ ਡਾਇਰੈਕਟਰ, ਡਾ. ਦਿਨੇਸ਼ ਮਹਾਜਨ ਡਾਇਰੈਕਟਰ, ਡਾ. ਰਾਜੇਸ਼ ਗੁਪਤਾ ਡਾਇਰੈਕਟਰ, ਡਾ. ਨਵਦੀਪ ਸਨਵਾਲ ਡਾਇਰੈਕਟਰ ਅਤੇ ਹੋਰ ਜ਼ਿਲ੍ਹਾ ਅਧਿਕਾਰੀ ਹਾਜ਼ਰ ਸਨ।ਮੀਟਿੰਗ 'ਚ ਰਾਜਪਾਲ ਨੇ ਕਿਹਾ ਕਿ ਸਕੂਲਾਂ ਅੰਦਰ ਟੀਚਰ ਸਾਹਿਬਾਨ ਦਾ ਬਹੁਤ ਮਹੱਤਵਪੂਰਨ ਰੋਲ ਹੁੰਦਾ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਸੂਰਬੀਰਾਂ ਅਤੇ ਸ਼ਹੀਦਾਂ ਦੀ ਧਰਤੀ ਹੈ ਅਤੇ ਭਾਰਤ ਮਾਂ ਦੀ ਰੱਖਿਆ ਕਰਦੇ ਹੋਏ ਸਭ ਤੋਂ ਜ਼ਿਆਦਾ ਸ਼ਹੀਦ ਹੋਣ ਵਾਲੇ ਨੌਜਵਾਨਾਂ ਵਿੱਚੋਂ ਜ਼ਿਆਦਾਤਰ ਪੰਜਾਬ ਦੇ ਰਹਿਣ ਵਾਲੇ ਹਨ। ਮੀਟਿੰਗ ਦੇ ਅੰਤ ਵਿੱਚ ਸ੍ਰੀ ਸਾਈਂ ਕਾਲਜ ਇੰਸਟੀਚਿਊਟ ਵੱਲੋਂ ਇੱਕ ਯਾਦਗਾਰ ਚਿੰਨ੍ਹ ਦੇ ਕੇ ਰਾਜਪਾਲ ਪੰਜਾਬ ਗੁਲਾਬ ਚੰਦ ਕਟਾਰੀਆ ਨੂੰ ਸਨਮਾਨਿਤ ਕੀਤਾ ਗਿਆ ਅਤੇ ਰਾਸ਼ਟਰੀ ਗੀਤ ਨਾਲ ਮੀਟਿੰਗ ਸਮਾਪਤ ਹੋਈ।

## ਸ਼ਾਹੀ ਬਾਰਾਂਦਰੀ ਦੀ ਭੰਨ-ਤੋੜ ਕਰਨ ਵਾਲਿਆਂ ਖਿਲਾਫ਼ ਸਖਤ ਕਾਨੂੰਨੀ ਕਾਰਵਾਈ ਦੀ ਮੰਗ



ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਪੰਜਾਬ ਦੇ ਚੇਅਰਮੈਨ ਮਨਜੀਤ ਸਿੰਘ ਭੋਮਾ ਨੇ ਬੀਤੇ ਦਿਨੀਂ ਦੀਨਾਨਗਰ ਸਥਿਤ ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਦੀ ਇਤਿਹਾਸਕ ਸ਼ਾਹੀ ਬਾਰਾਂਦਰੀ ਦੀ ਭੰਨ-ਤੋੜ ਕਰਨ ਵਾਲਿਆਂ ਖਿਲਾਫ਼ ਸਖਤ ਕਾਨੂੰਨੀ ਕਾਰਵਾਈ ਦੀ ਮੰਗ ਕੀਤੀ ਹੈ।

ਚੇਅਰਮੈਨ ਭੋਮਾ ਨੇ ਆਪਣੇ ਸਾਥੀਆਂ ਨਾਲ ਦੀਨਾਨਗਰ ਵਿਖੇ ਸਥਿਤ ਸ਼ਾਹੀ ਬਾਰਾਂਦਰੀ ਦਾ ਦੌਰਾ ਕਰਨ ਤੋਂ ਬਾਅਦ ਪੰਜਾਬ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਗੁਰਦਾਸਪੁਰ ਕੋਲੋਂ ਮੰਗ ਕੀਤੀ ਕਿ ਪੰਜਾਬ ਸਰਕਾਰ ਦੇ ਸੈਰ ਸਪਾਟਾ ਅਤੇ ਸੱਭਿਆਚਾਰਕ ਮਾਮਲਿਆਂ ਵਿਭਾਗ ਵੱਲੋਂ ਸੁਰੱਖਿਅਤ ਐਲਾਨ ਕੀਤੀ ਗਈ ਇਸ ਇਮਾਰਤ ਦੀ ਭੰਨ-ਤੋੜ ਕਰਨ ਵਾਲੇ ਅਨਸਰਾਂ ਅਤੇ ਉਨ੍ਹਾਂ ਦੇ ਮਗਰ ਬੈਠੇ ਭੂ ਮਾਫੀਆ ਅਤੇ ਸਿਆਸੀ ਮਗਰਮੱਛਾਂ ਖਿਲਾਫ ਸਖ਼ਤ ਐਕਸ਼ਨ ਲਿਆ ਜਾਵੇ ਅਤੇ ਇਸ ਇਮਾਰਤ ਨੂੰ ਹੋਰ ਨੁਕਸਾਨ ਪਹੁੰਚਾਉਣ ਤੋਂ ਤੁਰੰਤ ਰੋਕਿਆ ਜਾਵੇ।ਉਨ੍ਹਾਂ ਦੱਸਿਆ ਸ਼ਾਹੀ ਬਾਰਾਂਦਰੀ ਨੂੰ ਬਚਾਉਣ ਲਈ 25 ਅਪ੍ਰੈਲ ਦਿਨ ਸ਼ਨੀਵਾਰ ਨੂੰ ਠੀਕ 11 ਵਜੇ ਪੰਥਕ ਹਿਤੈਸ਼ੀਆਂ ਦੀ ਸ਼ਾਹੀ ਬਾਰਾਂਦਰੀ ਵਿਖੇ ਮੀਟਿੰਗ ਬੁਲਾਈ ਗਈ ਹੈ।ਜਾਣਕਾਰੀ ਦਿੰਦਿਆਂ ਮਨਜੀਤ ਸਿੰਘ ਭੋਮਾ ਨੇ ਦੱਸਿਆ ਕਿ ਇਹ ਬਾਰਾਂਦਰੀ ਮਹਾਰਾਜਾ ਰਣਜੀਤ ਸਿੰਘ ਨੇ ਬਣਵਾਈ ਸੀ।

## ਗਿਆਨ ਜੋਤੀ ਪਬਲਿਕ ਸਕੂਲ ਝਬਾਲ ਵਿਖੇ ਮਨਾਇਆ ਵਿਸਾਖੀ ਦਾ ਪਵਿੱਤਰ ਤਿਉਹਾਰ



ਝਬਾਲ, (ਹਰਜਿੰਦਰ ਸਿੰਘ ਸੋਨੀ)-ਨਾਮਵਰ ਵਿੱਦਿਅਕ ਸੰਸਥਾ ਗਿਆਨ ਜੋਤੀ ਪਬਲਿਕ ਸਕੂਲ ਝਬਾਲ ਵਿਖੇ ਖਾਲਸਾ ਪੰਥ ਦੇ ਸਾਜਣਾ ਦਿਵਸ ਅਤੇ ਵਿਸਾਖੀ ਦਾ ਪਵਿੱਤਰ ਤਿਉਹਾਰ ਬੜੀ ਸ਼ਰਧਾ ਭਾਵਨਾ ਤੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਮੌਕੇ ਸਕੂਲ ਡਾਇਰੈਕਟਰ ਅਮਰਜੀਤ ਸਿੰਘ ਨੇ ਬੱਚਿਆਂ ਨੂੰ ਖਾਲਸਾ ਪੰਥ ਦੇ ਸਾਜਨਾ ਦਿਵਸ ਅਤੇ ਵਿਸਾਖੀ ਤਿਉਹਾਰ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੰਦਿਆਂ ਧਾਰਮਿਕ ਪ੍ਰਿੱਖਿਆ ਵਿੱਚ ਭਾਗ ਲੈਣ ਵਾਲੇ ਬੱਚਿਆਂ ਨੂੰ ਉਤਸ਼ਾਹਿਤ ਕਰਦਿਆਂ ਪੜ੍ਹਾਈ ਵਿੱਚ ਸਫਲਤਾ ਪ੍ਰਾਪਤ ਕਰਨ ਲਈ ਸ਼ੁਭ ਕਾਮਨਾਵਾਂ ਦਿੱਤੀਆਂ ਜਦਕਿ ਕਰਵਾਈ ਗਈ ਧਾਰਮਿਕ ਪ੍ਰਿੱਖਿਆ ਵਿੱਚ ਸ਼ਮੂਲੀਅਤ ਕਰਨ ਵਾਲੇ ਵਿਦਿਆਰਥੀਆਂ ਵਿੱਚ ਪਹਿਲਾ, ਦੂਜਾ ਤੇ ਤੀਜਾ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਤੇ ਵਿਦਿਆਰਥਣਾਂ ਨੂੰ ਸਕੂਲ ਦੇ ਡਾਇਰੈਕਟਰ ਅਮਰਜੀਤ ਸਿੰਘ ਅਤੇ ਪ੍ਰਿੰਸੀਪਲ ਮੈਡਮ ਸੁਖਬੀਰ ਕੌਰ ਵੱਲੋਂ ਸਨਮਾਨ ਚਿੰਨ੍ਹ ਦੇ ਕੇ ਹੌਸਲਾ ਅਫਜ਼ਾਈ ਕੀਤੀ ਗਈ।ਇਸ ਸਮੇਂ ਮੈਡਮ ਰਜਵੰਤ ਕੌਰ, ਰਮਨਦੀਪ ਕੌਰ, ਗੁਰਜੀਤ ਕੌਰ, ਮਨਪ੍ਰੀਤ ਕੌਰ ਸਮੇਤ ਸਕੂਲ ਦਾ ਸਮੁੱਚਾ ਸਟਾਫ ਤੇ ਵਿਦਿਆਰਥੀ ਵੀ ਹਾਜ਼ਰ ਸਨ।

## ਕਰਨਬੀਰ ਸਿੰਘ ਬੁਰਜ ਵੱਲੋਂ ਆਗਾਮੀ ਵਿਧਾਨ ਸਭਾ ਚੋਣਾਂ 'ਚ ਕਾਂਗਰਸ ਨੂੰ ਜਿਤਾਉਣ ਦਾ ਸੱਦਾ



ਸਰਾਏ ਅਮਾਨਤ ਖਾਂ (ਮੱਖਣ ਮਨੋਜ)- ਤਰਨ ਤਾਰਨ ਦੇ ਪਿੰਡ ਛੀਨਾ ਬਿਧੀ ਚੰਦ ਵਿਖੇ ਕਾਂਗਰਸ ਪਾਰਟੀ ਦੀ ਮੀਟਿੰਗ ਕੀਤੀ ਗਈ ਜਿਸ ਵਿੱਚ ਕਾਂਗਰਸ ਦੇ ਹਲਕਾ ਇੰਚਾਰਜ ਕਰਨਬੀਰ ਸਿੰਘ ਬੁਰਜ ਅਤੇ ਹੋਰ ਕਾਂਗਰਸੀ ਵਰਕਰ ਸ਼ਾਮਿਲ ਹੋਏ।ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਕਰਨ ਬੁਰਜ ਨੇ ਕਿਹਾ ਕਿ ਕਾਂਗਰਸ ਪਾਰਟੀ ਦਾ ਗਰਾਫ ਦਿਨ-ਬ-ਦਿਨ ਵੱਧਦਾ ਜਾ ਰਿਹਾ ਹੈ।

ਲੋਕ ਆਮ ਆਦਮੀ ਪਾਰਟੀ ਦੀਆਂ ਜਨ ਵਿਰੋਧੀ ਨੀਤੀਆਂ ਤੋਂ ਤੰਗ ਆ ਕੇ ਕਾਂਗਰਸ ਦਾ ਪੱਲਾ ਫੜ ਰਹੇ ਹਨ।ਲੋਕ ਜਾਣਦੇ ਹਨ ਕਿ ਕਾਂਗਰਸ ਨੇ ਹਮੇਸ਼ਾ ਲੋਕ ਪੱਖੀ ਨੀਤੀਆਂ ਨੂੰ ਹੀ ਲਾਗੂ ਕੀਤਾ ਹੈ।ਕਰਨਬੀਰ ਸਿੰਘ ਬੁਰਜ ਨੇ ਕਿਹਾ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਪੰਜਾਬ ਦੇ ਲੋਕ ਜੁਮਲੇਬਾਜ਼ੀ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਦਾ ਬਿਸਤਰਾ ਗੋਲ ਕਰ ਦੇਣਗੇ। ਉਨ੍ਹਾਂ ਕਿਹਾ ਕਿ ਕਾਂਗਰਸ ਸਰਕਾਰ ਬਣਨ 'ਤੇ ਨਸ਼ਾ ਖਤਮ ਕੀਤਾ ਜਾਵੇਗਾ ਅਤੇ ਨੌਜਵਾਨਾਂ ਦੇ ਲਈ ਸਿੱਖਿਆ ਅਤੇ ਰੁਜ਼ਗਾਰ ਦਾ ਪ੍ਰਬੰਧ ਕੀਤਾ ਜਾਵੇਗਾ।ਕਿਸਾਨਾਂ ਨੂੰ ਵੀ ਫਸਲਾਂ ਦੀਆਂ ਵਾਜਬ ਕੀਮਤਾਂ ਮਿਲਣਗੀਆਂ।

ਇਸ ਮੌਕੇ ਉਨ੍ਹਾਂ ਨਾਲ ਸਰਪੰਚ ਗੁਰਿੰਦਰ ਸਿੰਘ ਬੀਟਾ, ਸਰਪੰਚ ਗੁਰਚਰਨ ਸਿੰਘ, ਸਾਬਕਾ ਸਰਪੰਚ ਸੁੱਚਾ ਸਿੰਘ, ਪਰਮਜੀਤ ਸਿੰਘ ਫੌਜੀ, ਹਰਜੀਤ ਸਿੰਘ ਝਬਾਲ, ਮਲਕੀਤ ਸਿੰਘ ਗੈਰੀ, ਮਹਿੰਦਰ ਸਿੰਘ, ਬਲਵਿੰਦਰ ਸਿੰਘ, ਚੇਅਰਮੈਨ ਨਰਿੰਦਰ ਸਿੰਘ, ਮੈਂਬਰ ਹਰਜਿੰਦਰ ਸਿੰਘ, ਕੁਲਵਿੰਦਰ ਸਿੰਘ ਕਾਲਾ, ਸ਼ਿੰਗਾਰਾ ਸਿੰਘ, ਬਲਦੇਵ ਸਿੰਘ, ਗੁਰਦਾਸ ਸਿੰਘ, ਮੈਂਬਰ ਕਾਲਾ ਸਿੰਘ, ਸੁਰਜੀਤ ਸਿੰਘ, ਅਮਰੀਕ ਸਿੰਘ, ਰੇਸ਼ਮ ਸਿੰਘ, ਗੁਰਮੀਤ ਸਿੰਘ, ਗੁਰਪਾਲ ਸਿੰਘ, ਗੁਰਚਰਨ ਸਿੰਘ, ਮੰਗਤ ਸਿੰਘ, ਆੜ੍ਹਤੀਆ ਇੰਦਰਜੀਤ ਸਿੰਘ ਆਦਿ ਮੌਜੂਦ ਸਨ।

## ਡੀ ਐੱਸ ਪੀ (ਸਿਟੀ) ਸੁਖਬੀਰ ਸਿੰਘ ਨੇ ਦੁਕਾਨਦਾਰਾਂ ਦੀਆਂ ਮੁਸ਼ਕਿਲਾਂ ਸੁਣੀਆਂ



ਝਬਾਲ (ਹਰਜਿੰਦਰ ਸਿੰਘ ਸੋਨੀ)-ਕਸਬਾ ਝਬਾਲ ਦੇ ਸਮੂਹ ਦੁਕਾਨਦਾਰਾਂ ਦੀਆਂ ਮੁਸ਼ਕਲ ਸੁਣਨ ਲਈ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਮੋਨੂੰ ਚੀਮਾ ਦੇ ਦਫਤਰ ਵਿਖੇ ਵਿਸ਼ੇਸ਼ ਤੌਰ 'ਤੇ ਪੁੱਜੇ ਡੀਐੱਸਪੀ ਸੁਖਬੀਰ ਸਿੰਘ ਤੇ ਹਰਕੀਰਤ ਸਿੰਘ ਐੱਸਐੱਚਓ ਥਾਣਾ ਝਬਾਲ ਨੇ ਸਮੂਹ ਦੁਕਾਨਦਾਰਾਂ ਦੀਆਂ ਮੁਸ਼ਕਿਲਾਂ ਸੁਣੀਆਂ ਤੇ ਉਨ੍ਹਾਂ ਨੂੰ ਹੱਲ ਕਰਨ ਦਾ ਭਰੋਸਾ ਦਿੱਤਾ।

ਉਨ੍ਹਾਂ ਨੇ ਸਮੂਹ ਦੁਕਾਨਦਾਰਾਂ ਨੂੰ ਕਿਹਾ ਕਿ ਚੋਰੀ ਦੀਆਂ ਵਾਰਦਾਤਾਂ ਨੂੰ ਰੋਕਣ ਲਈ ਹਰ ਦੁਕਾਨਦਾਰ ਤੇ ਮਕਾਨ ਮਾਲਕ ਕੈਮਰਾ ਤੇ ਲਾਈਟਾਂ ਦਾ ਪੱਕਾ ਪ੍ਰਬੰਧ ਕਰੇ। ਇਸ ਮੌਕੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਮੁਨੀਸ਼ ਕੁਮਾਰ ਮੋਨੂੰ ਚੀਮਾ, ਵਿਕਰਮ ਚੀਮਾ, ਗਿੰਦਰ ਝਬਾਲ, ਰਜਿੰਦਰ ਸ਼ਰਮਾ, ਮੈਂਬਰ ਕਿਰਪਾਲ ਸਿੰਘ, ਪ੍ਰੇਮ ਕੁਮਾਰ, ਸਾਗਰ ਸ਼ਰਮਾ, ਬਲਾਕ ਸੰਮਤੀ ਮੈਂਬਰ ਮਨਜੀਤ ਸਿੰਘ ਭੋਜੀਆਂ, ਜਪਿੰਦਰ ਸਿੰਘ, ਬਿੱਟੂ ਰਵਿੰਦਰ ਕੁਮਾਰ, ਮਲਕ ਕਲਾਥ ਹਾਊਸ, ਬੀ. ਐੱਸ. ਟੇਲਰ, ਪ੍ਰਧਾਨ ਦਿਲਬਾਗ ਸਿੰਘ ਛੀਨਾ, ਨਰਿੰਦਰ ਸਿੰਘ ਚੀਮਾ, ਸਾਹਿਬ ਸਿੰਘ, ਠੇਕੇਦਾਰ ਸਾਹਿਬ ਸਿੰਘ ਝਬਾਲ, ਸਤਨਾਮ ਸਿੰਘ, ਪੰਨੂ ਟਾਈਮਪੈਟਸ, ਬਲਵਿੰਦਰ ਸਿੰਘ ਧੁੰਨਾ, ਵਿਜੇ ਹਲਵਾਈ, ਵੀਰ ਸਿੰਘ, ਹੀਰਾ ਸਿੰਘ ਟੇਲਰਜ, ਦਿਆਲ ਸਿੰਘ, ਸਤਨਾਮ ਸਿੰਘ ਟੈਲੀਕਾਮ, ਬਲਬੀਰ ਸਿੰਘ ਸੋਢੀ ਆਦਿ ਹਾਜ਼ਰ ਸਨ।

## ਦੇਵੀ ਭਵਨ ਸੀਤਲਾ ਮਾਤਾ ਮੰਦਰ ਕਲਾਨੌਰ ਵਿਖੇ ਜਾਗਰਣ ਤੇ ਭੰਡਾਰਾ ਕਰਵਾਇਆ



ਕਲਾਨੌਰ, ਡੇਰਾ ਬਾਬਾ ਨਾਨਕ (ਮਨਦੀਪ ਕੋਹਲੀ, ਰਮੇਸ਼ ਸ਼ਰਮਾ)-ਸਥਾਨਕ ਕਸਬੇ ਦੇ ਪ੍ਰਾਚੀਨ ਦੇਵੀ ਭਵਨ ਸੀਤਲਾ ਮਾਤਾ ਮੰਦਰ ਕਲਾਨੌਰ ਵਿਖੇ ਹਰ ਸਾਲ ਦੀ ਤਰ੍ਹਾਂ ਬੀਤੇ ਦਿਨ ਜੋਗੀ ਪਰਿਵਾਰਾਂ ਵੱਲੋਂ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਸਲਾਨਾ ਜਾਗਰਣ ਤੇ ਭੰਡਾਰਾ ਕਰਵਾਇਆ ਗਿਆ ।ਇਸ ਮੌਕੇ ਤਪ ਅਸਥਾਨ ਸ੍ਰੀ ਬਾਵਾ ਲਾਲ ਦਿਆਲ ਜੀ ਮਹਾਰਾਜ ਮੰਦਰ ਦੇ ਮੁੱਖ ਪੁਜਾਰੀ ਮਹੰਤ ਪ੍ਰੇਮ ਦਾਸ ਦੀ ਹਾਜ਼ਰੀ ਵਿੱਚ ਪੰਡਿਤ ਓਮ ਪ੍ਰਕਾਸ਼ ਮਿਸ਼ਰਾ ਵੱਲੋਂ ਪੂਜਾ ਅਰਚਨਾ ਕਰਨ ਉਪਰੰਤ ਮਾਤਾ ਦੀ ਜੋਤ ਪ੍ਰਚੰਡ ਕੀਤੀ ਗਈ ।ਇਸ ਮੌਕੇ ਬੇਦੀ ਅਵਤਾਰ ਚੰਦ ਜਾਗਰਣ ਪਾਰਟੀ ਡੇਰਾ ਬਾਬਾ ਨਾਨਕ ਦੇ ਭਗਤ ਸੋਨੂੰ ਬੇਦੀ ਵੱਲੋਂ ਗਣੇਸ਼ ਵੰਦਨਾ ਨਾਲ ਜਾਗਰਣ ਦੀ ਸ਼ੁਰੂਆਤ ਕੀਤੀ ਗਈ ਉਪਰੰਤ ਵਾਈਸ ਆਫ਼ ਪੰਜਾਬ ਦੇ ਮਸ਼ਹੂਰ ਗਾਇਕ ਅਰੁਣ ਕੁਮਾਰ ਕਲਾਨੌਰ ਵੱਲੋਂ ਮਾਤਾ ਦੀਆਂ ਭੇਟਾਂ ਗਾ ਕੇ ਸੰਗਤਾਂ ਨੂੰ ਮੰਤਰ ਮੁਗਧ ਕੀਤਾ ਗਿਆ ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਅਰੁਣ ਕੁਮਾਰ ਜੋਗੀ ਨੇ ਦੱਸਿਆ ਕਿ ਪਿਛਲੇ ਲੰਬੇ ਸਮੇਂ ਤੋਂ ਹਰ ਸਾਲ ਸੰਗਤਾਂ ਦੇ ਸਹਿਯੋਗ ਨਾਲ ਸਾਡੇ ਪਰਿਵਾਰਾਂ ਵੱਲੋਂ ਦੇਵੀ ਭਵਨ ਸੀਤਲਾ ਮਾਤਾ ਮੰਦਰ ਵਿਖੇ ਜਾਗਰਣ ਤੇ ਭੰਡਾਰਾ ਕਰਵਾਇਆ ਜਾ ਰਿਹਾ ਹੈ, ਜੋ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਬੀਤੇ ਦਿਨ ਮੰਦਰ ਵਿਖੇ ਜਾਗਰਣ ਤੇ ਭੰਡਾਰਾ ਕਰਵਾਇਆ ਗਿਆ ਹੈ। ਇਸ ਮੌਕੇ ਨਗਰ ਦੀਆਂ ਸੰਗਤਾਂ ਵੱਲੋਂ ਵੱਡੀ ਗਿਣਤੀ ਵਿੱਚ ਹਾਜ਼ਰੀ ਭਰ ਕੇ ਮਾਤਾ ਰਾਣੀ ਦਾ ਅਸ਼ੀਰਵਾਦ ਪ੍ਰਾਪਤ ਕੀਤਾ ਗਿਆ ਹੈ।ਉਨ੍ਹਾਂ ਜਾਗਰਣ ਤੇ ਭੰਡਾਰੇ ਦੀ ਕਿਹਾ ਕਿ ਸਾਡੇ ਪਰਿਵਾਰਾਂ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਇਹ ਸੇਵਾ ਨਿਰੰਤਰ ਜਾਰੀ ਰਹੇਗੀ।ਇਸ ਮੌਕੇ ਪ੍ਰਬੰਧਕਾਂ ਵੱਲੋਂ ਸੰਗਤਾਂ ਲਈ ਲੰਗਰ ਭੰਡਾਰਾ ਵੀ ਲਗਾਇਆ ਗਿਆ।ਇਸ ਮੌਕੇ ਅਰੁਣ ਕੁਮਾਰ, ਅਨਿਲ ਕੁਮਾਰ, ਰਜਨੀਸ਼ ਕੁਮਾਰ, ਮਹੰਤ ਕ੍ਰਿਸ਼ਨ ਨਾਥ, ਰਾਕੇਸ਼ ਕੁਮਾਰ, ਵਰੁਣ ਕੁਮਾਰ, ਜਤਿਨ ਕੁਮਾਰ, ਦਿਵਾਂਸ਼ ਮੰਥਨ, ਸੈਂਡੀ ਅਗਰਵਾਲ, ਸੋਹਣ ਲਾਲ ਸ਼ਰਮਾ, ਅਨਮੋਲ ਕੋਹਲੀ, ਵਿੱਕੀ, ਰਿਸ਼ੂ ਕਾਲੀਆ, ਹੀਰਾ ਲਾਲ ਕਾਲੀਆ, ਮੋਨਿਕਾ, ਬਬਲੂ ਅਗਰਵਾਲ ਤੋਂ ਇਲਾਵਾ ਇਲਾਕੇ ਦੀਆਂ ਸੰਗਤਾਂ ਵੱਡੀ ਗਿਣਤੀ ਵਿੱਚ ਹਾਜ਼ਰ ਸਨ ।

## ਨਵਦੀਪ ਸੋਨਾ, ਨਵਤੇਜਪਾਲ ਸੋਹੀਆਂ ਤੇ ਸੰਦੀਪ ਕਾਜ਼ੀਕੋਟ ਬਲਾਕ ਪ੍ਰਧਾਨ ਨਿਯੁਕਤ



ਜੈਂਤੀਪੁਰ (ਸੁਖਬੀਰ ਸਿੰਘ ਸਿੱਧੂ)-ਪੰਜਾਬ ਪ੍ਰਦੇਸ਼ ਕਾਂਗਰਸ ਦੇ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਵੱਲੋਂ ਜਾਰੀ ਕੀਤੀ ਪੰਜਾਬ ਦੇ ਵੱਖ-ਵੱਖ ਬਲਾਕ ਪ੍ਰਧਾਨਾਂ ਦੀ ਲਿਸਟ ਵਿੱਚ ਪੰਜਾਬ ਦੇ ਸਿਆਸੀ ਚਰਚਿਤ ਹਲਕੇ ਮਜੀਠੇ ਵਿੱਚ ਪੈਂਦੇ ਤਿੰਨ ਬਲਾਕ ਪ੍ਰਧਾਨਾਂ ਦੀ ਨਿਯੁਕਤੀ ਹਲਕੇ ਦੇ ਕਾਂਗਰਸੀ ਇੰਚਾਰਜ ਭਗਵੰਤ ਪਾਲ ਸਿੰਘ ਸੱਚਰ ਦੀ ਸਿਫ਼ਾਰਸ਼ ਤੇ ਮਿਹਨਤੀ ਤੇ ਕਾਂਗਰਸੀ ਵਰਕਰ ਕੌਂਸਲਰ ਨਵਦੀਪ ਸਿੰਘ ਸੋਨਾ ਮਜੀਠਾ ਨੂੰ ਮਜੀਠਾ ਸ਼ਹਿਰੀ ਦਾ ਪ੍ਰਧਾਨ, ਬਲਾਕ ਕਾਂਗਰਸ ਮਜੀਠਾ-1 ਲਈ ਨਵਤੇਜਪਾਲ ਸਿੰਘ ਸੋਹੀਆਂ ਤੇ ਬਲਾਕ ਕਾਂਗਰਸ ਮਜੀਠਾ-2 ਲਈ ਸੰਦੀਪ ਸਿੰਘ ਕਾਜ਼ੀਕੋਟ ਨੂੰ ਪ੍ਰਧਾਨ ਨਿਯੁਕਤ ਕੀਤਾ ਗਿਆ। ਪ੍ਰਧਾਨਾਂ ਨੇ ਇਸ ਨਿਯੁਕਤੀ 'ਤੇ ਕਾਂਗਰਸ ਪਾਰਟੀ ਦੀ ਸਮੁੱਚੀ ਹਾਈਕਮਾਂਡ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਅਸੀਂ ਹਲਕਾ ਇੰਚਾਰਜ ਭਗਵੰਤ ਪਾਲ ਸਿੰਘ ਸੱਚਰ ਨੂੰ ਵਿਸ਼ਵਾਸ ਦਿਵਾਉਂਦੇ ਹਾਂ ਕਿ ਪਾਰਟੀ ਦੀਆਂ ਨੀਤੀਆਂ ਨੂੰ ਹਰ ਵਰਗ ਤੇ ਹਰ ਪਿੰਡ ਤੇ ਘਰ ਘਰ ਪਹੁੰਚਾਉਣ ਦਾ ਯਤਨ ਕਰਾਂਗੇ ਤੇ ਅਗਾਮੀ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਮਜੀਠਾ ਦੀ ਸੀਟ ਜਿੱਤ ਕੇ ਕਾਂਗਰਸ ਪਾਰਟੀ ਦੀ ਝੋਲੀ ਵਿੱਚ ਪਾਵਾਂਗੇ।

## ਗੁ. ਬੀੜ ਬਾਬਾ ਬੁੱਢਾ ਸਾਹਿਬ ਠੱਠਾ ਵਿਖੇ ਕਰਵਾਇਆ ਸੁੰਦਰ ਦਸਤਾਰ ਮੁਕਾਬਲਾ



ਝਬਾਲ, (ਹਰਜਿੰਦਰ ਸਿੰਘ ਸੋਨੀ)- ਬਾਬਾ ਬੁੱਢਾ ਸਾਹਿਬ ਜੀ ਸੇਵਾ ਸੁਸਾਇਟੀ ਬੀੜ ਸਾਹਿਬ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਧਰਮ ਪ੍ਰਚਾਰ ਕਮੇਟੀ ਦੇ ਸਹਿਯੋਗ ਨਾਲ ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਜੀ ਠੱਠਾ ਵਿਖੇ ਮੀਰੀ ਪੀਰੀ ਹਾਲ ਵਿੱਚ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਦਾ ਸੁੰਦਰ ਦਸਤਾਰ ਮੁਕਾਬਲਾ ਕਰਵਾਇਆ ਗਿਆ ਜਿਸ ਵਿੱਚ ਵੱਖ-ਵੱਖ ਸਕੂਲਾਂ ਦੇ 150 ਦੇ ਕਰੀਬ ਵਿਦਿਆਰਥੀਆਂ ਨੇ ਭਾਗ ਲਿਆ ।ਇਹ ਮੁਕਾਬਲਾ ਤਿੰਨ ਗਰੁੱਪਾਂ ਵਿੱਚ ਕਰਵਾਇਆ ਗਿਆ।ਪਹਿਲੇ ਗਰੁੱਪ ਵਿੱਚ ਛੇਵੀਂ ਤੋਂ ਅੱਠਵੀਂ ਕਲਾਸ ਦੇ ਵਿਦਿਆਰਥੀ, ਦੂਸਰੇ ਗਰੁੱਪ ਵਿੱਚ ਨੌਵੀਂ ਦਸਵੀਂ ਦੇ ਵਿਦਿਆਰਥੀ ਅਤੇ ਤੀਸਰੇ ਗਰੁੱਪ ਵਿੱਚ ਗਿਆਰਵੀਂ ਤੇ ਬਾਰਵੀਂ ਕਲਾਸ ਦੇ ਵਿਦਿਆਰਥੀ ਸ਼ਾਮਿਲ ਸਨ।ਪਹਿਲੇ, ਦੂਸਰੇ ਤੇ ਤੀਸਰੇ ਸਥਾਨ ਤੇ ਆਉਣ ਵਾਲੇ ਵਿਦਿਆਰਥੀਆਂ ਨੂੰ ਬਾਬਾ ਬੁੱਢਾ ਸਾਹਿਬ ਸੇਵਾ ਸੁਸਾਇਟੀ ਦੇ ਵੱਲੋਂ 3100, 2100 ਅਤੇ 1100 ਰੁਪਏ ਦੀ ਨਗਦ ਰਾਸ਼ੀ ਅਤੇ ਦਸਤਾਰਾਂ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਦੇ ਨਾਲ ਹੀ ਧਰਮ ਪ੍ਰਚਾਰ ਕਮੇਟੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਮੁਕਾਬਲੇ ਵਿੱਚ ਭਾਗ ਲੈਣ ਵਾਲੇ ਸਾਰੇ ਵਿਦਿਆਰਥੀਆਂ ਨੂੰ ਮੈਡਲਾਂ ਅਤੇ ਧਾਰਮਿਕ ਲਿਟਰੇਚਰ ਦੇ ਨਾਲ ਸਨਮਾਨਿਤ ਕੀਤਾ ਗਿਆ।ਹੈੱਡ ਗ੍ਰੰਥੀ ਗਿਆਨੀ ਨਿਸ਼ਾਨ ਸਿੰਘ ਕਥਾਵਾਚਕ ਅਤੇ ਪਰਮਜੀਤ ਸਿੰਘ ਮੁੰਡਾ ਪਿੰਡ ਸਾਬਕਾ ਸਕੱਤਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਆਈਆਂ ਹੋਈਆਂ ਸ਼ਖਸ਼ੀਅਤਾਂ ਨੂੰ ਜੀ ਆਇਆ ਆਖਿਆ ਗਿਆ ।ਇਸ ਸਮਾਗਮ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਕੱਤਰ ਬਲਵਿੰਦਰ ਸਿੰਘ ਕਾਹਲਵਾਂ ਵਿਸ਼ੇਸ਼ ਤੌਰ ਤੇ ਪਹੁੰਚੇ ਅਤੇ ਵਿਦਿਆਰਥੀਆਂ ਦੇ ਨਾਲ ਵਿਚਾਰਾਂ ਦੀ ਸਾਂਝ ਪਾਉਂਦਿਆਂ ਹੋਇਆਂ ਦਸਤਾਰ ਦੀ ਮਹਾਨਤਾ ਬਾਰੇ ਜਾਣਕਾਰੀ ਸਾਂਝੀ ਕੀਤੀ ਗਈ ਤੇ ਗੁਰਮਤਿ ਦੇ ਨਾਲ ਜੋੜਨ ਲਈ ਅਜਿਹੇ ਯਤਨ ਕਰਦੇ ਰਹਿਣ ਦਾ ਵਚਨ ਵੀ ਦੁਹਰਾਇਆ ।ਇਸ ਮੌਕੇ ਭਾਈ ਸੁਖਪਾਲ ਸਿੰਘ ਪ੍ਰਚਾਰਕ, ਭਾਈ ਨਿਸ਼ਾਨ ਸਿੰਘ ਪ੍ਰਚਾਰਕ, ਭਾਈ ਰਾਜਬੀਰ ਸਿੰਘ ਪ੍ਰਚਾਰਕ ਅਤੇ ਭਾਈ ਗੁਰਲਾਲ ਸਿੰਘ ਪ੍ਰਚਾਰਕ ਨੇ ਸਟੇਜ ਸਕੱਤਰ ਦੀ ਭੂਮਿਕਾ ਬਾਖੂਬੀ ਨਿਭਾਈ ।ਜੱਜਮੈਂਟ ਦੀ ਸੇਵਾ ਬਾਬਾ ਬੁੱਢਾ ਸਾਹਿਬ ਸੇਵਾ ਸੁਸਾਇਟੀ ਦੇ ਵੀਰਾਂ ਵੱਲੋਂ ਕੀਤੀ ਗਈ।ਇਸ ਮੌਕੇ ਮੈਨੇਜਰ ਧਰਵਿੰਦਰ ਸਿੰਘ ਬੀੜ ਬਾਬਾ ਬੁੱਢਾ ਸਾਹਿਬ, ਸਮੁੱਚਾ ਸਟਾਫ ਤੇ ਇਲਾਕੇ ਦੀਆਂ ਸੰਗਤਾਂ ਵੱਡੀ ਗਿਣਤੀ ਵਿੱਚ ਸ਼ਾਮਿਲ ਸਨ ।

